@@@@.qxd@@@@@.qxd 11/4/2024 10:41 PM Page 1

ਮੰਗਲਵਾਰ, 5 ਨਵੰਬਰ, 2024
20 ਕੱਤਕ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 155

# ਨਵਾਂ ਜ਼ਮਾਨਾ

DAILY NAWAN ZAMANA • TUESDAY, 5 NOVEMBER, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਪੰਜਾਬ 'ਚ ਜ਼ਿਮਨੀ ਚੋਣਾਂ ਲਈ ਪੋਲਿੰਗ ਹਫਤਾ ਅੱਗੇ ਪਈ



**ਨਵੀਂ ਦਿੱਲੀ** : ਭਾਰਤੀ ਚੋਣ ਕਮਿਸ਼ਨ ਨੇ ਪੰਜਾਬ, ਯੂ ਪੀ ਅਤੇ ਕੇਰਲਾ 'ਚ ਤਿਉਹਾਰਾਂ ਦੇ ਮੱਦੇਨਜ਼ਰ ਜ਼ਿਮਨੀ ਅਸੰਬਲੀ ਚੋਣਾਂ ਦੀ ਤਰੀਕ 13 ਨਵੰਬਰ ਤੋਂ ਬਦਲ ਕੇ 20 ਨਵੰਬਰ ਕਰ ਦਿੱਤੀ ਹੈ। ਯੂ ਪੀ ਦੀਆਂ 9, ਪੰਜਾਬ ਦੀਆਂ ਚਾਰ ਗਿੱਦੜਬਾਹਾ, ਬਰਨਾਲਾ, ਡੇਰਾ ਬਾਬਾ ਨਾਨਕ ਤੇ ਚੱਬੇਵਾਲ ਅਤੇ ਕੇਰਲਾ ਦੀ ਇੱਕ ਸੀਟ ਪਲੱਕੜ ਲਈ ਵੋਟਾਂ ਪੈਣੀਆਂ ਹਨ।

ਕਾਂਗਰਸ, ਭਾਜਪਾ, ਬਸਪਾ, ਆਰ ਐੱਲ ਡੀ ਆਦਿ ਪਾਰਟੀਆਂ ਨੇ ਤਿਉਹਾਰਾਂ ਦੇ ਮੱਦੇਨਜ਼ਰ ਚੋਣਾਂ ਦੀ ਤਰੀਕ ਮੁੜ ਤੈਅ ਕਰਨ ਦੀ ਅਪੀਲ ਕਰਦੇ ਹੋਏ ਕਿਹਾ ਸੀ ਕਿ ਇਸ ਨਾਲ ਵੋਟਰਾਂ ਦੀ ਗਿਣਤੀ ਪ੍ਰਭਾਵਤ ਹੋ ਸਕਦੀ ਹੈ। ਕਾਂਗਰਸ ਪਾਰਟੀ ਨੇ ਕਿਹਾ ਸੀ ਕਿ ਕੇਰਲਾ ਦੀ ਪਲੱਕੜ ਸੀਟ 'ਤੇ ਵੋਟਰਾਂ ਦਾ ਵੱਡਾ ਹਿੱਸਾ 13 ਤੋਂ 15 ਨਵੰਬਰ ਤੱਕ ਕਲਪਥੀ ਰਾਸਤੋਲਸਵਮ ਦਾ ਤਿਉਹਾਰ ਮਨਾਏਗਾ। ਪੰਜਾਬ 'ਚ ਪਾਰਟੀ ਨੇ ਕਿਹਾ ਸੀ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ 555ਵਾਂ ਪ੍ਰਕਾਸ਼ ਪੁਰਬ 15 ਨਵੰਬਰ ਨੂੰ ਮਨਾਇਆ ਜਾਵੇਗਾ ਅਤੇ 13 ਨਵੰਬਰ ਤੋਂ ਸ੍ਰੀ ਅਖੰਡ ਪਾਠ ਆਰੰਭ ਕਰਵਾਏ ਜਾਣਗੇ। ਭਾਜਪਾ, ਬਸਪਾ ਅਤੇ ਆਰ ਐੱਲ ਡੀ ਨੇ ਕਿਹਾ ਸੀ ਕਿ ਯੂ ਪੀ ਵਿੱਚ ਲੋਕ 15 ਨਵੰਬਰ ਨੂੰ ਮਨਾਈ ਜਾਣ ਵਾਲੀ ਕਾਰਤਿਕ ਪੂਰਨਿਮਾ ਤੋਂ ਤਿੰਨ-ਚਾਰ ਦਿਨ ਪਹਿਲਾਂ ਯਾਤਰਾ ਕਰਦੇ ਹਨ, ਜਿਸ ਕਾਰਨ ਵੋਟਰਾਂ ਦੀ ਗਿਣਤੀ ਪ੍ਰਭਾਵਤ ਹੋ ਸਕਦੀ ਹੈ। ਇਸ ਨੂੰ ਮੁੱਖ ਰੱਖਦਿਆਂ ਭਾਰਤੀ ਚੋਣ ਕਮਿਸ਼ਨ ਨੇ ਤਰੀਕ ਬਦਲ ਦਿੱਤੀ ਹੈ।

## ਬਰੈਂਪਟਨ 'ਚ ਧਰਮ ਅਸਥਾਨ ਦੇ ਬਾਹਰ ਉੱਧੜਧੁੰਮੀ

**ਓਟਵਾ** : ਕੈਨੇਡਾ ਦੇ ਬਰੈਂਪਟਨ ਸ਼ਹਿਰ 'ਚ ਹਿੰਦੂ ਸਭਾ ਮੰਦਰ ਨੇੜੇ ਖਾਲਿਸਤਾਨੀ ਵੱਖਵਾਦੀਆਂ ਵੱਲੋਂ ਕੀਤਾ ਗਿਆ ਪ੍ਰੋਟੈਸਟ ਕਥਿਤ ਤੌਰ 'ਤੇ ਮੰਦਰ 'ਚ ਮੌਜੂਦ ਸ਼ਰਧਾਲੂਆਂ 'ਤੇ ਹਮਲਾ ਕੀਤੇ ਜਾਣ ਤੋਂ ਬਾਅਦ ਹਿੰਸਕ ਹੋ ਗਿਆ। ਇਹ ਪ੍ਰੋਟੈਸਟ ਮੰਦਰ ਵਿਚ ਭਾਰਤੀ ਹਾਈ ਕਮਿਸ਼ਨ ਵੱਲੋਂ ਲੋਕਾਂ ਦੀ ਮਦਦ ਲਈ ਲਾਏ ਗਏ ਕੌਂਸਲਰ ਕੈਂਪ ਦੇ ਖਿਲਾਫ ਕੀਤਾ ਜਾ ਰਿਹਾ ਸੀ। ਹਾਈ ਕਮਿਸ਼ਨ ਵੱਲੋਂ ਅਕਸਰ ਮੰਦਰਾਂ, ਗੁਰਦੁਆਰਿਆਂ ਅਤੇ ਅਜਿਹੇ ਹੋਰ ਸਥਾਨਾਂ ਉਤੇ ਭਾਰਤੀ ਲੋਕਾਂ ਤੇ ਭਾਰਤੀ-ਕੈਨੇਡੀਅਨਾਂ ਦੇ ਭਾਰਤ ਨਾਲ ਸੰਬੰਧਤ ਕੰਮਕਾਜ ਦੇ ਨਬੇੜੇ ਲਈ ਅਜਿਹੇ ਕੈਂਪ ਲਾਏ ਜਾਂਦੇ ਹਨ।

ਕੈਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਸਮੇਤ ਵੱਖ-ਵੱਖ ਸਿਆਸੀ ਆਗੂਆਂ ਨੇ ਇਸ ਘਟਨਾ ਦੀ ਨਿੰਦਾ ਕੀਤੀ ਹੈ। ਬਰੈਂਪਟਨ ਦੇ ਹਿੰਦੂ ਸਭਾ ਮੰਦਰ ਵਿਚ ਹੋਈ ਹਿੰਸਾ ਦੇ ਸੰਬੰਧ ਵਿੱਚ ਗ੍ਰਿਫਤਾਰੀਆਂ ਦੀ ਘਾਟ ਦੇ ਬਾਵਜੂਦ ਪੀਲ ਪੁਲਸ ਨੇ ਐਤਵਾਰ ਦੁਪਹਿਰ ਨੂੰ ਮੰਦਰ ਦੇ ਬਾਹਰ ਦਰਜਨਾਂ ਅਧਿਕਾਰੀਆਂ ਦੇ ਨਾਲ ਆਪਣੀ ਮੌਜੂਦਗੀ ਬਣਾਈ ਰੱਖੀ। ਟਰੂਡੋ ਨੇ ਲਿਖਿਆ—ਬਰੈਂਪਟਨ 'ਚ ਹਿੰਦੂ ਸਭਾ ਮੰਦਰ 'ਚ ਹਿੰਸਾ ਦੀਆਂ ਕਾਰਵਾਈਆਂ ਨਾਕਾਬਿਲੇ ਮਨਜ਼ੂਰ ਹਨ। ਹਰ ਕੈਨੇਡੀਅਨ ਨੂੰ ਅਜ਼ਾਦੀ ਅਤੇ ਸੁਰੱਖਿਅਤ ਢੰਗ ਨਾਲ ਧਾਰਮਕ



ਅਭਿਆਸ ਕਰਨ ਦਾ ਅਧਿਕਾਰ ਹੈ। ਭਾਈਚਾਰੇ ਦੀ ਸੁਰੱਖਿਆ ਲਈ ਤੇਜ਼ੀ ਨਾਲ ਕਾਰਵਾਈ ਕਰਨ ਅਤੇ ਇਸ ਘਟਨਾ ਦੀ ਜਾਂਚ ਕਰਨ ਲਈ ਪੀਲ ਰਿਜਨਲ ਪੁਲਸ ਦਾ ਧੰਨਵਾਦ।

ਕੈਨੇਡੀਅਨ ਸੰਸਦ ਮੈਂਬਰ ਚੰਦਰ ਆਰੀਆ ਨੇ ਮੰਦਰ 'ਤੇ ਹਮਲੇ ਦੀ ਨਿੰਦਾ ਕਰਦੇ ਹੋਏ ਕਿਹਾ ਕਿ ਖਾਲਿਸਤਾਨੀ ਵੱਖਵਾਦੀਆਂ ਵੱਲੋਂ ਹੱਦ ਨੂੰ ਪਾਰ ਕੀਤਾ ਗਿਆ ਹੈ। ਉਨ੍ਹਾ 'ਐੱਕਸ' 'ਤੇ ਲਿਖਿਆ—ਕੈਨੇਡੀਅਨ ਖਾਲਿਸਤਾਨੀ ਕੱਟੜਪੰਥੀਆਂ ਵੱਲੋਂ ਇੱਕ ਲਾਲ ਲਕੀਰ ਪਾਰ ਕਰ ਦਿੱਤੀ ਗਈ ਹੈ। ਬਰੈਂਪਟਨ 'ਚ ਹਿੰਦੂ ਸਭਾ ਮੰਦਰ ਦੇ ਅੰਦਰ ਹਿੰਦੂ-ਕੈਨੇਡੀਅਨ ਸ਼ਰਧਾਲੂਆਂ 'ਤੇ ਖਾਲਿਸਤਾਨੀਆਂ ਵੱਲੋਂ ਕੀਤਾ ਗਿਆ ਹਮਲਾ ਦਰਸਾਉਂਦਾ ਹੈ ਕਿ ਖਾਲਿਸਤਾਨੀ ਹਿੰਸਕ ਕੱਟੜਪੰਥੀ ਲਹਿਰ ਕਿੰਨੀ ਡੂੰਘੀ ਹੋ ਗਈ ਹੈ। ਕੈਨੇਡਾ 'ਚ ਮੈਂ ਮਹਿਸੂਸ ਕਰਨਾ ਸ਼ੁਰੂ ਕਰ ਦਿੱਤਾ ਹੈ ਕਿ ਰਿਪੋਰਟਾਂ 'ਚ ਇੱਕ ਛੋਟਾ ਜਿਹਾ ਸੱਚ ਹੈ ਕਿ ਕੈਨੇਡੀਅਨ ਰਾਜਨੀਤਕ ਉਪਕਰਨਾਂ ਤੋਂ ਇਲਾਵਾ ਖਾਲਿਸਤਾਨੀਆਂ ਨੇ ਸਾਡੀਆਂ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ 'ਚ ਪ੍ਰਭਾਵਸ਼ਾਲੀ ਢੰਗ ਨਾਲ ਘੁਸਪੈਠ ਕੀਤੀ ਹੈ। ਇਸ 'ਚ ਕੋਈ ਹੈਰਾਨੀ ਦੀ ਗੱਲ ਨਹੀਂ ਕਿ 'ਪ੍ਰਗਟਾਵੇ ਦੀ ਆਜ਼ਾਦੀ' ਦੇ ਤਹਿਤ ਖਾਲਿਸਤਾਨੀ ਵੱਖਵਾਦੀਆਂ ਨੂੰ ਕੈਨੇਡਾ 'ਚ ਛੋਟ ਮਿਲ ਰਹੀ ਹੈ।

ਅਜਿਹੇ ਹਮਲਿਆਂ 'ਤੇ ਸਖਤ ਇਤਰਾਜ਼ ਕਰਦਿਆਂ ਟੋਰਾਂਟੋ ਦੇ ਐੱਮ ਪੀ ਕੇਵਿਨ ਵੁਆਂਗ ਨੇ ਕਿਹਾ—ਕੈਨੇਡਾ ਕੱਟੜਪੰਥੀਆਂ ਲਈ ਇੱਕ ਸੁਰੱਖਿਅਤ ਟਿਕਾਣਾ ਬਣ ਗਿਆ ਹੈ ਅਤੇ ਦੇਸ਼ ਦੇ ਨੇਤਾ ਹਿੰਦੂਆਂ ਦੀ ਰੱਖਿਆ ਕਰਨ 'ਚ ਉਸੇ ਤਰ੍ਹਾਂ ਅਸਫਲ ਰਹੇ ਹਨ, ਜਿਵੇਂ ਉਹ ਈਸਾਈਆਂ ਅਤੇ ਯਹੂਦੀ ਕੈਨੇਡੀਅਨਾਂ ਦੀ ਸੁਰੱਖਿਆ ਕਰਨ 'ਚ ਅਸਫਲ ਰਹੇ ਹਨ। ਹਮਲਿਆਂ ਤੋਂ ਬਾਅਦ ਕੈਨੇਡਾ 'ਚ ਹਿੰਦੂ ਭਾਈਚਾਰੇ ਲਈ ਕੰਮ ਕਰਨ ਵਾਲੀ ਸੰਸਥਾ ਹਿੰਦੂ ਕੈਨੇਡੀਅਨ ਫਾਊਂਡੇਸ਼ਨ ਨੇ ਮੰਦਰ 'ਤੇ ਹਮਲੇ ਦਾ ਇੱਕ ਵੀਡੀਓ ਸਾਂਝਾ ਕੀਤਾ ਹੈ। ਪੋਸਟ ਵਿਚ ਕਿਹਾ ਗਿਆ ਹੈ ਕਿ ਬੱਚਿਆਂ, ਔਰਤਾਂ ਅਤੇ ਮਰਦਾਂ 'ਤੇ ਹਮਲੇ ਕੀਤੇ ਜਾ ਰਹੇ ਹਨ। ਇਹ ਸਭ ਖਾਲਿਸਤਾਨੀਆਂ ਦੇ ਹਮਦਰਦ ਸਿਆਸਤਦਾਨਾਂ ਦੀ ਸ਼ਹਿ ਹੇਠ ਹੋ ਰਿਹਾ ਹੈ। ਬਰੈਂਪਟਨ ਨਾਰਥ ਤੋਂ ਕੈਨੇਡੀਅਨ ਸੰਸਦ ਮੈਂਬਰ ਰੂਬੀ ਸਹੋਤਾ ਨੇ ਕਿਹਾ—ਮੈਂ ਬਰੈਂਪਟਨ 'ਚ ਹਿੰਦੂ ਸਭਾ ਮੰਦਰ ਦੇ ਬਾਹਰ ਹਿੰਸਾ ਦੀਆਂ ਹਾਲ ਹੀ ਦੀਆਂ ਕਾਰਵਾਈਆਂ ਬਾਰੇ ਸੁਣ ਕੇ ਦੁਖੀ ਹਾਂ। ਸਾਡੇ ਭਾਈਚਾਰੇ 'ਚ ਹਰ ਕੋਈ ਆਪਣੇ ਪੂਜਾ ਸਥਾਨਾਂ 'ਚ ਸੁਰੱਖਿਅਤ ਅਤੇ ਸਤਿਕਾਰ ਮਹਿਸੂਸ ਕਰਨ ਦਾ ਹੱਕਦਾਰ ਹੈ। ਸਾਡੇ ਸਮਾਜ 'ਚ ਅਜਿਹੀਆਂ

• ਬਾਕੀ ਸਫ਼ਾ 2 'ਤੇ

## ਏ ਸੀ ਦਾ ਪਾਣੀ ਬਣਿਆ ਚਰਨ ਅੰਮ੍ਰਿਤ



**ਮਥੁਰਾ** : ਇੱਥੋਂ ਦੇ ਬਾਂਕੇ ਬਿਹਾਰੀ ਮੰਦਰ ਦੀ ਵੀਡੀਓ ਵਾਇਰਲ ਹੋਈ ਹੈ, ਜਿੱਥੇ ਸ਼ਰਧਾਲੂ ਇੱਕ ਹਾਥੀ ਦੀ ਮੂਰਤੀ ਤੋਂ ਡਿੱਗਦਾ ਪਾਣੀ ਇਕੱਠਾ ਕਰਨ ਲਈ ਲਾਈਨ 'ਚ ਖੜ੍ਹੇ ਦਿਖਾਈ ਦੇ ਰਹੇ ਹਨ, ਜਿਸ ਨੂੰ ਉਹ ਚਰਨ ਅੰਮ੍ਰਿਤ ਮੰਨ ਰਹੇ ਹਨ। 'ਚਰਨ ਅੰਮ੍ਰਿਤ' ਨੂੰ ਭਗਵਾਨ ਕ੍ਰਿਸ਼ਨ ਦੇ ਚਰਨਾਂ ਦਾ ਪਵਿੱਤਰ ਜਲ ਮੰਨਿਆ ਜਾਂਦਾ ਹੈ। ਮੰਦਰ ਦੇ ਇੱਕ ਸ਼ਰਧਾਲੂ ਵੱਲੋਂ ਰਿਕਾਰਡ ਕੀਤੀ ਵੀਡੀਓ 'ਚ ਆਵਾਜ਼ ਮਿਥਿਹਾਸ ਨੂੰ ਤੋੜਦੀ ਸੁਣਾਈ ਦਿੰਦੀ ਹੈ—"ਦੀਦੀ, ਯੇ ਏ ਸੀ ਕਾ ਪਾਨੀ ਹੈ, ਯੇ ਠਾਕੁਰ ਜੀ ਕੇ ਚਰਨੋਂ ਕਾ ਪਾਨੀ ਨਹੀਂ ਹੈ।" ਮੰਦਰ ਦੇ ਪੁਜਾਰੀਆਂ ਨੇ ਵੀ ਪੁਸ਼ਟੀ ਕੀਤੀ ਕਿ ਪਾਣੀ ਏ ਸੀ ਤੋਂ ਟਪਕ ਰਿਹਾ ਹੈ, ਪਰ ਸ਼ਰਧਾਲੂਆਂ ਨੇ ਉਨ੍ਹਾਂ ਨੂੰ 'ਚਰਨ ਅੰਮ੍ਰਿਤ' ਵਜੋਂ ਲੈਣ ਤੋਂ ਗੁਰੇਜ਼ ਨਹੀਂ ਕੀਤਾ ਅਤੇ ਬਹੁਤ ਸਾਰੇ ਸ਼ਰਧਾਲੂ ਪਾਣੀ ਇਕੱਠਾ ਕਰਦੇ, ਪੀਂਦੇ ਅਤੇ ਛਿੜਕਦੇ ਰਹੇ। ਉਧਰ ਇਸ ਵੀਡੀਓ ਨੂੰ ਲੈ ਕੇ 'ਐੱਕਸ' 'ਤੇ ਵੱਖ-ਵੱਖ ਯੂਜ਼ਰਾਂ ਵੱਲੋਂ ਪ੍ਰਤੀਕਿਰਿਆ ਦਿੱਤੀ ਗਈ ਹੈ। ਇਕ ਨੇ ਲਿਖਿਆ—ਗੰਭੀਰ ਸਿੱਖਿਆ ਦੀ 100 ਫੀਸਦੀ ਲੋੜ ਹੈ। ਲੋਕ ਏ ਸੀ ਵਾਲਾ ਪਾਣੀ ਪੀ ਰਹੇ ਹਨ, ਇਹ ਸੋਚ ਰਹੇ ਹਨ ਕਿ ਇਹ ਭਗਵਾਨ ਦੇ ਚਰਨਾਂ ਦਾ 'ਚਰਨ ਅੰਮ੍ਰਿਤ' ਹੈ।

## ਮੋਦੀ ਦਾ ਝਾਰਖੰਡ 'ਚ ਵਿਰੋਧੀ ਗੱਠਜੋੜ 'ਤੇ ਹਮਲਾ

**ਰਾਂਚੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਝਾਰਖੰਡ 'ਚ ਜੇ ਐੱਮ ਐੱਮ ਦੀ ਅਗਵਾਈ ਵਾਲੇ ਗੱਠਜੋੜ 'ਤੇ ਤਿੱਖਾ ਹਮਲਾ ਬੋਲਦਿਆਂ ਕਥਿਤ ਤੌਰ 'ਤੇ ਬੰਗਲਾਦੇਸ਼ੀ ਘੁਸਪੈਠੀਆਂ ਦਾ ਸਮਰਥਨ ਕਰਨ ਲਈ ਉਸ ਨੂੰ 'ਘੁਸਪੈਠੀਆ ਬੰਧਨ' ਕਰਾਰ ਦਿੱਤਾ ਅਤੇ 'ਮਾਫੀਆ ਦਾ ਗੁਲਾਮ' ਕਿਹਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਝਾਰਖੰਡ 'ਚ ਗੱਠਜੋੜ ਦੇ ਆਗੂਆਂ ਵੱਲੋਂ ਘੁਟਾਲੇ ਇੱਕ ਉਦਯੋਗ ਦੀ ਤਰ੍ਹਾਂ ਬਣ ਗਏ ਹਨ ਅਤੇ ਭ੍ਰਿਸ਼ਟਾਚਾਰ ਨੇ ਝਾਰਖੰਡ ਨੂੰ ਸਿਉਂਕ ਵਾਂਗ ਨਿਗਲ ਲਿਆ ਹੈ। ਝਾਰਖੰਡ 'ਚ ਤੁਸ਼ਟੀਕਰਨ ਦੀ ਰਾਜਨੀਤੀ ਆਪਣੇ ਸਿਖਰ 'ਤੇ ਪਹੁੰਚ ਗਈ ਹੈ, ਜਿੱਥੇ ਜੇ ਐੱਮ ਐੱਮ ਦੀ ਅਗਵਾਈ ਵਾਲਾ ਗੱਠਜੋੜ ਬੰਗਲਾਦੇਸ਼ੀ ਘੁਸਪੈਠੀਆਂ ਦਾ ਸਮਰਥਨ ਕਰਨ 'ਚ ਰੁਝਿਆ ਹੋਇਆ ਹੈ। ਜੇ ਅਜਿਹਾ ਜਾਰੀ ਰਿਹਾ ਤਾਂ ਝਾਰਖੰਡ 'ਚ ਕਬਾਇਲੀ ਆਬਾਦੀ ਸੁੰਗੜ ਜਾਵੇਗੀ। ਇਹ ਕਬਾਇਲੀ ਸਮਾਜ ਅਤੇ ਦੇਸ਼ ਲਈ ਖਤਰਾ ਹੈ। ਮੋਦੀ ਨੇ ਝਾਰਖੰਡ ਦੇ ਗੜ੍ਹਵਾ 'ਚ ਵਿਧਾਨ ਸਭਾ ਚੋਣਾਂ ਦੇ ਐਲਾਨ ਤੋਂ ਬਾਅਦ ਪਹਿਲੀ ਰੈਲੀ 'ਚ ਕਿਹਾ ਕਿ ਜੇ ਸਕੂਲਾਂ 'ਚ ਸਰਸਵਤੀ ਵੰਦਨਾ ਨੂੰ ਰੋਕਿਆ ਜਾਂਦਾ ਹੈ, ਤਾਂ ਤੁਸੀਂ ਖਤਰੇ ਦੇ ਪੱਧਰ ਨੂੰ ਸਮਝ ਸਕਦੇ ਹੋ।

## ਧਾਰਾ 370 ਰੱਦ ਕਰਨ ਖਿਲਾਫ ਮਤਾ ਰੱਖਣ 'ਤੇ ਜ਼ਬਰਦਸਤ ਹੰਗਾਮਾ

**ਸ੍ਰੀਨਗਰ** : ਜੰਮੂ-ਕਸ਼ਮੀਰ ਕੇਂਦਰੀ ਸ਼ਾਸਤ ਪ੍ਰਦੇਸ਼ ਦੀ ਨਵੀਂ ਬਣੀ ਵਿਧਾਨ ਸਭਾ ਦੇ ਪਹਿਲੇ ਸੈਸ਼ਨ ਦੇ ਸੋਮਵਾਰ ਪਹਿਲੇ ਹੀ ਦਿਨ ਪੀ ਡੀ ਪੀ ਦੇ ਵਹੀਦ ਪਾਰਾ ਵੱਲੋਂ ਧਾਰਾ 370 ਨੂੰ ਰੱਦ ਕੀਤੇ ਜਾਣ ਖਿਲਾਫ ਮਤਾ ਪੇਸ਼ ਕਰਨ 'ਤੇ ਜ਼ੋਰਦਾਰ ਹੰਗਾਮਾ ਹੋਇਆ। ਪੁਲਵਾਮਾ ਤੋਂ ਵਿਧਾਇਕ ਵਹੀਦ ਪਾਰਾ ਨੇ ਮਤੇ ਵਿਚ ਜੰਮੂ-ਕਸ਼ਮੀਰ ਦਾ ਪਹਿਲਾਂ ਵਾਲਾ ਵਿਸ਼ੇਸ਼ ਦਰਜਾ ਬਹਾਲ ਕਰਨ ਦੀ ਮੰਗ ਵੀ ਕੀਤੀ। ਉਨ੍ਹਾ ਨੈਸ਼ਨਲ ਕਾਨਫਰੰਸ (ਐੱਨ ਸੀ) ਦੇ ਸੀਨੀਅਰ ਆਗੂ ਅਤੇ ਸੱਤ ਵਾਰ ਦੇ ਵਿਧਾਇਕ ਅਬਦੁਲ ਰਹੀਮ ਰਾਠਰ ਨੂੰ ਵਿਧਾਨ ਸਭਾ ਦਾ ਪਹਿਲਾ ਸਪੀਕਰ ਚੁਣੇ ਜਾਣ ਤੋਂ ਤੁਰੰਤ ਬਾਅਦ ਮਤਾ ਪੇਸ਼ ਕੀਤਾ, ਜਿਸ 'ਚ ਕਿਹਾ ਗਿਆ—ਜੰਮੂ ਅਤੇ ਕਸ਼ਮੀਰ ਦੇ ਲੋਕਾਂ ਦੇ ਜਜ਼ਬਾਤ ਨੂੰ ਧਿਆਨ 'ਚ ਰੱਖਦੇ ਹੋਏ ਇਹ ਸਦਨ ਜੰਮੂ ਅਤੇ ਕਸ਼ਮੀਰ ਦੇ ਵਿਸ਼ੇਸ਼ ਦਰਜੇ ਨੂੰ ਮਨਸੂਖ ਕਰਨ ਦਾ ਵਿਰੋਧ ਕਰਦਾ ਹੈ। ਇਸ ਦਾ ਜ਼ੋਰਦਾਰ ਵਿਰੋਧ ਕਰਦਿਆਂ ਭਾਜਪਾ ਦੇ ਸਾਰੇ 28 ਵਿਧਾਇਕ ਖੜ੍ਹੇ ਹੋ ਗਏ। ਭਾਜਪਾ ਵਿਧਾਇਕ ਸ਼ਾਮ ਲਾਲ ਸ਼ਰਮਾ ਨੇ ਵਿਧਾਨ ਸਭਾ ਨਿਯਮਾਂ ਦੀ ਉਲੰਘਣਾ ਕਰਦਾ ਮਤਾ ਪੇਸ਼ ਕਰਨ ਲਈ ਪਾਰਾ ਨੂੰ ਮੁਅੱਤਲ ਕਰਨ ਦੀ ਮੰਗ ਵੀ ਕੀਤੀ। ਦੂਜੇ ਪਾਸੇ ਰਾਠਰ ਨੇ ਵਾਰ-ਵਾਰ ਵਿਰੋਧ ਕਰ ਰਹੇ ਵਿਧਾਇਕਾਂ ਨੂੰ ਬੈਠਣ ਦੀਆਂ ਬੇਨਤੀਆਂ ਕੀਤੀਆਂ, ਪਰ ਉਨ੍ਹਾਂ ਉਤੇ ਇਸ ਦਾ ਕੋਈ ਅਸਰ ਨਹੀਂ ਹੋਇਆ। ਸਪੀਕਰ ਨੇ ਕਿਹਾ ਕਿ ਅਜੇ ਤੱਕ ਮਤਾ ਉਨ੍ਹਾ ਕੋਲ ਨਹੀਂ ਪੁੱਜਾ ਅਤੇ ਜਦੋਂ ਉਨ੍ਹਾ ਕੋਲ ਆਵੇਗਾ ਤਾਂ ਉਹ ਇਸ ਦੀ ਘੋਖ



ਕਰਨਗੇ। ਭਾਜਪਾ ਮੈਂਬਰਾਂ ਵੱਲੋਂ ਵਿਰੋਧ 'ਤੇ ਅੜੇ ਰਹਿਣ 'ਤੇ ਨੈਸ਼ਨਲ ਕਾਨਫਰੰਸ ਦੇ ਵਿਧਾਇਕਾਂ ਨੇ ਸਦਨ ਦੀ ਕਾਰਵਾਈ ਵਿਚ ਵਿਘਨ ਪਾਉਣ ਲਈ ਉਨ੍ਹਾਂ ਦੀ ਸਖਤ ਆਲੋਚਨਾ ਕੀਤੀ। ਰੌਲੇ-ਰੱਪੇ ਦੌਰਾਨ ਐੱਨ ਸੀ ਵਿਧਾਇਕ ਸ਼ਬੀਰ ਕੁੱਲੇ ਸਪੀਕਰ ਦੇ ਆਸਣ ਮੂਹਰੇ ਜਾ ਪੁੱਜੇ। ਗੌਰਤਲਬ ਹੈ ਕਿ ਕੇਂਦਰ ਦੀ ਐੱਨ ਡੀ ਏ ਸਰਕਾਰ ਨੇ 5 ਅਗਸਤ, 2019 ਨੂੰ ਸੰਵਿਧਾਨ ਦੀ ਧਾਰਾ 370 ਨੂੰ ਰੱਦ ਕਰ ਦਿੱਤਾ ਸੀ, ਜਿਸ ਤਹਿਤ ਜੰਮੂ-ਕਸ਼ਮੀਰ ਨੂੰ ਵਿਸ਼ੇਸ਼ ਦਰਜਾ ਹਾਸਲ ਸੀ। ਸੈਸ਼ਨ ਦੀ ਸ਼ੁਰੂਆਤ 'ਚ ਜੰਮੂ-ਕਸਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ ਨੇ ਕਿਹਾ ਕਿ ਕੇਂਦਰ ਸ਼ਾਸਤ ਪ੍ਰਦੇਸ਼ ਦੀ ਨਵੀਂ ਚੁਣੀ ਗਈ ਸਰਕਾਰ ਜੰਮੂ-ਕਸ਼ਮੀਰ ਦਾ ਪੂਰੇ ਰਾਜ ਦਾ ਦਰਜਾ ਬਹਾਲ ਕਰਾਉਣ ਲਈ ਪੂਰੀਆਂ ਕੋਸ਼ਿਸ਼ਾਂ ਕਰੇਗੀ ਅਤੇ ਸੂਬੇ ਦੇ ਲੋਕਾਂ ਵੱਲੋਂ ਜਮਹੂਰੀ ਅਦਾਰਿਆਂ 'ਚ ਦਿਖਾਏ ਗਏ ਭਰੋਸਾ ਦਾ 'ਇਹੋ ਢੁੱਕਵਾਂ ਜਵਾਬ' ਹੋਵੇਗਾ। ਸਿਨਹਾ ਨੇ ਕਿਹਾ ਕਿ ਸਰਕਾਰ ਲੋਕਾਂ ਦੀਆਂ ਆਸਾਂ ਤੇ ਉਮੀਦਾਂ ਨੂੰ ਅਤੇ 'ਇਸ ਨੂੰ ਮੁੜ ਰਾਜ ਦਾ ਦਰਜਾ ਦਿੱਤੇ ਜਾਣ ਦੀਆਂ ਖਾਹਿਸ਼ਾਂ' ਨੂੰ ਪੂਰਾ ਕਰਨ ਲਈ 'ਪੂਰੀ ਤਰ੍ਹਾਂ ਤਿਆਰ' ਹੈ।

ਉਨ੍ਹਾ ਰਾਜ ਦਾ ਦਰਜਾ ਬਹਾਲ ਕਰਨ ਬਾਰੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਕਈ ਮੌਕਿਆਂ 'ਤੇ ਪ੍ਰਗਟਾਈ ਗਈ ਵਚਨਬੱਧਤਾ ਨੂੰ ਯਾਦ ਕੀਤਾ ਅਤੇ ਕਿਹਾ ਕਿ ਇਹ ਹਮੇਸ਼ਾ ਲੋਕਾਂ ਲਈ ਉਮੀਦ ਅਤੇ ਭਰੋਸੇ ਦਾ ਸਰੋਤ ਰਿਹਾ ਹੈ।

## ਸਿਲੰਡਰ ਧਮਾਕੇ ਨਾਲ 2 ਕੁੜੀਆਂ ਦੀ ਮੌਤ

**ਗੂਹਲਾ ਚੀਕਾ** : ਹਰਿਆਣਾ ਦੇ ਗੂਹਲਾ ਚੀਕਾ ਸ਼ਹਿਰ ਦੇ ਇੱਕ ਘਰ 'ਚ ਸੋਮਵਾਰ ਤੜਕੇ ਕਰੀਬ ਸਾਢੇ ਤਿੰਨ ਵਜੇ ਗੈਸ ਸਿਲੰਡਰ ਫਟਣ ਕਾਰਨ 16 ਸਾਲ ਦੀ ਕੋਮਲ ਅਤੇ ਉਸ ਦੀ ਡੇਢ ਸਾਲਾ ਭਤੀਜੀ ਰੂਹੀ ਦੀ ਮੌਤ ਗਈ ਅਤੇ ਤਿੰਨ ਜੀਅ ਬੁਰੀ ਤਰ੍ਹਾਂ ਫੱਟੜ ਹੋ ਗਏ। ਵਾਰਡ ਨੰਬਰ 3 ਦੇ ਘਰ 'ਚ ਦੋ ਭਰਾ ਬਲਵਾਨ ਸਿੰਘ ਅਤੇ ਬਲਜੀਤ ਸਿੰਘ ਆਪਣੇ ਪਰਵਾਰਾਂ ਸਮੇਤ ਰਹਿ ਰਹੇ ਹਨ। ਧਮਾਕੇ ਨਾਲ ਘਰ ਦੇ ਇੱਕ ਪਾਸੇ ਦੀ ਕੰਧ ਪੂਰੀ ਤਰ੍ਹਾਂ ਢਹਿ ਗਈ ਅਤੇ ਲੈਂਟਰ ਲਟਕ ਗਿਆ। ਹਾਦਸੇ 'ਚ ਸੁਨੀਤਾ (46), ਉਸ ਦੀ ਨੂੰਹ ਸਪਨਾ (29) ਅਤੇ ਬਲਵਾਨ (50) ਬੁਰੀ ਤਰ੍ਹਾਂ ਫੱਟੜ ਹੋਏ ਹਨ। ਧਮਾਕਾ ਏਨਾ ਜ਼ਬਰਦਸਤ ਸੀ ਕਿ ਉਸ ਦੀ ਆਵਾਜ਼ ਚਾਰ ਕਿਲੋਮੀਟਰ ਤੱਕ ਸੁਣਾਈ ਦਿੱਤੀ। ਨੇੜਲੇ ਦਰਜਨ ਭਰ ਮਕਾਨਾਂ ਦਾ ਵੀ ਨੁਕਸਾਨ ਹੋਇਆ ਹੈ।



## ਪਰਾਲੀ ਦੀ ਅੱਗ ਤੇ ਪਟਾਕਿਆਂ ਦੇ ਧੂੰਏਂ ਨੂੰ ਲੈ ਕੇ ਪੰਜਾਬ, ਹਰਿਆਣਾ ਤੇ ਦਿੱਲੀ ਨੂੰ ਨੋਟਿਸ



**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਪੰਜਾਬ ਅਤੇ ਹਰਿਆਣਾ 'ਚ ਅਕਤੂਬਰ ਮਹੀਨੇ ਦੇ ਆਖਰੀ 10 ਦਿਨਾਂ ਦੌਰਾਨ ਖੇਤਾਂ 'ਚ ਪਰਾਲੀ ਸਾੜੇ ਜਾਣ ਦੀਆਂ ਘਟਨਾਵਾਂ 'ਚ ਹੋਏ ਵਾਧੇ ਬਾਰੇ ਦੋਵਾਂ ਸੂਬਿਆਂ ਦੀਆਂ ਸਰਕਾਰਾਂ ਤੋਂ ਜਵਾਬ ਤਲਬ ਕੀਤਾ ਹੈ। ਇਸੇ ਤਰ੍ਹਾਂ ਉਸ ਨੇ ਦੀਵਾਲੀ ਮੌਕੇ ਪਟਾਕਿਆਂ 'ਤੇ ਪਾਬੰਦੀ ਲਗਾਉਣ ਲਈ ਚੁੱਕੇ ਗਏ ਕਦਮਾਂ ਬਾਰੇ ਦਿੱਲੀ ਸਰਕਾਰ ਤੇ ਦਿੱਲੀ ਪੁਲਸ ਨੂੰ ਵੀ ਜਵਾਬ ਦੇਣ ਲਈ ਕਿਹਾ ਹੈ। ਦੀਵਾਲੀ ਦੌਰਾਨ ਦਿੱਲੀ ਵਿਚ ਪ੍ਰਦੂਸ਼ਣ ਬਹੁਤ ਜ਼ਿਆਦਾ ਵਧਣ ਦਾ ਸਖਤ ਨੋਟਿਸ ਲੈਂਦਿਆਂ ਸੁਪਰੀਮ ਕੋਰਟ ਨੇ ਸੋਮਵਾਰ ਦਿੱਲੀ ਸਰਕਾਰ ਅਤੇ ਦਿੱਲੀ ਪੁਲਸ ਕਮਿਸ਼ਨਰ ਤੋਂ ਪਟਾਕਿਆਂ 'ਤੇ ਪਾਬੰਦੀ ਲਾਗੂ ਕਰਨ ਲਈ ਚੁੱਕੇ ਗਏ ਕਦਮਾਂ ਬਾਰੇ ਜਾਣਕਾਰੀ ਮੰਗੀ। ਜਸਟਿਸ ਅਭੈ ਐੱਸ ਓਕਾ ਅਤੇ ਜਸਟਿਸ ਆਗਸਟੀਨ ਜਾਰਜ ਮਸੀਹ ਦੀ ਬੈਂਚ ਨੇ ਅਖਬਾਰਾਂ ਦੀਆਂ ਉਨ੍ਹਾਂ ਰਿਪੋਰਟਾਂ ਦਾ ਹਵਾਲਾ ਦਿੱਤਾ, ਜਿਨ੍ਹਾਂ 'ਚ ਅਦਾਲਤੀ ਆਦੇਸ਼ਾਂ ਦੀ ਵੱਡੇ ਪੱਧਰ 'ਤੇ ਉਲੰਘਣਾ ਹੋਣ ਦਾ ਜ਼ਿਕਰ ਕੀਤਾ ਗਿਆ ਸੀ। ਸੁਪਰੀਮ ਕੋਰਟ ਨੇ ਦਿੱਲੀ ਸਰਕਾਰ ਅਤੇ ਦਿੱਲੀ ਪੁਲਸ ਨੂੰ ਪਾਬੰਦੀ ਲਾਗੂ ਕਰਨ ਲਈ ਚੁੱਕੇ ਗਏ ਕਦਮਾਂ ਅਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਕੀਤੀ ਗਈ ਕਾਰਵਾਈ ਬਾਰੇ ਜਾਣਕਾਰੀ ਦੇਣ ਲਈ ਕਿਹਾ ਹੈ। ਬੈਂਚ ਨੇ ਕਿਹਾ—ਅਸੀਂ ਚਾਹੁੰਦੇ ਹਾਂ ਕਿ ਦਿੱਲੀ ਵਿਚ ਪਟਾਕਿਆਂ ਦੀ ਵਿਕਰੀ, ਉਤਪਾਦਨ ਅਤੇ ਇਨ੍ਹਾਂ ਨੂੰ ਚਲਾਉਣ 'ਤੇ ਪਾਬੰਦੀ ਦੇ ਸਾਰੇ ਆਦੇਸ਼ ਰਿਕਾਰਡ 'ਤੇ ਰੱਖੇ ਜਾਣ। ਅਸੀਂ ਦਿੱਲੀ ਦੇ ਪੁਲਸ ਕਮਿਸ਼ਨਰ ਨੂੰ ਵੀ ਨੋਟਿਸ ਜਾਰੀ ਕਰ ਰਹੇ ਹਾਂ ਕਿ ਪੁਲਸ ਨੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਕੀ ਕਾਰਵਾਈ ਕੀਤੀ ਅਤੇ ਅਦਾਲਤ ਦੇ ਹੁਕਮਾਂ ਨੂੰ ਲਾਗੂ ਕਰਨ ਲਈ ਕਿਹੜੇ ਕਦਮ ਚੁੱਕੇ ਗਏ।

ਜਵਾਬ ਇੱਕ ਹਫਤੇ ਦੇ ਅੰਦਰ ਦਾਖਲ ਕਰਨ ਲਈ ਕਿਹਾ ਗਿਆ ਹੈ। ਸੈਂਟਰ ਫਾਰ ਸਾਇੰਸ ਐਂਡ ਐਨਵਾਇਰਨਮੈਂਟ ਦੀ ਰਿਪੋਰਟ ਦਾ ਹਵਾਲਾ ਦਿੰਦਿਆਂ ਸੁਪਰੀਮ ਕੋਰਟ ਨੇ ਨੋਟ ਕੀਤਾ ਕਿ ਇਹ ਸਪੱਸ਼ਟ ਹੈ ਕਿ 2024 'ਚ ਦੀਵਾਲੀ ਦੀ ਰਾਤ ਪਿਛਲੇ ਦੋ ਸਾਲਾਂ 2022 ਅਤੇ 2023 ਦੇ ਮੁਕਾਬਲੇ ਜ਼ਿਆਦਾ ਗਰਮ ਸੀ।

ਬੈਂਚ ਨੇ ਪੰਜਾਬ ਅਤੇ ਹਰਿਆਣਾ ਸਰਕਾਰਾਂ ਨੂੰ ਅਕਤੂਬਰ ਮਹੀਨੇ ਦੇ ਪਿਛਲੇ 10 ਦਿਨਾਂ ਦੌਰਾਨ ਖੇਤਾਂ 'ਚ ਅੱਗ ਅਤੇ ਪਰਾਲੀ ਸਾੜਨ ਦੀਆਂ ਘਟਨਾਵਾਂ 'ਚ ਹੋਏ ਵਾਧੇ ਬਾਰੇ 14 ਨਵੰਬਰ ਤੱਕ ਜਵਾਬ ਦਾਖਲ ਕਰਨ ਲਈ ਕਿਹਾ ਹੈ। ਬੈਂਚ ਨੇ ਕਿਹਾ—ਪਟਾਕਿਆਂ 'ਤੇ ਪਾਬੰਦੀ ਦੀ ਉਲੰਘਣਾ ਕਰਨ ਵਾਲਿਆਂ ਲਈ ਕੁਝ ਸਖਤ ਕਾਰਵਾਈ ਦੀ ਲੋੜ ਹੈ, ਜਿਵੇਂ ਕਿ ਉਨ੍ਹਾਂ ਦੇ ਅਹਾਤੇ ਨੂੰ ਸੀਲ ਕਰਨਾ। ਬੈਂਚ ਨੇ ਨਾਲ ਹੀ ਕਿਹਾ ਕਿ ਅਦਾਲਤ ਵੱਲੋਂ 2025 ਦੀ ਦੀਵਾਲੀ ਦੌਰਾਨ ਪਟਾਕਿਆਂ 'ਤੇ ਪਾਬੰਦੀ ਬਾਰੇ ਅਦਾਲਤੀ ਹੁਕਮਾਂ ਦਾ ਸਹੀ ਪਾਲਣ ਯਕੀਨੀ ਬਣਾਉਣ ਲਈ ਜ਼ਰੂਰ ਕੁਝ ਕੀਤਾ ਜਾਵੇਗਾ।

## ਮਹਾਰਾਸ਼ਟਰ ਦੀ ਡੀ ਜੀ ਪੀ ਨੂੰ ਹਟਾਉਣ ਦਾ ਹੁਕਮ

**ਨਵੀਂ ਦਿੱਲੀ** : ਮਹਾਰਾਸ਼ਟਰ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਚੋਣ ਕਮਿਸ਼ਨ ਨੇ ਸੋਮਵਾਰ ਸੂਬਾ ਸਰਕਾਰ ਨੂੰ ਕਾਂਗਰਸ ਤੇ ਹੋਰਨਾਂ ਪਾਰਟੀਆਂ ਤੋਂ ਮਿਲੀਆਂ ਸ਼ਿਕਾਇਤਾਂ ਦੇ ਮੱਦੇਨਜਰ ਸੂਬੇ ਦੀ ਡੀ ਜੀ ਪੀ ਰਸ਼ਮੀ ਸ਼ੁਕਲਾ ਦਾ ਫੌਰੀ ਤੌਰ 'ਤੇ ਤਬਾਦਲਾ ਕਰਨ ਦੇ ਹੁਕਮ ਦਿੱਤੇ ਹਨ। ਚੋਣ ਕਮਿਸ਼ਨ ਨੇ ਮਹਾਰਾਸ਼ਟਰ ਦੇ ਮੁੱਖ ਸਕੱਤਰ ਨੂੰ ਸ਼ੁਕਲਾ ਦਾ ਚਾਰਜ ਕਾਡਰ ਦੇ ਅਗਲੇ ਸਭ ਤੋਂ ਸੀਨੀਅਰ ਆਈ ਪੀ ਐੱਸ ਅਧਿਕਾਰੀ ਨੂੰ ਸੌਂਪਣ ਦਾ ਨਿਰਦੇਸ਼ ਦਿੱਤਾ ਹੈ। ਮੁੱਖ ਸਕੱਤਰ ਨੂੰ ਡੀ ਜੀ ਪੀ ਵਜੋਂ ਨਿਯੁਕਤੀ ਲਈ ਮੰਗਲਵਾਰ ਦੁਪਹਿਰ ਤੱਕ ਤਿੰਨ ਆਈ ਪੀ ਐੱਸ ਅਧਿਕਾਰੀਆਂ ਦਾ ਪੈਨਲ ਭੇਜਣ ਦਾ ਵੀ ਹੁਕਮ ਦਿੱਤਾ ਗਿਆ ਹੈ।

## ਟਰੇਨੀ ਡਾਕਟਰ ਦੀ ਰੇਪ ਤੋਂ ਬਾਅਦ ਹੱਤਿਆ ਦੇ ਮੁੱਖ ਮੁਲਜ਼ਮ ਖਿਲਾਫ ਦੋਸ਼ ਆਇਦ

**ਕੋਲਕਾਤਾ** : ਆਰ ਜੀ ਕਰ ਮੈਡੀਕਲ ਕਾਲਜ ਅਤੇ ਹਸਪਤਾਲ 'ਚ 9 ਅਗਸਤ ਨੂੰ ਟਰੇਨੀ ਡਾਕਟਰ ਦੀ ਰੇਪ ਤੋਂ ਬਾਅਦ ਹੱਤਿਆ ਦੇ ਮਾਮਲੇ ਵਿਚ ਸੋਮਵਾਰ ਸਿਆਲਦਾਹ ਜ਼ਿਲ੍ਹਾ ਅਤੇ ਰੇਂਜ ਕੋਰਟ ਨੇ ਦੋਸ਼ ਆਇਦ ਕਰ ਦਿੱਤੇ। ਅਦਾਲਤੀ ਪ੍ਰਕਿਰਿਆ 11 ਨਵੰਬਰ ਤੋਂ ਸ਼ੁਰੂ ਹੋਵੇਗੀ ਅਤੇ ਉਸ ਦਿਨ ਤੋਂ ਰੋਜ਼ਾਨਾ ਸੁਣਵਾਈ ਹੋਵੇਗੀ। ਮੁੱਖ ਮੁਲਜ਼ਮ ਸੰਜੇ ਰਾਏ ਨੂੰ ਸਖਤ ਸੁਰੱਖਿਆ ਹੇਠ ਸਿਆਲਦਾਹ ਅਦਾਲਤ 'ਚ ਪੇਸ਼ ਕੀਤਾ ਗਿਆ। ਉਸ ਨੇ ਜੱਜ ਦੇ ਸਾਹਮਣੇ ਮੁੜ ਆਪਣੇ ਆਪ ਨੂੰ ਬੇਕਸੂਰ ਦੱਸਿਆ ਅਤੇ ਕਿਹਾ ਕਿ ਉਸ ਨੂੰ ਸੂਬਾ ਸਰਕਾਰ ਨੇ ਫਸਾਇਆ ਹੈ। ਅਦਾਲਤ ਤੋਂ ਬਾਹਰ ਆਉਣ ਤੋਂ ਬਾਅਦ ਵੀ ਸੰਜੇ ਰਾਏ ਨੇ ਮੀਡੀਆ ਕੈਮਰਿਆਂ ਦੇ ਸਾਹਮਣੇ ਕਿਹਾ ਕਿ ਉਸ ਨੇ ਕੁਝ ਨਹੀਂ ਕੀਤਾ, ਉਸ ਨੂੰ ਫਸਾਇਆ ਗਿਆ ਹੈ। ਉਸ ਨੇ ਦਾਅਵਾ ਕੀਤਾ ਕਿ ਉਹ ਬੇਕਸੂਰ ਹੈ। ਦੂਜੇ ਪਾਸੇ ਮਾਮਲੇ ਦੀ ਜਾਂਚ ਕਰ ਰਹੀ ਸੀ ਬੀ ਆਈ ਨੇ ਇਸ ਪਿੱਛੇ ਵੱਡੀ ਸਾਜ਼ਿਸ਼ ਹੋਣ ਦਾ ਦਾਅਵਾ ਕਰਦਿਆਂ ਆਰ ਜੀ ਕਰ ਹਸਪਤਾਲ ਦੇ ਸਾਬਕਾ ਪ੍ਰਿੰਸੀਪਲ ਸੰਦੀਪ ਘੋਸ਼ ਅਤੇ ਤਾਲਾ ਥਾਣੇ ਦੇ ਸਾਬਕਾ ਐੱਸ ਐੱਚ ਓ ਅਭਿਜੀਤ ਮੰਡਲ ਦੀ ਸ਼ਮੂਲੀਅਤ ਦੱਸੀ ਹੈ। ਸੀ ਬੀ ਆਈ ਨੇ ਪਿਛਲੇ ਮਹੀਨੇ ਅਦਾਲਤ 'ਚ ਪਹਿਲੀ ਚਾਰਜਸ਼ੀਟ ਪੇਸ਼ ਕੀਤੀ ਸੀ। ਇਸ 'ਚ ਸੰਜੇ ਰਾਏ ਤੋਂ ਇਲਾਵਾ ਸੰਦੀਪ ਘੋਸ਼ ਅਤੇ ਅਭਿਜੀਤ ਮੰਡਲ ਦੇ ਨਾਂਅ ਸ਼ਾਮਲ ਹਨ। ਸੰਜੇ ਰਾਏ ਵਿਰੁੱਧ ਭਾਰਤੀ ਨਿਆਂ ਸੰਹਿਤਾ ਦੀ ਧਾਰਾ 103 (1), 64 ਅਤੇ 66 ਤਹਿਤ ਦੋਸ਼ ਆਇਦ ਕੀਤੇ ਗਏ ਹਨ। ਸੰਦੀਪ ਘੋਸ਼ ਅਤੇ ਅਭਿਜੀਤ ਮੰਡਲ 'ਤੇ ਸਬੂਤ ਨਸ਼ਟ ਕਰਨ ਦਾ ਦੋਸ਼ ਹੈ।

## ਲੜਨੋਂ ਵਰਜਣ ਵਾਲੇ ਦਾ ਨੱਕ ਖਾ ਗਿਆ

**ਅੰਬਾਲਾ** : ਬਲਦੇਵ ਨਗਰ ਪੁਲਸ ਨੇ ਧੀਰਜ ਕੁਮਾਰ (40) ਵਾਸੀ ਸੂਰਯ ਕਾਲੋਨੀ, ਜੜੌਤ ਰੋਡ ਅੰਬਾਲਾ ਸ਼ਹਿਰ ਦੇ ਬਿਆਨ 'ਤੇ ਲੱਕੀ ਨਾਂਅ ਦੇ ਮੁੰਡੇ ਖਿਲਾਫ ਦੀਵਾਲੀ ਵਾਲੇ ਦਿਨ ਬੁਰਕ ਮਾਰ ਕੇ ਉਸ ਦਾ ਨੱਕ ਵੱਢਣ ਦੇ ਦੋਸ਼ ਹੇਠ ਕੇਸ ਦਰਜ ਕੀਤਾ ਹੈ। ਪੀ ਜੀ ਆਈ ਚੰਡੀਗੜ੍ਹ ਵਿਚ ਦਾਖਲ ਧੀਰਜ ਕੁਮਾਰ ਨੇ ਪੁਲਸ ਨੂੰ ਦੱਸਿਆ ਕਿ ਉਹ 15 ਸਾਲਾਂ ਤੋਂ ਇਕ ਸਰਾਫ ਕੋਲ ਬਤੌਰ ਡਰਾਈਵਰ ਕੰਮ ਕਰ ਰਿਹਾ ਹੈ। ਦੀਵਾਲੀ ਵਾਲੇ ਦਿਨ ਦੋਸਤ ਅਜੈ ਨੇ ਫੋਨ ਕਰ ਕੇ ਉਸ ਨੂੰ ਪਰਸ਼ੂ ਰਾਮ ਭਵਨ ਲਾਗੇ ਸੱਦਿਆ। ਉੱਥੇ ਅਜੈ ਕੋਲ ਲੱਕੀ ਖੜ੍ਹਾ ਸੀ, ਜਿਸ ਨੇ ਨਸ਼ਾ ਕੀਤਾ ਹੋਇਆ ਸੀ ਅਤੇ ਉਸ ਦੀ ਦੋ ਮੁੰਡਿਆਂ ਨਾਲ ਬਹਿਸ ਚੱਲ ਰਹੀ ਸੀ। ਧੀਰਜ ਨੇ ਕਿਹਾ—ਮੇਰੇ ਵੱਲੋਂ ਸਮਝਾਉਣ 'ਤੇ ਦੋਵੇਂ ਮੁੰਡੇ ਤਾਂ ਚਲੇ ਗਏ, ਪਰ ਲੱਕੀ ਤੈਸ਼ ਵਿਚ ਆ ਗਿਆ ਅਤੇ ਗਾਲ੍ਹਾਂ ਕੱਢਦਿਆਂ ਮੇਰੇ ਨੱਕ ਦਾ ਬੁਰਕ ਭਰ ਲਿਆ। ਅਜੈ ਦੀ ਮਦਦ ਨਾਲ ਮੈਂ ਲੱਕੀ ਤੋਂ ਛੁੱਟਣ ਦੀ ਬੜੀ ਕੋਸ਼ਿਸ਼ ਕੀਤੀ, ਪਰ ਉਸ ਨੇ ਉਦੋਂ ਤੱਕ ਨਹੀਂ ਛੱਡਿਆ, ਜਦੋਂ ਤੱਕ ਮੇਰਾ ਨੱਕ ਨਹੀਂ ਵੱਢਿਆ ਗਿਆ। ਰੌਲਾ ਸੁਣ ਕੇ ਲੋਕ ਇਕੱਠੇ ਹੋ ਗਏ ਅਤੇ ਲੱਕੀ ਮੌਕੇ ਤੋਂ ਦੌੜ ਗਿਆ।

## ਬੱਸ ਖੱਡ 'ਚ ਡਿੱਗੀ, 36 ਮੌਤਾਂ



**ਦੇਹਰਾਦੂਨ** : ਉੱਤਰਾਖੰਡ ਦੇ ਅਲਮੋੜਾ ਜ਼ਿਲ੍ਹੇ 'ਚ ਸੋਮਵਾਰ ਸਵੇਰੇ ਕਰੀਬ ਸਾਢੇ 8 ਵਜੇ ਬੱਸ ਕਰੀਬ 200 ਫੁੱਟ ਡੂੰਘੀ ਖੱਡ 'ਚ ਡਿੱਗਣ ਕਾਰਨ 36 ਲੋਕਾਂ ਦੀ ਮੌਤ ਹੋ ਗਈ ਅਤੇ 6 ਜ਼ਖਮੀ ਹੋ ਗਏ। ਗੜ੍ਹਵਾਲ ਮੋਟਰ ਓਨਰਜ਼ ਯੂਨੀਅਨ ਦੀ 42 ਸੀਟਾਂ ਵਾਲੀ ਬੱਸ ਗੜ੍ਹਵਾਲ ਦੇ ਕਿਨਾਥ ਤੋਂ ਕੁਮਾਉਂ ਦੇ ਰਾਮਨਗਰ ਜਾ ਰਹੀ ਸੀ ਤੇ ਅਲਮੋੜਾ ਦੇ ਮਰਚੁਲਾ 'ਚ ਇਹ ਹਾਦਸਾ ਵਾਪਰਿਆ।

## ਗੱਜਣ ਮਾਜਰਾ ਦੀ ਜ਼ਮਾਨਤ

**ਚੰਡੀਗੜ੍ਹ** : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਮਨੀ ਲਾਂਡਰਿੰਗ ਮਾਮਲੇ 'ਚ ਗ੍ਰਿਫਤਾਰ ਆਮ ਆਦਮੀ ਪਾਰਟੀ ਦੇ ਅਮਰਗੜ੍ਹ ਤੋਂ ਵਿਧਾਇਕ ਜਸਵੰਤ ਸਿੰਘ ਗੱਜਣ ਮਾਜਰਾ ਦੀ ਜ਼ਮਾਨਤ ਪਟੀਸ਼ਨ ਮਨਜ਼ੂਰ ਕਰ ਲਈ ਹੈ। ਜਸਟਿਸ ਮਹਾਂਬੀਰ ਸਿੰਘ ਸਿੱਧੂ ਨੇ ਸਾਰੀਆਂ ਧਿਰਾਂ ਨੂੰ ਸੁਣਨ ਤੋਂ ਬਾਅਦ ਪਿਛਲੇ ਹਫਤੇ ਫੈਸਲਾ ਸੁਰੱਖਿਅਤ ਰੱਖ ਲਿਆ ਸੀ।

ਉਸ ਨੂੰ ਪਿਛਲੇ ਸਾਲ ਈ ਡੀ ਨੇ ਗ੍ਰਿਫਤਾਰ ਕੀਤਾ ਸੀ। ਉਸ 'ਤੇ ਆਪਣੀ ਕੰਪਨੀ ਤਾਰਾ ਕਾਰਪੋਰੇਸ਼ਨ ਲਿਮਟਿਡ ਰਾਹੀਂ ਬੈਂਕ ਨਾਲ 41 ਕਰੋੜ ਰੁਪਏ ਦੀ ਧੋਖਾਧੜੀ ਕਰਨ ਦਾ ਦੋਸ਼ ਹੈ।

## ਮਿਗ-29 ਡਿੱਗਿਆ, ਪਾਇਲਟਾਂ ਦਾ ਬਚਾਅ

ਆਗਰਾ: ਸੋਮਵਾਰ ਆਗਰਾ ਜ਼ਿਲ੍ਹੇ 'ਚ ਮਿਗ-29 ਜਹਾਜ਼ ਖੇਤ ਵਿੱਚ ਡਿੱਗ ਕੇ ਤਬਾਹ ਹੋ ਗਿਆ। ਕਾਗਰੌਲ ਇਲਾਕੇ ਦੇ ਪਿੰਡ ਬਾਘਾ ਸੋਨੀਗਾ ਤੋਂ ਤਿੰਨ ਕਿਲੋਮੀਟਰ ਦੂਰ ਡਿੱਗਦੇ ਹੀ ਉਸ ਨੂੰ ਅੱਗ ਲੱਗ ਗਈ। ਪਾਇਲਟ ਅਤੇ ਕੋ-ਪਾਇਲਟ ਪੈਰਾਸ਼ੂਟ ਦੀ ਮਦਦ ਨਾਲ ਜਹਾਜ਼ 'ਚੋਂ ਨਿਕਲ ਗਏ। ਉਸ ਨੇ ਅਭਿਆਸ ਦੌਰਾਨ ਗਵਾਲੀਅਰ ਤੋਂ ਉਡਾਣ ਭਰੀ ਸੀ।

## ਪ੍ਰਕਾਸ਼ ਪੁਰਬ ਵਿਸ਼ੇਸ਼ ਸਪਲੀਮੈਂਟ



ਅਸ਼ੋਕ ਸ਼ਰਮਾ
ਫਿਰੋਜ਼ਪੁਰ
81468-22544

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤੇ ਜਾ ਰਹੇ ਹਨ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਇਨ੍ਹਾਂ ਪੱਤਰਕਾਰਾਂ ਨਾਲ ਸੰਪਰਕ ਕੀਤਾ ਜਾਵੇ।
-ਜਨਰਲ ਮੈਨੇਜਰ



ਦਰਸ਼ਨ ਜਿੰਦਲ
ਰਾਮਪੁਰਾ ਫੂਲ
94172-27460

## ਅੱਜ-ਨਾਮਾ

ਕੱਟਣ-ਵੱਢਣ ਦੀ ਕਹਿੰਦਾ ਹੈ ਗੱਲ ਯੋਗੀ,
ਇਕੱਠੇ ਰੱਖਣ ਦੀ ਕਰੇ ਫਿਰ ਬਾਤ ਬੇਲੀ।
ਸਮਾਜ ਵੰਡਣ ਤੋਂ ਆਖਦਾ ਰੋਕ ਦਿਆਂਗੇ,
ਜਾਤਾਂ ਦੀ ਵੰਡ ਦੀ ਭਾਵੇਂ ਬਹੁਤਾਤ ਬੇਲੀ।
ਜ਼ਰੂਰਤ ਦੇਸ਼ ਨੂੰ ਕਹਿੰਦਾ ਜੀ ਏਕਤਾ ਦੀ,
ਪੀੜ੍ਹੀ ਦੇ ਹੇਠਾਂ ਨਹੀਂ ਮਾਰਦਾ ਝਾਤ ਬੇਲੀ।
ਜਿਹੜਾ ਪਾਟਕ ਨੂੰ ਆਪ ਆ ਸ਼ਹਿ ਦੇਂਦਾ,
ਵੰਡੀ ਜਾਏ ਗੱਪਾਂ ਦੀ ਸੜੀ ਸੌਗਾਤ ਬੇਲੀ।
ਯੋਗੀ ਵਰਗਾ ਸਿਆਸੀ ਜਦ ਹੋਏ ਲੀਡਰ,
ਕਰਦਾ ਰਹਿੰਦਾ ਈ ਗੱਪ-ਗਿਆਨ ਬੇਲੀ।
ਫਿਰਕੂਪੁਣੇ ਦੀ ਕਰਦਾ ਪਿਆ ਰਾਜਨੀਤੀ,
ਮਨੁੱਖਤਾਵਾਦ ਦੇ ਕਰੇ ਵਖਿਆਨ ਬੇਲੀ।

-ਤੀਸ ਮਾਰ ਖਾਂ

## ਰਾਜੋਆਣਾ ਨੂੰ 6 ਮਹੀਨਿਆਂ ਲਈ ਹੀ ਛੱਡ ਦੇਣ ਦੀ ਅਪੀਲ

**ਨਵੀਂ ਦਿੱਲੀ** : ਮਰਹੂਮ ਮੁੱਖ ਮੰਤਰੀ ਬੇਅੰਤ ਸਿੰਘ ਕਤਲ ਕੇਸ ਦੇ ਦੋਸ਼ੀ ਬਲਵੰਤ ਸਿੰਘ ਰਾਜੋਆਣਾ ਨੂੰ ਸੋਮਵਾਰ ਸੁਪਰੀਮ ਕੋਰਟ ਵੱਲੋਂ ਕੋਈ ਅੰਤਰਮ ਰਾਹਤ ਨਹੀਂ ਮਿਲ ਸਕੀ, ਕਿਉਂਕਿ ਸੁਪਰੀਮ ਕੋਰਟ ਨੇ ਉਸ ਦੀ ਮੌਤ ਦੀ ਸਜ਼ਾ ਨੂੰ ਉਮਰ ਕੈਦ 'ਚ ਬਦਲਣ ਦੀ ਮੰਗ ਕਰਦੀ ਪਟੀਸ਼ਨ 'ਤੇ ਸੁਣਵਾਈ 18 ਨਵੰਬਰ ਤੱਕ ਟਾਲ ਦਿੱਤੀ। ਜਸਟਿਸ ਬੀ ਆਰ ਗਵਈ ਦੀ ਅਗਵਾਈ ਵਾਲੀ ਤਿੰਨ ਮੈਂਬਰੀ ਬੈਂਚ ਨੇ ਰਾਜੋਆਣਾ ਦੀ ਨੁਮਾਇੰਦਗੀ ਕਰ ਰਹੇ ਸੀਨੀਅਰ ਵਕੀਲ ਮੁਕੁਲ ਰੋਹਤਗੀ ਨੂੰ ਕਿਹਾ—ਕੇਂਦਰ ਅਤੇ ਪੰਜਾਬ ਸਰਕਾਰ ਨੂੰ ਸੁਣੇ ਬਿਨਾਂ ਕੋਈ ਅੰਤਰਮ ਰਾਹਤ ਨਹੀਂ ਦਿੱਤੀ ਜਾ ਸਕਦੀ। ਅਦਾਲਤ ਦੀ ਇਹ ਟਿੱਪਣੀ ਰੋਹਤਗੀ ਵੱਲੋਂ ਬੈਂਚ ਨੂੰ ਦੋਸ਼ੀ ਨੂੰ ਕੁਝ ਅੰਤਰਮ ਰਾਹਤ ਦੇਣ ਅਤੇ ਇਸ ਤੱਥ ਦੇ ਮੱਦੇਨਜ਼ਰ ਕੁਝ ਮਹੀਨਿਆਂ ਲਈ ਰਿਹਾਅ ਕਰਨ ਦੀ ਅਪੀਲ ਕਰਨ ਤੋਂ ਬਾਅਦ ਆਈ ਕਿ ਉਸ ਦੀ ਰਹਿਮ ਦੀ ਪਟੀਸ਼ਨ 12 ਸਾਲਾਂ ਤੋਂ ਲਟਕ ਰਹੀ ਹੈ। ਰੋਹਤਗੀ ਨੇ ਇਸ ਨੂੰ ਹੈਰਾਨ ਕਰਨ ਵਾਲਾ ਕੇਸ ਕਰਾਰ ਦਿੰਦੇ ਹੋਏ ਕਿਹਾ—ਰਾਜੋਆਣਾ ਨੂੰ ਘੱਟੋ-ਘੱਟ ਛੇ ਮਹੀਨਿਆਂ ਲਈ ਬਾਹਰ ਰਹਿਣ ਦਿਓ, ਉਸ ਨੂੰ ਦੇਖਣ ਦਿਓ ਕਿ ਬਾਹਰ ਕੀ ਹੈ, ਉਸ ਦੀ ਰਹਿਮ ਦੀ ਅਪੀਲ ਪਿਛਲੇ 12 ਸਾਲਾਂ ਤੋਂ ਪੈਂਡਿੰਗ ਹੈ। ਇਹ ਧਾਰਾ 21 (ਜੀਵਨ ਅਤੇ ਆਜ਼ਾਦੀ ਦੇ



ਅਧਿਕਾਰ) ਦੀ ਪੂਰੀ ਤਰ੍ਹਾਂ ਉਲੰਘਣਾ ਹੈ। ਬਹੁਤ ਸਤਿਕਾਰ ਨਾਲ, ਮੈਂ ਕੁਝ ਅੰਤਰਮ ਰਾਹਤ ਦੀ ਬੇਨਤੀ ਕਰ ਰਿਹਾ ਹਾਂ।

ਰੋਹਤਗੀ ਨੇ ਦੱਸਿਆ ਕਿ 29 ਸਾਲਾਂ 'ਚੋਂ 17 ਸਾਲ ਉਹ ਫਾਂਸੀ ਦੀ ਸਜ਼ਾ 'ਤੇ ਰਿਹਾ ਹੈ ਅਤੇ ਇਸ ਦੇ ਬਾਵਜੂਦ ਸਰਕਾਰ ਨੇ ਉਸ ਦੀ ਰਹਿਮ ਦੀ ਅਪੀਲ ਦਾ ਨਿਪਟਾਰਾ ਨਹੀਂ ਕੀਤਾ, ਜਦਕਿ ਬਾਕੀਆਂ ਦੀ ਮੌਤ ਦੀ ਸਜ਼ਾ ਨੂੰ ਸੁਪਰੀਮ ਕੋਰਟ ਨੇ ਉਮਰ ਕੈਦ 'ਚ ਬਦਲ ਦਿੱਤਾ ਹੈ। ਉਨ੍ਹਾ ਕਿਹਾ ਕਿ ਰਾਜੋਆਣਾ ਦੀ ਪਹਿਲੀ ਪਟੀਸ਼ਨ ਦਾ ਮਈ 2023 'ਚ ਨਿਪਟਾਰਾ ਕਰ ਦਿੱਤਾ ਗਿਆ ਸੀ, ਜਿਸ 'ਚ ਕਿਹਾ ਗਿਆ ਸੀ ਕਿ ਸੰਬੰਧਤ ਅਥਾਰਿਟੀ ਵੱਲੋਂ ਸਮੇਂ ਸਿਰ ਇਸ 'ਤੇ ਕਾਰਵਾਈ ਕੀਤੀ ਜਾਵੇਗੀ, ਪਰ ਪਿਛਲੇ ਡੇਢ ਸਾਲ 'ਚ ਕੁਝ ਨਹੀਂ ਹੋਇਆ। ਬੈਂਚ, ਜਿਸ 'ਚ ਜਸਟਿਸ ਪੀ ਕੇ ਮਿਸ਼ਰਾ ਅਤੇ ਜਸਟਿਸ ਕੇ ਵੀ ਵਿਸ਼ਵਨਾਥਨ ਵੀ ਸ਼ਾਮਲ ਸਨ, ਨੇ ਪੰਜਾਬ ਸਰਕਾਰ ਵੱਲੋਂ ਰਾਜੋਆਣਾ ਦੀ ਪਟੀਸ਼ਨ 'ਤੇ ਜਵਾਬ ਦੇਣ ਲਈ ਸਮਾਂ ਮੰਗਣ ਤੋਂ ਬਾਅਦ ਸੁਣਵਾਈ ਦੋ ਹਫਤਿਆਂ ਲਈ ਟਾਲ ਦਿੱਤੀ। ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੇ ਵੀ ਕਿਹਾ ਕਿ ਉਨ੍ਹਾ ਨੂੰ ਪਟੀਸ਼ਨ 'ਤੇ ਨਿਰਦੇਸ਼ ਪ੍ਰਾਪਤ ਕਰਨ ਦੀ ਲੋੜ ਹੈ। 1995 'ਚ ਹੋਈ ਬੇਅੰਤ ਸਿੰਘ ਦੀ ਹੱਤਿਆ ਦਾ ਦੋਸ਼ੀ ਰਾਜੋਆਣਾ ਪੰਜਾਬ ਪੁਲਸ ਦਾ ਸਾਬਕਾ ਕਾਂਸਟੇਬਲ ਹੈ ਅਤੇ ਉਹ ਆਪਣੀ ਫਾਂਸੀ ਦੀ ਉਡੀਕ 'ਚ 28 ਸਾਲਾਂ ਤੋਂ ਵੱਧ ਸਮੇਂ ਤੋਂ ਜੇਲ੍ਹ 'ਚ ਬੰਦ ਹੈ। 31 ਅਗਸਤ, 1995 ਨੂੰ ਚੰਡੀਗੜ੍ਹ 'ਚ ਪੰਜਾਬ ਸਿਵਲ ਸਕੱਤਰੇਤ ਦੇ ਬਾਹਰ ਧਮਾਕੇ 'ਚ ਮੌਕੇ ਦੇ ਮੁੱਖ ਮੰਤਰੀ ਬੇਅੰਤ ਸਿੰਘ ਅਤੇ 16 ਹੋਰਨਾਂ ਦੀ ਮੌਤ ਹੋ ਗਈ ਸੀ। ਰਾਜੋਆਣਾ ਨੂੰ ਵਿਸ਼ੇਸ਼ ਅਦਾਲਤ ਨੇ 2007 'ਚ ਮੌਤ ਦੀ ਸਜ਼ਾ ਸੁਣਾਈ ਸੀ। ਉਸ ਦੀ ਰਹਿਮ ਦੀ ਅਪੀਲ 12 ਸਾਲਾਂ ਤੋਂ ਵੱਧ ਸਮੇਂ ਤੋਂ ਲਟਕ ਰਹੀ ਹੈ।

3 ਮਈ 2023 ਨੂੰ ਸੁਪਰੀਮ ਕੋਰਟ ਨੇ ਉਸ ਦੀ ਮੌਤ ਦੀ ਸਜ਼ਾ ਨੂੰ ਉਮਰ ਕੈਦ 'ਚ ਬਦਲਣ ਤੋਂ ਇਨਕਾਰ ਕਰ ਦਿੱਤਾ ਸੀ ਅਤੇ ਕੇਂਦਰ ਨੂੰ ਉਸ ਦੀ ਰਹਿਮ ਦੀ ਅਪੀਲ 'ਤੇ 'ਜਿਵੇਂ ਅਤੇ ਜਦੋਂ ਜ਼ਰੂਰੀ ਸਮਝਿਆ ਜਾਵੇ' ਫੈਸਲਾ ਲੈਣ ਲਈ ਕਿਹਾ ਸੀ। ਰਾਜੋਆਣਾ ਦੀ ਫਾਂਸੀ ਦੀ ਸਜ਼ਾ ਨੂੰ ਘਟਾਉਣ ਤੋਂ ਇਨਕਾਰ ਕਰਨ ਤੋਂ 16 ਮਹੀਨਿਆਂ ਤੋਂ ਵੱਧ ਸਮੇਂ ਬਾਅਦ ਸੁਪਰੀਮ ਕੋਰਟ ਨੇ 25 ਸਤੰਬਰ ਨੂੰ ਇਸ ਮੁੱਦੇ 'ਤੇ ਮੁੜ ਵਿਚਾਰ ਕਰਨ ਲਈ ਸਹਿਮਤੀ ਦਿੱਤੀ ਸੀ। ਇਸ ਨੇ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਉਸ ਦੀ ਮੌਤ ਦੀ ਸਜ਼ਾ ਨੂੰ ਘਟਾਉਣ ਬਾਰੇ ਉਸ ਦੀ ਤਾਜ਼ਾ ਪਟੀਸਨ 'ਤੇ ਇਸ ਆਧਾਰ 'ਤੇ ਜਵਾਬ ਦੇਣ ਲਈ ਕਿਹਾ ਸੀ ਕਿ ਕੇਂਦਰ ਉਸ ਦੀ 25 ਮਾਰਚ 2012 ਦੀ ਰਹਿਮ ਦੀ ਅਪੀਲ 'ਤੇ ਅੱਜ ਤੱਕ ਕੋਈ ਫੈਸਲਾ ਲੈਣ ਵਿਚ ਅਸਫਲ ਰਿਹਾ ਹੈ। ਰਾਜੋਆਣਾ ਦੀ ਤਾਜ਼ਾ

• ਬਾਕੀ ਸਫ਼ਾ 2 'ਤੇ

## ਸੰਨੀ ਚੀਮਾ ਦੇ ਕਤਲ 'ਚ ਲੋੜੀਂਦਾ ਥੋਲੂ ਗ੍ਰਿਫਤਾਰ

**ਜਲੰਧਰ (ਸ਼ੈਲੀ ਐਲਬਰਟ)**-ਜਲੰਧਰ ਦਿਹਾਤੀ ਪੁਲਸ ਨੇ ਕੈਨੇਡਾ ਸਥਿਤ ਗੈਂਗਸਟਰ ਅੰਮ੍ਰਿਤਪਾਲ ਸਿੰਘ ਬਾਠ ਦੇ ਇਕ ਅਹਿਮ ਸਾਥੀ ਨੂੰ ਗ੍ਰਿਫਤਾਰ ਕੀਤਾ ਹੈ, ਜੋ ਕਿ ਪੱਟੀ 'ਚ ਜਨਵਰੀ 'ਚ 'ਆਪ' ਨੇਤਾ ਸੰਨੀ ਚੀਮਾ ਦੇ ਕਤਲ ਦੇ ਮਾਮਲੇ 'ਚ ਲੋੜੀਂਦਾ ਸੀ। ਮੁਲਜ਼ਮ ਦੀ ਪਛਾਣ ਜਗਦੀਪ ਸਿੰਘ ਗਿੱਲ ਉਰਫ ਥੋਲੂ ਵਾਸੀ ਜ਼ਿਲ੍ਹਾ ਤਰਨ ਤਾਰਨ ਵਜੋਂ ਹੋਈ ਹੈ।

ਐੱਸ ਐੱਸ ਪੀ ਹਰਕਮਲ ਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਮੁਲਜ਼ਮ ਨਵਾਂ ਸ਼ਹਿਰ ਤੋਂ ਫਿਲੌਰ ਵੱਲ ਤਰਨ ਤਾਰਨ ਜਾਣ ਲਈ ਆ ਰਿਹਾ ਸੀ। ਫਿਲੌਰ ਦੇ ਐੱਸ ਐੱਚ ਓ ਇੰਸਪੈਕਟਰ ਸੁਖਦੇਵ ਸਿੰਘ ਨੇ ਪੁਲਸ ਪਾਰਟੀ ਨਾਲ ਡੀ ਐੱਸ ਪੀ ਸਰਵਣ ਸਿੰਘ ਬੱਲ ਦੀ ਅਗਵਾਈ ਹੇਠ ਉਸ ਨੂੰ ਫਿਲੌਰ ਨਾਕੇ 'ਤੇ ਰੋਕ ਕੇ ਕਾਬੂ ਕਰ ਲਿਆ।ਉਸ ਕੋਲੋਂ ਇਕ .32 ਬੋਰ ਦਾ ਪਿਸਤੌਲ ਅਤੇ ਇਕ ਕਾਰ ਬਰਾਮਦ ਕੀਤੀ ਗਈ ਹੈ।

ਪੁੱਛ-ਗਿੱਛ ਦੌਰਾਨ ਮੁਲਜ਼ਮ ਨੇ ਖੁਲਾਸਾ ਕੀਤਾ ਕਿ ਉਸ ਨੇ ਬਾਠ, ਜੋ ਕਿ ਇਸ ਸਮੇਂ ਕੈਨੇਡਾ ਵਿੱਚ ਰਹਿੰਦਾ ਹੈ, ਦੀਆਂ ਸਿੱਧੀਆਂ ਹਦਾਇਤਾਂ 'ਤੇ ਇਹ ਕਾਰਵਾਈ ਕੀਤੀ ਸੀ। ਜੁਰਮ ਨੂੰ ਅੰਜਾਮ ਦੇਣ ਤੋਂ ਬਾਅਦ ਗਿੱਲ ਨੇਪਾਲ ਵਿੱਚ ਦਾਖਲ ਹੋਣ ਤੋਂ ਪਹਿਲਾਂ ਥਾਈਲੈਂਡ ਭੱਜਣ ਵਿੱਚ ਕਾਮਯਾਬ ਰਿਹਾ, ਫਿਰ ਉਹ ਦੁਬਈ ਚਲਾ ਗਿਆ। ਹਾਲ ਹੀ ਵਿੱਚ ਉਹ ਅੰਬਾਲਾ ਵਿੱਚ ਆਪਣੇ ਸਹੁਰੇ ਘਰ ਸ਼ਰਨ ਲੈਣ ਤੋਂ ਪਹਿਲਾਂ ਕੁਝ ਸਮਾਂ ਉੱਤਰ ਪ੍ਰਦੇਸ਼ ਵਿੱਚ ਰਿਹਾ, ਜਿੱਥੇ ਆਖਰਕਾਰ ਪੁਲਸ ਨੇ ਉਸ ਦਾ ਪਤਾ ਲਗਾ ਲਿਆ ਸੀ।

## ਤਰਸੇਮ ਸਿੰਘ ਕਲਸੀ ਦਸਤਕਾਰੀ ਕਮੇਟੀ ਦੇ ਪ੍ਰਧਾਨ ਬਣੇ



**ਧੂਰੀ (ਸੁਖਦੇਵ ਧੂਰੀ)**-ਦਸਤਕਾਰੀ ਕਮੇਟੀ ਧੂਰੀ ਦੀ ਚੋਣ ਤੇਜਿੰਦਰ ਸਿੰਘ ਨੰਨੜੇ, ਹਰਦੀਪ ਸਿੰਘ ਨੰਨੜੇ, ਜਸਬੀਰ ਸਿੰਘ ਜਗਦਿਉ, ਆਸਾ ਸਿੰਘ ਤੇ ਮਲਕੀਤ ਸਿੰਘ ਦੀ ਅਗਵਾਈ ਹੇਠ ਹੋਈ।ਇਸ ਮੌਕੇ ਤਰਸੇਮ ਸਿੰਘ ਕਲਸੀ ਨੂੰ ਦਸਤਕਾਰੀ ਕਮੇਟੀ ਧੂਰੀ ਦਾ ਪ੍ਰਧਾਨ, ਜਸਵਿੰਦਰ ਸਿੰਘ ਬਿੱਲ ਮੀਤ ਪ੍ਰਧਾਨ, ਹਰਭਜਨ ਸਿੰਘ ਸੈਕਟਰੀ, ਬਲਜੀਤ ਸਿੰਘ ਬਾਂਸਲ ਵਾਇਸ ਸੈਕਟਰੀ, ਜਤਿੰਦਰ ਸਿੰਘ ਰਾਜੂ ਮੈਂਬਰ ਤੇ ਸਰਬਜੀਤ ਸਿੰਘ ਲਾਡੀ ਮੈਂਬਰ ਚੁਣੇ ਗਏ।ਇਸ ਮੌਕੇ ਜਗਜੀਤ ਸਿੰਘ ਬਿਰਦੀ, ਦਰਸ਼ਨ ਸਿੰਘ ਲੋਟੇ, ਜਗਤਾਰ ਸਿੰਘ ਬਿਰਦੀ, ਪਰਮਿੰਦਰ ਸਿੰਘ (ਸੋਨੀ ਬਿਰਦੀ) ਸਮੇਤ ਹੋਰ ਵੀ ਹਾਜ਼ਰ ਸਨ।

## ਗੁਰਮੇਲ ਮੌੜ ਵੱਲੋਂ ਕਾਲਾ ਢਿੱਲੋਂ ਦੇ ਹੱਕ 'ਚ ਪ੍ਰਚਾਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਹਲਕੇ ਦੇ ਪਿੰਡ ਨੰਗਲ ਵਿਖੇ ਕਾਂਗਰਸ ਪਾਰਟੀ ਪੀ ਪੀ ਸੀ ਸੀ ਮੈਂਬਰ ਗੁਰਮੇਲ ਸਿੰਘ ਮੌੜ ਨੇ ਆਪਣੀ ਟੀਮ ਸਮੇਤ ਕਾਂਗਰਸ ਪਾਰਟੀ ਦੇ ਉਮੀਦਵਾਰ ਕੁਲਦੀਪ ਸਿੰਘ ਕਾਲਾ ਢਿੱਲੋਂ ਦੇ ਹੱਕ ਵਿੱਚ ਲੋਕਾਂ ਨੂੰ ਲਾਮਬੰਦ ਕੀਤਾ।ਉਨ੍ਹਾਂ ਕਿਹਾ ਕਿ ਹਰ ਇੱਕ ਨੂੰ ਆਪਣੀ ਬਣਦੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣੀ ਚਾਹੀਦੀ ਹੈ ਅਤੇ ਇਹ ਚੋਣ ਕੁਲਦੀਪ ਸਿੰਘ ਕਾਲਾ ਢਿੱਲੋਂ ਦੀ ਨਹੀਂ ਤੁਹਾਡੀ ਆਪਣੀ ਸਾਰੇ ਵਰਕਰਾਂ ਦੀ ਹੈ।ਉਨ੍ਹਾਂ ਸਮੂਹ ਆਗੂਆਂ, ਵਰਕਰਾਂ ਨੂੰ ਪੂਰੀ ਤਨਦੇਹੀ ਨਾਲ ਚੋਣ ਮੁਹਿੰਮ ਵਿੱਚ ਸ਼ਾਮਲ ਹੋ ਕੇ ਘਰ ਘਰ ਤੱਕ ਪਹੁੰਚਣ ਦੀ ਅਪੀਲ ਕੀਤੀ।

## ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨ ਯੂਨੀਅਨ ਵੱਲੋਂ 10 ਨੂੰ ਬਰਨਾਲਾ ਰੈਲੀ 'ਚ ਕਾਫ਼ਲਿਆਂ ਸਮੇਤ ਪੁੱਜਣ ਦਾ ਸੱਦਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਦੀ ਅਹਿਮ ਮੀਟਿੰਗ ਇਥੇ ਪ੍ਰਧਾਨ ਕੇਵਲ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਹੋਈ।ਇਸ ਮੌਕੇ ਸਰਕਾਰ ਖ਼ਿਲਾਫ ਰੋਸ ਪ੍ਰਗਟ ਕਰਦਿਆਂ ਹੱਕੀ ਮੰਗਾਂ ਨੂੰ ਪੂਰਾ ਕਰਨ ਦੀ ਮੰਗ ਕੀਤੀ ਗਈ।ਸੂਬਾ ਵਿੱਤ ਸਕੱਤਰ ਸੁਖਜੰਟ ਸਿੰਘ ਬਰਨਾਲਾ ਨੇ ਸੂਬਾ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਦੀ ਸਖਤ ਆਲੋਚਨਾ ਕਰਦਿਆਂ ਕਿਹਾ ਕਿ ਸਰਕਾਰ ਚੋਣਾਂ ਦੌਰਾਨ ਪੈਨਸ਼ਨਰਜ਼ ਤੇ ਆਮ ਲੋਕਾਂ ਨਾਲ ਕੀਤੇ ਵਾਅਦੇ ਤੋਂ ਭੱਜ ਰਹੀ ਹੈ, ਜੋ ਵੀ ਆਪਣਾ ਹੱਕ ਮੰਗ ਰਹੇ ਹਨ, ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੀ ਅਵਾਜ਼ ਨੂੰ ਡੰਡੇ ਦੇ ਜ਼ੋਰ ਨਾਲ ਦਬਾਉਣ ਦਾ ਭਰਮ ਪਾਲਿਆ ਜਾ ਰਿਹਾ ਹੈ।ਪੰਜਾਬ ਸਰਕਾਰ ਦੀ ਇਹ ਧੱਕੇਸ਼ਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਦੀਵਾਲੀ ਦੇ ਮੌਕੇ ਮੁਲਾਜ਼ਮ ਤੇ ਪੈਨਸ਼ਨਰਜ਼ ਨੂੰ 4 ਫੀਸਦੀ ਡੀ ਏ ਦੇਣ ਨੂੰ ਮੁੱਢੋਂ ਰੱਦ ਕਰਦਿਆਂ ਕਿਹਾ ਕਿ ਇਹ ਫੈਸਲਾ ਲੈ ਕੇ ਮੁਲਾਜ਼ਮਾਂ ਨਾਲ ਕੋਝਾ ਮਜ਼ਾਕ ਕੀਤਾ ਗਿਆ ਹੈ, ਜਦਕਿ ਪੈਨਸ਼ਨਰਜ਼ ਤੇ ਮੁਲਾਜ਼ਮਾਂ ਦਾ 15 ਫੀਸਦੀ ਡੀ ਏ ਬਣਦਾ ਹੈ।ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਨੂੰ ਮੂੰਹ ਤੋੜ ਜਵਾਬ ਦੇਣ ਲਈ ਸਾਂਝਾ ਫਰੰਟ ਮੁਲਾਜ਼ਮ ਜਥੇਬੰਦੀਆਂ ਵੱਲੋਂ ਪੰਜਾਬ ਅੰਦਰ ਹੋਣ ਜਾ ਰਹੀਆਂ ਜ਼ਿਮਨੀ ਚੋਣਾਂ ਡੇਰਾ ਬਾਬਾ ਨਾਨਕ, ਚੱਬੇਵਾਲ, ਗਿੱਦੜਬਾਹਾ ਤੇ ਬਰਨਾਲਾ ਵਿਖੇ ਸਰਕਾਰ ਖਿਲਾਫ਼ ਰੋਸ ਰੈਲੀਆਂ ਕਰਨ ਦੇ ਉਲੀਕੇ ਪ੍ਰੋਗਰਾਮ ਤਹਿਤ 10 ਨਵੰਬਰ ਨੂੰ ਬਰਨਾਲਾ ਵਿਖੇ ਰੋਸ ਰੈਲੀ ਕੀਤੀ ਜਾਵੇਗੀ।ਇਸ ਰੈਲੀ ਨੂੰ ਸਫਲ ਬਣਾਉਣ ਲਈ ਆਗੂਆਂ, ਵਰਕਰਾਂ ਨੂੰ ਕਾਫਲਿਆਂ ਸਮੇਤ ਪੁੱਜਣ ਦਾ ਸੱਦਾ ਦਿੱਤਾ।ਇਸ ਮੌਕੇ ਸੁਖਦੇਵ ਸਿੰਘ ਝਲੂਰ, ਸਾਧੂ ਸਿੰਘ ਬੜੀ, ਦਰਸ਼ਨ ਸਿੰਘ ਕਲਾਲ ਮਾਜਰਾ, ਬਿੱਕਰ ਸਿੰਘ ਛੀਨੀਵਾਲ, ਪਾਰਸ ਰਾਮ ਮਹਿਲ ਕਲਾਂ, ਜਗਦੇਵ ਸਿੰਘ ਕੁਰੜ, ਸਮਸ਼ੇਰ ਸਿੰਘ ਹਮੀਦੀ, ਮਲਕੀਤ ਸਿੰਘ ਸਹੌਰ, ਸਰਜੀਤ ਸਿੰਘ ਖਿਆਲੀ, ਜਗਮੇਲ ਸਿੰਘ ਛੀਨੀਵਾਲ, ਦਰਸ਼ਨ ਸਿੰਘ ਜੌਹਲ, ਜਗਦੇਵ ਸਿੰਘ ਸਹੌਰ, ਸ਼ਿੰਗਾਰਾ ਸਿੰਘ ਕੁਰੜ, ਅਜੈਬ ਸਿੰਘ ਛਾਪਾ ਆਦਿ ਹਾਜ਼ਰ ਸਨ।

## ਵਿਜੀਲੈਂਸ ਬਿਊਰੋ ਵੱਲੋਂ ਰਿਮਟ ਕਾਲਜ 'ਚ ਜਾਗਰੂਕਤਾ ਸਮਾਗਮ



**ਮੰਡੀ ਗੋਬਿੰਦਗੜ੍ਹ/ਫ਼ਤਹਿਗੜ੍ਹ ਸਾਹਿਬ (ਪਮੋਦ ਭਾਰਦਵਾਜ)**-ਰਾਸ਼ਟਰ ਦੀ ਖੁਸ਼ਹਾਲੀ ਲਈ ਇਮਾਨਦਾਰੀ ਦਾ ਸੱਭਿਆਚਾਰ ਵਿਸ਼ੇ ਅਧੀਨ ਵਿਜੀਲੈਂਸ ਬਿਊਰੋ ਵੱਲੋਂ ਰਿਮਟ ਕਾਲਜ ਮੰਡੀ ਗੋਬਿੰਦਗੜ੍ਹ ਵਿਖੇ ਜਾਗਰੂਕਤਾ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਵਿਜੀਲੈਂਸ ਯੂਨਿਟ ਫ਼ਤਹਿਗੜ੍ਹ ਸਾਹਿਬ ਦੇ ਐਸ.ਪੀ. ਤੇ ਇੰਚਾਰਜ ਸੁਖਮਿੰਦਰ ਸਿੰਘ ਚੌਹਾਨ ਨੇ ਕਿਹਾ ਕਿ ਭ੍ਰਿਸ਼ਟਾਚਾਰ ਇੱਕ ਅਜਿਹੀ ਲਾਹਨਤ ਹੈ, ਜਿਸ ਦਾ ਖਾਤਮਾ ਕਰਨ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਕਿਹਾ ਕਿ ਵਿਜੀਲੈਂਸ ਬਿਊਰੋ ਵੱਲੋਂ ਆਮ ਲੋਕਾਂ ਨੂੰ ਰਿਸ਼ਵਤਖੋਰੀ ਵਿਰੁੱਧ ਲਾਮਬੱਧ ਕਰਨ ਦੇ ਮੰਤਵ ਨਾਲ ਜਾਗਰੂਕਤਾ ਸਪਤਾਹ ਮਨਾਇਆ ਜਾ ਰਿਹਾ ਹੈ, ਜਿਸ ਤਹਿਤ ਆਮ ਲੋਕਾਂ ਨੂੰ ਜਾਗਰੂਕ ਕਰਨ ਵਾਸਤੇ ਵੱਖ-ਵੱਖ ਸਥਾਨਾਂ 'ਤੇ ਸਮਾਗਮ ਕਰਵਾਏ ਜਾ ਰਹੇ ਹਨ।ਐਸ.ਪੀ. ਚੌਹਾਨ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਜੇਕਰ ਕੋਈ ਸਰਕਾਰੀ ਅਧਿਕਾਰੀ/ਕ੍ਰਮਚਾਰੀ ਤੁਹਾਡੇ ਸਰਕਾਰੀ ਕੰਮ ਕਰਨ ਬਦਲੇ ਰਿਸ਼ਵਤ ਮੰਗਦਾ ਹੈ, ਆਮਦਨ ਤੋਂ ਵੱਧ ਜਾਇਦਾਦ ਬਣਾਉਣਾ ਹੈ ਤੇ ਆਪਣੇ ਆਹੁਦੇ ਦੀ ਦੁਰਵਰਤੋਂ ਕਰਦਾ ਹੈ ਤਾਂ ਐਂਟੀ ਕੁਰੱਪਸ਼ਨ ਐਕਸ਼ਨ ਲਾਇਨ ਪੰਜਾਬ ਦੇ ਵਟਸਐਪ ਨੰਬਰ 95012-00200, ਟੋਲ ਫਰੀ ਨੰ: 1800-1800-1000 ਅਤੇ ਪੰਜਾਬ ਵਿਜੀਲੈਂਸ ਬਿਊਰੋ ਦੀ ਵੈਬਸਾਈਟ 'ਤੇ ਸ਼ਿਕਾਇਤ ਦਰਜ ਕਰਾਈ ਜਾ ਸਕਦੀ ਹੈ।

## ਡੀ ਸੀ ਨੇ ਵਾਤਾਵਰਣ ਸੰਭਾਲ ਦੇ ਯਤਨਾਂ ਦੀ ਸ਼ਲਾਘਾ ਕੀਤੀ



**ਲੁਧਿਆਣਾ (ਰਾਜ ਸਿੰਗਲਾ)**-ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਮਾਛੀਆਂ ਕਲਾਂ, ਬੌਂਕਰ ਡੋਗਰਾਂ ਤੇ ਧਨਾਨਸੂ ਪਿੰਡਾਂ ਦੇ ਕਿਸਾਨਾਂ ਵੱਲੋਂ ਖੇਤਾਂ ਵਿੱਚ ਪਰਾਲੀ ਨੂੰ ਅੱਗ ਨਾ ਲਾਉਣ ਕਰਕੇ ਵਾਤਾਵਰਣ ਦੀ ਸੰਭਾਲ ਵਿੱਚ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਸਾਨਾਂ ਦੀ ਐਕਸ-ਸੀਟੂ ਤੇ ਇਨ-ਸੀਟੂ ਤਕਨੀਕਾਂ ਦੀ ਵਰਤੋਂ ਕਰਕੇ ਝੋਨੇ ਦੀ ਪਰਾਲੀ ਦੇ ਪ੍ਰਭਾਵਸ਼ਾਲੀ ਪ੍ਰਬੰਧਨ ਕਰਨ ਦੀ ਵੀ ਸ਼ਲਾਘਾ ਕੀਤੀ।ਮਾਛੀਆਂ ਕਲਾਂ, ਜਿੱਥੇ ਕਿਸਾਨ ਪਰਾਲੀ ਦੀਆਂ ਗੰਢਾਂ ਤਿਆਰ ਕਰ ਰਹੇ ਹਨ, ਦੇ ਦੌਰੇ ਦੌਰਾਨ ਸ੍ਰੀ ਜਤਿੰਦਰ ਜੋਰਵਾਲ ਨੇ ਪਰਾਲੀ ਸਾੜਨ ਦੀ ਪ੍ਰਥਾ ਨੂੰ ਖਤਮ ਕਰਨ ਲਈ ਕਿਸਾਨਾਂ ਤੇ ਪ੍ਰਸ਼ਾਸਨ ਦੇ ਅਥਾਹ ਸਹਿਯੋਗ 'ਤੇ ਤਸੱਲੀ ਪ੍ਰਗਟਾਈ।ਉਨ੍ਹਾਂ ਬਾਅਦ ਵਿੱਚ ਬੌਂਕਰ ਡੋਗਰਾਂ ਤੇ ਧਨਾਨਸੂ ਵਿੱਚ ਖੇਤਾਂ ਦਾ ਮੁਆਇਨਾ ਕੀਤਾ, ਜਿੱਥੇ ਕਿਸਾਨ ਪਰਾਲੀ ਨੂੰ ਖੇਤਾਂ ਦੀ ਮਿੱਟੀ ਵਿੱਚ ਮਿਲਾਉਣ ਲਈ ਵੱਖ-ਵੱਖ ਸੰਦਾਂ ਜਿਵੇਂ ਸੁਪਰ ਸੀਡਰ, ਹੈਪੀ ਸੀਡਰ, ਸਮਾਰਟ ਸੀਡਰ, ਮਲਚਰ ਤੇ ਉਲਟਾ ਐਮ.ਬੀ ਹਲ ਦੀ ਵਰਤੋਂ ਕਰ ਰਹੇ ਹਨ।ਜੋਰਵਾਲ ਨੇ ਕਿਹਾ ਕਿ ਇਨ੍ਹਾਂ ਪਿੰਡਾਂ ਦੇ ਕਿਸਾਨਾਂ ਨੇ ਪਰਾਲੀ ਸਾੜਨ ਤੋਂ ਗੁਰੇਜ਼ ਕਰਕੇ ਵਾਤਾਵਰਨ ਨੂੰ ਬਚਾਉਣ ਦਾ ਦੂਰਅੰਦੇਸ਼ੀ ਫੈਸਲਾ ਲਿਆ ਹੈ।ਉਨ੍ਹਾਂ ਦੱਸਿਆ ਕਿ ਕਿਸ ਤਰ੍ਹਾਂ ਇਨ੍ਹਾਂ ਕਿਸਾਨਾਂ ਨੇ ਸਹਿਕਾਰੀ ਸਭਾਵਾਂ, ਕਸਟਮ ਹਾਇਰਿੰਗ ਤੇ ਕਿਸਾਨ ਸਮੂਹਾਂ ਰਾਹੀਂ ਆਧੁਨਿਕ ਖੇਤੀ ਤਕਨੀਕਾਂ ਨੂੰ ਅਪਣਾਇਆ ਤੇ ਖੇਤੀ ਤਕਨੀਕਾਂ ਅਪਣਾਉਣ ਨਾਲ ਵਾਤਾਵਰਨ ਨੂੰ ਪ੍ਰਦੂਸ਼ਿਤ ਹੋਣ ਤੋਂ ਵੀ ਬਚਾਇਆ ਹੈ।

## ਏ ਐੱਸ ਆਟੋਮੋਬਾਇਲ ਨੇ ਮੋਟਰਸਾਈਕਲ ਸੇਲ 'ਚ ਬਣਾਇਆ ਰਿਕਾਰਡ



**ਜਗਰਾਉਂ (ਅਮਿਤ ਖੰਨਾ)**-ਹੀਰੋ ਮੋਟਰਸਾਈਕਲ ਦੀ ਏਜੰਸੀ ਏ.ਐਸ. ਆਟੋਮੋਬਾਈਲਜ਼ ਨੇ ਮੋਟਰਸਾਈਕਲ ਸੇਲ ਵਿੱਚ 139% ਟਾਰਗੇਟ ਪੂਰਾ ਕਰਕੇ ਇੱਕ ਰਿਕਾਰਡ ਕਾਇਮ ਕੀਤਾ ਹੈ। ਏਐਸ ਆਟੋਮੋਬਾਈਲਜ਼ ਦੇ ਮਾਲਕ ਗੁਰਿੰਦਰ ਸਿੰਘ ਸਿੱਧੂ ਅਤੇ ਉਨ੍ਹਾਂ ਦੇ ਸਟਾਫ ਵੱਲੋਂ ਕੇ ਕੱਟ ਕੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ।ਗੁਰਿੰਦਰ ਸਿੰਘ ਸਿੱਧੂ ਨੇ ਏਰੀਆ ਮੈਨੇਜਰ ਨਿਤਿਨ, ਸੇਲ ਮੈਨੇਜਰ ਗੁਰਪ੍ਰੀਤ ਸਿੰਘ ਕਾਲੜਾ, ਹਰਪ੍ਰੀਤ ਸਿੰਘ ਟੀਐਮ ਦਾ ਖਾਸ ਤੌਰ 'ਤੇ ਧੰਨਵਾਦ ਕੀਤਾ, ਜਿਨ੍ਹਾਂ ਨੇ ਸਾਨੂੰ ਬਹੁਤ ਚੰਗੀ ਤਰ੍ਹਾਂ ਨਾਲ ਗਾਈਡ ਕੀਤਾ ਤੇ ਅਸੀਂ ਟਾਰਗੇਟ ਪੂਰਾ ਕਰਨ ਵਿੱਚ ਸਫਲ ਹੋਏ।ਜ਼ਿਕਰਯੋਗ ਹੈ ਕਿ ਕੰਪਨੀ ਨੇ ਦਿਵਾਲੀ ਦੇ ਮੌਕੇ ਬਹੁਤ ਹੀ ਵਧੀਆ ਸਕੀਮਾਂ ਆਪਣੇ ਗਾਹਕਾਂ ਨੂੰ ਦਿੱਤੀਆਂ।ਗਾਹਕਾਂ ਨੇ ਇਨ੍ਹਾਂ ਸਕੀਮਾਂ ਦਾ ਲਾਭ ਉਠਾਇਆ।ਇਸ ਮੌਕੇ ਗੁਰਿੰਦਰ ਸਿੰਘ ਸਿੱਧੂ ਨੇ ਆਪਣੀ ਸਾਰੀ ਟੀਮ ਅਤੇ ਨੈਟਵਰਕ ਦਾ ਧੰਨਵਾਦ ਕੀਤਾ।ਉਨ੍ਹਾਂ ਆਪਣੇ ਗ੍ਰਾਹਕਾਂ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ, ਜਿਨ੍ਹਾਂ ਦੀ ਬਦੌਲਤ ਉਹ ਇਸ ਟਾਰਗੇਟ ਨੂੰ ਪੂਰਾ ਕਰਨ ਵਿੱਚ ਸਫਲ ਹੋਏ।ਉਨ੍ਹਾਂ ਕਿਹਾ ਕਿ ਇਸ ਵਾਰ ਤਿਉਹਾਰਾਂ ਦੇ ਮੌਕੇ ਹੀਰੋ ਕੰਪਨੀ ਦੇ ਚੰਡੀਗੜ੍ਹ ਏਰੀਆ ਆਫਿਸ ਵੱਲੋਂ 64 ਹਜ਼ਾਰ ਤੋਂ ਉੱਪਰ ਮੋਟਰਸਾਈਕਲ ਸੇਲ ਕੀਤੇ ਗਏ।ਦੱਸਣਯੋਗ ਹੈ ਕਿ ਏਐਸ ਆਟੋਮੋਬਾਈਲ ਵੱਲੋਂ ਆਪਣੇ ਗਾਹਕਾਂ ਦਾ ਹਮੇਸ਼ਾ ਖਿਆਲ ਰੱਖਿਆ ਜਾਂਦਾ ਹੈ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਵਿਖੇ ਪਲੇਸਮੈਂਟ ਡਰਾਈਵ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਵਿਖੇ ਸਿਖਲਾਈ ਤੇ ਪਲੇਸਮੈਂਟ ਵਿਭਾਗ ਨੇ ਪਲੇਸਮੈਂਟ ਡਰਾਈਵ ਹਫ਼ਤੇ ਦੀ ਸਫਲਤਾਪੂਰਵਕ ਮੇਜ਼ਬਾਨੀ ਕੀਤੀ।ਪੰਜ ਦਿਨਾਂ ਦੇ ਇਸ ਸਮਾਗਮ ਵਿੱਚ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਕੰਪਨੀਆਂ ਨੇ ਅੰਤਮ ਸਾਲ ਦੇ ਵਿਦਿਆਰਥੀਆਂ ਦੀ ਨੌਕਰੀਆਂ ਤੇ ਇੰਟਰਨਸ਼ਿਪਾਂ ਲਈ ਚੋਣ ਕੀਤੀ।ਸਿਖਲਾਈ ਤੇ ਪਲੇਸਮੈਂਟ ਦੇ ਇੰਚਾਰਜ ਡਾ. ਕਮਲਜੀਤ ਕੌਰ ਦੀ ਅਗਵਾਈ ਵਿੱਚ ਇਸ ਪਹਿਲਕਦਮੀ ਨੇ ਵਿਦਿਆਰਥੀਆਂ ਨੂੰ ਸਿੱਧੇ ਤੌਰ 'ਤੇ ਉਦਯੋਗਪਤੀਆਂ ਨਾਲ ਜੋੜਿਆ, ਜਿਸ ਨਾਲ ਉਨ੍ਹਾਂ ਨੂੰ ਵਿਭਿੰਨ ਖੇਤਰਾਂ ਵਿੱਚ ਵਿਲੱਖਣ ਕੈਰੀਅਰ ਦੇ ਮੌਕੇ ਸੁਰੱਖਿਅਤ ਕਰਨ ਵਿੱਚ ਮਦਦ ਮਿਲੀ। ਇਸ ਪਲੇਸਮੈਂਟ ਡਰਾਈਵ ਵਿੱਚ ਕਈ ਮੁੱਖ ਕੰਪਨੀਆਂ ਨੇ ਹਿੱਸਾ ਲਿਆ।ਸ਼ਾਮਲ ਕੰਪਨੀਆਂ ਵਿੱਚ ਇਨਵੈਸਟਰ ਕਲੀਨਿਕ ਇਨਫਰਾਟੈਕ ਪ੍ਰਾਈਵੇਟ ਲਿਮਿਟਡ; ਐਡਵਾਂਟਾ ਇਨੋਵੇਸ਼ਨ, ਜੋ ਈ ਆਰ ਪੀ ਹੱਲਾਂ, ਤਕਨੀਕੀ ਸਹਾਇਤਾ ਤੇ ਟੈਸਟਿੰਗ ਦੇ ਖੇਤਰ ਵਿੱਚ ਮਾਹਰ ਹੈ ਅਤੇ ਕਾਰਵੀ ਸਲਿਊਸ਼ਨਜ਼, ਇੱਕ ਜਰਮਨ-ਅਧਾਰਤ ਫਰਮ ਹੈ, ਜਿਸ ਨੇ ਸੌਫਟਵੇਅਰ ਸਹਾਇਤਾ ਤੇ ਕਾਰੋਬਾਰੀ ਵਿਕਾਸ ਲਈ ਭਰਤੀ ਕੀਤੀ। ਐਜੂਕੇਸ਼ਨ ਕਲਚਰ ਪ੍ਰਾਈਵੇਟ ਲਿਮਿਟਡ (ਲੁਧਿਆਣਾ) ਨੇ ਅਕਾਦਮਿਕ ਲੇਖਕਾਂ ਨੂੰ ਆਕਰਸ਼ਕ ਪੈਕੇਜਾਂ 'ਤੇ ਨੌਕਰੀਆਂ ਦੀ ਪੇਸ਼ਕਸ਼ ਕੀਤੀ, ਜਦਕਿ ਪਿਸਓਫਟ ਇਨਫੋਰਮੈਟਿਕਸ (ਮੋਹਾਲੀ) ਨੇ ਸਾਫਟਵੇਅਰ ਡਿਵੈਲਪਮੈਂਟ ਤੇ ਕਲਾਉਡ ਪ੍ਰਬੰਧਨ ਲਈ ਬੀ. ਟੈੱਕ ਅਤੇ ਐੱਮ.ਸੀ.ਏ. ਵਿਦਿਆਰਥੀਆਂ ਲਈ ਅਸਾਮੀਆਂ ਪੇਸ਼ ਕੀਤੀਆਂ।ਇਸ ਤੋਂ ਇਲਾਵਾ, ਐੱਸ ਕੇ ਮਿਨਰਲਜ਼ ਐਂਡ ਐਡੀਟੀਵਜ਼ ਪ੍ਰਾਈਵੇਟ ਲਿਮਿਟਡ ਨੇ ਰਸਾਇਣ ਵਿਗਿਆਨ ਤੇ ਭੋਜਨ ਤਕਨਾਲੋਜੀ ਖੇਤਰ ਵਿੱਚ ਗੁਣਵੱਤਾ ਨਿਯੰਤਰਣ, ਮਾਈਕ੍ਰੋਬਾਇਓਲੋਜੀ, ਅਤੇ ਉਤਪਾਦਨ ਲਈ ਭਰਤੀ ਕੀਤੀ, ਜਦਕਿ ਨੋਇਡਾ-ਅਧਾਰਤ ਵੈਲਿਊ ਪ੍ਰਾਸਪੈਕਟ ਕੰਸਲਟਿੰਗ ਨੇ ਅੰਦਰੂਨੀ ਵਿਕਰੀ ਤੇ ਕਾਰੋਬਾਰੀ ਵਿਕਾਸ ਦੀਆਂ ਭੂਮਿਕਾਵਾਂ ਲਈ ਕੈਂਡੀਡੇਟਾਂ ਦੀ ਭਰਤੀ ਕੀਤੀ।ਪੇ ਟੀ ਐੱਮ ਨੇ ਵੀ ਇਸ ਡਰਾਈਵ ਵਿੱਚ ਹਿੱਸਾ ਲਿਆ ਤੇ ਪੰਜਾਬ ਵਿੱਚ ਕਈ ਸਥਾਨਾਂ ਤੇ ਕਾਰਜਕਾਰੀ ਭੂਮਿਕਾਵਾਂ ਦੀ ਪੇਸ਼ਕਸ਼ ਕੀਤੀ।ਇਨ੍ਹਾਂ ਕੰਪਨੀਆਂ ਨੇ ਵਿਦਿਆਰਥੀਆਂ ਨੂੰ ਉਦਯੋਗਕ ਐਕਸਪੋਜ਼ਰ, ਆਕਰਸ਼ਕ ਸੈਲਰੀ ਪੈਕੇਜ ਤੇ ਉਤਕ੍ਰਿਸ਼ਟ ਕਰੀਅਰ ਦੇ ਮੌਕੇ ਪ੍ਰਦਾਨ ਕੀਤੇ।ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਕੰਪਨੀਆਂ ਦਾ ਵਿਦਿਆਰਥੀਆਂ ਦੀਆਂ ਪ੍ਰਤਿਭਾਵਾਂ ਵਿੱਚ ਭਰੋਸੇ ਲਈ ਧੰਨਵਾਦ ਕੀਤਾ ਅਤੇ ਸਿਖਲਾਈ ਤੇ ਪਲੇਸਮੈਂਟ ਵਿਭਾਗ ਦੀ ਉਨ੍ਹਾਂ ਦੇ ਸਮਰਪਣ ਤੇ ਦੂਰਅੰਦੇਸ਼ੀ ਲਈ ਸ਼ਲਾਘਾ ਕੀਤੀ।

## ਜਗਤਾਰ ਸਿੰਘ ਵਪਾਰੀ ਦੀ ਯਾਦ ਨੂੰ ਸਮਰਪਤ ਦਸਤਾਰ ਮੁਕਾਬਲੇ ਕਰਾਉਣ ਦਾ ਫ਼ੈਸਲਾ



**ਕੋਟਕਪੂਰਾ (ਰਛਪਾਲ ਭੁੱਲਰ)**-ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਖੇਤਰ ਕੋਟਕਪੂਰਾ ਯੂਨਿਟ ਨਾਨਕਸਰ ਵਲੋਂ ਸਵ: ਜਗਤਾਰ ਸਿੰਘ ਵਪਾਰੀ ਦੀ ਨਿੱਘੀ ਯਾਦ ਨੂੰ ਸਮਰਪਤ ਦਸਤਾਰ ਮੁਕਾਬਲੇ 17 ਨਵੰਬਰ ਨੂੰ ਸਵੇਰੇ 11:00 ਵਜੇ ਗੁਰਦਵਾਰਾ ਸਾਹਿਬ ਪਿੰਡ ਨਾਨਕਸਰ, ਜੈਤੋ ਰੋਡ ਕੋਟਕਪੂਰਾ ਵਿਖੇ ਕਰਾਏ ਜਾਣਗੇ।ਜਥੇਬੰਦੀ ਦੇ ਬੁਲਾਰੇ ਮੁਤਾਬਕ ਬਲਜੀਤ ਸਿੰਘ ਵਪਾਰੀ ਤੇ ਸੁਖਦੇਵ ਸਿੰਘ ਨਾਨਕਸਰ ਦੇ ਸਹਿਯੋਗ ਨਾਲ ਕਰਾਏ ਜਾਣ ਵਾਲੇ ਉਕਤ ਦਸਤਾਰ ਮੁਕਾਬਲਿਆਂ ਲਈ ਬਕਾਇਦਾ ਨਿਯਮਾਂ ਤੇ ਸ਼ਰਤਾਂ ਦੀ ਪਾਲਣਾ ਕਰਨੀ ਜ਼ਰੂਰੀ ਹੋਵੇਗੀ।ਉਨ੍ਹਾਂ ਦੱਸਿਆ ਕਿ ਪ੍ਰਾਇਮਰੀ ਪੱਧਰ ਤੋਂ ਸੈਕੰਡਰੀ ਪੱਧਰ ਤੱਕ ਦੇ ਉਕਤ ਮੁਕਾਬਲਿਆਂ ਵਿੱਚ ਸੈਕੰਡਰੀ ਪੱਧਰ ਦੇ 9ਵੀਂ ਤੋਂ 12ਵੀਂ ਜਮਾਤ ਤੱਕ ਦੇ ਮੁਕਾਬਲਿਆਂ ਵਿੱਚੋਂ ਜੇਤੂ ਰਹਿਣ ਵਾਲਿਆਂ ਲਈ ਪਹਿਲਾ ਇਨਾਮ 2100 ਰੁਪਏ, ਦੂਜਾ ਇਨਾਮ 1500 ਰੁਪਏ, ਤੀਜਾ ਇਨਾਮ 1100 ਰੁਪਏ, ਮਿਡਲ ਪੱਧਰ ਦੇ ਛੇਵੀਂ ਤੋਂ ਅੱਠਵੀਂ ਤੱਕ ਦੇ ਜੇਤੂਆਂ ਲਈ ਪਹਿਲਾ ਇਨਾਮ 1100 ਰੁਪਏ, ਦੂਜਾ ਇਨਾਮ 700, ਤੀਜਾ ਇਨਾਮ 500 ਰੁਪਏ।ਇਸੇ ਤਰਾਂ ਪ੍ਰਾਇਮਰੀ ਪੱਧਰ ਦੇ ਜੇਤੂਆਂ ਵਿੱਚੋਂ ਪਹਿਲਾ ਇਨਾਮ 700 ਰੁਪਏ, ਦੂਜਾ ਇਨਾਮ 500 ਰੁਪਏ, ਤੀਜਾ ਇਨਾਮ 300 ਰੁਪਏ ਨਕਦ ਹੋਵੇਗਾ। ਉਨ੍ਹਾਂ ਦੱਸਿਆ ਕਿ ਮੁਕਾਬਲਿਆਂ ਦੌਰਾਨ ਗੁਰੂ ਦਾ ਲੰਗਰ ਅਤੁੱਟ ਵਰਤੇਗਾ।ਉਕਤ ਮੁਕਾਬਲਿਆਂ ਵਿੱਚ ਸਿਰਫ ਫਰੀਦਕੋਟ ਜ਼ਿਲ੍ਹੇ ਦੇ ਵਿਦਿਆਰਥੀ ਹੀ ਭਾਗ ਲੈ ਸਕਦੇ ਹਨ।

### ਭੋਗ 'ਤੇ ਵਿਸ਼ੇਸ਼

## ਮਿੱਠ ਬੋਲੜੇ ਤੇ ਨੇਕ ਸੁਭਾਅ ਦੇ ਮਾਲਕ ਸਨ ਮਾਤਾ ਬਲਦੇਵ ਕੌਰ



ਕੁਝ ਇਨਸਾਨ ਇਸ ਦੁਨੀਆ 'ਤੇ ਅਜਿਹੇ ਨੇਕ ਕਾਰਜ ਕਰ ਜਾਂਦੇ ਹਨ ਕਿ ਉਨ੍ਹਾਂ ਦਾ ਇਸ ਦੁਨੀਆ ਤੋਂ ਤੁਰ ਜਾਣ 'ਤੇ ਵੀ ਉਹ ਹਮੇਸ਼ਾ ਹੀ ਦੂਜਿਆਂ ਲਈ ਜਿੱਥੇ ਪ੍ਰੇਰਨਾ ਸਰੋਤ ਬਣਦੇ ਹਨ, ਉੱਥੇ ਲੋਕ ਭਲਾਈ ਲਈ ਕੀਤੇ ਕਾਰਜਾਂ ਕਰਕੇ ਸਦਾ ਹੀ ਲੋਕਾਂ ਦੇ ਮਨਾਂ 'ਚ ਰਹਿੰਦੇ ਹਨ, ਅਜਿਹੇ ਹੀ ਇਨਸਾਨ ਸਨ ਮਾਤਾ ਬਲਦੇਵ ਕੌਰ। ਮਾਤਾ ਬਲਦੇਵ ਕੌਰ ਹਰ ਇੱਕ ਨੂੰ ਪਿਆਰ ਨਾਲ ਮਿਲਣ ਵਾਲੇ ਤੇ ਧਾਰਮਿਕ ਵਿਰਤੀ ਦੇ ਮਾਲਕ ਅਤੇ ਸੱਚੀ-ਸੁੱਚੀ ਮਿਹਨਤ ਕਰਨ ਵਾਲੇ ਸਨ। ਸਮਾਜਸੇਵੀ ਤੇ ਅਧਿਆਪਕ ਰਾਜਵਿੰਦਰ ਸਿੰਘ ਖੱਤਰੀਵਾਲਾ ਦੀ ਮਾਤਾ ਬਲਦੇਵ ਕੌਰ ਦਾ ਪਿਛਲੇ ਦਿਨੀਂ ਦਿਹਾਂਤ ਹੋ ਗਿਆ ਸੀ। ਮਾਤਾ ਬਲਦੇਵ ਕੌਰ ਮਿੱਠ ਬੋਲੜੇ ਤੇ ਨੇਕ ਸੁਭਾਅ ਦੇ ਮਾਲਕ ਸਨ। ਉਹ ਹਮੇਸ਼ਾ ਦੂਜਿਆਂ ਦੀ ਮੱਦਦ ਕਰਨਾ ਅਪਣਾ ਫਰਜ਼ ਸਮਝਦੇ ਸਨ। ਉਹ ਧਾਰਮਿਕ ਖਿਆਲਾਂ ਦੇ ਹੋਣ ਕਾਰਨ ਹਰ ਇੱਕ ਨੂੰ ਧਰਮ ਦੇ ਰਸਤੇ 'ਤੇ ਚੱਲਣ ਦੀ ਪ੍ਰੇਰਨਾ ਦਿੰਦੇ ਸਨ। ਉਨ੍ਹਾਂ ਨਮਿੱਤ ਰੱਖੇ ਗਏ ਸ੍ਰੀ ਸਹਿਜ ਪਾਠ ਸਾਹਿਬ ਜੀ ਦਾ ਭੋਗ 5 ਨਵੰਬਰ ਨੂੰ ਸ੍ਰੀ ਗੁਰਦੁਆਰਾ ਸਾਹਿਬ ਪਿੰਡ ਖੱਤਰੀਵਾਲਾ ਵਿਖੇ ਬਾਅਦ ਦੁਪਹਿਰ ਪਵੇਗਾ। *-ਗੀਤਵਾਲ, ਬਰੇਟਾ*

## ਤੰਦਰੁਸਤੀ ਦਾ ਸੁਨੇਹਾ ਦੇ ਰਹੀ ਐ ਸੀ ਐੱਮ ਦੀ ਯੋਗਸ਼ਾਲਾ : ਰਾਧੇ ਸ਼ਾਮ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਲੋਕਾਂ ਨੂੰ ਸਿਹਤ ਨਿਰੋਗਤਾ ਪ੍ਰਤੀ ਜਾਗਰੂਕ ਕਰਨ ਲਈ ਆਰੰਭੇ ਗਏ ਯਤਨਾਂ ਤਹਿਤ 'ਸੀ ਐੱਮ ਦੀ ਯੋਗਸ਼ਾਲਾ' ਤਹਿਤ ਜ਼ਿਲ੍ਹੇ ਅੰਦਰ ਵਿਖੇ ਵੱਖ-ਵੱਖ ਥਾਵਾਂ 'ਤੇ ਯੋਗਾ ਕਲਾਸਾਂ ਚਲਾਈਆਂ ਜਾ ਰਹੀਆਂ ਹਨ। ਜਾਣਕਾਰੀ ਦਿੰਦਿਆਂ ਜ਼ਿਲ੍ਹਾ ਕੋਆਰਡੀਨੇਟਰ ਰਾਧੇ ਸ਼ਾਮ ਨੇ ਕਿਹਾ ਕਿ ਜ਼ਿਲ੍ਹਾ ਫਾਜ਼ਿਲਕਾ ਅੰਦਰ 145 ਥਾਵਾਂ 'ਤੇ ਪੰਜਾਬ ਸਰਕਾਰ ਦੀ ਸੀ ਐੱਮ ਦੀ ਯੋਗਸ਼ਾਲਾ ਚੱਲ ਰਹੀ ਹੈ।ਉਨ੍ਹਾ ਕਿਹਾ ਕਿ ਬਲਾਕ ਫਾਜ਼ਿਲਕਾ, ਅਬੋਹਰ, ਜਲਾਲਾਬਾਦ, ਅਰਨੀਵਾਲਾ ਤੇ ਖੂਈਆਂ ਸਰਵਰ ਵਿਖੇ ਯੋਗ ਕਲਾਸਾਂ ਲਗਾਈਆਂ ਜਾ ਰਹੀਆਂ ਹਨ।ਉਨ੍ਹਾ ਕਿਹਾ ਕਿ ਯੋਗਾ ਸਿਖਣ ਦੇ ਚਾਹਵਾਨਾਂ ਲਈ ਪੰਜਾਬ ਸਰਕਾਰ ਨੇ ਹੈਲਪਲਾਈਨ ਨੰਬਰ 76694-00500 ਸਥਾਪਤ ਕੀਤਾ ਹੈ, ਜਿਸ 'ਤੇ ਮੁਫਤ ਯੋਗ ਕਲਾਸਾਂ ਆਪਣੇ ਮੁਹੱਲੇ ਵਿੱਚ ਲਗਾਉਣ ਲਈ ਲੋਕ ਮਿਸ ਕਾਲ ਕਰ ਸਕਦੇ ਹਨ।ਇਸ ਤੋਂ ਇਲਾਵਾ cmdiyogsala.punjab.gov.in 'ਤੇ ਵੀ ਪੰਜੀਕਰਨ ਕੀਤਾ ਜਾ ਸਕਦਾ ਹੈ। ਜੇਕਰ 25 ਲੋਕਾਂ ਦਾ ਸਮੂਹ ਹੋਵੇ ਤਾਂ ਉਹ ਆਪਣੇ ਮੁਹੱਲੇ ਜਾਂ ਕਿਸੇ ਵੀ ਕਾਲੋਨੀ ਵਿੱਚ ਯੋਗ ਕਰਨ ਵਾਸਤੇ ਮੁਫਤ ਯੋਗ ਕਲਾਸਾਂ ਲੈਣ ਲਈ ਉਕਤ ਫੋਨ ਨੰਬਰ 'ਤੇ ਮਿਸ ਕਾਲ ਦੇ ਸਕਦੇ ਹਨ।ਪਿੰਡ ਸਜਰਾਨਾ ਦੀਆਂ ਮਹਿਲਾਵਾਂ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਸੀ ਐੱਮ ਦੀ ਯੋਗਸ਼ਾਲਾ ਦੀ ਬਹੁਤ ਤਾਰੀਫ ਕੀਤੀ।ਉਨ੍ਹਾਂ ਕਿਹਾ ਕਿ ਵੱਖ-ਵੱਖ ਯੋਗ ਅਭਿਆਸ ਕਰਕੇ ਲੋਕ ਅਨੇਕਾਂ ਬਿਮਾਰੀਆਂ ਤੋਂ ਛੁਟਕਾਰਾ ਪਾ ਰਹੇ ਹਨ।ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਪਿੰਡਾਂ ਵਿਖੇ ਵੱਧ ਤੋਂ ਵੱਧ ਸੀ ਐੱਮ ਦੀ ਯੋਗਸ਼ਾਲਾ ਮੁਹਿੰਮ ਨੂੰ ਚਲਾਇਆ ਜਾਵੇ ਤੇ ਭਵਿੱਖ 'ਚ ਇਸ ਮੁਹਿੰਮ ਨੂੰ ਬੰਦ ਨਾ ਕੀਤਾ ਜਾਵੇ।

# ਹਲਕਾ ਕੋਟਕਪੂਰਾ ਦੇ ਪਾਰਟੀ ਆਗੂ ਤੇ ਵਰਕਰ ਗਿੱਦੜਬਾਹਾ 'ਚ ਚੋਣ ਪ੍ਰਚਾਰ ਕਰਨਗੇ : ਢਿੱਲਵਾਂ



**ਕੋਟਕਪੂਰਾ (ਰਛਪਾਲ ਭੁੱਲਰ)**-ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਦੇ ਗ੍ਰਹਿ ਪਿੰਡ ਸੰਧਵਾਂ ਵਿਖੇ ਆਮ ਆਦਮੀ ਪਾਰਟੀ ਦੇ ਹਲਕੇ ਦੇ ਸਾਰੇ ਪੰਚਾਂ-ਸਰਪੰਚਾਂ ਸਮੇਤ ਅਹੁਦੇਦਾਰਾਂ ਤੇ ਮੈਂਬਰਾਂ ਦੀ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਇੰਜੀ. ਸੁਖਜੀਤ ਸਿੰਘ ਢਿੱਲਵਾਂ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਫਰੀਦਕੋਟ ਨੇ ਆਖਿਆ ਕਿ ਸਪੀਕਰ ਸੰਧਵਾਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪਾਰਟੀ ਆਗੂ ਤੇ ਵਰਕਰ ਵਿਧਾਨ ਸਭਾ ਹਲਕਾ ਗਿੱਦੜਬਾਹਾ ਦੀ ਜ਼ਿਮਨੀ ਚੋਣ ਵਿੱਚ ਪਾਰਟੀ ਉਮੀਦਵਾਰ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨਗੇ।ਉਨ੍ਹਾਂ ਦੱਸਿਆ ਕਿ ਭਾਵੇਂ ਡੇਰਾ ਬਾਬਾ ਨਾਨਕ, ਬਰਨਾਲਾ ਤੇ ਚੱਬੇਵਾਲ ਵਿਖੇ ਵੀ ਪਾਰਟੀ ਉਮੀਦਵਾਰਾਂ ਦੀ ਜਿੱਤ ਯਕੀਨੀ ਬਣਾਉਣ ਲਈ ਪਾਰਟੀ ਹਾਈਕਮਾਂਡ ਵੱਲੋਂ ਡਿਊਟੀਆਂ ਲਾਈਆਂ ਗਈਆਂ ਹਨ, ਪਰ ਸਪੀਕਰ ਸੰਧਵਾਂ ਦੀਆਂ ਹਦਾਇਤਾਂ ਮੁਤਾਬਿਕ ਵਿਧਾਨ ਸਭਾ ਹਲਕਾ ਕੋਟਕਪੂਰਾ ਦੇ ਪਾਰਟੀ ਆਗੂ ਤੇ ਵਰਕਰ ਹਲਕਾ ਗਿੱਦੜਬਾਹਾ ਵਿੱਚ ਚੋਣ ਪ੍ਰਚਾਰ ਕਰਨਗੇ।ਐਡਵੋਕੇਟ ਬੀਰਇੰਦਰ ਸਿੰਘ, ਸੁਖਵੰਤ ਸਿੰਘ ਪੱਕਾ, ਮਨਪ੍ਰੀਤ ਸਿੰਘ ਮਨੀ ਧਾਲੀਵਾਲ, ਅਮਨਦੀਪ ਸਿੰਘ ਸੰਧੂ, ਦੀਪਕ ਮੌਂਗਾ ਆਦਿ ਨੇ ਆਖਿਆ ਕਿ ਪਾਰਟੀ ਵਰਕਰਾਂ ਦੀਆਂ ਹਲਕਾ ਗਿੱਦੜਬਾਹਾ ਦੇ ਵੱਖੋ ਵੱਖਰੇ ਪਿੰਡ ਪੱਧਰ 'ਤੇ ਡਿਊਟੀਆਂ ਲਾਈਆਂ ਗਈਆਂ ਹਨ।ਉਨ੍ਹਾ ਦੱਸਿਆ ਕਿ ਹਲਕੇ ਨੂੰ ਵੱਖ ਵੱਖ ਹਿੱਸਿਆਂ ਵਿੱਚ ਵੰਡ ਕੇ ਵੱਖ-ਵੱਖ ਪਾਰਟੀ ਆਗੂਆਂ ਦੀ ਅਗਵਾਈ ਵਿੱਚ ਕਮੇਟੀਆਂ ਦਾ ਗਠਨ ਕੀਤਾ ਜਾ ਰਿਹਾ ਹੈ।ਇਸ ਮੌਕੇ ਉਪਰੋਕਤ ਤੋਂ ਇਲਾਵਾ ਗੁਰਮੀਤ ਸਿੰਘ ਆਰੇਵਾਲਾ ਚੇਅਰਮੈਨ ਮਾਰਕਿਟ ਕਮੇਟੀ ਕੋਟਕਪੂਰਾ, ਮਾ. ਕੁਲਦੀਪ ਸਿੰਘ ਮੌੜ, ਗੁਰਦੀਪ ਸਿੰਘ ਗਿੱਲ, ਮੇਹਰ ਸਿੰਘ ਚੰਨੀ, ਸੰਦੀਪ ਕੰਮੇਆਣਾ, ਅਮਰੀਕ ਸਿੰਘ ਡੱਗੋਰੋਮਾਣਾ, ਭੋਲਾ ਸਿੰਘ ਟਹਿਣਾ, ਜਸਪ੍ਰੀਤ ਸਿੰਘ ਚਹਿਲ, ਬਾਬੂ ਸਿੰਘ ਫਿੱਡੇ, ਗੁਰਦੀਪ ਸ਼ਰਮਾ, ਹਰਵਿੰਦਰ ਸਿੰਘ ਨੱਥੇਵਾਲਾ, ਅਰੁਣ ਸਿੰਗਲਾ, ਸੰਜੀਵ ਕਾਲੜਾ ਆਦਿ ਸਮੇਤ ਵੱਖ ਵੱਖ ਪਿੰਡਾਂ ਦੇ ਪੰਚ, ਸਰਪੰਚ, ਪਾਰਟੀ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।

## ਬੀ ਜੇ ਪੀ ਤੇ ਆਪ ਸਰਕਾਰ ਕਿਸਾਨਾਂ ਨੂੰ ਮੰਡੀਆਂ 'ਚ ਰੋਲ ਰਹੀ ਹੈ : ਰਾਜਾ ਵੜਿੰਗ

### *ਸੈਂਕੜੇ ਪਰਵਾਰਾਂ ਕਾਂਗਰਸ ਦਾ ਹੱਥ ਫੜਿਆ*



**ਦੋਦਾ (ਵਕੀਲ ਸਿੰਘ)**-ਗਿੱਦੜਬਾਹਾ ਦੀ ਜ਼ਿਮਨੀ ਚੋਣ ਲਈ ਸਾਰੀਆਂ ਪਾਰਟੀਆਂ ਪੱਬਾਂ ਭਾਰ ਹੋ ਕੇ ਚੋਣ ਪ੍ਰਚਾਰ ਵਿੱਚ ਰੁੱਝੀਆਂ ਹਨ। ਅੱਜ ਦੋਦਾ ਵਿਖੇ ਕਾਂਗਰਸ ਦੇ ਪੰਜਾਬ ਪ੍ਰਧਾਨ ਤੇ ਐੱਮ ਪੀ ਲੁਧਿਆਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਦੀ ਬੀਜੇਪੀ ਸਰਕਾਰ ਤੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕਿਸਾਨਾਂ ਨੂੰ ਮੰਡੀਆਂ ਵਿੱਚ ਰੋਲਿਆ ਜਾ ਰਿਹਾ ਹੈ, ਜਿਸ ਕਰਕੇ ਬਹੁਤ ਸਾਰੇ ਕਿਸਾਨਾਂ ਨੂੰ ਆਪਣੀ ਦਿਵਾਲੀ ਮੰਡੀਆਂ ਵਿੱਚ ਹੀ ਕੱਟਣੀ ਪਈ ਹੈ। ਉਨ੍ਹਾਂ ਨੇ ਦੋਦਾ ਵਿਖੇ ਵੱਖ ਵੱਖ ਅੱਧੀ ਦਰਜਨ ਥਾਂਵਾਂ 'ਤੇ ਚੋਣ ਮੀਟਿੰਗਾਂ ਅਤੇ ਪ੍ਰਚਾਰ ਕੀਤਾ ਅਤੇ ਕਿਹਾ ਕਿ ਹਵਾ ਦਾ ਰੁੱਖ ਕਾਂਗਰਾਸ ਪਾਰਟੀ ਦੇ ਹੱਕ ਵਿੱਚ ਹੈ। ਉਨ੍ਹਾਂ ਅਮ੍ਰਿਤਾ ਵੜਿੰਗ ਦੇ ਹੱਕ ਵਿੱਚ ਵੋਟਾਂ ਪਾਉਣ ਦੀ ਜ਼ੋਰਦਾਰ ਅਪੀਲ ਕੀਤੀ। ਇੱਥੋਂ ਦੇ ਸੀਨੀਅਰ ਆਗੂ ਜਬਰਜੰਗ ਸਿੰਘ ਢਿੱਲੋਂ, ਸਾਬਕਾ ਸਰਪੰਚ ਸੁਖਮੰਦਰ ਸਿੰਘ, ਜਗਦੀਸ਼ ਕਟਾਰੀਆ ਤੇ ਦੋਦਾ ਦੇ ਲਾਏ ਇੰਚਾਰਜ ਸਿਰਮਜੀਤ ਸਿੰਘ ਬੈਂਸ ਸਾਬਕਾ ਵਿਧਾਇਕ ਦੀ ਪ੍ਰੇਰਨਾ ਸਦਕਾ ਸੈਂਕੜੇ ਦੇ ਕਰੀਬ ਪਰਵਾਰਾਂ ਨੇ ਦੂਜੀਆਂ ਪਾਰਟੀਆਂ ਤੋਂ ਪਾਸਾ ਕਰਕੇ ਕਾਂਗਰਸ ਦਾ ਹੱਥ ਫੜ ਲਿਆ ਹੈ। ਇਸ ਮੌਕੇ ਹੋਰਨਾਂ ਪਿੰਡਾਂ ਵਿੱਚੋਂ ਵੀ ਕਾਂਗਰਸ ਪਾਰਟੀ ਵਿੱਚ ਵਾਧੇ ਦੀਆਂ ਖਬਰਾਂ ਹਨ। ਇਸ ਮੌਕੇ ਨੰਬਰਦਾਰ ਇਕਬਾਲ ਸਿੰਘ, ਜਸਵਿੰਦਰ ਰੱਖੜਾ ਆਦਿ ਆਗੂ ਵੀ ਉਨ੍ਹਾਂ ਦੇ ਨਾਲ ਸਨ।

## ਝੋਨੇ ਦੀ ਫਸਲ ਵੱਢਣ ਦੇ ਦੋਸ਼ 'ਚ 5 ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਪਿੰਡ ਜੱਲੋਕੇ ਵਿੱਚ ਝੋਨੇ ਦੀ ਫਸਲ ਨੂੰ ਗ਼ੈਰ-ਕਾਨੂੰਨੀ ਤਰੀਕੇ ਨਾਲ ਵੱਢਣ ਦੇ ਮਾਮਲੇ ਵਿੱਚ 5 ਵਿਅਕਤੀਆਂ ਖ਼ਿਲਾਫ ਮਾਮਲਾ ਦਰਜ ਕੀਤਾ ਗਿਆ ਹੈ।ਥਾਣਾ ਸਦਰ ਫਿਰੋਜ਼ਪੁਰ ਦੀ ਪੁਲਸ ਨੇ ਸ਼ਿਕਾਇਤਕਰਤਾ ਸੁਰਜੀਤ ਸਿੰਘ ਦੀ ਬਿਆਨਬੰਦੀ 'ਤੇ ਦੋਸ਼ੀਆਨ ਖ਼ਿਲਾਫ 303 (2) ਬੀਐੱਨਐੱਸ ਤਹਿਤ ਕਾਰਵਾਈ ਕੀਤੀ ਹੈ।ਸੁਰਜੀਤ ਸਿੰਘ ਨੇ ਦੱਸਿਆ ਕਿ ਜੋਗਿੰਦਰ ਸਿੰਘ, ਹਰਜਿੰਦਰ ਸਿੰਘ, ਸੁਰਜੀਤ ਸਿੰਘ, ਗੁਰਮੀਤ ਸਿੰਘ ਤੇ ਜੰਗੀਰ ਸਿੰਘ, ਜੋ ਪਿੰਡ ਜੱਲੋਕੇ ਦੇ ਰਹਿਣ ਵਾਲੇ ਹਨ, ਟਰੈਕਟਰ ਟਰਾਲੀਆਂ ਤੇ ਕੰਬਾਇਨ ਲੈ ਕੇ ਉਸ ਦੀ ਮਾਲਕੀ ਵਾਲੀ ਜ਼ਮੀਨ 'ਤੇ ਆਏ ਅਤੇ ਝੋਨੇ ਦੀ ਫਸਲ ਨੂੰ ਵੱਢ ਕੇ ਆਪਣੇ ਟਰੈਕਟਰਾਂ ਵਿੱਚ ਪਾ ਕੇ ਲੈ ਗਏ।ਸਹਾਇਕ ਥਾਣੇਦਾਰ ਕੁਲਵੰਤ ਸਿੰਘ ਨੇ ਪੁਸ਼ਟੀ ਕੀਤੀ ਕਿ ਸ਼ਿਕਾਇਤਕਰਤਾ ਦੇ ਬਿਆਨਾਂ ਦੇ ਅਧਾਰ 'ਤੇ ਦੋਸ਼ੀਆਨ ਖ਼ਿਲਾਫ ਮਾਮਲਾ ਦਰਜ ਕੀਤਾ ਗਿਆ ਹੈ।

# ਜ਼ਿਲ੍ਹੇ 'ਚ ਪਰਾਲੀ ਸਾੜਨ ਦੀਆਂ ਘਟਨਾਵਾਂ 'ਚ ਆਈ ਵੱਡੀ ਗਿਰਾਵਟ : ਡੀ ਸੀ

### 115 ਸਾਂਝੀਆਂ ਟੀਮਾਂ ਫੀਲਡ 'ਚ ਨਿਯੁਕਤ, ਅੱਗ ਬੁਝਾਉਣ ਲਈ 15 ਫਾਇਰ ਟੈਂਡਰ ਤਾਇਨਾਤ

**ਬਠਿੰਡਾ (ਰਾਜੀਵ ਗੋਇਲ)**-ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਕਿ ਸਿਵਲ ਪ੍ਰਸ਼ਾਸਨਕ ਤੇ ਪੁਲਸ ਵਿਭਾਗ ਦੇ ਠੋਸ ਉਪਰਾਲਿਆਂ ਸਦਕਾ ਬਠਿੰਡਾ ਜ਼ਿਲ੍ਹੇ 'ਚ ਪਰਾਲੀ ਸਾੜਨ ਦੀਆਂ ਘਟਨਾਵਾਂ 'ਚ ਵੱਡੀ ਗਿਰਾਵਟ ਆਈ ਹੈ। ਉਨ੍ਹਾਂ ਕਿਹਾ ਕਿ ਔਸਤ ਏ ਕਿਉ ਆਈ (ਅਥੀ) ਪਿਛਲੇ ਸਾਲ ਰਾਜ ਦੇ ਸਭ ਤੋਂ ਖ਼ਰਾਬ 318 ਏ ਕਿਉ ਆਈ ਤੋਂ ਮੌਜੂਦਾ ਸਾਲ ਵਿੱਚ ਸਭ ਤੋਂ ਵਧੀਆ 118 ਏ ਕਿਉ ਆਈ ਤੱਕ ਸੁਧਾਰ ਹੋਇਆ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਝੋਨੇ ਦੀ ਪਰਾਲੀ ਪ੍ਰਬੰਧਨ 'ਚ ਸੀਨੀਅਰ ਪ੍ਰਸ਼ਾਸਨਕ ਤੇ ਪੁਲਸ ਅਧਿਕਾਰੀਆਂ ਦੀਆਂ 115 ਸਾਂਝੀਆਂ ਟੀਮਾਂ ਫੀਲਡ ਵਿੱਚ ਨਿਯੁਕਤ ਕੀਤੀਆਂ ਗਈਆਂ ਹਨ। ਉਨ੍ਹਾ ਕਿਹਾ ਕਿ ਅੱਗ ਬੁਝਾਉਣ ਲਈ 15 ਫਾਇਰ ਟੈਂਡਰ ਵੀ ਤਾਇਨਾਤ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੀਪੀਸੀਬੀ ਦੁਆਰਾ ਸਾਂਝੇ ਕੀਤੇ ਗਏ ਅੰਕੜਿਆਂ ਅਨੁਸਾਰ, ਕੁੱਲ ਨੰਬਰ ਪਿਛਲੇ ਸਾਲ 2 ਨਵੰਬਰ ਤੱਕ ਵਾਪਰੀਆਂ ਘਟਨਾਵਾਂ ਵਿੱਚ, ਜ਼ਿਲ੍ਹੇ ਵਿੱਚ ਘਟਨਾਵਾਂ ਦੀ ਗਿਣਤੀ 2023 ਵਿੱਚ 405 ਤੋਂ 66% ਘਟ ਕੇ 2024 ਵਿੱਚ 138 ਹੋ ਗਈ ਹੈ। ਪ੍ਰਸ਼ਾਸਨਕ ਅਧਿਕਾਰੀ ਲਗਭਗ 50% ਘਟਨਾਵਾਂ ਦੀ ਪੁਸ਼ਟੀ ਕਰਨ ਦੇ ਯੋਗ ਹੋ ਗਏ ਹਨ। ਉਹਨਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ ਲਗਭਗ 4.5 ਤੋਂ 5 ਲੱਖ ਮੀਟਰਕ ਟਨ ਝੋਨੇ ਦੀ ਪਰਾਲੀ ਨੂੰ ਇਕੱਠਾ ਕਰਨ ਲਈ 2 ਲੱਖ ਏਕੜ ਤੋਂ ਵੱਧ ਦੀ ਬੇਲਿੰਗ ਦੀ ਯੋਜਨਾ ਬਣਾਈ ਹੈ ਤੇ ਜ਼ਿਲ੍ਹੇ ਵਿੱਚ ਝੋਨੇ ਦੀ ਪਰਾਲੀ ਦੇ 19 ਸਟਾਕ ਗਜ਼ ਚੱਲ ਰਹੇ ਹਨ। ਜ਼ਿਲ੍ਹੇ ਵਿੱਚ ਲਗਭਗ 250 ਬੇਲਰ ਤੇ 4000 ਦੇ ਕਰੀਬ ਸੁਪਰ ਸੀਡਰ ਹਨ, ਜਿਨ੍ਹਾਂ ਦੀ ਵਰਤੋਂ ਕਰਨ ਲਈ ਪ੍ਰਸ਼ਾਸਨ ਕਿਸਾਨਾਂ ਨੂੰ ਪਰਾਲੀ ਸਾੜਨ ਤੋਂ ਰੋਕਣ ਲਈ ਪ੍ਰੇਰਿਤ ਕਰ ਰਿਹਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨਾਂ ਨੂੰ ਮਾਮੂਲੀ ਕੀਮਤ 'ਤੇ ਮਸ਼ੀਨਾਂ ਨੂੰ ਛੋਟੇ ਤੇ ਸੀਮਾਂਤ ਕਿਸਾਨਾਂ ਨਾਲ ਸਾਂਝਾ ਕਰਨ ਲਈ ਪ੍ਰੇਰਿਤ ਕਰਨ ਦੇ ਯਤਨ ਕੀਤੇ ਜਾ ਰਹੇ ਹਨ। ਜ਼ਿਲ੍ਹਾ ਪ੍ਰਸ਼ਾਸਨ ਨੇ 96 ਪਿੰਡਾਂ ਲਈ ਵਿਸ਼ੇਸ਼ ਸੁਪਰਵਾਈਜ਼ਰ ਤਾਇਨਾਤ ਕੀਤੇ ਹਨ, ਜੋ ਲਗਾਤਾਰ ਫੀਲਡ ਵਿੱਚ ਰਹਿ ਕੇ ਪਰਾਲੀ ਪ੍ਰਬੰਧਨ 'ਚ ਆਪਣਾ ਪੂਰਨ ਸਹਿਯੋਗ ਦੇ ਰਹੇ ਹਨ। ਇਸ ਤੋਂ ਇਲਾਵਾ ਪ੍ਰਸ਼ਾਸਨ ਤੇ ਪੁਲਸ ਦੇ ਸੀਨੀਅਰ ਅਧਿਕਾਰੀਆਂ ਦੀਆਂ 15 ਸਾਂਝੀਆਂ ਟੀਮਾਂ ਡਿਊਟੀ 'ਤੇ ਤਾਇਨਾਤ ਵੱਖ-ਵੱਖ ਅਧਿਕਾਰੀਆਂ ਦੇ ਕੰਮਕਾਜ ਦੀ ਨਿਗਰਾਨੀ ਕਰਨ ਅਤੇ ਕਿਸਾਨਾਂ ਦੁਆਰਾ ਪੈਦਾ ਹੋਏ ਵਿਰੋਧ/ਬੰਧਕ ਸਥਿਤੀਆਂ ਦੇ ਮਾਮਲਿਆਂ ਵਿੱਚ ਉਨ੍ਹਾਂ ਦੀ ਸਹਾਇਤਾ ਲਈ ਤਾਇਨਾਤ ਕੀਤੀਆਂ ਗਈਆਂ ਹਨ।

## ਸਰਕਾਰੀ ਹਾਈ ਸਕੂਲ ਸ਼ਰੀਂਹ ਵਾਲਾ ਬਰਾੜ ਦੀ ਮਨਦੀਪ ਕੌਰ ਰਹੀ ਜੇਤੂ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)** ਸਰਕਾਰੀ ਹਾਈ ਸਕੂਲ ਸ਼ਰੀਂਹ ਵਾਲਾ ਬਰਾੜ ਦੇ ਵਿਦਿਆਰਥੀ ਪਿਛਲੇ ਲੰਬੇ ਅਰਸੇ ਤੋਂ ਵੱਖ-ਵੱਖ ਖੇਡਾਂ ਵਿੱਚ ਹਿੱਸਾ ਲੈਂਦੇ ਹੋਏ, ਪੁਜ਼ੀਸ਼ਨ ਹਾਸਲ ਕਰਦੇ ਹੋਏ, ਸਟੇਟ ਤੱਕ ਖੇਡੇ ਤੇ ਸਟੇਟ ਵਿੱਚ ਪੁਜ਼ੀਸ਼ਨ ਵੀ ਹਾਸਿਲ ਕੀਤੀਆਂ।ਇਸੇ ਤਰ੍ਹਾਂ ਸਰਕਾਰੀ ਹਾਈ ਸਕੂਲ ਸ਼ਰੀਹ ਵਾਲਾ ਬਰਾੜ ਦੀ ਵਿਦਿਆਰਥਣ ਮਨਦੀਪ ਕੌਰ ਨੇ ਫ਼ਿਰੋਜ਼ਪੁਰ ਜ਼ਿਲ੍ਹੇ 'ਚੋਂ ਲੰਬੀ ਛਾਲ ਲਈ ਪਹਿਲਾ ਸਥਾਨ ਹਾਸਲ ਕੀਤਾ।ਸਕੂਲ ਦੇ ਮੁੱਖ ਅਧਿਆਪਕ ਮੈਡਮ ਰਿੰਕਲ ਮੁੰਜਾਲ ਨੇ ਦੱਸਿਆ ਕਿ ਮਨਦੀਪ ਕੌਰ ਨੌਵੀਂ ਕਲਾਸ ਦੀ ਬਹੁਤ ਹੋਣਹਾਰ ਵਿਦਿਆਰਥਣ ਹੈ।ਇਹ ਵਿਦਿਆਰਥਣ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਬਹੁਤ ਰੁਚੀ ਰੱਖਦੀ ਹੈ।ਇਸ ਦੀ ਇਸ ਪ੍ਰਤਿਭਾ ਨੂੰ ਹੋਰ ਨਿਖਾਰਨ ਵਿੱਚ ਸਕੂਲ ਦੇ ਸਰੀਰਕ ਸਿੱਖਿਆ ਦੇ ਅਧਿਆਪਕ ਸੁਰਿੰਦਰਪਾਲ ਨੇ ਵੀ ਬਹੁਤ ਯੋਗਦਾਨ ਦਿੱਤਾ ਹੈ। ਇਹ ਹੋਣਹਾਰ ਬੱਚੀ ਪਿਛਲੇ ਦੋ ਸਾਲਾਂ ਤੋਂ ਲਗਾਤਾਰ ਸਟੇਟ ਪੱਧਰ 'ਤੇ ਪੁਜ਼ੀਸ਼ਨ ਵੀ ਲੈਂਦੀ ਆ ਰਹੀ ਹੈ।ਮਨਦੀਪ ਕੌਰ ਨੇ ਦੱਸਿਆ ਕਿ ਉਸ ਦਾ ਸੁਫ਼ਨਾ ਉਲੰਪਿਕ ਖੇਡਾਂ ਵਿੱਚ ਭਾਰਤ ਲਈ ਮੈਡਲ ਲੈ ਕੇ ਆਉਣਾ ਹੈ।ਸਕੂਲ ਦੇ ਮੁੱਖ ਅਧਿਆਪਕ ਰਿੰਕਲ ਮੁੰਜਾਲ ਤੇ ਬਾਕੀ ਸਟਾਫ ਮੈਂਬਰ ਨੇ ਉਸ ਨੂੰ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਸਕੂਲ ਵਿੱਚ ਸਚਿਨ ਕੁਮਾਰ, ਅਮਰੀਕ ਸਿੰਘ, ਮੇਘਾ, ਕੁਲਵਿੰਦਰ ਕੌਰ, ਹਰਮੀਤ ਕੌਰ, ਨਵਦੀਪ ਤੇ ਮਮਤਾ ਹਾਜ਼ਰ ਸਨ।

## ...ਸਫ਼ਾ 1 ਦੇ ਬਾਕੀ

### ਬਰੈਂਪਟਨ 'ਚ ...

ਕਾਰਵਾਈਆਂ ਲਈ ਕੋਈ ਥਾਂ ਨਹੀਂ ਅਤੇ ਮੈਂ ਇਸ ਹਿੰਸਾ ਦੀ ਸਖਤ ਨਿੰਦਾ ਕਰਦੀ ਹਾਂ। ਮੈਂ ਪੁਲਸ ਮੁਖੀ ਨਿਸ਼ਾਨ ਨਾਲ ਗੱਲ ਕੀਤੀ ਹੈ ਅਤੇ ਮੈਨੂੰ ਭਰੋਸਾ ਹੈ ਕਿ ਪੀਲ ਰਿਜਨਲ ਪੁਲਸ ਸਾਡੇ ਭਾਈਚਾਰੇ ਦੀ ਸੁਰੱਖਿਆ ਲਈ ਤੇਜ਼ੀ ਨਾਲ ਕੰਮ ਕਰੇਗੀ ਅਤੇ ਜ਼ਿੰਮੇਵਾਰ ਲੋਕਾਂ ਨੂੰ ਜਵਾਬਦੇਹ ਬਣਾਵੇਗੀ। ਸਾਡੇ ਭਾਈਚਾਰੇ ਦੀ ਸ਼ਾਂਤੀ ਅਤੇ ਸੁਰੱਖਿਆ ਲਈ ਖਤਰੇ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਇਸ 'ਚ ਸ਼ਾਮਲ ਲੋਕਾਂ ਨੂੰ ਕਾਨੂੰਨੀ ਨਤੀਜੇ ਭੁਗਤਣੇ ਚਾਹੀਦੇ ਹਨ। ਉਧਰ ਓਂਟਾਰੀਓ ਸਿੱਖਸ ਅਤੇ ਗੁਰਦੁਆਰਾ ਕੌਂਸਲ ਨੇ ਵੀ ਇਸ ਹਮਲੇ ਦੀ ਨਿੰਦਾ ਕਰਦੇ ਹੋਏ ਕਿਹਾ ਹੈ ਕਿ ਭਾਈਚਾਰੇ 'ਚ ਹਿੰਸਾ ਅਤੇ ਡਰਾਉਣ-ਧਮਕਾਉਣ ਦੀ ਕੋਈ ਥਾਂ ਨਹੀਂ ਅਤੇ ਉਹ ਸ਼ਾਂਤੀ, ਏਕਤਾ ਅਤੇ ਸਾਰਿਆਂ ਲਈ ਆਪਸੀ ਸਨਮਾਨ ਦੀ ਵਕਾਲਤ ਕਰਦੇ ਹਨ।

ਪਿਛਲੇ ਸਾਲ ਵਿੰਡਸਰ 'ਚ ਇੱਕ ਹਿੰਦੂ ਮੰਦਰ 'ਤੇ ਭਾਰਤ-ਵਿਰੋਧੀ ਨਾਅਰੇ ਲਿਖੇ ਗਏ ਸਨ। ਮਿਸੀਸਾਗਾ ਅਤੇ ਬਰੈਂਪਟਨ 'ਚ ਇਸ ਤੋਂ ਪਹਿਲਾਂ ਹੋਈਆਂ ਘਟਨਾਵਾਂ 'ਚ ਵੀ ਇਸੇ ਤਰ੍ਹਾਂ ਮੰਦਰਾਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ, ਜਿਸ ਨਾਲ ਕੈਨੇਡਾ 'ਚ ਭਾਰਤੀ ਭਾਈਚਾਰੇ ਵੱਲੋਂ ਸਖਤ ਪ੍ਰਤੀਕਿਰਿਆਵਾਂ ਆਈਆਂ ਸਨ।

ਇਸੇ ਦੌਰਾਨ ਖਾਲਿਸਤਾਨ ਪੱਖੀ ਕਾਰਕੁਨਾਂ ਨੇ ਦਾਅਵਾ ਕੀਤਾ ਕਿ ਕੁਝ ਬਦਮਾਸ਼ 1984 ਦੇ ਕਤਲੇਆਮ ਦੀ ਯਾਦ 'ਚ ਬਰੈਂਪਟਨ 'ਚ ਇਕੱਠੇ ਹੋਏ ਸਿੱਖਾਂ ਨੂੰ ਤੰਗ-ਪ੍ਰੇਸ਼ਾਨ ਕਰ ਰਹੇ ਸਨ ਅਤੇ ਡਰਾ-ਧਮਕਾ ਰਹੇ ਸਨ। ਸੋਸ਼ਲ ਮੀਡੀਆ ਰਿਪੋਰਟਾਂ ਅਨੁਸਾਰ ਜਦੋਂ ਉਨ੍ਹਾਂ ਦਾ ਪਿੱਛਾ ਕੀਤਾ ਗਿਆ ਤਾਂ ਬਦਮਾਸ਼ਾਂ ਨੇ ਨੇੜਲੇ ਹਿੰਦੂ ਸਭਾ ਮੰਦਰ 'ਚ ਪਨਾਹ ਲੈ ਲਈ, ਜਿਸ ਕਾਰਨ ਝੜਪ ਹੋ ਗਈ। ਜਿਸ ਸਮੇਂ ਝੜਪ ਹੋਈ, ਉਦੋਂ ਮੰਦਰ ਵਿਚ ਹਿੰਦੂ ਸਭਾ ਮੰਦਰ ਬਰੈਂਪਟਨ ਦੇ ਸਹਿਯੋਗ ਨਾਲ ਇਕ ਕੌਂਸਲਰ ਕੈਂਪ ਚੱਲ ਰਿਹਾ ਸੀ, ਜਿਹੜਾ ਭਾਰਤੀ ਹਾਈ ਕਮਿਸ਼ਨ ਵੱਲੋਂ ਲਾਇਆ ਗਿਆ ਸੀ ਅਤੇ ਖਾਲਿਸਤਾਨੀ ਵੱਖਵਾਦੀਆਂ ਵੱਲੋਂ ਇਸ ਕੈਂਪ ਦਾ ਵਿਰੋਧ ਕੀਤਾ ਜਾ ਰਿਹਾ ਸੀ। ਗੌਰਤਲਬ ਹੈ ਕਿ ਕੈਨੇਡਾ ਵਿਚ ਖਾਸਕਰ ਨਿੱਝਰ ਕਤਲ ਕੇਸ ਨੂੰ ਲੈ ਕੇ ਸਿੱਖ ਵੱਖਵਾਦੀਆਂ ਵੱਲੋਂ ਭਾਰਤੀ ਹਾਈ ਕਮਿਸ਼ਨ ਦੀਆਂ ਸਰਗਰਮੀਆਂ ਦਾ ਅਕਸਰ ਵਿਰੋਧ ਕੀਤਾ ਜਾਂਦਾ ਹੈ। ਓਟਵਾ ਸਥਿਤ ਭਾਰਤੀ ਹਾਈ ਕਮਿਸ਼ਨ ਨੇ ਵੀ ਬਰੈਂਪਟਨ 'ਚ ਕੌਂਸਲਰ ਕੈਂਪ ਦੇ ਬਾਹਰ ਭਾਰਤ ਵਿਰੋਧੀ ਅਨਸਰਾਂ ਵੱਲੋਂ ਪਾਏ ਗਏ ਹਿੰਸਕ ਵਿਘਨ ਦੀ ਨਿੰਦਾ ਕੀਤੀ ਹੈ। ਭਾਰਤੀ ਹਾਈ ਕਮਿਸ਼ਨ ਨੇ ਇੱਕ ਬਿਆਨ 'ਚ ਕਿਹਾ—ਸਥਾਨਕ ਸਹਿ-ਪ੍ਰਬੰਧਕਾਂ ਦੇ ਪੂਰਨ ਸਹਿਯੋਗ ਨਾਲ ਸਾਡੇ ਕੌਂਸਲਰਾਂ ਦੁਆਰਾ ਕੀਤੇ ਜਾ ਰਹੇ ਰੁਟੀਨ ਕੌਂਸਲਰ ਕੰਮ ਲਈ ਅਜਿਹੀਆਂ ਰੁਕਾਵਟਾਂ ਨੂੰ ਦੇਖਣਾ ਬਹੁਤ ਨਿਰਾਸ਼ਾਜਨਕ ਹੈ। ਅਸੀਂ ਭਾਰਤੀ ਨਾਗਰਿਕਾਂ ਸਮੇਤ ਬਿਨੈਕਾਰਾਂ ਦੀ ਸੁਰੱਖਿਆ ਲਈ ਵੀ ਬਹੁਤ ਚਿੰਤਤ ਹਾਂ, ਜਿਨ੍ਹਾਂ ਦੀ ਮੰਗ 'ਤੇ ਅਜਿਹੇ ਸਮਾਗਮ/ ਕੈਂਪ ਲਾਏ ਜਾਂਦੇ ਹਨ। ਭਾਰਤ ਵਿਰੋਧੀ ਅਨਸਰਾਂ ਦੇ ਅਜਿਹੇ ਯਤਨਾਂ ਦੇ ਬਾਵਜੂਦ ਸਾਡਾ ਵਣਜ ਦੂਤਾਵਾਸ ਭਾਰਤੀ ਅਤੇ ਕੈਨੇਡੀਅਨ ਬਿਨੈਕਾਰਾਂ ਨੂੰ 1,000 ਤੋਂ ਵੱਧ ਜੀਵਨ ਸਰਟੀਫਿਕੇਟ ਜਾਰੀ ਕਰ ਸਕਿਆ। ਵੈਨਕੂਵਰ ਅਤੇ ਸਰੀ 'ਚ 2 ਅਤੇ 3 ਨਵੰਬਰ ਨੂੰ ਲਗਾਏ ਗਏ ਅਜਿਹੇ ਕੈਂਪਾਂ 'ਚ ਵੀ ਵਿਘਨ ਪਾਉਣ ਦੀ ਕੋਸ਼ਿਸ਼ ਕੀਤੀ ਗਈ ਸੀ।

ਬ੍ਰਿਟਿਸ਼ ਕੋਲੰਬੀਆ ਦੀ ਸੁਪਰੀਮ ਕੋਰਟ ਦੁਆਰਾ ਪਾਸ ਕੀਤੇ ਗਏ ਆਦੇਸ਼ ਦੇ ਬਾਅਦ ਵੈਨਕੂਵਰ ਦੇ ਸਭ ਤੋਂ ਵੱਡੇ ਗੁਰਦੁਆਰਿਆਂ ਵਿੱਚੋਂ ਇਕ ਦੇ ਆਲੇ-ਦੁਆਲੇ ਇੱਕ 60 ਮੀਟਰ ਦਾ ਬਫਰ ਜ਼ੋਨ ਬਣਾਇਆ ਗਿਆ ਸੀ, ਕਿਉਂਕਿ ਸਿੱਖ ਕੱਟੜਪੰਥੀ ਸਮੂਹਾਂ ਨੇ ਕੌਂਸਲਰ ਕੈਂਪ ਦੌਰਾਨ ਹੰਗਾਮਾ ਕਰਨ ਦੀ ਯੋਜਨਾ ਬਣਾਈ ਸੀ। ਸਥਾਨਕ ਮੀਡੀਆ ਨੇ ਦੱਸਿਆ ਕਿ ਰੌਸ ਸਟਰੀਟ ਗੁਰਦੁਆਰੇ ਦੇ ਪ੍ਰਬੰਧਕਾਂ ਨੇ ਕੈਨੇਡਾ ਅਤੇ ਭਾਰਤ ਦਰਮਿਆਨ ਵਧ ਰਹੇ ਤਣਾਅ ਦੇ ਵਿਚਕਾਰ 2 ਨਵੰਬਰ ਨੂੰ ਤੈਅਸ਼ੁਦਾ ਕੌਂਸਲਰ ਕੈਂਪਾਂ ਤੋਂ ਪਹਿਲਾਂ ਸੁਪਰੀਮ ਕੋਰਟ ਦਾ ਦਖਲ ਮੰਗਿਆ ਸੀ। ਗੁਰਦੁਆਰੇ ਦਾ ਸੰਚਾਲਨ ਕਰਨ ਵਾਲੀ ਖਾਲਸਾ ਦੀਵਾਨ ਸੁਸਾਇਟੀ ਨੇ ਅਦਾਲਤੀ ਦਸਤਾਵੇਜ਼ਾਂ 'ਚ ਕਿਹਾ ਕਿ ਉਸ ਨੂੰ ਦੋਵੇਂ ਕੌਂਸਲਰ ਕੈਂਪਾਂ ਵਿੱਚ ਤਿੱਖੇ ਵਿਰੋਧ ਦਾ ਖਦਸ਼ਾ ਹੈ। ਅਦਾਲਤ 'ਚ ਪੇਸ਼ ਕੀਤੇ ਗਏ ਦਸਤਾਵੇਜ਼ਾਂ 'ਚ ਜ਼ਿਕਰ ਕੀਤਾ ਗਿਆ ਹੈ ਕਿ ਅਜਿਹੇ ਕੈਂਪ ਹਰ ਸਾਲ ਕਰਵਾਏ ਜਾਂਦੇ ਹਨ ਅਤੇ ਇਹ ਭਾਰਤੀ ਮੂਲ ਦੇ ਬਜ਼ੁਰਗਾਂ ਨੂੰ ਭਾਰਤ ਸਰਕਾਰ ਨਾਲ ਸੰਬੰਧਤ ਪ੍ਰਸ਼ਾਸਨਕ ਕੰਮ ਪੂਰਾ ਕਰਨ 'ਚ ਮਦਦ ਕਰਦੇ ਹਨ, ਖਾਸ ਤੌਰ 'ਤੇ ਉਨ੍ਹਾਂ ਦੀਆਂ ਪੈਨਸ਼ਨਾਂ ਆਦਿ ਦੇ ਸੰਬੰਧ 'ਚ ਅਤੇ ਇਸ ਤਰ੍ਹਾਂ ਉਨ੍ਹਾਂ ਨੂੰ ਭਾਰਤੀ ਕੌਂਸਲਖਾਨੇ 'ਚ ਨਿੱਜੀ ਤੌਰ 'ਤੇ ਹਾਜ਼ਰ ਹੋਣ ਦੀ ਲੋੜ ਨਹੀਂ ਪੈਂਦੀ।

ਇਸੇ ਦੌਰਾਨ ਬਰੈਂਪਟਨ 'ਚ ਹਿੰਦੂ ਸਭਾ ਮੰਦਰ ਨੇੜੇ ਲਾਏ ਗਏ ਅਜਿਹੇ ਹੀ ਕੌਂਸਲਰ ਕੈਂਪ ਖਿਲਾਫ ਖਾਲਿਸਤਾਨੀ ਕੱਟੜਪੰਥੀਆਂ ਵੱਲੋਂ ਕੀਤਾ ਗਿਆ ਪ੍ਰਦਰਸ਼ਨ ਐਤਵਾਰ ਹਿੰਸਕ ਰੂਪ ਧਾਰ ਗਿਆ, ਜਿਸ 'ਚ ਕਥਿਤ ਤੌਰ 'ਤੇ ਮੰਦਰ ਦੇ ਸ਼ਰਧਾਲੂਆਂ ਅਤੇ ਉਥੇ ਆਪਣੇ ਕੰਮ ਕਰਵਾਉਣ ਲਈ ਆਏ ਹੋਏ ਲੋਕਾਂ 'ਤੇ ਹਮਲਾ ਕੀਤਾ ਗਿਆ।

### ਰਾਜੋਆਣਾ ਨੂੰ 6 ਮਹੀਨਿਆਂ ...

ਪਟੀਸ਼ਨ 'ਚ ਕਿਹਾ ਗਿਆ ਹੈ ਕਿ ਪਟੀਸ਼ਨਰ ਦੀ ਪਹਿਲੀ ਰਿੱਟ ਪਟੀਸ਼ਨ ਦੇ ਨਿਪਟਾਰੇ ਤੋਂ ਹੁਣ ਤੱਕ ਲਗਭਗ ਇੱਕ ਸਾਲ ਅਤੇ ਚਾਰ ਮਹੀਨੇ ਬੀਤ ਚੁੱਕੇ ਹਨ ਅਤੇ ਉਸ ਦੀ ਕਿਸਮਤ ਦਾ ਫੈਸਲਾ ਅਜੇ ਵੀ ਅਨਿਸਚਿਤਤਾ ਦੀ ਘੁੰਮਣਘੇਰੀ ਵਿਚ ਫਸਿਆ ਹੋਇਆ ਹੈ, ਜਿਹੜਾ ਪਟੀਸ਼ਨਰ ਲਈ ਡੂੰਘੇ ਮਾਨਸਕ ਸਦਮੇ ਅਤੇ ਚਿੰਤਾ ਦਾ ਕਾਰਨ ਬਣ ਰਿਹਾ ਹੈ। ਰਾਜੋਆਣਾ 28 ਸਾਲਾਂ ਤੋਂ ਵੱਧ ਸਮੇਂ ਤੋਂ ਜੇਲ੍ਹ 'ਚ ਹੈ ਅਤੇ 17 ਸਾਲਾਂ ਤੋਂ ਮੌਤ ਦੀ ਸਜ਼ਾ ਦਾ ਸਾਹਮਣਾ ਕਰ ਰਿਹਾ ਹੈ। ਸੀਨੀਅਰ ਵਕੀਲ ਮੁਕੁਲ ਰੋਹਤਗੀ ਨੇ ਦੋਸ਼ੀ ਦੀ ਤਰਫੋਂ ਦਲੀਲ ਦਿੱਤੀ ਸੀ ਕਿ ਰਾਸ਼ਟਰੀ ਸੁਰੱਖਿਆ ਦੇ ਆਧਾਰ 'ਤੇ ਅਣਮਿੱਥੇ ਸਮੇਂ ਲਈ ਉਡੀਕ ਨਹੀਂ ਕੀਤੀ ਜਾ ਸਕਦੀ। ਦਵਿੰਦਰਪਾਲ ਸਿੰਘ ਭੁੱਲਰ ਦੇ ਕੇਸ ਦਾ ਹਵਾਲਾ ਦਿੰਦੇ ਹੋਏ ਪਟੀਸ਼ਨਰ ਨੇ ਦਾਅਵਾ ਕੀਤਾ ਸੀ ਕਿ ਕੈਦੀਆਂ ਦੇ ਨਿਯੰਤਰਣ ਤੋਂ ਬਾਹਰ ਦੇ ਹਾਲਾਤ ਕਾਰਨ ਹੋਈ ਦੇਰੀ ਮੌਤ ਦੀ ਸਜ਼ਾ ਨੂੰ ਘਟਾ ਦਿੰਦੀ ਹੈ, ਕਿਉਂਕਿ ਬੇਮਿਸਾਲ ਦੇਰੀ ਨੇ ਪੀੜਾ ਪੈਦਾ ਕੀਤੀ ਅਤੇ ਉਸ ਦੀ ਸਰੀਰਕ ਅਤੇ ਮਾਨਸਕ ਸਿਹਤ 'ਤੇ ਮਾੜਾ ਅਸਰ ਪਾਇਆ ਹੈ। ਕੇਂਦਰੀ ਗ੍ਰਹਿ ਮੰਤਰਾਲੇ ਨੇ ਦਲੀਲ ਦਿੱਤੀ ਸੀ ਕਿ ਰਾਜੋਆਣਾ ਦੀ ਰਹਿਮ ਦੀ ਪਟੀਸ਼ਨ 'ਤੇ ਵਿਚਾਰ ਨਹੀਂ ਕੀਤਾ ਜਾ ਸਕਦਾ, ਕਿਉਂਕਿ ਇਹ ਐੱਸ ਜੀ ਪੀ ਸੀ ਦੁਆਰਾ ਦਾਇਰ ਕੀਤੀ ਗਈ ਸੀ, ਨਾ ਕਿ ਰਾਜੋਆਣਾ ਦੁਆਰਾ ਅਤੇ ਇਹ ਕਿ ਜਦੋਂ ਤੱਕ ਹੋਰ ਦੋਸ਼ੀਆਂ ਦੀਆਂ ਅਪੀਲਾਂ ਦਾ ਸੁਪਰੀਮ ਕੋਰਟ ਵੱਲੋਂ ਫੈਸਲਾ ਨਹੀਂ ਕੀਤਾ ਜਾਂਦਾ, ਉਦੋਂ ਤੱਕ ਇਸ 'ਤੇ ਫੈਸਲਾ ਨਹੀਂ ਕੀਤਾ ਜਾ ਸਕਦਾ।

# ਰੈੱਡ ਰਿਬਨ ਕਲੱਬਾਂ ਵੱਲੋਂ ਪਿੰਡਾਂ 'ਚ ਏਡਜ਼ ਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ



**ਮੋਗਾ (ਇਕਬਾਲ ਸਿੰਘ ਖਹਿਰਾ)**-ਡਾਇਰੈਕਟਰ, ਯੁਵਕ ਸੇਵਾਵਾਂ ਵਿਭਾਗ ਪੰਜਾਬ ਚੰਡੀਗੜ੍ਹ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਮੋਗਾ ਵਿੱਚ ਕੰਮ ਕਰ ਰਹੀਆਂ ਰੈੱਡ ਰਿਬਨ ਕਲੱਬਾਂ ਵੱਲੋਂ ਸਾਲ 2024-25 ਦੌਰਾਨ ਅਡਾਪਟ ਕੀਤੇ ਪਿੰਡਾਂ ਵਿੱਚ ਐੱਚ.ਆਈ.ਵੀ./ਏਡਜ਼ ਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਕਰਵਾਏ ਗਏ। ਐੱਮ.ਐੱਲ.ਐੱਮ. ਨਰਸਿੰਗ ਕਾਲਜ ਮੋਗਾ ਦੀ ਰੈੱਡ ਰਿਬਨ ਕਲੱਬ ਵੱਲੋਂ ਢੁੱਡੀਕੇ ਪਿੰਡ ਵਿੱਚ, ਗੁਰੂ ਨਾਨਕ ਕਾਲਜ ਮੋਗਾ ਵਿੱਚ ਕੰਮ ਕਰ ਰਹੀ ਰੈੱਡ ਰਿਬਨ ਕਲੱਬ ਵੱਲੋਂ ਅਡਾਪਟ ਕੀਤੇ ਪਿੰਡ ਲੰਡੇਕੇ ਵਿੱਚ, ਐੱਮ.ਐੱਲ.ਐੱਮ. ਟੈਕਨੀਕਲ ਕਾਲਜ ਮੋਗਾ ਦੀ ਰੈੱਡ ਰਿਬਨ ਕਲੱਬ ਵੱਲੋਂ ਡਾਂਗੀਆ ਪਿੰਡ ਵਿੱਚ, ਡੀ. ਐੱਮ. ਕਾਲਜ ਆਫ ਐਜੂਕੇਸ਼ਨ ਵਿੱਚ ਕੰਮ ਕਰ ਰਹੀ ਰੈੱਡ ਰਿਬਨ ਕਲੱਬ ਵੱਲੋਂ ਅਡਾਪਟ ਕੀਤੇ ਪਿੰਡ ਘੱਲ ਕਲਾਂ ਵਿੱਚ ਐੱਚ.ਆਈ.ਵੀ./ਏਡਜ਼ ਤੇ ਨਸ਼ਿਆਂ ਵਿਰੁੱਧ ਸੈਮੀਨਾਰ ਤੇ ਰੈਲੀਆਂ ਕੱਢੀਆਂ ਗਈਆਂ। ਇਨ੍ਹਾਂ ਸੈਮੀਨਾਰਾਂ ਦੌਰਾਨ ਦਵਿੰਦਰ ਸਿੰਘ ਲੋਟੇ, ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ ਵਿਭਾਗ ਮੋਗਾ ਨੇ ਆਪਣੇ ਭਾਸ਼ਣ ਦੌਰਾਨ ਪਿੰਡਾਂ ਦੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਐੱਚ.ਆਈ.ਵੀ./ਏਡਜ਼ ਇੱਕ ਭਿਆਨਕ ਬਿਮਾਰੀ ਹੈ ਤੇ ਇਸ ਬਿਮਾਰੀ ਤੋਂ ਜਾਗਰੂਕ ਹੋ ਕੇ ਹੀ ਬਚਿਆ ਜਾ ਸਕਦਾ ਹੈ। ਐੱਚ ਆਈ ਵੀ/ਏਡਜ਼ ਸੰਬੰਧੀ ਜਾਗਰੂਕਤਾ ਪ੍ਰੋਗਰਾਮ ਦੇ ਨਾਲ ਨਾਲ ਨੁੱਕੜ ਨਾਟਕ ਵੀ ਪੇਸ਼ ਕੀਤੇ ਗਏ। ਵਿਦਿਆਰਥੀਆਂ ਵੱਲੋਂ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਭਾਸ਼ਣ ਦਿੱਤੇ ਗਏ। ਬੁਲਾਰਿਆਂ ਵੱਲੋਂ ਦੱਸਿਆ ਗਿਆ ਕਿ ਇਨ੍ਹਾਂ ਅਲਾਮਤਾਂ ਤੋਂ ਕਿਸ ਤਰ੍ਹਾਂ ਬੱਚਿਆ ਜਾ ਸਕਦਾ ਹੈ। ਦਵਿੰਦਰ ਸਿੰਘ ਲੋਟੇ ਸਹਾਇਕ ਡਾਇਰੈਕਟਰ ਤੇ ਤਰਨਜੀਤ ਕੌਰ ਸਟੈਨੋ ਨੇ ਇਸ ਰੈਲੀ ਵਿੱਚ ਸ਼ਾਮਲ ਹੋ ਕੇ ਵਿਦਿਆਰਥੀਆਂ ਦਾ ਹੌਸਲਾ ਅਫਜ਼ਾਈ ਕੀਤੀ। ਇੱਥੇ ਦਵਿੰਦਰ ਸਿੰਘ ਲੋਟੇ ਵੱਲੋਂ ਦੱਸਿਆ ਗਿਆ ਕਿ ਵਿਭਾਗ ਅਧੀਨ ਕੰਮ ਕਰ ਰਹੀਆਂ ਬਾਕੀ ਰਹਿੰਦੀਆਂ ਰੈੱਡ ਰਿਬਨ ਕਲੱਬਾਂ ਵੱਲੋਂ ਵੀ ਇਸੇ ਤਰ੍ਹਾਂ ਦੇ ਪ੍ਰੋਗਰਾਮ ਆਉਣ ਵਾਲੇ ਦਿਨਾਂ ਵਿੱਚ ਕਰਵਾਏ ਜਾਣੇ ਹਨ ਤਾਂ ਕਿ ਆਮ ਲੋਕਾਂ ਨੂੰ ਇਨ੍ਹਾਂ ਬਿਮਾਰੀਆਂ ਤੋਂ ਜਾਣੂ ਕਰਵਾਇਆ ਜਾ ਸਕੇ ਤੇ ਇਲਾਜ ਬਾਰੇ ਸਹੀ ਜਾਣਕਾਰੀ ਉਨ੍ਹਾਂ ਤੱਕ ਪਹੁੰਚਦੀ ਕੀਤੀ ਜਾ ਸਕੇ।

# ਸਾਲਾਨਾ ਪ੍ਰੋਗਰਾਮ ਤੇ ਇਨਾਮ ਵੰਡ ਸਮਾਰੋਹ ਹੋਇਆ ਸੰਪੰਨ



**ਨਾਭਾ (ਵਰਿੰਦਰ ਵਰਮਾ)**-ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 10ਵਾਂ ਸਾਲਾਨਾ ਸੱਭਿਆਚਾਰਕ ਤੇ ਇਨਾਮ ਵੰਡ ਸਮਾਰੋਹ ਸਕੂਲ ਦੇ ਵਿਹੜੇ ਵਿੱਚ ਐਮੀਨੈਂਟ ਸਮਾਰਟ ਸਕੂਲ ਪਿੰਡ ਸੁੱਖੇਵਾਲ ਵੱਲੋਂ ਕਰਾਇਆ ਗਿਆ। ਇਹ ਸਲਾਨਾ ਸਮਾਰੋਹ ਸੁੱਖੇਵਾਲ ਪਿੰਡ ਵਿਖੇ ਪ੍ਰਿੰਸੀਪਲ ਚਰਨਪ੍ਰੀਤ ਕੌਰ ਤੇ ਸਮੂਹ ਸਕੂਲ ਸਟਾਫ਼ ਦੀ ਅਗਵਾਈ ਹੇਠ ਕਰਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸਕੂਲੀ ਬੱਚਿਆਂ ਵੱਲੋਂ ਸ਼ਬਦ ਗਾਇਨ ਨਾਲ ਕੀਤੀ ਗਈ।ਇਸ ਪ੍ਰੋਗਰਾਮ ਵਿੱਚ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਤੇ ਉਨ੍ਹਾਂ ਦੀ ਧਰਮਪਤਨੀ ਨਗਾ ਡੌਂਗ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਇਸ ਮੌਕੇ ਬੀਡੀਪੀਓ ਬਲਜੀਤ ਕੌਰ ਖ਼ਾਲਸਾ, ਐਕਸੀਅਨ ਬਿਜਲੀ ਬੋਰਡ ਜਸਵਿੰਦਰ ਸਿੰਘ, ਸੀਡੀਪੀਓ ਗੁਰਮੀਤ ਸਿੰਘ, ਐਕਸਾਈਜ ਐਂਡ ਟੈਕਸੇਸ਼ਨ ਇੰਸਪੈਕਟਰ ਗੁਰਪ੍ਰੀਤ ਸਿੰਘ ਲੁਧਿਆਣਾ, ਚੌਕੀ ਇੰਚਾਰਜ ਗਲਵੱਟੀ ਬਲਕਾਰ ਸਿੰਘ ਨੇ ਸਮਾਰੋਹ 'ਚ ਮੌਜੂਦ ਸਨ।ਇਸ ਮੌਕੇ 15 ਨਵੀਆਂ ਬਣੀਆਂ ਪੰਚਾਇਤਾਂ ਨੇ ਵੀ ਸ਼ਿਰਕਤ ਕੀਤੀ।ਇਸ ਸਾਲਾਨਾ ਪ੍ਰੋਗਰਾਮ ਵਿੱਚ ਸਕੂਲੀ ਬੱਚਿਆਂ ਵੱਲੋਂ ਸੁੰਦਰ ਗੀਤਾਂ, ਕਵਿਤਾਵਾਂ ਅਤੇ ਸਮਾਜ ਨੂੰ ਚੰਗਾ ਸੁਨੇਹਾ ਦੇਣ ਲਈ ਨਾਟਕ ਤੇ ਪੰਜਾਬੀ ਲੋਕ ਨਾਚ ਭੰਗੜਾ ਅਤੇ ਗਿੱਧੇ ਦੀ ਖੂਬਸੂਰਤ ਪੇਸ਼ਕਾਰੀ ਪੇਸ਼ ਕੀਤੀ ਗਈ। ਪ੍ਰਿੰਸੀਪਲ ਚੰਨਪ੍ਰੀਤ ਕੌਰ ਤੇ ਸਮੂਹ ਸਟਾਫ਼ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।ਪ੍ਰਿੰਸੀਪਲ ਚੰਨਪ੍ਰੀਤ ਕੌਰ ਨੇ ਕਿਹਾ ਕਿ ਸਕੂਲ ਭਵਿੱਖ ਵਿੱਚ ਵੀ ਪੰਜਾਬ ਦੀ ਵਿਰਾਸਤ ਨਾਲ ਸਬੰਧਤ ਇਸੇ ਤਰ੍ਹਾਂ ਦੇ ਵਰਤਮਾਨ ਸਮਾਗਮਾਂ ਤੇ ਪ੍ਰੋਗਰਾਮਾਂ ਦਾ ਆਯੋਜਨ ਕਰਦਾ ਰਹੇਗਾ।ਇਸ ਮੌਕੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਸਾਰੇ ਮਹਿਮਾਨਾਂ ਦਾ ਪਹੁੰਚਣ 'ਤੇ ਅਤੇ ਸਕੂਲ ਪ੍ਰਬੰਧਕਾਂ ਨੂੰ ਅਜਿਹਾ ਪ੍ਰੋਗਰਾਮ ਕਰਵਾਉਣ ਲਈ ਵਧਾਈ ਦਿੱਤੀ ਤੇ ਕਿਹਾ ਕਿ ਬੱਚਿਆਂ ਵੱਲੋਂ ਜੋ ਪੇਸ਼ਕਾਰੀ ਪੇਸ਼ ਕੀਤੀ ਗਈ ਹੈ।ਇਹ ਦਿਲ ਨੂੰ ਛੂਹਣ ਵਾਲੀ ਹੈ।ਉਨ੍ਹਾਂ ਬੱਚਿਆਂ ਨੂੰ ਕਿਹਾ ਕਿ ਪੜ੍ਹਾਈ ਦੇ ਨਾਲ ਨਾਲ ਖੇਡਾਂ ਵੱਲ ਵੀ ਜ਼ਰੂਰ ਧਿਆਨ ਦੇਣ।ਪੰਜਾਬ ਸਰਕਾਰ ਵੱਲੋਂ ਖੇਡਾਂ ਵੱਲ ਧਿਆਨ ਦਿੱਤਾ ਜਾ ਰਿਹਾ ਹੈ, ਉੱਥੇ ਹੀ ਸਰਕਾਰ ਵੱਲੋਂ ਪਿੰਡਾਂ ਵਿੱਚ ਸਟੇਡੀਅਮ ਬਣਾਏ ਜਾ ਰਹੇ ਹਨ।ਅੰਤ ਵਿੱਚ ਸਕੂਲ ਦੇ ਚੇਅਰਮੈਨ ਧਰਮਿੰਦਰ ਸੁੱਖੇਵਾਲ ਨੇ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਸਕੂਲ ਦੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।ਇਸ ਮੌਕੇ ਮੁੱਖ ਮਹਿਮਾਨ ਹਲਕਾ ਵਿਧਾਇਕ ਦੇਵ ਮਾਨ ਨੇ ਲੋਕ ਨਾਚ ਗਿੱਧਾ ਪੇਸ਼ ਕਰਨ ਵਾਲਿਆਂ ਅਤੇ ਵੱਖ-ਵੱਖ ਖੇਤਰਾਂ ਵਿੱਚ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਸਕੂਲੀ ਬੱਚਿਆਂ ਨੂੰ ਇਨਾਮਾਂ ਨਾਲ ਸਨਮਾਨਤ ਵੀ ਕੀਤਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**
ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

5-Nov-PAGE-3.qxd 11/4/2024 10:51 PM Page 1



# ਅਮਨਦੀਪ ਸਿੰਘ ਨੇ ਓਪਨ ਸਟੇਟ ਚੈਂਪੀਅਨਸ਼ਿਪ ਜਿੱਤੀ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਬਾਬਾ ਉੱਤਮ ਸਿੰਘ ਜੀ ਵੱਲੋਂ ਸਥਾਪਿਤ ਅਤੇ ਬਾਬਾ ਸੇਵਾ ਸਿੰਘ ਜੀ ਦੀ ਸਰਪ੍ਰਸਤੀ ਹੇਠ ਚੱਲ ਰਹੇ ਸ੍ਰੀ ਗੁਰੂ ਅੰਗਦ ਦੇਵ ਕਾਲਜ, ਖਡੂਰ ਸਾਹਿਬ ਦੇ ਸਰੀਰਕ ਸਿੱਖਿਆ ਵਿਭਾਗ ਦੇ ਵਿਦਿਆਰਥੀ ਅਮਨਦੀਪ ਸਿੰਘ ਨੇ ਓਪਨ ਸਟੇਟ ਚੈਂਪੀਅਨਸ਼ਿਪ ਦੁਆਰਾ ਕਰਵਾਏ ਗਏ ਖੇਡ ਮੁਕਾਬਲੇ (ਪਠਾਨਕੋਟ) ਕਰਾਟੇ ਵਿੱਚ ਭਾਗ ਲਿਆ।ਕਰਾਟੇ ਦਾ ਇਹ ਮੁਕਾਬਲਾ ਤਿੰਨ ਦਿਨ ਤੱਕ ਚੱਲਦਾ ਰਿਹਾ।ਅੰਤਲੇ ਫਾਈਨਲ ਦਿਨ ਅਮਨਦੀਪ ਸਿੰਘ ਨੇ ਵਿਰੋਧੀ ਧਿਰ ਨੂੰ ਹਰਾ ਕੇ ਪਹਿਲਾ ਸਥਾਨ ਹਾਸਿਲ ਕਰਕੇ ਕਾਲਜ ਅਤੇ ਆਪਣੇ ਇਲਾਕੇ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ।ਜਦ ਇਹ ਵਿਦਿਆਰਥੀ ਕਾਲਜ ਪਹੁੰਚਿਆ ਤਾਂ ਖੁਸ਼ੀ ਜ਼ਾਹਿਰ ਕਰਦੇ ਹੋਏ ਕਾਲਜ ਪ੍ਰਿੰ. ਡਾ. ਬਲਵੰਤ ਸਿੰਘ ਸੰਧੂ ਨੇ ਕਿਹਾ ਕਿ ਅੱਜ ਦੀ ਨੌਜਵਾਨ ਪੀੜੀ ਗਲਤ ਅਲਾਮਤਾਂ ਦੀ ਧਾਰਨੀ ਬਣ ਚੁੱਕੀ ਹੈ।ਉਹ ਆਪਣੇ ਇਤਿਹਾਸ, ਸੱਭਿਆਚਾਰ ਅਤੇ ਵਿਰਸੇ ਨੂੰ ਭੁੱਲਦੀ ਹੋਈ ਮੂਲ ਨੈਤਿਕ ਕਦਰਾਂ-ਕੀਮਤਾਂ ਨੂੰ ਵੀ ਗਵਾ ਚੁੱਕੀ ਹੈ।ਇਸ ਲਈ ਨੌਜਵਾਨ ਪੀੜੀ ਨੂੰ ਵੱਧ ਤੋਂ ਵੱਧ ਖੇਡਾਂ ਵਿੱਚ ਭਾਗ ਲੈਂਦੇ ਹੋਏ ਚੰਗੇ ਖਿਡਾਰੀ ਬਣ ਕੇ ਆਪਣੇ ਸਮਾਜ ਦਾ ਨਾਮ ਰੌਸ਼ਨ ਕਰਨਾ ਚਾਹੀਦਾ ਹੈ।ਇਸ ਤੋਂ ਇਲਾਵਾ ਉਨ੍ਹਾਂ ਇਹ ਵੀ ਆਖਿਆ ਕਿ ਅਮਨਦੀਪ ਦੀ ਜਿੱਤ ਦੇ ਪਿੱਛੇ ਪ੍ਰੋ. ਸਰਤਾਜ ਸਿੰਘ ਛੀਨਾ (ਮੁਖੀ ਸਰੀਰਕ ਸਿੱਖਿਆ ਵਿਭਾਗ), ਪ੍ਰੋ. ਵੀਰੋ ਅਤੇ ਕੋਚ ਸੁਖਵੰਤ ਸਿੰਘ ਕੰਵਲ ਦੀ ਯੋਗ ਅਗਵਾਈ ਵੱਡੀ ਭੂਮਿਕਾ ਨਿਭਾ ਰਹੀ ਹੈ ਜੋ ਕਿ ਆਪਣੇ ਵਿਭਾਗ ਦੇ ਵਿਦਿਆਰਥੀਆਂ ਨੂੰ ਯੋਗ ਟਰੇਨਿੰਗ ਅਤੇ ਕੋਚਿੰਗ ਦਿੰਦੇ ਹੋਏ ਉਨ੍ਹਾਂ ਨੂੰ ਜ਼ਿਲ੍ਹਾ ਪੱਧਰ, ਰਾਜ ਪੱਧਰ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਪਹੁੰਚਾ ਕੇ ਚੰਗੇ ਖਿਡਾਰੀਆਂ ਦੇ ਰੂਪ ਵਿੱਚ ਬਦਲਦੇ ਹੋਏ ਕਾਮਯਾਬੀ ਦੇ ਰਸਤੇ ਤੋਰ ਰਹੇ ਹਨ।ਇਸ ਉਪਰੰਤ ਜੇਤੂ ਵਿਦਿਆਰਥੀ ਨੂੰ ਸਨਮਾਨਿਤ ਕਰਨ ਦੇ ਮੌਕੇ ਡਾ. ਕੰਵਲਜੀਤ ਸਿੰਘ, ਪ੍ਰੋ. ਮੇਜਰ ਸਿੰਘ, ਡਾ. ਜਤਿੰਦਰ ਕੌਰ, ਪ੍ਰੋ. ਮਨਪ੍ਰੀਤ ਕੌਰ, ਪ੍ਰੋ. ਵੀਰੋ ਕੌਰ, ਪ੍ਰੋ. ਲਵਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ 'ਖੁਸ਼ਹਾਲ ਪੰਜਾਬ' ਸਪੋਰਟਸ ਮੀਟ ਕਰਵਾਈ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਐੱਸ. ਐੱਸ. ਪੀ. ਬਟਾਲਾ ਸੁਹੇਲ ਕਾਸਿਮ ਮੀਰ ਦੀ ਅਗਵਾਈ ਹੇਠ ਬਟਾਲਾ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ 'ਖੁਸ਼ਹਾਲ ਪੰਜਾਬ' ਸਪੋਰਟਸ ਮੀਟ ਤਹਿਤ ਪੋਲੀਟੈਕਨਿਕ ਕਾਲਜ ਬਟਾਲਾ ਵਿਖੇ ਫੁੱਟਬਾਲ ਦਾ ਫਾਈਨਲ ਮੈਚ ਕਰਵਾਇਆ ਗਿਆ।ਇਸ ਮੌਕੇ ਐੱਸ. ਐੱਸ. ਪੀ. ਬਟਾਲਾ ਵਲੋਂ ਜੇਤੂ ਟੀਮ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੰਜੀਵ ਕੁਮਾਰ, ਡੀਐੱਸਪੀ ਸਿਟੀ ਬਟਾਲਾ ਸਮੇਤ ਕੋਚ ਤੇ ਖਿਡਾਰੀ ਮੌਜੂਦ ਸਨ।



ਇਸ ਮੌਕੇ ਐੱਸ. ਐੱਸ. ਪੀ. ਬਟਾਲਾ ਨੇ ਖਿਡਾਰੀਆਂ ਨੂੰ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ ਤੇ ਦੱਸਿਆ ਕਿ ਬਟਾਲਾ ਪੁਲਸ ਵਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਨਸ਼ਿਆਂ ਤੋਂ ਬਚਣ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮ ਲਗਾਤਾਰ ਚਲਾਈ ਜਾ ਰਹੀ ਹੈ, ਤਾਂ ਤੋ ਨੌਜਵਾਨ ਨਸ਼ਿਆ ਤੋਂ ਦੂਰ ਰਹਿ ਸਕਣ।ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆ ਤੋਂ ਦੂਰ ਰਹਿ ਕੇ ਖੇਡਾਂ ਵਿਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਅਤੇ ਟੂਰਨਾਮੈਂਟ ਵਿਚ ਭਾਗ ਲੈਣ ਵਾਲੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।ਉਨ੍ਹਾਂ ਦੱਸਿਆ ਕਿ ਬਟਾਲਾ ਪੁਲਿਸ ਵੱਲੋਂ ਸ਼ਹਿਰ ਅਤੇ ਪਿੰਡਾਂ,ਖਾਸਕਰਕੇ ਸਰਹੱਦੀ ਪਿੰਡਾਂ ਵਿੱਚ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ, ਜਿਸ ਵਿੱਚ ਨੌਜਵਾਨ ਪੂਰੇ ਉਤਸ਼ਾਹ ਨਾਲ ਭਾਗ ਲੈ ਰਹੇ ਹਨ।ਉਨ੍ਹਾਂ ਅੱਗੇ ਦੱਸਿਆ ਕਿ ਸਰਕਾਰ ਵੱਲੋਂ ਜਿੱਥੇ ਨਸ਼ੇ ਦੀ ਗ੍ਰਿਫਤ ਵਿੱਚ ਆਏ ਵਿਅਕਤੀਆਂ ਦਾ ਮੁਫਤ ਇਲਾਜ ਕੀਤੀ ਜਾ ਰਿਹਾ ਹੈ, ਉਥੇ ਇਨ੍ਹਾਂ ਨੌਜਵਾਨਾਂ ਦੇ ਪੁਨਰਵਾਸ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

# ਜਗਰੂਪ ਸਿੰਘ ਸੇਖਵਾਂ ਨੇ ਕੀਤਾ ਪਿੰਡ ਕਠਾਣੇ ਦੇ ਸਰਪੰਚ ਦਾ ਮਾਣ-ਸਨਮਾਨ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਲੋੜਵੰਦ ਪਰਿਵਾਰਾਂ ਦੀ ਮਦਦ ਕਰਨਾ ਅਤੇ ਪਿੰਡ ਦੇ ਵਿਕਾਸ ਕਰਵਾਉਣ ਨਾਲ ਮਿਲਦਾ ਮਨ ਨੂੰ ਸਕੂਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਕਾਦੀਆਂ ਅਧੀਨ ਪੈਂਦੇ ਪਿੰਡ ਕਠਾਣੇ ਦੇ ਸਰਪੰਚ ਰੀਨਾ ਦੇ ਪਤੀ ਸਲਾਮਤ ਮਸੀਹ ਦੇ ਵੱਲੋਂ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਪਿੰਡ ਵਿੱਚ ਕੁੱਲ 291 ਵੋਟਾਂ ਸਨ ਅਤੇ 243 ਵੋਟਾਂ ਤੇ ਪੋਲ ਹੋਈਆਂ ਤੇ 6 ਵੋਟਾਂ ਤੇ ਉਹ ਜੇਤੂ ਰਹੇ ।ਉਨ੍ਹਾਂ ਕਿਹਾ ਕਿ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਪਿੰਡ ਦੇ ਵਿਕਾਸ ਕਰਵਾਏ ਜਾਣਗੇ ਉਨਾਂ ਨੇ ਅੱਗੇ ਦੱਸਿਆ ਕਿ ਹਰੇਕ ਵੋਟਰ ਤੇ ਸਪੋਟਰ ਦੀ ਪਹਿਲ ਦੇ ਅਧਾਰ ਤੇ ਮਦਦ ਕੀਤੀ ਜਾਵੇਗੀ।ਨਾਲ ਹੀ ਪਿੰਡ ਦੇ ਵਿੱਚ ਸਰਕਾਰ ਵੱਲੋਂ ਮਿਲਣ ਵਾਲੀਆਂ ਸਾਰੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ ।ਕਿਸੇ ਨਾਲ ਵੀ ਕੋਈ ਵਿਤਕਰਾ ਨਹੀਂ ਕੀਤਾ ਜਾਵੇਗਾ ਅਤੇ ਹਰੇਕ ਵੋਟਰ ਦਾ ਪੂਰਾ ਮਾਣ ਸਨਮਾਨ ਕੀਤਾ ਜਾਵੇਗਾ।ਇਸ ਮੌਕੇ ਨਵੀਂ ਬਣੀ ਪੰਚਾਇਤ ਦਾ ਪਿੰਡ ਵਾਸੀਆਂ ਦੇ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਵੋਟਰਾਂ ਸਪੋਰਟਰਾਂ ਦੇ ਵੱਲੋਂ ਹਾਰ ਪਾ ਕੇ ਸਮੁੱਚੀ ਪੰਚਾਇਤ ਦਾ ਸਵਾਗਤ ਕੀਤਾ ਗਿਆ।ਇਸ ਮੌਕੇ ਸਰਪੰਚ ਸਲਾਮਤ ਮਸੀਹ ਅਤੇ ਉਨ੍ਹਾਂ ਦੇ ਸਾਥੀਆਂ ਦਾ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਐਡਵੋਕੇਟ ਜਗਰੂਪ ਸਿੰਘ ਸੇਖਵਾ ਚੇਅਰਮੈਨ ਜ਼ਿਲਾ ਯੋਜਨਾ ਬੋਰਡ ਗੁਰਦਾਸਪੁਰ ਦੇ ਵਲੋਂ ਸਨਮਾਨ ਕੀਤਾ ਗਿਆ।ਅਖੀਰ ਵਿੱਚ ਸਰਪੰਚ ਰੀਨਾ ਅਤੇ ਉਨ੍ਹਾਂ ਦੇ ਪਤੀ ਸਲਾਮਤ ਮਸੀਹ ਨੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਤੇ ਮਾਰਕੀਟ ਕਮੇਟੀ ਕਾਦੀਆਂ ਦੇ ਚੇਅਰਮੈਨ ਮੋਹਨ ਸਿੰਘ ਅਤੇ ਪਿੰਡ ਦੇ ਵੋਟਰਾਂ ਸਪੋਰਟਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜੌਰਜ ਸਟੀਫਨ, ਮਨਜੀਤ, ਸ਼ਾਮ ਮਸੀਹ, ਬਲਵਿੰਦਰ ਮਸੀਹ, ਸ਼ਾਮ ਮਸੀਹ, ਲਖਵਿੰਦਰ ਮਸੀਹ, ਰਫੀਕ ਮਸੀਹ, ਕੇਵਲ ਮਸੀਹ, ਬੱਬੂ, ਬੋਨੀ ਮਸੀਹ, ਲਾਡੀ , ਅਮਾਨਤ ਮਸੀਹ, ਯੂਨਸ ਮਸੀਹ,ਜੌਰਜ ਮਸੀਹ ਆਦੀ ਹਾਜ਼ਰ ਸਨ ।

## ਮੁੱਖ ਖੇਤੀਬਾੜੀ ਅਫ਼ਸਰ ਵੱਲੋਂ ਵਿਕਰੇਤਾਵਾਂ ਨੂੰ ਖਾਦ ਦੀ ਜਮ੍ਹਾਖੋਰੀ ਨਾ ਕਰਨ ਦੀ ਹਦਾਇਤ

**ਗੁਰਦਾਸਪੁਰ (ਜਨਕ ਮਹਾਜਨ)**-ਖਾਦ ਵਿਕਰੇਤਾ ਖਾਦਾਂ ਦੀ ਜਮ ਾਖੋਰੀ ਨਾ ਕਰਨ ਅਤੇ ਜੇਕਰ ਕਿਸਾਨਾਂ ਨੂੰ ਡਾਈ ਅਮੋਨੀਅਮ ਫਾਸਫੇਟ (ਡੀ.ਏ.ਪੀ.) ਜਾਂ ਹੋਰ ਖਾਦਾਂ ਸਬੰਧੀ ਕਿਸੇ ਵੀ ਕਿਸਮ ਦੀ ਦਿੱਕਤ ਪੇਸ਼ ਆ ਰਹੀ ਹੈ ਤਾਂ ਉਸ ਸਬੰਧੀ ਸ਼ਿਕਾਇਤ ਦਰਜ ਕਰਵਾਉਣ ਲਈ ਪੰਜਾਬ ਸਰਕਾਰ ਵਲੋਂ ਜਾਰੀ ਹੈਲਪ-ਲਾਈਨ 1100 ਨੰਬਰ 'ਤੇ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੁੱਖ ਖੇਤੀਬਾੜੀ ਅਫ਼ਸਰ ਡਾ. ਸੁਰਿੰਦਰਪਾਲ ਸਿੰਘ ਨੇ ਦੱਸਿਆ ਕਿ ਡੀ. ਏ. ਪੀ. ਜਾਂ ਹੋਰ ਖਾਦਾਂ ਨਾਲ ਗੈਰ-ਜ਼ਰੂਰੀ ਕੈਮੀਕਲਾਂ ਦੀ ਗੈਰ-ਕਾਨੂੰਨੀ ਟੈਗਿੰਗ 'ਚ ਸ਼ਾਮਿਲ ਕਿਸੇ ਵੀ ਕੀਟਨਾਸ਼ਕ ਦਵਾਈਆਂ ਦੇ ਵਿਕਰੇਤਾ ਖਿਲਾਫ਼ ਸ਼ਿਕਾਇਤ ਦਰਜ ਕਰਵਾਉਣ ਲਈ ਹੈਲਪਲਾਈਨ ਨੰਬਰ 1100 'ਤੇ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਕਿਸਾਨ ਇਨ੍ਹਾਂ ਨੰਬਰਾਂ 'ਤੇ ਖਾਦ ਦੀ ਅਸਲ ਕੀਮਤ ਤੋਂ ਵੱਧ ਵਸੂਲਣ, ਜਮ ਾਖੋਰੀ ਅਤੇ ਕਾਲਾਬਾਜ਼ਾਰੀ ਆਦਿ ਦੀ ਰਿਪੋਰਟ ਦਰਜ ਕਰਵਾ ਸਕਦੇ ਹਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਡੀ. ਏ. ਪੀ. ਖਾਦ ਦੇ ਨਾਲ-ਨਾਲ ਹੋਰ ਬਦਲ ਵੀ ਵਰਤਣ। ਉਨ੍ਹਾਂ ਦੱਸਿਆ ਕਿ ਦੁਕਾਨਦਾਰਾਂ ਕੋਲ ਟੀ. ਐੱਸ. ਪੀ. 0:46:0, ਐਨ. ਪੀ. ਕੇ. 12:32:16 ਅਤੇ 16:16:16 ਡੀਏਪੀ ਦੇ ਮਨਜ਼ੂਰਸ਼ੁਦਾ ਬਦਲ ਵਜੋਂ ਮੌਜੂਦ ਹਨ ਅਤੇ ਕਿਸਾਨ ਭਰਾਵਾਂ ਨੂੰ ਇਨ੍ਹਾਂ ਦੀ ਵਰਤੋਂ ਕਰਨੀ ਚਾਹੀਦੀ ਹੈ।

## ਲਾਇਨਜ਼ ਕਲੱਬਾਂ ਦੇ ਮੈਂਬਰਾਂ ਨੇ ਬੂਟੇ ਲਗਾ ਕੇ ਦੀਵਾਲੀ ਮਨਾਈ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਲਾਇਨਜ ਕਲੱਬ ਰਿਹਾਨਾ ਜੱਟਾਂ ਕੋਹਿਨੂਰ ਦੇ ਪ੍ਰਧਾਨ ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ , ਹੁਸ਼ਿਆਰਪੁਰ ਸਮਰਪਣ ਐਕਟਿਵ ਦੇ ਸਕੱਤਰ ਲਾਇਨ ਐੱਸ ਪੀ ਜੱਖੂ , ਡਾਇਰੈਕਟਰ ਐੱਮ ਪੀ ਸਿੱਧੂ ,ਖਜ਼ਾਨਚੀ ਲਾਇਨ ਮੋਹਨ ਲਾਲ ,ਹੁਸ਼ਿਆਰਪੁਰ ਪ੍ਰਿੰਸ ਦੇ ਡਾਇਰੈਕਟਰ ਲਾਇਨ ਜਤਿੰਦਰ ਕੁਮਾਰ ਨੇ ਸ਼ਹਿਰ ਵਿੱਚ ਵੱਖ-ਵੱਖ ਥਾਵਾਂ 'ਤੇ ਫੁੱਲਦਾਰ, ਫਲਦਾਰ , ਛਾਂਦਾਰ ਅਤੇ ਔਸ਼ਧੀ ਯੁਕਤ ਬੂਟੇ ਲਗਾ ਕੇ ਦੇਸ਼ ਵਾਸੀਆਂ ਨੂੰ ਵਾਤਾਵਰਨ ਨੂੰ ਸ਼ੁੱਧਤਾ ਪ੍ਰਦਾਨ ਕਰਨ ਦਾ ਸੰਦੇਸ਼ਦੇ ਕੇ ਦੀਵਾਲੀ ਦਾ ਤਿਉਹਾਰ ਦਾ ਮਨਾਇਆ ਗਿਆ। ਇਸ ਤਿਉਹਾਰ ਤੇ ਆਪਣੇ ਘਰਾਂ, ਪਾਰਕਾਂ ਅਤੇ ਪਬਲਿਕ ਥਾਵਾਂ, ਸਕੂਲਾਂ , ਕਾਲਜਾਂ ਆਦਿ ਥਾਵਾਂ 'ਤੇ ਵੱਧ ਤੋਂ ਵੱਧ ਬੂਟੇ ਲਗਾਏ ਜਾਣ ਤਾਂ ਜੋ ਆਉਣ ਵਾਲੀਆ ਪੀੜੀਆ ਵਾਸਤੇ ਸ਼ੁਧ ਹਵਾ , ਸ਼ੁੱਧ ਪਾਣੀ , ਸ਼ੁੱਧ ਵਾਤਾਵਰਨ ਅਤੇ ਵਧੇਰੇ ਆਕਸੀਜਨ ਪ੍ਰਦਾਨ ਕਰਨ ਲਈ ਉਦਾਹਰਣ ਬਣ ਸਕੀਏ ।

## 68ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਅੱਜ ਤੋਂ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਕ੍ਰਿਸ਼ਨ ਗਰਗ)** ਜ਼ਿਲ੍ਹਾ ਖੇਡ ਅਫ਼ਸਰ (ਸੈਕੰਡਰੀ) ਡਾ. ਗਿੰਨੀ ਦੁੱਗਲ ਅਨੁਸਾਰ 68ਵੀਆਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਦੇ ਕ੍ਰਿਕਟ ਅੰਡਰ-19 ਸਾਲ (ਲੜਕੇ) ਦੇ ਸੂਬਾਈ ਮੁਕਾਬਲੇ 05 ਨਵੰਬਰ ਤੋਂ 09 ਨਵੰਬਰ ਤੱਕ ਚੈਂਪੀਅਨਜ਼ ਕ੍ਰਿਕਟ ਅਕੈਡਮੀ ਚੱਪੜਚਿੜੀ ਵਿਖੇ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹਨਾਂ ਖੇਡਾਂ ਵਿੱਚ 23 ਜ਼ਿਲ੍ਹਿਆਂ ਦੀਆਂ ਟੀਮਾਂ ਹਿੱਸਾ ਲੈ ਰਹੀਆਂ ਹਨ, ਜਿਸ ਵਿੱਚ ਲਗਭਗ 450 ਖਿਡਾਰੀ ਭਾਗ ਲੈ ਰਹੇ ਹਨ। ਇਸੇ ਤਰਾਂ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਦੇ ਲੜਕੀਆਂ ਦੇ ਅੰਡਰ-17 ਉਮਰ ਵਰਗ ਦੇ ਸੂਬਾਈ ਹਾਕੀ ਮੁਕਾਬਲੇ, ਹਾਕੀ ਸਟੇਡੀਅਮ ਸੈਕਟਰ-63 ਮੋਹਾਲੀ ਵਿਖੇ 05 ਨਵੰਬਰ ਤੋਂ 09 ਨਵੰਬਰ ਤੱਕ ਕਰਵਾਏ ਜਾਣਗੇ, ਜਿਸ ਵਿੱਚ ਰਾਜ ਦੇ ਸਾਰੇ ਜ਼ਿਲ੍ਹਿਆਂ ਦੀਆਂ ਟੀਮਾਂ ਹਿੱਸਾ ਲੈਣਗੀਆਂ। ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਖਿਡਾਰੀਆਂ ਦੇ ਰਹਿਣ ਦਾ ਪ੍ਰਬੰਧ ਵੀ ਕੀਤਾ ਗਿਆ ਹੈ।

## ਸੁਖਦੀਪ ਸਿੰਘ ਸ਼ੁਕਾਰ ਨੂੰ ਸਦਮਾ, ਮਾਤਾ ਦਾ ਦਿਹਾਂਤ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸੁਖਦੀਪ ਸਿੰਘ ਸ਼ੁਕਾਰ ਦੇ ਸਤਿਕਾਰਯੋਗ ਮਾਤਾ ਸਰਬਜੀਤ ਕੌਰ ਮਿਤੀ 3/11/2024 ਨੂੰ ਅਕਾਲ ਚਲਾਣਾ ਕਰ ਗਏ ਹਨ। ਉਹਨਾਂ ਦਾ ਅੰਤਿਮ ਸੰਸਕਾਰ ਮਿਤੀ 7/11/2024 ਦਿਨ ਸੋਮਵਾਰ ਨੂੰ ਪਿੰਡ ਸ਼ੁਕਾਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਕੀਤਾ ਜਾਵੇਗਾ।

# ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਨੇ ਐਥਲੈਟਿਕਸ 'ਚ ਲਹਿਰਾਇਆ ਜਿੱਤ ਦਾ ਝੰਡਾ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਬੀਤੇ ਦਿਨੀਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਫਤਿਆਬਾਦ ਵਿਖੇ 68ਵੀਆਂ ਜ਼ੋਨਲ ਐਥਲੈਟਿਕਸ ਖੇਡਾਂ ਜ਼ੋਨਲ ਕਨਵੀਨਰ ਬਲਦੇਵ ਸਿੰਘ ਦੀ ਰਹਿਨੁਮਾਈ ਹੇਠ ਕਰਵਾਈਆਂ ਗਈਆਂ ਜਿਸ ਵਿੱਚ ਗੋਇੰਦਵਾਲ ਸਾਹਿਬ ਜ਼ੋਨ ਦੇ ਕਈ ਸਕੂਲਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ।ਇਸ ਮੌਕੇ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੇ ਵਿਦਿਆਰਥੀਆਂ ਨੇ ਆਪਣੀ ਮਿਹਨਤ ਅਤੇ ਕੋਚ ਸੁਖਵਿੰਦਰ ਸਿੰਘ ਤੇ ਰਾਜਬੀਰ ਕੌਰ ਦੀ ਯੋਗ ਅਗਵਾਈ ਸਦਕਾ ਕਈ ਸਕੂਲਾਂ ਦੇ ਵਿਦਿਆਰਥੀਆਂ ਨੂੰ ਪਛਾੜ ਕੇ ਜੈਵਲਿਨ ਥਰੋ (ਅੰਡਰ-17 ਲੜਕੇ) ਵਿੱਚ ਪਹਿਲਾ ਸਥਾਨ, ਜੈਵਲਿਨ ਥਰੋ (ਅੰਡਰ-17 ਲੜਕੇ ਅਤੇ ਅੰਡਰ-19 ਲੜਕੇ) ਵਿੱਚ ਤੀਸਰਾ ਸਥਾਨ, ਸ਼ਾਟਪੁੱਟ (ਅੰਡਰ-17 ਲੜਕੇ) ਵਿੱਚ ਪਹਿਲਾ ਸਥਾਨ ਅਤੇ ਸ਼ਾਟਪੁੱਟ (ਅੰਡਰ-14 ਲੜਕੇ) ਵਿੱਚ ਦੂਜਾ ਸਥਾਨ, ਡਿਸਕਸ ਥਰੋ (ਅੰਡਰ-19 ਲੜਕੇ) ਵਿੱਚੋਂ ਪਹਿਲਾ ਅਤੇ ਡਿਸਕਸ ਥਰੋ (ਅੰਡਰ-14, 17 ਲੜਕਿਆਂ) ਵਿੱਚੋਂ ਦੂਜਾ ਅਤੇ ਡਿਸਕਸ ਥਰੋ (ਅੰਡਰ-19) ਲੜਕਿਆਂ ਵਿੱਚੋਂ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਲੌਂਗ ਜੰਪ (ਅੰਡਰ-17 ਲੜਕੇ) ਵਿੱਚ ਤੀਸਰਾ ਸਥਾਨ, 100 ਮੀਟਰ ਦੌੜ (ਅੰਡਰ-17 ਲੜਕੇ) ਵਿੱਚ ਦੂਸਰਾ ਸਥਾਨ, 400 ਮੀਟਰ ਦੌੜ (ਅੰਡਰ-17) ਵਿੱਚ ਤੀਸਰਾ ਸਥਾਨ, 1500 ਮੀਟਰ ਦੌੜ (ਅੰਡਰ-17 ਲੜਕੇ) ਵਿੱਚ ਤੀਸਰਾ ਸਥਾਨ, 3000 ਮੀਟਰ (ਅੰਡਰ-17, 19) ਵਿੱਚ ਤੀਸਰਾ ਸਥਾਨ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ।ਆਪਣੀ ਖੁਸ਼ੀ ਜ਼ਾਹਰ ਕਰਦਿਆਂ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਪ੍ਰਿੰ. ਮਨੀਸ਼ਾ ਸੂਦ ਨੇ ਜੇਤੂਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਜੇਤੂ ਵਿਦਿਆਰਥੀ ਜ਼ਿਲ੍ਹਾ ਪੱਧਰੀ ਐਥਲੈਟਿਕ ਖੇਡਾਂ ਵਿੱਚ ਹਿੱਸਾ ਲੈਣਗੇ।

# ਖਾਲਸਾ ਅਕੈਡਮੀ ਨੇ ਜਿੱਤੀ ਨੈਸ਼ਨਲ ਹਾਕੀ ਚੈਂਪੀਅਨਸ਼ਿਪ

## ਦੇਸ਼ ਭਰ ਦੇ ਸੀ ਬੀ ਐੱਸ ਈ ਸਕੂਲਾਂ 'ਚੋਂ ਅੱਵਲ ਸਥਾਨ ਹਾਸਲ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਅਕੈਡਮੀ ਮਹਿਤਾ ਚੌਂਕ ਦੇ ਹਾਕੀ ਖਿਡਾਰੀਆਂ ਨੇ ਦੇਸ਼ ਭਰ ਦੇ ਸੀ. ਬੀ. ਐੱਸ. ਈ. ਸਕੂਲਾਂ ਵਿੱਚੋਂ ਅੰਡਰ 19 ਵਰਗ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ।ਖਾਲਸਾ ਅਕੈਡਮੀ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ ਨੇ ਦੱਸਿਆ ਕਿ ਸੀ. ਬੀ.ਐੱਸ. ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ 2024-25 ਸ਼੍ਰੀ ਭਵਨ ਭਾਰਤੀ ਪਬਲਿਕ ਸਕੂਲ ਭੋਪਾਲ ਵਿਖੇ 25 ਅਕਤੂਬਰ ਤੋਂ 29 ਅਕਤੂਬਰ ਤੱਕ ਕਰਵਾਈ ਗਈ ਜਿਸ ਵਿੱਚ ਪੂਰੇ ਭਾਰਤ ਦੇ ਸੀ. ਬੀ. ਐੱਸ. ਸੀ. ਸਕੂਲਾਂ ਦੀਆਂ 9 ਜ਼ੋਨਾਂ ਦੀਆਂ ਜੇਤੂ ਟੀਮਾਂ ਨੇ ਭਾਗ ਲਿਆ। ਕੁੱਲ 54 ਟੀਮਾਂ ਵਿੱਚੋਂ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਅਕੈਡਮੀ ਮਹਿਤਾ ਚੌਂਕ ਨੇ ਪਹਿਲਾ ਸਥਾਨ ਹਾਸਲ ਕੀਤਾ। ਕੋਚ ਸ ਬਲਜਿੰਦਰ ਸਿੰਘ ਦੀ ਅਗਵਾਈ ਹੇਠ ਅੰਡਰ 19 ਹਾਕੀ ਖਿਡਾਰੀਆਂ ਨੇ ਨੈਸ਼ਨਲ ਹਾਕੀ ਚੈਂਪੀਅਨਸ਼ਿਪ ਜਿੱਤ ਕੇ ਪਹਿਲਾ ਸਥਾਨ ਹਾਸਲ ਕੀਤਾ ਜਦੋ ਕਿ ਅੰਡਰ 17 ਹਾਕੀ ਖਿਡਾਰੀਆਂ ਨੇ ਨੈਸ਼ਨਲ ਹਾਕੀ ਚੈਂਪੀਅਨਸ਼ਿਪ ਵਿੱਚ ਦੂਜਾ ਸਥਾਨ ਹਾਸਲ ਕਰਕੇ ਖਾਲਸਾ ਅਕੈਡਮੀ ਦਾ ਨਾਮ ਰੌਸ਼ਨ ਕੀਤਾ।ਸਕੂਲ ਪਹੁੰਚਣ 'ਤੇ ਵਿਦਿਆਰਥੀਆਂ ਦਾ ਸਵਾਗਤ ਢੋਲ ਧਮੱਕੇ ਅਤੇ ਆਤਿਸ਼ਬਾਜ਼ੀ ਚਲਾ ਕੇ ਕੀਤਾ ਗਿਆ ਜਿਸ ਨਾਲ ਸਾਰੇ ਇਲਾਕੇ ਵਿੱਚ ਇੱਕ ਖੁਸ਼ੀ ਦੀ ਲਹਿਰ ਛਾ ਗਈ। ਇਸ ਖੁਸ਼ੀ ਦੇ ਮੌਕੇ ਤੇ ਸਕੂਲ ਦੇ ਡਾਇਰੈਕਟਰ/ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ, ਕਾਲਜ ਪ੍ਰਿੰ. ਗੁਰਦੀਪ ਸਿੰਘ ਰੰਧਾਵਾ, ਹਾਕੀ ਕੋਚ ਬਲਜਿੰਦਰ ਸਿੰਘ, ਮਨਮੀਤ ਸਿੰਘ, ਹਰਜੀਤ ਕੌਰ ਅਤੇ ਸਮੂਹ ਅਧਿਆਪਕ ਸਾਹਿਬਾਨ ਨੇ ਬੱਚਿਆਂ ਤੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।

# ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਵੱਲੋਂ ਸਤਿਸੰਗ ਸਮਾਗਮ ਆਯੋਜਿਤ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਦਿਵਯ ਜਯੋਤੀ ਜਾਗ੍ਰਿਤੀ ਸੰਸਥਾਨ ਦੁਆਰਾ ਤਰਨ ਤਾਰਨ ਆਸ਼ਰਮ ਅੰਦਰ ਸਤਿਸੰਗ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਆਸ਼ੂਤੋਸ਼ ਮਹਾਰਾਜ ਦੀ ਸ਼ਿਸ਼ਯਾ ਸਾਧਵੀ ਪਰਮਜੀਤ ਭਾਰਤੀ ਨੇ ਕਿਹਾ ਕਿ ਧਰਤੀ ਦਾ ਸਭ ਤੋਂ ਬੁੱਧੀਮਾਨ ਪ੍ਰਾਣੀ ਮਨੁੱਖ ਇਸ ਗੱਲ ਨੂੰ ਸਮਝਣ ਵਿੱਚ ਹਮੇਸ਼ਾ ਹੀ ਅਸਮਰਥ ਰਿਹਾ ਹੈ ਕਿ ਇਸ ਪੂਰੇ ਕੁਦਰਤੀ ਫੈਲਾਅ ਦੀ ਸਿਰਜਣਾ ਦਾ ਕੀ ਕਾਰਨ ਹੈ।ਇਸ ਵਿਸ਼ੇ ਦੀ ਅਣਸੁਲਝੀ ਗੁੱਥੀ ਨੇ ਸੰਸਾਰ ਅੰਦਰ ਬਹੁਤ ਸਾਰੀਆਂ ਵਿਚਾਰਧਾਵਾਂ ਨੂੰ ਜਨਮ ਦਿੱਤਾ।ਕੁਦਰਤੀ ਭੇਤਾਂ ਨੂੰ ਜਾਨਣ ਲਈ ਕੁਝ ਲੋਕਾਂ ਨੇ ਭੌਤਿਕਵਾਦ ਦਾ ਰਸਤਾ ਅਤੇ ਕੁਝ ਨੇ ਅਧਿਆਤਮਿਕਵਾਦ ਦਾ ਰਸਤਾ ਅਖਤਿਆਰ ਕੀਤਾ।ਅਧਿਆਤਮਿਕ ਵਿਚਾਰਧਾਰਾ ਅਨੁਸਾਰ ਇਸ ਸ੍ਰਿਸ਼ਟੀ ਦੀ ਰਚਨਾ ਅਤੇ ਸੰਚਾਲਨ ਦਾ ਆਧਾਰ ਇੱਕ ਸ਼ਕਤੀ (ਪਰਮਾਤਮਾ) ਹੈ। ਪਰੰਤੂ ਭੌਤਿਕਵਾਦੀ ਮੰਨਦੇ ਹਨ ਕਿ ਸ੍ਰਿਸ਼ਟੀ ਭੌਤਿਕ ਕਿਰਿਆਵਾਂ ਕਾਰਨ ਉਤਪੰਨ ਹੋਈ ਹੈ, ਜੋ ਇਸਦੇ ਵਿਗਿਆਨਿਕ ਆਧਾਰ ਨੂੰ ਨਹੀਂ ਸਮਝ ਪਾਉਂਦੇ।ਉਹ ਇਸ ਨੂੰ ਸ਼ਕਤੀ ਜਾਂ ਰੱਬ ਦੀ ਰਚਨਾ ਕਹਿੰਦੇ ਹਨ ਜੋ ਕਿ ਪੁਰਾਣੀ ਅਵਿਗਿਆਨਕ ਅਤੇ ਰੂੜੀਵਾਦੀ ਵਿਚਾਰਧਾਰਾ ਹੈ।ਇਸ ਤਰ੍ਹਾਂ ਸੰਸਾਰ ਅੰਦਰ ਆਸਤਕ ਅਤੇ ਨਾਸਤਕ ਦੋ ਤਰ੍ਹਾਂ ਦੀਆਂ ਵਿਚਾਰਧਾਰਾਵਾਂ ਨੇ ਜਨਮ ਲਿਆ।ਇਹ ਬਹਿਸ ਸਦੀਆਂ ਪੁਰਾਣੀ ਹੈ।ਅਜੋਕੇ ਦੌਰ ਵਿੱਚ ਵਿਗਿਆਨ ਦਾ ਪ੍ਰਭਾਵ ਵਧਣ ਕਾਰਨ ਲੋਕ ਨਾਸਤਕ ਪ੍ਰਵਿਰਤੀ ਦੇ ਧਾਰਨੀ ਹੁੰਦੇ ਜਾ ਰਹੇ ਹਨ।ਉਨਾਂ ਦਾ ਤਰਕ ਹੁੰਦਾ ਹੈ ਕਿ ਜਦ ਅਸੀਂ ਸਭ ਕੁਝ ਆਧੁਨਿਕ ਖੋਜਾਂ ਦੇ ਆਧਾਰ ਉਪਰ ਸਮਝਣ ਦੇ ਸਮਰੱਥ ਹਾਂ ਤਾਂ ਫਿਰ ਸਾਨੂੰ ਇਨ੍ਹਾਂ ਪੁਰਾਤਨ ਮਾਨਤਾਵਾਂ 'ਚੋਂ ਬਾਹਰ ਆਉਣਾ ਚਾਹੀਦਾ ਹੈ ਪਰੰਤੂ ਆਸਤਕ ਲੋਕਾਂ ਦਾ ਮੰਨਣਾ ਹੈ ਕਿ ਬੇਸ਼ਕ ਖੋਜਾਂ ਹੋਈਆਂ ਹਨ ਪ੍ਰੰਤੂ ਫਿਰ ਵੀ ਉਹ ਸ਼ਕਤੀ ਹੈ ਜਿਸ ਕਾਰਨ ਮਨੁੱਖੀ ਜੀਵਨ ਵਿੱਚ ਬਹੁਤ ਸਾਰੇ ਚਮਤਕਾਰ ਹੁੰਦੇ ਹਨ।ਬਹਿਸ ਉਸ ਸ਼ਕਤੀ ਨੂੰ ਮੰਨਣ ਜਾਂ ਨਾ ਮੰਨਣ ਦੀ ਨਹੀਂ ਹੈ, ਬਲਕਿ ਉਹ ਸ਼ਕਤੀ ਮੰਨਣ ਦਾ ਨਹੀਂ ਸਗੋਂ ਜਾਨਣ ਦਾ ਵਿਸ਼ਾ ਹੈ ਅਤੇ ਉਸ ਸ਼ਕਤੀ ਨੂੰ ਜਾਨਣਾ ਹੀ ਮਨੁੱਖਾ ਜੀਵਨ ਦਾ ਉਦੇਸ਼ ਹੈ।ਉਸ ਨੂੰ ਜਾਨਣ ਲਈ ਪੂਰਨ ਗੁਰੂ ਦੀ ਲੋੜ ਹੈ ਪ੍ਰੋਗਰਾਮ ਦੇ ਦੌਰਾਨ ਸਾਧਵੀ ਲਖਵਿੰਦਰ ਭਾਰਤੀ ਨੇ ਸ਼ਬਦ ਭਜਨਾਂ ਦਾ ਗਾਇਨ ਕੀਤਾ ।

# ਟਰੈਕਟਰ ਟਰਾਲੀ 'ਚੋਂ ਝੋਨੇ ਦੀਆਂ ਬੋਰੀਆਂ ਨਹਿਰ 'ਚ ਡਿਗੀਆਂ, ਜਾਨੀ ਨੁਕਸਾਨ ਹੋਣ ਤੋਂ ਬਚਾਅ

**ਗੁਰਦਾਸਪੁਰ, (ਜਨਕ ਮਹਾਜਨ)**- ਗੁਰਦਾਸਪੁਰ ਤੋਂ ਪੰਡੋਰੀ ਨੂੰ ਜਾਣ ਵਾਲੀ ਮੁੱਖ ਸੜਕ 'ਤੇ ਪੈਂਦੇ ਨਹਿਰ ਅੱਪਰ ਬਾਰੀ ਦੁਆਬ ਅੱਡਾ ਗਾਜ਼ੀਕੋਟ ਵਿਚ ਬੀਤੀ ਰਾਤ ਅਚਾਨਕ ਝੋਨੇ ਦੀ ਭਰੀ ਟਰੈਕਟਰ ਟਰਾਲੀ ਦਾ ਸੰਤੁਲਨ ਵਿਗੜਨ ਕਰਕੇ ਝੋਨੇ ਨਾਲ ਬੋਰੀਆਂ ਨਹਿਰ ਵਿਚ ਡਿੱਗ ਪਈਆਂ ਪਰ ਜਾਨੀ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ। ਮੌਕੇ 'ਤੇ ਇਕੱਤਰ ਕੀਤੀ ਜਾਣਕਾਰੀ ਅਨੁਸਾਰ ਗੁਰਦਾਸਪੁਰ ਵਾਲੀ ਸਾਈਡ ਤੋਂ ਆਉਂਦੀ ਝੋਨੇ ਨਾਲ ਭਰੀ ਟਰਾਲੀ ਜਦੋਂ ਨਹਿਰ ਦੇ ਪੁਲ ਤੋਂ ਲੰਘਣ ਲੱਗੀ ਤਾਂ ਠੇਕੇਦਾਰ ਵੱਲੋਂ ਸੜਕ 'ਤੇ ਮਿੱਟੀ ਪਾਈ ਹੋਈ ਹੈ ਜਿਸ ਵਿਚ ਧਸਣ ਕਰਕੇ ਟਰੈਕਟਰ ਟਰਾਲੀ ਪਲਟ ਗਈ ਅਤੇ ਸੈਂਕੜੇ ਬੋਰੀਆਂ ਨਹਿਰ ਵਿਚ ਡਿਗ ਗਈਆਂ। ਇਸ ਨਾਲ ਆਵਾਜਾਈ ਵੀ ਕਾਫ਼ੀ ਪ੍ਰਭਾਵਿਤ ਹੋਈ। ਇਸ ਦੌਰਾਨ ਟਰੈਕਟਰ ਮਾਲਕ ਨੇ ਆਪਣੇ ਪੱਧਰ 'ਤੇ ਜੇ. ਸੀ. ਬੀ. ਮਸ਼ੀਨ ਮੰਗਵਾ ਕੇ ਪਲਟੇ ਟਰੈਕਟਰ ਟਰਾਲੀ ਨੂੰ ਸਿੱਧਾ ਕਰਵਾਇਆ ਅਤੇ ਦੂਜੇ ਟਰੈਕਟਰ ਟਰਾਲੀ ਰਾਹੀਂ ਮਾਲ ਲੋਡ ਕਰਵਾ ਕੇ ਸੁੱਰਖਿਅਤ ਥਾਂ 'ਤੇ ਪਹੁੰਚਾਇਆ। ਇਥੇ ਜ਼ਿਕਰਯੋਗ ਹੈ ਕਿ ਜੇਕਰ ਨਹਿਰ ਵਿਚ ਪਾਣੀ ਹੁੰਦਾ ਤਾਂ ਕਾਫ਼ੀ ਨੁਕਸਾਨ ਹੋ ਸਕਦਾ ਸੀ ਪਰ ਨਹਿਰ ਸੁੱਕੀ ਹੋਣ ਕਰਕੇ ਝੋਨੇ ਦਾ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ। ਹਾਦਸੇ ਵਾਲੀ ਜਗ੍ਹਾ 'ਤੇ ਸ਼ਾਲਾ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਆਵਾਜਾਈ ਬਹਾਲ ਕਰਵਾਈ। ਇਲਾਕੇ ਦੇ ਨਵੇਂ ਚੁਣੇ ਗਏ ਪੰਚਾਂ, ਸਰਪੰਚਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਹੈ ਕਿ ਠੇਕੇਦਾਰ ਨੂੰ ਹਦਾਇਤਾਂ ਜਾਰੀ ਕਰਕੇ ਕਮਾਦ ਦੇ ਸੀਜ਼ਨ ਤੋਂ ਪਹਿਲਾਂ ਨਹਿਰ 'ਤੇ ਬਣ ਰਹੇ ਪੁਲ ਨੂੰ ਜਲਦ ਤਿਆਰ ਕਰਵਾਇਆ ਜਾਵੇ ਤਾਂ ਜੋ ਗੰਨਾ ਕਾਸ਼ਤਕਾਰਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।



# ਭਾਈ ਗੁਰਦਾਸ ਸਕੂਲ ਲੱਖਣ ਕਲਾਂ 'ਚ ਕਰਵਾਏ ਲਿਖਾਈ ਮੁਕਾਬਲੇ



**ਕਲਾਨੌਰ (ਮਨਦੀਪ ਕੋਹਲੀ)**-ਭਾਈ ਗੁਰਦਾਸ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਵਿੱਚ 14 ਨਵੰਬਰ ਨੂੰ ਮਨਾਏ ਜਾ ਰਹੇ ਬਾਲ ਦਿਵਸ ਨਾਲ ਦੇ ਸਬੰਧ ਵਿੱਚ ਵੱਖ-ਵੱਖ ਮੁਕਾਬਲੇ ਕਰਾਏ ਜਾ ਰਹੇ ਹਨ ਜਿਸ ਵਿੱਚ ਵਿਦਿਆਰਥੀਆਂ ਵੱਲੋਂ ਬੜੇ ਜੋਸ਼ ਹੋਰ ਦੇ ਨਾਲ ਹਿੱਸਾ ਲਿਆ ਜਾ ਰਿਹਾ ਹੈ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਬਲਬੀਰ ਸਿੰਘ ਕਾਹਲੋਂ ਦੇ ਦਿਸ਼ਾ ਨਿਰਦੇਸ਼ ਅਤੇ ਪ੍ਰਿੰਸੀਪਲ ਮੈਡਮ ਬਲਜਿੰਦਰ ਕੌਰ ਕਾਹਲੋਂ ਦੀ ਅਗਵਾਈ ਵਿੱਚ ਸਕੂਲ ਦੀ ਹੈੱਡ ਗਰਲ ਜਸ਼ਨਪ੍ਰੀਤ ਕੌਰ ਦੀ ਨਿਗਰਾਨੀ ਵਿੱਚ ਅੱਜ ਵਿਦਿਆਰਥੀਆਂ ਦੇ ਲਿਖਾਈ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਲੜਕੀਆਂ ਨੇ ਹਿੱਸਾ ਲਿਆ, ਜਿਸ ਦੇ ਵਿੱਚ ਤਿੰਨੋ ਭਾਸ਼ਾਵਾਂ ਇੰਗਲਿਸ਼, ਪੰਜਾਬੀ ਅਤੇ ਹਿੰਦੀ ਦੇ ਮੁਕਾਬਲੇ ਕਰਾਏ ਗਏ। ਸੀਨੀਅਰ ਸੈਕੰਡਰੀ ਗਰੁੱਪ ਨੂੰ ਇੰਗਲਿਸ਼ ਤੇ ਪ੍ਰਾਇਮਰੀ ਗਰੁੱਪ ਨੂੰ ਵੀ ਇੰਗਲਿਸ਼ ਦਾ ਮੁਕਾਬਲਾ ਦਿੱਤਾ ਗਿਆ। ਹਾਈ ਗਰੁੱਪ ਨੂੰ ਹਿੰਦੀ ਦਾ ਮੁਕਾਬਲਾ ਦਿੱਤਾ ਗਿਆ ਅਤੇ ਮਿਡਲ ਸੈਕਸ਼ਨ ਨੂੰ ਪੰਜਾਬੀ ਲਿਖਾਈ ਦਾ ਮੁਕਾਬਲਾ ਦਿੱਤਾ।ਜੇਤੂ ਰਹਿਣ ਵਾਲੇ ਬੱਚਿਆਂ ਨੂੰ ਨਕਦ ਇਨਾਮ ਪ੍ਰਿੰਸੀਪਲ ਮੈਡਮ ਬਲਜਿੰਦਰ ਕੌਰ ਵੱਲੋਂ ਦਿੱਤੇ ਗਏ।ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਵੱਖ-ਵੱਖ ਕੈਪਟਨ ਵੀ ਸਨਮਾਨਿਤ ਕੀਤੇ ਗਏ ।

## ਕਲਾਨੌਰ ਦੇ ਨੌਜਵਾਨ ਦੀ ਕੈਨੇਡਾ 'ਚ ਡੁੱਬਣ ਨਾਲ ਮੌਤ



**ਕਲਾਨੌਰ (ਮਨਦੀਪ ਕੋਹਲੀ)**-ਸਰਹੱਦੀ ਕਸਬਾ ਕਲਾਨੌਰ ਦੇ ਇੱਕ ਨੌਜਵਾਨ ਜ਼ੋਰਾਵਰ ਸਿੰਘ ਦੀ ਕੈਨੇਡਾ ਵਿਚ ਝੀਲ 'ਚ ਡੁੱਬਣ ਕਾਰਨ ਮੌਤ ਹੋਣ ਦਾ ਦਰਦਨਾਕ ਸਮਾਚਾਰ ਪ੍ਰਾਪਤ ਹੋਇਆ ਹੈ।ਇਸ ਦੁਖਦਾਈ ਘਟਨਾ ਦੀ ਸੂਚਨਾ ਮਿਲਦੇ ਹੀ ਮ੍ਰਿਤਕ ਨੌਜਵਾਨ ਦੇ ਪਰਿਵਾਰਿਕ ਮੈਂਬਰਾਂ ਅਤੇ ਇਲਾਕੇ ਦੇ ਲੋਕਾਂ 'ਚ ਭਾਰੀ ਸ਼ੋਕ ਦੀ ਲਹਿਰ ਪਾਈ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮ੍ਰਿਤਕ ਨੌਜਵਾਨ ਜ਼ੋਰਾਵਰ ਸਿੰਘ (23) ਪੁੱਤਰ ਮਨੋਹਰ ਲਾਲ ਨਿਵਾਸੀ ਕਲਾਨੌਰ ਦੇ ਰਿਸ਼ਤੇਦਾਰ ਜਥੇਦਾਰ ਰਣਜੀਤ ਸਿੰਘ ਨੇ ਦੱਸਿਆ ਕਿ ਕਰੀਬ ਤਿੰਨ ਸਾਲ ਪਹਿਲਾਂ ਜ਼ੋਰਾਵਰ ਸਿੰਘ ਕੈਨੇਡਾ ਗਿਆ ਸੀ ਪ੍ਰੰਤੂ ਪਿਛਲੇ ਕੁਝ ਦਿਨਾਂ ਤੋਂ ਮਾਨਸਿਕ ਪ੍ਰੇਸ਼ਾਨ ਰਹਿੰਦਾ ਸੀ।ਸਾਨੂੰ ਅੱਜ ਕੈਨੇਡਾ ਤੋਂ ਸੂਚਨਾ ਮਿਲੀ ਸੀ ਕਿ ਜ਼ੋਰਾਵਰ ਸਿੰਘ ਦੀ ਝੀਲ 'ਚ ਡੁੱਬਣ ਨਾਲ ਮੌਤ ਹੋ ਗਈ ਹੈ।ਇਲਾਕੇ ਦੇ ਰਾਜਨੀਤਕ, ਧਾਰਮਿਕ, ਸਮਾਜਿਕ, ਮੋਹਤਬਰ ਅਤੇ ਆਮ ਲੋਕਾਂ ਵਲੋਂ ਮ੍ਰਿਤਕ ਜ਼ੋਰਾਵਰ ਸਿੰਘ ਦੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਜਾ ਰਿਹਾ ਹੈ।

## ਪਰਾਲੀ ਨੂੰ ਅੱਗ ਲਗਾਉਣ ਵਾਲੇ ਦੋ ਕਿਸਾਨਾਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਘੁੰਮਣ ਕਲਾ ਪੁਲਸ ਨੂੰ ਅਨੁਜ ਕੁਮਾਰ ਪਰਾਸਰ ਕਲੱਸਟਰ ਅਫਸਰ ਸਟੱਬਲ ਬਰਨਿੰਗ ਬਲਾਕ ਧਾਰੀਵਾਲ ਨੇ ਦਿੱਤੀ ਸੂਚਨਾ ਵਿਚ ਦੱਸਿਆ ਕਿ 2 ਨਵੰਬਰ ਨੂੰ ਪਿੰਡ ਕੂੰਜਰ ਵਿਚ ਪੀ. ਆਰ. ਐੱਸ. ਸੀ. ਤੋਂ ਪ੍ਰਾਪਤ ਲੋਕੇਸ਼ਨ ਦੇ ਅਨੁਸਾਰ ਅੱਗ ਲੱਗਣ ਸਬੰਧੀ ਪਤਾ ਲੱਗਾ ਹੈ ਕਿ ਕਿਸਾਨ ਬਲਕਾਰ ਸਿੰਘ ਪੁੱਤਰ ਬੂਰ ਸਿੰਘ ਵਾਸੀ ਸੁਖਾਰਾਜੂ ਨੇ ਝੋਨੇ ਦੀ ਪਰਾਲੀ ਨੂੰ ਅੱਗ ਲਗਾ ਕੇ ਮਾਨਯੋਗ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਹੁਕਮਾਂ ਦੀ ਉਲੰਘਣਾ ਕੀਤੀ ਹੈ। ਇਸੇ ਤਰ੍ਹਾਂ ਥਾਣ ਕਲਾਨੌਰ ਪੁਲਸ ਨੂੰ ਕਲੱਸਟਰ ਅਫਸਰ ਸਟੱਬਲ ਬਰਨਿੰਗ ਬਲਾਕ ਕਲਾਨੌਰ ਨੇ ਦਿੱਤੀ ਸੂਚਨਾ ਵਿਚ ਦੱਸਿਆ ਕਿ 2 ਨਵੰਬਰ ਨੂੰ ਪਿੰਡ ਡੇਹਰੀਵਾਲ ਕਿਰਨ ਵਿੱਚ ਪੀ. ਆਰ. ਐੱਸ. ਸੀ. ਤੋਂ ਪ੍ਰਾਪਤ ਲੋਕੇਸਨ ਦੇ ਅਨੁਸਾਰ ਅੱਗ ਲੱਗਣ ਸਬੰਧੀ ਪਤਾ ਲੱਗਾ ਹੈ ਕਿ ਕਿਸਾਨ ਮੁਹਿੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਡੇਹਰੀਵਾਲ ਕਿਰਨ ਥਾਣਾ ਕਲਾਨੌਰ ਨੇ ਝੋਨੇ ਦੀ ਪਰਾਲੀ ਨੂੰ ਅੱਗ ਲਗਾ ਕੇ ਮਾਨਯੋਗ ਡਿਪਟੀ ਕਮਿਸ਼ਨਰ ਸਾਹਿਬ ਗੁਰਦਾਸਪੁਰ ਦੇ ਹੁਕਮਾਂ ਦੀ ਉਲੰਘਣਾ ਕੀਤੀ ਹੈ। ਪੁਲਸ ਨੇ ਉਕਤ ਕਿਸਾਨ ਖ਼ਿਲਾਫ਼ ਜ਼ੇਰੇ ਧਾਰਾ 223 ਬੀ. ਐੱਨ. ਐੱਸ. ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਪਹਿਲੇ ਪਾਤਸ਼ਾਹ ਦੇ 555ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 5ਵਾਂ ਕਥਾ ਕੀਰਤਨ ਦਰਬਾਰ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਆ ਰਹੇ 555ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 5ਵਾਂ ਕਥਾ ਕੀਰਤਨ ਦਰਬਾਰ ਦਾ ਰਾਇਲ ਸਟਾਰ ਕਲੱਬ ਰਜਿ: ਅਤੇ ਸਬ ਤਹਿਸੀਲ ਝਬਾਲ ਦੇ ਵਸੀਕਾ ਨਵੀਸ ਤੇ ਟਾਈਪਿਸਟਾਂ ਵੱਲੋਂ ਕਸਬਾ ਝਬਾਲ ਦੀਆਂ ਸੰਗਤਾਂ ਦੇ ਪੂਰਨ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਸਤਿਕਾਰ ਤੇ ਉਤਸ਼ਾਹ ਨਾਲ ਕਰਵਾਇਆ।

ਜੁੱਗੋ ਜੁੱਗ ਅਟੱਲ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਕੀਰਤਨ ਦਰਬਾਰ ਮੌਕੇ ਭਾਈ ਬਲਦੇਵ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਜਗਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਦਵਿੰਦਰ ਸਿੰਘ ਹਜ਼ੂਰੀ ਰਾਗੀ ਬਾਬਾ ਬੁੱਢਾ ਜੀ ਬੀੜ ਸਾਹਿਬ ਵਾਲਿਆਂ ਨੇ ਜਿੱਥੇ ਸੰਗਤਾਂ ਨੂੰ ਸ਼ਬਦ ਕੀਰਤਨ ਨਾਲ ਨਿਹਾਲ ਕੀਤਾ ਉਥੇ ਹੀ ਉਘੇ ਕਥਾਵਾਚਕ ਗਿਆਨੀ ਜਸਵੰਤ ਸਿੰਘ ਪ੍ਰਵਾਨਾ ਵੱਲੋਂ ਕਥਾ ਕਰਦਿਆਂ ਸੰਗਤਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਦਰਸਾਏ ਮਾਰਗ ਤੇ ਚੱਲਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸੰਤ ਮਹਾਂਪੁਰਸ਼ ਜਥੇਦਾਰ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ ਮੌਜੂਦਾ 12ਵੇਂ ਮੁਖੀ ਸੰਪ੍ਰਦਾਇ ਦਲ ਪੰਥ ਬਾਬਾ ਬਿਧੀ ਚੰਦ ਜੀ ਸੁਰਸਿੰਘ ਵਾਲਿਆਂ ਦੇ ਭਜੁੰਗੀ ਬਾਬਾ ਪ੍ਰੇਮ ਸਿੰਘ ਸੁਰਸਿੰਘ,ਸੰਤ ਬਾਬਾ ਕਸ਼ਮੀਰ ਸਿੰਘ,ਬਾਬਾ ਸੁਖਵਿੰਦਰ ਸਿੰਘ ਸੰਪ੍ਰਦਾਇ ਕਾਰ ਸੇਵਾ ਡੇਰਾ ਭੂਰੀ ਵਾਲੇ ਅੰਮ੍ਰਿਤਸਰ ਵੱਲੋਂ ਬਾਬਾ ਸੋਹਣ ਸਿੰਘ ਬੀੜ ਸਾਹਿਬ, ਗੁ: ਬਾਬਾ ਬੁੱਢਾ ਜੀ ਬੀੜ ਸਾਹਿਬ ਦੇ ਹੈੱਡ ਗ੍ਰੰਥੀ ਸਹਿਬਾਨ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ, ਭਾਈ ਰਣਧੀਰ ਸਿੰਘ ਝਬਾਲ ਪ੍ਰਧਾਨ ਸ਼੍ਰੋਮਣੀ ਅਖੰਡ ਪਾਠੀ ਵੈੱਲਫੇਅਰ ਸੁਸਾਇਟੀ ਬਾਬਾ ਬੁੱਢਾ ਜੀ, ਜਨਰਲ ਸਕੱਤਰ ਪ੍ਰਮਜੀਤ ਸਿੰਘ ਲਾਡੀ ਝਬਾਲ, ਬਾਬਾ ਗੁਰਸੇਵਕ ਸਿੰਘ ਮੁੱਖ ਸੇਵਾਦਾਰ ਗੁ ਮਾਤਾ ਭਾਗ ਕੌਰ ਜੀ ਝਬਾਲ, ਚੇਅਰਮੈਨ ਰਮਨ ਕੁਮਾਰ, ਸਾਬਕਾ ਵਾਇਸ ਚੇਅਰਮੈਨ ਗੁਰਬੀਰ ਸਿੰਘ ਝਬਾਲ, ਜ਼ਿਲਾ ਪ੍ਰੀਸ਼ਦ ਮੈਂਬਰ ਮੋਨੂੰ ਚੀਮਾ, ਸਾਬਕਾ ਸਰਪੰਚ ਜੱਗਾ ਸਵਰਗਾਪੁਰੀ, ਗੁਰਜੀਤ ਸਿੰਘ ਲੱਕੀ, ਬਲਵਿੰਦਰ ਸਿੰਘ ਝਬਾਲ ਖਾਲੜਾ ਮਿਸ਼ਨ, ਰਣਜੀਤ ਸਿੰਘ ਰਾਣਾ ਝਬਾਲ ਆਪ ਆਗੂ, ਮਾਣਕ ਸਿੰਘ ਹੈਪੀ,ਬੀ ਐਸ ਟੇਲਰਜ਼, ਕੁਲਬੀਰ ਸਿੰਘ, ਡਾ. ਬਲਜੀਤ ਸਿੰਘ ਸੂਰਤਾ ਸਿੰਘ ਹਸਪਤਾਲ, ਗੁਰਜੀਤ ਸਿੰਘ ਲੱਕੀ ਟੈਂਟ ਹਾਊਸ ਝਬਾਲ, ਕਰਤਾਰ ਸਿੰਘ, ਮਨਜਿੰਦਰ ਸਿੰਘ ਲਹਿਰੀ, ਬਲਦੇਵ ਸਿੰਘ ਝਬਾਲ, ਜੋਗਿੰਦਰ ਸਿੰਘ ਧਾਮੀ,ਪੱਤਰਕਾਰ ਹਰਦੀਪ ਸਿੰਘ ਝਬਾਲ ਪ੍ਰਧਾਨ ਪ੍ਰੈੱਸ ਫ਼ੀਲਡ ਜਰਨਲਿਸਟ ਐਸੋਸੀਏਸ਼ਨ ਸਰਕਲ ਝਬਾਲ, ਮੀਤ ਪ੍ਰਧਾਨ ਰਜਿੰਦਰ ਕੁਮਾਰ ਅਤੇ ਪੱਤਰਕਾਰ ਤੇਜਿੰਦਰ ਸਿੰਘ ਬੱਬੂ, ਜੱਗਾ, ਜਸਵਿੰਦਰ ਸਿੰਘ ਸਮੇਤ ਪੁੱਜੀਆਂ ਧਾਰਮਿਕ ਤੇ ਸਿਆਸੀ ਸਖ਼ਸ਼ੀਅਤਾਂ ਨੂੰ ਪ੍ਰਬੰਧਕਾਂ ਵੱਲੋਂ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਉ ਤੇ ਯਾਦਗਾਰੀ ਤਸਵੀਰ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੁੰਦਰ ਦੀਪਮਾਲਾ ਕਰਨ ਦੇ ਨਾਲ-ਨਾਲ ਸੰਗਤਾਂ ਲਈ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ।

# ਮੱਤੇਵਾਲ 'ਚ ਪੰਚਾਇਤੀ ਚੋਣ ਦੌਰਾਨ 'ਆਪ' ਨੇ ਇਤਿਹਾਸ ਰਚਿਆ : ਗਿੱਲ, ਮਜੀਠੀਆ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**—ਜ਼ਿਲਾ ਅੰਮ੍ਰਿਤਸਰ ਦਾ ਇਤਿਹਾਸਕ ਪਿੰਡ ਜਿਥੇ ਪੰਚਾਇਤੀ ਚੋਣਾਂ ਦੌਰਾਨ ਇਕ ਪਰਿਵਾਰ ਦਾ ਲੰਬਾ ਸਮਾਂ ਕਬਜ਼ਾ ਰਿਹਾ ਸੀ ਪਰ ਇਸ ਵਾਰ ਆਮ ਆਦਮੀ ਪਾਰਟੀ ਦੇ ਜੁਝਾਰੂ ਵਰਕਰਾਂ ਵਲੋਂ ਆਮ ਆਦਮੀ ਪਾਰਟੀ ਦੀ ਪੰਚਾਇਤ ਭਾਰੀ ਬਹੁਮਤ ਨਾਲ ਜਿਤਾ ਕੇ ਇਕ ਇਤਿਹਾਸ ਰਚ ਦਿੱਤਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੀਨੀਅਰ ਆਪ ਆਗੂ ਤਲਬੀਰ ਸਿੰਘ ਗਿੱਲ ਅਤੇ ਯੂਥ ਆਗੂ ਅਕਾਸ਼ ਮਜੀਠੀਆ ਵਲੋਂ ਪਿੰਡ ਮੱਤੇਵਾਲ ਵਿਖੇ ਨਵ ਨਿਯੁਕਤ ਹੋਈ ਪੰਚਾਇਤ ਦੇ ਸਨਮਾਨ ਵਿੱਚ ਕੀਤੇ ਗਏ ਇੱਕ ਵਿਸ਼ੇਸ਼ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਪਿੰਡ ਮੱਤੇਵਾਲ ਨੂੰ ਗ੍ਰਾਂਟਾਂ ਦੇ ਵੀ ਗੱਫੇ ਇਤਿਹਾਸ ਦਿੱਤੇ ਜਾਣਗੇ ਤਾਂ ਜੋ ਪਿੰਡ ਵਿਕਾਸ ਕਾਰਜਾਂ 'ਚ ਪਹਿਲੇ ਨੰਬਰ 'ਤੇ ਆ ਸਕੇ।ਇਸ ਮੌਕੇ ਉਨ੍ਹਾਂ ਵਲੋਂ ਸਮੁੱਚੀ ਪੰਚਾਇਤ ਸਰਪੰਚ ਸੁਖਵਿੰਦਰ ਕੌਰ, ਪੰਚ ਬਲਜੀਤ ਕੌਰ, ਸਵਿੰਦਰ ਕੌਰ, ਪਲਵਿੰਦਰ ਕੌਰ, ਮਨਦੀਪ ਕੌਰ, ਮਨਜੀਤ ਕੌਰ, ਬਲਦੇਵ ਸਿੰਘ, ਡਾ. ਬਲਵਿੰਦਰ ਸਿੰਘ, ਬਲਬੀਰ ਸਿੰਘ, ਜਸਪਾਲ ਸਿੰਘ ਆਦਿ ਪੰਚਾਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੀਨੀਅਰ ਆਗੂ ਪਰਮਜੀਤ ਸਿੰਘ ਦੁਬਈ ਵਾਲਿਆਂ ਨੇ ਪੰਚਾਇਤ ਦੀ ਹਾਜ਼ਰੀ 'ਚ ਇਕ ਮਤਾ ਪਾਇਆ ਕਿ ਜੋ ਵੀ ਨਸ਼ੇ ਅਤੇ ਚਾਈਨਾਂ ਡੋਰ ਦਾ ਕਾਰੋਬਾਰ ਕਰਦਾ ਫੜਿਆ ਗਿਆ ਤਾਂ ਉਸਦੀ ਕੋਈ ਵੀ ਪਿੰਡ ਦਾ ਵਿਅਕਤੀ ਜ਼ਮਾਨਤ ਨਹੀਂ ਦੇਵੇਗਾ ਜਿਸ 'ਤੇ ਪਿੰਡ ਵਾਸੀਆਂ ਵਲੋਂ ਸਹਿਮਤੀ ਪ੍ਰਗਟਾਈ ਗਈ।ਉਨ੍ਹਾਂ ਕਿਹਾ ਕਿ ਆਏ ਦਿਨ ਨਸ਼ਿਆਂ ਦੇ ਕਾਰਨ ਨੌਜਵਾਨਾਂ ਦੀ ਮੌਤ ਹੋ ਰਹੀ ਹੈ ਅਤੇ ਚਾਈਨਾ ਡੋਰ ਦੇ ਕਾਰਨ ਵੀ ਵੱਡੇ ਹਾਦਸੇ ਹੋ ਰਹੇ ਹਨ। ਇਸ ਮੌਕੇ ਬਲਕਾਰ ਸਿੰਘ ਪੀਬੀਐੱਸ ਵਾਲੇ , ਗੁਰਬੀਰ ਸਿੰਘ ਮੱਤੇਵਾਲ, ਸੁਲੱਖਣ ਸਿੰਘ ਬੱਬਰ ਮੱਤੇਵਾਲ, ਡਾ. ਸੁਖਵਿੰਦਰ ਸਿੰਘ, ਗੁਰਮੁੱਖ ਸਿੰਘ, ਹਰਕੇਸ਼ ਸਿੰਘ, ਜਗੀਰ ਸਿੰਘ, ਹਰਪਿੰਦਰ ਸਿੰਘ, ਤਰਸੇਮ ਸਿੰਘ, ਕਾਵਲ ਸਿੰਘ ਮਜੀਠੀਆ, ਸੰਤੋਖ ਸਿੰਘ, ਬਲਦੇਵ ਸਿੰਘ, ਮਨੀ ਸਿੰਘ, ਬਲਜਿੰਦਰ ਸਿੰਘ ਪੀਏ, ਦਿਲਬਾਗ ਸਿੰਘ ਵਡਾਲੀ, ਨਰਿੰਦਰ ਸਿੰਘ ਫੌਜੀ, ਗੁਰਸੇਵਕ ਸਿੰਘ, ਡਾ. ਬਲਵਿੰਦਰ ਸਿੰਘ,ਹਰਜੀਤ ਸਿੰਘ ਰਾਣਾ, ਸਤਨਾਮ ਸਿੰਘ ਪੀਬੀਐੱਸ ਵਾਲੇ, ਸਤਿੰਦਰਪਾਲ ਸਿੰਘ, ਠੇਕੇਦਾਰ ਬਿੱਟੂ ਆਦਿ ਵੱਡੀ ਗਿਣਤੀ 'ਚ ਪਿੰਡ ਵਾਸੀ ਹਾਜ਼ਰ ਸਨ।

## ਸ਼ਹੀਦ ਏ ਆਜ਼ਮ ਭਗਤ ਸਿੰਘ ਯਾਦਗਾਰੀ ਫੁੱਟਬਾਲ ਟੂਰਨਾਮੈਂਟ 5 ਤੋਂ 10 ਦਸੰਬਰ ਤੱਕ



**ਬੰਗਾ (ਅਵਤਾਰ ਕਲੇਰ)**-26 ਵਾਂ ਰਾਜ ਪੱਧਰੀ ਸ਼ਹੀਦ ਏ ਆਜ਼ਮ ਭਗਤ ਸਿੰਘ ਯਾਦਗਾਰੀ ਫੁੱਟਬਾਲ ਟੂਰਨਾਮੈਂਟ ਜੋ ਕਿ ਹਰ ਵਾਰ ਦੀ ਤਰ੍ਹਾਂ 5 ਤੋਂ 10 ਦਸੰਬਰ ਤੱਕ ਸਿੱਖ ਨੈਸ਼ਨਲ ਕਾਲਜ ਬੰਗਾ ਦੀ ਗਰਾਊਂਡ ਵਿਖੇ ਕਰਵਾਇਆ ਜਾ ਰਿਹਾ ਹੈ।ਜਿਸ ਦੀਆਂ ਤਿਆਰੀਆਂ ਸੰਬੰਧੀ ਸ਼ਹੀਦ ਏ ਆਜ਼ਮ ਸ.ਭਗਤ ਸਿੰਘ ਯਾਦਗਾਰੀ ਟੂਰਨਾਮੈਂਟ ਕਮੇਟੀ ਦੀ ਪਹਿਲੀ ਮੀਟਿੰਗ ਹਰਦੇਵ ਸਿੰਘ ਕਾਹਮਾ ਦੀ ਪ੍ਰਧਾਨਗੀ ਵਿਚ ਸਿੱਖ ਨੈਸ਼ਨਲ ਕਾਲਜ ਬੰਗਾ ਵਿਖੇ ਕੀਤੀ ਗਈ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਕਮੇਟੀ ਦੇ ਪ੍ਰਬੰਧਕੀ ਸਕੱਤਰ ਹਰਜੀਤ ਸਿੰਘ ਮਾਹਲ ਅਤੇ ਪ੍ਰੈਸ ਸਕੱਤਰ ਤਲਵਿੰਦਰ ਸ਼ੇਰਗਿੱਲ ਨੇ ਦੱਸਿਆ ਕਿ ਇਸ ਵਾਰ ਦਾ ਟੂਰਨਾਮੈਂਟ ਸਦੀਵੀਂ ਵਿਛੋੜਾ ਦੇ ਗਏ ਪ੍ਰਸਿੱਧ ਸਹਿਤ ਪ੍ਰੇਮੀ ਅਤੇ ਫੁੱਟਬਾਲ ਕਮੇਟੀ ਵਿੱਚ ਲੰਮਾ ਸਮਾਂ ਪ੍ਰੈਸ ਸਕੱਤਰ ਵਜੋਂ ਸੇਵਾਵਾਂ ਨਿਭਾਉਣ ਵਾਲੇ ਮਰਹੂਮ ਮਾ. ਹਰਬੰਸ ਹੀਓਂ ਨੂੰ ਸਮਰਪਿਤ ਕੀਤਾ ਜਾਵੇਗਾ।

# ਚਿਤੌੜਗੜ੍ਹ ਤੋਂ ਜ਼ਿਲੇ 'ਚ ਇੰਨ ਸੀਟੂ ਵਿਧੀ ਨਾਲ ਕਣਕ ਦੀ ਬਿਜਾਈ ਦੀ ਸ਼ੁਰੂਆਤ

## ਡਿਪਟੀ ਕਮਿਸ਼ਨਰ ਵੱਲੋਂ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਕਿਸਾਨਾਂ ਨੂੰ ਅਪੀਲ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਵੱਲੋਂ ਖੁਦ ਸੁਪਰਸੀਡਰ ਰਾਹੀਂ ਬਲਾਕ ਫਤਿਹਗੜ ਚੂੜੀਆਂ ਦੇ ਪਿੰਡ ਚਿਤੌੜਗੜ (ਪਿੰਡੀ) ਵਿਖੇ ਕਿਸਾਨ ਜੋਗਾ ਸਿੰਘ ਪੁੱਤਰ ਲਖਬੀਰ ਸਿੰਘ ਅਤੇ ਦਿਲਾਵਰ ਸਿੰਘ ਪੁੱਤਰ ਪਰਮਜੀਤ ਸਿੰਘ ਦੇ ਖੇਤ ਵਿੱਚ ਇੰਨ ਸੀਟੂ ਵਿਧੀ ਨਾਲ ਝੋਨੇ ਦੀ ਫਸਲ ਦੀ ਰਹਿੰਦ-ਖੂੰਹਦ ਨੂੰ ਪੈਲੀ ਵਿੱਚ ਹੀ ਵਹਾ ਕੇ ਕਣਕ ਦੀ ਬਿਜਾਈ ਦੀ ਸ਼ੁਰੂਆਤ ਕਰਵਾਈ ਗਈ।ਇਸ ਮੌਕੇ ਸੁਰਿੰਦਰ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ, ਵੀਰਪਾਲ ਕੌਰ ਐਸ.ਡੀ.ਐਮ ਫਤਿਹਗੜ ਚੂੜੀਆਂ ਅਤੇ ਨਾਇਬ ਤਹਿਸੀਲਦਾਰ ਕਮਲਪ੍ਰੀਤ ਸਿੰਘ ਵੀ ਮੌਜੂਦ ਸਨ।ਡੀਸੀ ਵਲੋਂ ਪਿੰਡ ਠੱਠਾ, ਪਿੰਡੀ, ਮਾਨ ਖਹਿਰਾ ਭਾਲੋਵਾਲੀ ਤੇ ਚਿਤੌੜਗੜ ਪਿੰਡਾਂ ਦਾ ਦੌਰਾ ਕਰਕੇ ਇੰਨ ਸੀਟੂ ਤਰੀਕੇ ਨਾਲ ਕਣਕ ਦੀ ਬਿਜਾਈ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਵਲੋਂ ਅਗਾਂਹਵਧੂ ਕਿਸਾਨ ਜੋਗਾ ਸਿੰਘ ਤੇ ਦਿਲਾਵਰ ਸਿੰਘ ਵਲੋਂ ਇੰਨ ਸੀਟੂ ਤਰੀਕੇ ਨਾਲ ਕਣਕ ਦੀ ਬਿਜਾਈ ਕਰਨ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਕਿਸਾਨਾਂ ਵਲੋਂ ਝੋਨੇ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾ ਕੇ ਪੈਲੀ ਵਿੱਚ ਹੀ ਵਹਾ ਕੇ ਕਣਕ ਬੀਜੀ ਜਾ ਰਹੀ ਹੈ, ਜੋ ਹੋਰਨਾਂ ਕਿਸਾਨਾਂ ਲਈ ਵੱਡੀ ਮਿਸਾਲ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਉਹ ਖੁਦ ਪਿਛਲੇ ਕਰੀਬ ਡੇਢ ਮਹੀਨੇ ਤੋਂ ਜਿਲੇ ਦੇ ਵੱਖ ਵੱਖ ਪਿੰਡਾਂ ਵਿੱਚ ਕਿਸਾਨਾਂ ਨੂੰ ਮਿਲ ਕੇ ਪਰਾਲੀ ਨਾ ਸਾੜਨ ਦੀ ਅਪੀਲ ਕਰ ਰਹੇ ਹਨ।ਕਿਸਾਨਾਂ ਨੂੰ ਇੰਨ ਸੀਟੂ ਤਰੀਕੇ ਨਾਲ ਫਸਲ ਦੀ ਰਹਿੰਦ-ਖੂੰਹਦ ਨੂੰ ਪੈਲੀ ਵਿੱਚ ਵਹਾ ਕੇ ਕਣਕ ਬੀਜਣ ਜਾਂ ਐਕਸ ਸੀਟੂ ਤਰੀਕੇ ਨਾਲ ਪਰਾਲੀ ਪ੍ਰਬੰਧਨ (ਗੱਠਾਂ ਬਣਾਉਣ) ਲਈ ਖੇਤੀ ਮਸ਼ੀਨਰੀ ਦੀ ਵਰਤੋਂ ਕਰਨੀ ਦੀ ਅਪੀਲ ਕੀਤੀ ਗਈ ਹੈ।ਇਸੇ ਤਰ੍ਹਾਂ ਵਧੀਕ ਡਿਪਟੀ ਕਮਿਸ਼ਨਰ (ਜ), ਸੁਰਿੰਦਰ ਸਿੰਘ ਨੇ ਪਿੰਡ ਡਾਲੇਚੱਕ, ਕਾਲਾ ਅਫਗਾਨਾ, ਮੁਰੀਦਕੇ, ਲੋਧੀਨੰਗਲ ਤੇ ਬੇਰੀਆਵਾਲ ਵਿਖੇ ਐਕਸ ਸੀਟੂ ਰਾਹੀਂ ਪਰਾਲੀ ਪ੍ਰਬੰਧਨ ਅਤੇ ਇੰਨ ਸੀਟੂ ਤਰੀਕੇ ਨਾਲ ਕਣਕ ਦੀ ਬਿਜਾਈ ਦਾ ਜਾਇਜ਼ਾ ਲਿਆ ਗਿਆ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਫਸਲ ਦੀ ਰਹਿੰਦ-ਖੂੰਹਦ ਨੂੰ ਪੈਲੀ ਵਿੱਚ ਵਾਹੁਣ ਜਾਂ ਪਰਾਲੀ ਪ੍ਰਬੰਧਨ ਲਈ ਖੇਤੀ ਮਸ਼ੀਨਰੀ ਦੀ ਵਰਤੋਂ ਕਰਨ।ਇਸ ਮੌਕੇ ਅਗਾਂਹਵਧੂ ਕਿਸਾਨ ਜੋਗਾ ਸਿੰਘ ਤੇ ਦਿਲਾਵਰ ਸਿੰਘ ਨੇ ਦੱਸਿਆ ਕਿ ਉਹ ਕਰਮਵਾਰ ਸਾਢੇ 4 ਏਕੜ ਅਤੇ 5 ਏਕੜ ਵਿਚ ਇੰਨ ਸੀਟੂ ਤਰੀਕੇ ਨਾਲ ਕਣਕ ਦੀ ਬਿਜਾਈ ਕਰ ਰਹੇ ਹਨ।

ਉਨ੍ਹਾਂ ਦੱਸਿਆ ਕਿ ਕਣਕ ਦੀ ਇੰਨ ਸੀਟੂ ਤਰੀਕੇ ਨਾਲ ਬਿਜਾਈ ਕਰਨ ਨਾਲ ਕੀਮਤੀ ਪਾਣੀ ਦੀ ਬੱਚਤ ਕੀਤੀ ਜਾ ਸਕਦੀ ਹੈ ਅਤੇ ਵਾਤਾਵਰਣ ਨੂੰ ਪ੍ਰਦੂਸ਼ਣ ਮੁਕਤ ਕੀਤਾ ਜਾ ਸਕਦਾ ਹੈ। ਉਹ ਪਿਛਲੇ ਦੋ ਸਾਲਾਂ ਤੋਂ ਪਰਾਲੀ ਦੇ ਨਾੜ ਨੂੰ ਅੱਗ ਨਹੀਂ ਲਗਾ ਰਹੇ ਤੇ ਫਸਲ ਦੀ ਬਿਜਾਈ ਖੇਤੀਬਾੜੀ ਦੀਆਂ ਸ਼ਿਫਾਰਿਸਾਂ ਤੇ ਸੁਪਰਸੀਡਰ ਨਾਲ ਕਰਦੇ ਹਨ, ਜਿਸ ਨਾਲ ਜਿਥੇ ਉਹ ਧਰਤੀ ਦੀ ਉਪਜਾਊ ਸ਼ਕਤੀ ਬਰਕਰਾਰ ਰੱਖਣ ਵਿਚ ਸਫਲ ਹੋਏ ਹਨ, ਉਸ ਦੇ ਨਾਲ-ਨਾਲ ਵਾਤਾਵਰਣ ਨੂੰ ਸਾਫ ਸੁਥਰਾ ਰੱਖਣ ਵਿਚ ਵੀ ਯੋਗਦਾਨ ਪਾ ਰਹੇ ਹਨ।

5-Novt-PAGE-4-Edtioral-24.qxd 11/4/2024 10:51 PM Page 1

ਨਵਾਂ ਜ਼ਮਾਨਾ
ਮੰਗਲਵਾਰ, 5 ਨਵੰਬਰ 2024

# ਧੂੰਏਂ ’ਚ ਉਡਦੇ ਕਾਨੂੰਨ

*ਸੰਸਦ ਨੇ 1981 ਵਿਚ ਹਵਾ ਪ੍ਰਦੂਸ਼ਣ ਦੀ ਰੋਕਥਾਮ ਤੇ ਕੰਟਰੋਲ ਕਾਨੂੰਨ ਬਣਾ ਕੇ ਸਰਕਾਰਾਂ ਨੂੰ ਤਾਕਤਵਰ ਕੀਤਾ, ਤਾਂ ਜੋ ਉਹ ਸਮੇਂ ’ਤੇ ਫੈਸਲੇ ਕਰ ਸਕਣ, ਪਰ ਸਰਕਾਰਾਂ ਤੇ ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਬਹੁਤ ਕੁਝ ਨਹੀਂ ਕੀਤਾ, ਜਦਕਿ ਇਨ੍ਹਾਂ ਨੂੰ ਪਾਣੀ ਪ੍ਰਦੂਸ਼ਣ ਕੰਟਰੋਲ ਬੋਰਡ ਕਾਨੂੰਨ-1974 ਤੇ ਹਵਾ ਪ੍ਰਦੂਸ਼ਣ ਕੰਟਰੋਲ ਬੋਰਡ ਕਾਨੂੰਨ-1981 ਕਾਫੀ ਸ਼ਕਤੀਆਂ ਪ੍ਰਦਾਨ ਕਰਦੇ ਹਨ। ਸਮੇਂ ਦੇ ਨਾਲ ਜਦੋਂ ਤੈਅ ਹੋ ਗਿਆ ਕਿ ਇਨ੍ਹਾਂ ਕਾਨੂੰਨਾਂ ਨਾਲ ਕੰਮ ਨਹੀਂ ਚੱਲੇਗਾ ਤਾਂ 2010 ਵਿੱਚ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਕਾਨੂੰਨ ਰਾਹੀਂ ‘ਨੈਸ਼ਨਲ ਗ੍ਰੀਨ ਟ੍ਰਿਬਿਊਨਲ’ ਦੀ ਸਥਾਪਨਾ ਕੀਤੀ ਗਈ। ਵੇਲੇ ਦੀ ਯੂ ਪੀ ਏ ਸਰਕਾਰ ਨੇ ਇਸ ਕਾਨੂੰਨ ਨੂੰ ਜੀਵਨ ਦੇ ਅਧਿਕਾਰ (ਸੈਕਸ਼ਨ-21) ਨਾਲ ਜੋੜਿਆ, ਜਿਹੜਾ ਕਿ ਇਨਕਲਾਬੀ ਫੈਸਲਾ ਸੀ, ਕਿਉਂਕਿ ਉਦੋਂ ਤੱਕ ਸਿਹਤਮੰਦ ਵਾਤਾਵਰਣ ਦਾ ਕੰਮ ਰਾਜ ਦੇ ਨੀਤੀ ਨਿਰਦੇਸ਼ਕ ਤੱਤਾਂ ਦੇ ਰੂਪ ਵਿਚ ਕੀਤਾ ਜਾਂਦਾ ਸੀ। ਸੁਪਰੀਮ ਕੋਰਟ ਨੇ ਵੀ ਆਪਣੇ ਫੈਸਲਿਆਂ ਵਿਚ ਮੰਨਿਆ ਕਿ ਸਿਹਤਮੰਦ ਵਾਤਾਵਰਣ ਦਾ ਅਧਿਕਾਰ ਮੂਲ ਅਧਿਕਾਰ ਹੈ, ਜਿਸ ਨੂੰ ਸਭ ਤੋਂ ਅਹਿਮ ‘ਜੀਵਨ ਦੇ ਅਧਿਕਾਰ’ ਦੇ ਰੂਪ ਵਿੱਚ ਲਿਆ ਜਾਣਾ ਚਾਹੀਦਾ ਹੈ। ਸੁਪਰੀਮ ਕੋਰਟ ਨੇ ਅਰਜੁਨ ਗੋਪਾਲ ਬਨਾਮ ਭਾਰਤ ਸੰਘ ਮਾਮਲੇ ’ਚ ਸਿਰਫ ਗ੍ਰੀਨ ਪਟਾਕਿਆਂ ਦੀ ਹੀ ਵਿਕਰੀ ਕਰਨ ਦੀ ਆਗਿਆ ਦਿੱਤੀ ਸੀ। ਨਾਲ ਹੀ ਕਿਹਾ ਸੀ ਕਿ ਪ੍ਰਸ਼ਾਸਨ ਯਕੀਨੀ ਬਣਾਏ ਕਿ ਦੀਵਾਲੀ ’ਤੇ ਪਟਾਕੇ ਸਿਰਫ ਰਾਤ 8 ਤੋਂ 10 ਵਜੇ ਤੱਕ ਚਲਾਏ ਜਾਣ, ਪਰ ਧੀਰੇਂਦਰ ਸ਼ਾਸਤਰੀ ਵਰਗਿਆਂ ਦਾ ਕੀ ਕਰੀਏ, ਜਿਨ੍ਹਾਂ ਦਾ ਕਹਿਣਾ ਹੈ ਕਿ ਜਦ ਬਕਰੀਦ ਵਿਚ ਬੱਕਰੇ ਦੀ ਕੁਰਬਾਨੀ ’ਤੇ ਰੋਕ ਨਹੀਂ ਹੈ ਤਾਂ ਪਟਾਕਿਆਂ ’ਤੇ ਰੋਕ ਕਿਉਂ ਲੱਗੇ? ਵਾਤਾਵਰਣ ਸੰਤੁਲਨ ਲਈ ਕੀ ਸਿਰਫ ਸਨਾਤਨੀ ਲੋਕ ਹੀ ਜ਼ਿੰਮੇਵਾਰ ਹਨ?*

*ਜਦਕਿ ਅਸਲੀਅਤ ਇਹ ਹੈ ਕਿ ਦੀਵਾਲੀ ’ਤੇ ਪਟਾਕੇ ਚਲਾਉਣ ਨਾਲ ਨਾ ਹਿੰਦੂਆਂ ਦਾ ਫਾਇਦਾ ਹੋ ਰਿਹਾ ਹੈ ਤੇ ਨਾ ਹਿੰਦੁਸਤਾਨ ਦਾ। ਫਾਇਦਾ ਚੀਨੀ ਕੰਪਨੀਆਂ ਦਾ ਹੁੰਦਾ ਹੈ, ਜਿਹੜੀਆਂ ਪਟਾਕੇ ਬਣਾ ਕੇ ਭਾਰਤੀ ਬਾਜ਼ਾਰਾਂ ਨੂੰ ਭਰ ਰਹੀਆਂ ਹਨ। ਅੱਗੇ ਬਹੁਤ ਸਾਰੇ ਹਿੰਦੁਸਤਾਨੀ ਵਪਾਰੀ ਤੇ ਆਗੂ ਫਾਇਦਾ ਉਠਾ ਰਹੇ ਹਨ, ਜਿਹੜੇ ਧਰਮ ਦੀ ਆੜ ਵਿੱਚ ਜੇਬਾਂ ਭਰ ਰਹੇ ਹਨ। ਆਗੂਆਂ ਦੇ ਮਗਰ ਲੱਗ ਕੇ ਲੋਕ ਇਹ ਨਹੀਂ ਸਮਝ ਰਹੇ ਕਿ ਸਵੱਛ ਵਾਤਾਵਰਣ ਪਹਿਲਾਂ ਹੈ, ਧਰਮ ਤੇ ਸੰਸਕ੍ਰਿਤੀ ਬਾਅਦ ਵਿੱਚ। ਹਵਾ ਜਿਊਣ ਲਾਇਕ ਬਚੀ ਤਾਂ ਧਰਮ, ਮੰਦਰ, ਮਸਜਿਦ, ਗੁਰਦੁਆਰੇ, ਚਰਚ ਚਲਦੇ ਰਹਿਣਗੇ। ਜੇ ਅਜਿਹਾ ਨਾ ਹੋਇਆ ਤਾਂ ਇਨ੍ਹਾਂ ਧਾਰਮਕ ਸਥਾਨਾਂ ਵਿਚ ਜਾਣ ਵਾਲਾ ਕੀ ਕੋਈ ਬਚੇਗਾ? ਲੋਕਾਂ ਲਈ ਇਹ ਸਮਝਣ ਦੀ ਲੋੜ ਹੈ ਕਿ ਸਮਾਜ ਵਿੱਚ ਸਿਖਿਅਤ ਲੋਕਾਂ ਦਾ ਇਕ ਸਮੂਹ ਖੜ੍ਹਾ ਕਰਕੇ ਕਿਸੇ ਐਲਾਨੀਆ ਵਿਗਿਆਨਕ ਤੱਥ ਦੀ ਅਣਦੇਖੀ ਦੀ ਯੋਜਨਾ ਚਲਾਈ ਜਾਂਦੀ ਹੈ, ਜਿਸ ਨਾਲ ਕੁਝ ਲੋਕਾਂ ਨੂੰ ਫਾਇਦਾ ਹੋਵੇ। ਜਿਸ ਪਾਸੇ ਇਹ ਫਾਇਦਾ ਜਾਂਦਾ ਹੈ, ਉਸ ਪਾਸੇ ਰਾਜਨੇਤਾ ਤੇ ਉਦਯੋਗਪਤੀ ਹੁੰਦੇ ਹਨ।*

*ਸਰਕਾਰਾਂ ਹਵਾ ਨੂੰ ਪ੍ਰਦੂਸ਼ਤ ਹੋਣੋਂ ਬਚਾਉਣ ਵਿਚ ਬੁਰੀ ਤਰ੍ਹਾਂ ਨਾਕਾਮ ਸਾਬਤ ਹੋ ਰਹੀਆਂ ਹਨ। ਇਸ ਕਰਕੇ ਕੀ ਸੁਪਰੀਮ ਕੋਰਟ ਪ੍ਰਧਾਨ ਮੰਤਰੀ, ਹੋਰਨਾਂ ਮੰਤਰੀਆਂ ਤੇ ਆਗੂਆਂ ਨੂੰ ਇਹ ਪੁੱਛੇਗੀ ਕਿ ਉਹ ਆਪਣੇ ਸ਼ਹਿਰਾਂ ਵਿਚ ਦੀਵਾਲੀ ਮਨਾਉਣ ਦੀ ਥਾਂ ਸ਼ੁਧ ਹਵਾ ਵਿਚ ਰਹਿੰਦੇ ਫੌਜੀਆਂ ਨਾਲ ਦੀਵਾਲੀ ਮਨਾਉਣ ਕਿਉਂ ਜਾਂਦੇ ਹਨ? ਕਿਉਂਕਿ ਜੇ ਉਹ ਵੀ ਪ੍ਰਦੂਸ਼ਣ-ਭਰੀ ਹਵਾ ਵਿਚ ਦੀਵਾਲੀ ਮਨਾਉਣਗੇ ਤਾਂ ਹੀ ਉਨ੍ਹਾਂ ਨੂੰ ਪਤਾ ਲੱਗੇਗਾ ਕਿ ਦੀਵਾਲੀ ਦੇ ਪਟਾਕੇ ਮਰੀਜ਼ਾਂ ਦਾ ਕੀ ਹਾਲ ਕਰਦੇ ਹਨ ਤੇ ਹੋਰ ਕਿੰਨੇ ਚੰਗੇ-ਭਲਿਆਂ ਨੂੰ ਮਰੀਜ਼ ਬਣਾਉਂਦੇ ਹਨ।*

## ਪਾਠਕ-ਸੱਥ

### ਵਿਆਹਾਂ ’ਚ ਰੋਕੋ ਫਜ਼ੂਲ ਖਰਚੀ !

ਵਿਆਹ ਦੋ ਪਰਵਾਰਾਂ ਦਾ ਮੇਲ ਹੁੰਦਾ ਹੈ। ਪਹਿਲਾਂ ਦੇ ਸਮਿਆਂ ਦੀ ਜੇਕਰ ਗੱਲ ਕਰੀਏ ਤਾਂ ਵਿਆਹ ਦਾ ਜੋ ਆਨੰਦ ਤੇ ਚਾਅ ਹੁੰਦਾ ਸੀ, ਉਹ ਵੱਖਰਾ ਹੀ ਹੁੰਦਾ ਸੀ। ਪਹਿਲਾਂ ਦੇ ਸਮਿਆਂ ਦੇ ਵਿਆਹ ਬਹੁਤ ਹੀ ਸਾਦੇ ਢੰਗ ਨਾਲ ਨਿਭਾਏ ਜਾਂਦੇ ਸੀ। ਜਦੋਂ ਵੀ ਅਸੀਂ ਆਪਣੇ ਬਜ਼ੁਰਗਾਂ ਕੋਲ ਬੈਠਦੇ ਹਾਂ ਤਾਂ ਉਹ ਦੱਸਦੇ ਨੇ ਕਿ ਪਹਿਲਾਂ ਦੇ ਵਿਆਹ ਤੇ ਅੱਜ ਦੇ ਵਿਆਹਾਂ ’ਚ ਜ਼ਮੀਨ-ਆਸਮਾਨ ਦਾ ਅੰਤਰ ਹੈ। ਅੱਜਕੱਲ੍ਹ ਅਸੀਂ ਵਿਆਹ ਵਿੱਚ ਬਹੁਤ ਹੀ ਸਾਰਾ ਫਾਲਤੂ ਖਰਚਾ ਕਰ ਲੈਂਦੇ ਹਾਂ। ਅਸੀਂ ਦੇਖਾ-ਦੇਖੀ ਉਹ ਚੀਜ਼ਾਂ ਦੀ ਖਰੀਦਦਾਰੀ ਕਰ ਲੈਂਦੇ ਹਾਂ ਜਿਸ ਦੀ ਸਾਨੂੰ ਜ਼ਰੂਰਤ ਵੀ ਨਹੀਂ ਹੁੰਦੀ। ਕੀ ਵਿਆਹ ’ਚ ਫਾਲਤੂ ਖਰਚ ਕਰਨਾ ਜ਼ਰੂਰੀ ਹੁੰਦਾ? ਕੀ ਲੋਕਾਂ ਨੂੰ ਫਾਲਤੂ ਖਰਚ ਕਰਕੇ ਦਿਖਾਣਾ ਠੀਕ ਹੁੰਦਾ? ਜੀ ਨਹੀਂ। ਪਹਿਲਾਂ ਦੇ ਵਿਆਹ ਘਰਾਂ ’ਚ ਹੀ ਕੀਤੇ ਜਾਂਦੇ ਸਨ ਪਰ ਅੱਜ ਲੋਕ ਮਹਿੰਗੇ ਪੈਲੇਸ ਬੁੱਕ ਕਰਕੇ ਕਰਦੇ ਹਨ ਤਾਂ ਕਿ ਸਭ ਨੂੰ ਪਤਾ ਲੱਗੇ ਕਿ ਵਿਆਹ ਪੈਲੇਸ ਚ ਹੋਇਆ ਹੈ। ਜਦਕਿ ਵਿਆਹ ਘਰ ਕਿਸੇ ਖੁੱਲੀ ਥਾਂ ’ਤੇ ਟੈਂਟ ਆਦਿ ਲਗਾ ਕੇ ਵੀ ਕੀਤਾ ਜਾ ਸਕਦਾ ਹੈ। ਅੱਜ ਮਹਿੰਗਾਈ ਦਾ ਯੁੱਗ ਹੈ। ਅਮੀਰ ਬੰਦਾ ਤਾਂ ਸੌਖੇ ਹੋ ਕੇ ਵਿਆਹ ਕਰ ਲੈਂਦਾ ਹੈ, ਪਰ ਗਰੀਬ ਲਈ ਮੁਸ਼ਕਲ ਖੜੀ ਹੋ ਜਾਂਦੀ ਹੈ, ਜਦੋਂ ਉਹ ਦੇਖਾ-ਦੇਖੀ ’ਚ ਫਾਲਤੂ ਖਰਚ ਕਰ ਬੈਠਦਾ ਹੈ। ਜਦੋਂ ਅਸੀਂ ਫਾਲਤੂ ਖਰਚ ਕਰਦੇ ਹਾਂ ਤਾਂ ਸਾਡੇ ਦਿਮਾਗ ’ਤੇ ਬੋਝ ਰਹਿੰਦਾ ਹੈ। ਆਮ ਇੱਕ ਗਰੀਬ ਬੰਦਾ ਕਰਜਾ ਲੈ ਕੇ ਵਿਆਹ ਕਰਦਾ ਹੈ । ਬਹੁਤ ਹੀ ਸਾਰੀਆਂ ਗੱਲਾਂ ਨੇ ਜਿੱਥੇ ਅਸੀਂ ਫਾਲਤੂ ਖਰਚ ਕਰਦੇ ਹਾਂ।

ਸਭ ਤੋਂ ਪਹਿਲਾਂ ਗੱਲ ਕਰਦੇ ਹਾਂ ਮਹਿੰਗੇ ਖਾਣੇ ਦੀ । ਵਿਆਹ ’ਚ ਅਸੀਂ ਮਹਿੰਗੇ ਤੋਂ ਮਹਿੰਗੇ ਖਾਣੇ ਪਰੋਸਦੇ ਹਾਂ, ਜਦਕਿ ਸਾਦੀ ਰੋਟੀ, ਸਬਜ਼ੀ ਖਾਣ ਨਾਲ ਵੀ ਆਓ ਭਗਤ ਕੀਤੀ ਜਾ ਸਕਦੀ ਹੈ। ਇਸ ਨਾਲ ਜਿੱਥੇ ਸਾਡੀ ਜੇਬ ਨੂੰ ਅਸਰ ਪੈਂਦਾ ਹੈ, ਉੱਥੇ ਸਾਡੇ ਖਾਣੇ ਦਾ ਵੀ ਨੁਕਸਾਨ ਹੁੰਦਾ ਹੈ। ਅਸੀਂ ਉਸ ਖਾਣੇ ਨੂੰ ਆਪਣੇ ਘਰ ਨਹੀਂ ਲੈ ਕੇ ਆ ਸਕਦੇ । ਅਗਲੀ ਗੱਲ ਆਉਂਦੀ ਹੈ ਪੋਸ਼ਾਕਾਂ ਦੀ। ਵਿਆਹਾਂ ’ਚ ਅੱਜਕੱਲ੍ਹ ਬਹੁਤ ਸਾਰੀਆਂ ਮਹਿੰਗੀਆਂ ਪੋਸ਼ਾਕਾਂ ਪਹਿਨੀਆਂ ਜਾਂਦੀਆਂ ਨੇ। ਪਹਿਲਾਂ ਕੋਈ ਵੀ ਰਿਸਤੇਦਾਰ ਕਿਸੇ ਲਈ ਮਹਿੰਗੇ ਤੋਹਫੇ ਨਹੀਂ ਲੈ ਕੇ ਆਉਂਦਾ ਸੀ, ਪਰ ਅੱਜਕੱਲ ਤਾਂ ਮਹਿੰਗੇ ਤੋਹਫੇ ਲੈ ਕੇ ਜਾਣ ਦਾ ਰੁਝਾਨ ਹੈ। ਅਸੀਂ ਮਹਿੰਗੇ ਤੋਹਫੇ ਲੈ ਕੇ ਜਾਣ ’ਚ ਆਪਣੀ ਸ਼ਾਨ ਸਮਝਦੇ ਹਾਂ। ਜੇਕਰ ਇਹ ਤੋਹਫਿਆਂ ਦਾ ਖਰਚ ਅਸੀਂ ਘਟਾ ਲਈਏ ਤਾਂ ਅਸੀਂ ਕਾਫੀ ਹੱਦ ਤੱਕ ਖਰਚ ਘਟਾ ਸਕਦੇ ਹਾਂ। ਵਿਆਹਾਂ ’ਚ ਘੱਟ ਤੇ ਜ਼ਰੂਰੀ ਮਹਿਮਾਨਾਂ ਨੂੰ ਸੱਦਣਾ ਚਾਹੀਦਾ ਹੈ। ਜੇਕਰ ਅਸੀਂ ਵਿਆਹਾਂ ’ਚ ਫਾਲਤੂ ਖਰਚ ਨਹੀਂ ਕਰਾਂਗੇ ਤਾਂ ਅਸੀਂ ਕਾਫੀ ਸਾਰੀਆਂ ਮੁਸ਼ਕਲਾਂ ਤੋਂ ਬਚ ਸਕਦੇ ਹਾਂ।

ਇੱਕ ਤਾਂ ਅਸੀਂ ਤਣਾਅ ਰਹਿਤ ਰਹਿ ਸਕਦੇ ਹਾਂ । ਇੱਕ ਅਸੀਂ ਕਰਜ਼ਾ ਮੁਕਤ ਰਹਿ ਸਕਦੇ ਹਾਂ। ਇੱਕ ਅਸੀਂ ਆਰਥਕ ਬੱਚਤ ਕਰ ਸਕਦੇ ਹਾਂ। ਇਹ ਸਾਰੀਆਂ ਗੱਲਾਂ ਇੱਕ-ਦੂਜੇ ਨਾਲ ਜੁੜੀਆਂ ਹੋਈਆਂ ਹਨ।

-ਗੁਰਿੰਦਰ ਪਾਲ ਸਿੰਘ ਰਾਜਪੁਰਾ

# ਪ੍ਰਦੂਸ਼ਤ ਹਵਾ ਨਾਲ ਜਾਂਦੀਆਂ ਹਰ ਸਾਲ ਲੱਖਾਂ ਜਾਨਾਂ



ਨਰਿੰਦਰ ਸਿੰਘ

ਹੈਲਥ ਇਫੈਕਟਸ ਇੰਸਟੀਚਿਊਟ ਵੱਲੋਂ ਜਾਰੀ ਇੱਕ ਰਿਪੋਰਟ ਅਨੁਸਾਰ ਸਾਲ 2021 ਵਿੱਚ ਹਵਾ ਪ੍ਰਦੂਸ਼ਣ ਦੀ ਸਮੱਸਿਆ ਵਿਸ਼ਵ-ਵਿਆਪੀ ਸਮੱਸਿਆ ਹੈ। ਹਵਾ ਪ੍ਰਦੂਸ਼ਣ ਸਿਰਫ ਇਨਸਾਨ ਨੂੰ ਹੀ ਨਹੀਂ, ਸਗੋਂ ਇਹ ਕੀਟ-ਪਤੰਗਿਆਂ ਨੂੰ ਵੀ ਪ੍ਰਭਾਵਤ ਕਰ ਰਿਹਾ ਹੈ । ਹਵਾ ਪ੍ਰਦੂਸ਼ਣ ਕਾਰਨ ਹਰ ਸਾਲ ਲੱਖਾਂ ਲੋਕਾਂ ਦੀ ਮੌਤ ਹੋ ਜਾਂਦੀ ਹੈ । ਹਵਾ ਦੇ ਪ੍ਰਦੂਸ਼ਣ ਕਾਰਨ ਹੀ ਦੁਨੀਆ ਭਰ ’ਚ ਸਾਲ 2021 ’ਚ 81 ਲੱਖ ਲੋਕਾਂ ਦੀ ਮੌਤ ਹੋਈ ਸੀ । ਇਨ੍ਹਾਂ ’ਚੋਂ 23 ਲੱਖ ਭਾਰਤੀ ਲੋਕਾਂ ਦੀ ਹਵਾ ਪ੍ਰਦੂਸ਼ਣ ਕਾਰਨ ਮੌਤ ਹੋਈ ਸੀ । ਹਵਾ ਦੇ ਪ੍ਰਦੂਸ਼ਣ ਦਾ ਅਸਰ ਬੱਚਿਆਂ ’ਤੇ ਵੀ ਪਿਆ । ਹਵਾ ਦੇ ਪ੍ਰਦੂਸ਼ਣ ਦੀ ਤਾਬ ਨਾ ਝੱਲਦਿਆਂ ਭਾਰਤ ’ਚ ਪੰਜ ਸਾਲਾਂ ਤੋਂ ਘੱਟ ਉਮਰ ਦੇ 1,69,400 ਬੱਚਿਆਂ ਦੀ ਮੌਤ ਹੋਈ,ਜਦਕਿ ਨਾਈਜ਼ੀਰੀਆ’ਚ 1,14,100,ਪਾਕਿਸਤਾਨ ’ਚ 68,100, ਇਥੋਪੀਆ ’ਚ 31,100 ਅਤੇ ਬੰਗਲਾਦੇਸ਼ ’ਚ 19,100 ਬੱਚਿਆਂ ਦੀ ਜਾਨ ਗਈ ਸੀ।

ਰਿਪੋਰਟ ਮੁਤਾਬਕ ਦੱਖਣੀ ਏਸ਼ੀਆਂ ’ਚ ਮੌਤਾਂ ਦਾ ਅਹਿਮ ਕਾਰਨ ਹਵਾ ਦਾ ਪ੍ਰਦੂਸ਼ਣ ਹੋਣਾ ਹੈ, ਜਿਸ ਤੋਂ ਬਾਅਦ ਹਾਈ ਬਲੱਡ ਪ੍ਰੈਸ਼ਰ, ਖਾਣ-ਪੀਣ ਅਤੇ ਤੰਬਾਕੂ ਮੌਤ ਦਾ ਕਾਰਨ ਬਣ ਰਹੇ ਹਨ । ਇਸ ਸਭ ’ਚ ਭਾਰਤ ਅਤੇ ਚੀਨ ਦੀ ਆਪਣੀ ਆਬਾਦੀ ਕਾਰਨ ਕੁੱਲ ਆਲਮੀ ਬਿਮਾਰੀਆਂ ਦਾ 54 ਫ਼ੀਸਦੀ ਹੁੰਦਾ ਹੈ ।ਰਿਪੋਰਟ ਮੁਤਾਬਿਕ ਸਾਲ 2021 ’ਚ ਹੋਰਨਾਂ ਦੇਸ਼ਾਂ ’ਚ ਪਾਕਿਸਤਾਨ ’ਚ 2 ਲੱਖ 56 ਹਜ਼ਾਰ, ਬੰਗਲਾਦੇਸ਼ ‘ਚ 2 ਲੱਖ 36 ਹਜ਼ਾਰ, ਮੀਆਂਮਾਰ ’ਚ 1ਲੱਖ1 ਹਜ਼ਾਰ, ਇੰਡੋਨੇਸ਼ੀਆ ’ਚ 2ਲੱਖ 21 ਹਜ਼ਾਰ, ਵੀਅਤਨਾਮ ’ਚ 99 ਹਜ਼ਾਰ 7 ਸੌ, ਫਿਲਪਾਈਨ ’ਚ 98 ਹਜ਼ਾਰ 209, ਨਾਈਜੀਰੀਆ ’ਚ 2 ਲੱਖ 6 ਹਜ਼ਾਰ ਅਤੇ ਮਿਸਰ ’ਚ 1 ਲੱਖ 16 ਹਜ਼ਾਰ ਮੌਤਾਂ ਹੋਈਆਂ ।

ਅੰਤਰ-ਰਾਸ਼ਟਰੀ ਮੈਡੀਕਲ ਜਨਰਲ ਲੈਂਸੈਂਟ ਵੱਲੋਂ ਕੀਤੇ ਇੱਕ ਅਧਿਐਨ ’ਚ ਦਾਅਵਾ ਕੀਤਾ ਹੈ ਕਿ ਭਾਰਤ ਦੇ 10 ਵੱਡੇ ਸ਼ਹਿਰਾਂ ’ਚ ਹੋਣ ਵਾਲੀਆਂ ਹਰ 100 ਮੌਤਾਂ ’ਚੋਂ 7 ਮੌਤਾਂ ਹਵਾ ਪ੍ਰਦੂਸ਼ਣ ਕਾਰਨ ਹੁੰਦੀਆਂ ਹਨ । ਇਨ੍ਹਾਂ ’ਚ ਸਭ ਤੋਂ ਵੱਧ ਪ੍ਰਭਾਵਿਤ ਦਿੱਲੀ ਦੀ ਹਵਾ ਹੈ, ਜਿੱਥੇ ਮੌਤਾਂ ਦਾ ਅੰਕੜਾ ਤਕਰੀਬਨ 12 ਹਜ਼ਾਰ ਹੈ ।ਲੈਂਸੈਂਟ ਵੱਲੋਂ ਜਾਰੀ ਰਿਪੋਰਟ ’ਚ ਕਿਹਾ ਗਿਆ ਹੈ ਕਿ 10 ਸ਼ਹਿਰਾਂ-ਅਹਿਮਦਾਬਾਦ, ਬੈਂਗਲੁਰੂ, ਚੇਨਈ, ਦਿੱਲੀ, ਹੈਦਰਾਬਾਦ, ਕੋਲਕਾਤਾ, ਮੁੰਬਈ, ਪੁਣੇ, ਸ਼ਿਮਲਾ ਅਤੇ ਵਾਰਾਣਸੀ ’ਚ ਹਰ ਸਾਲ ਔਸਤਨ 33 ਹਜ਼ਾਰ ਤੋਂ ਵੱਧ ਮੌਤਾਂ ਦਾ ਕਾਰਨ ਪ੍ਰਦੂਸ਼ਿਤ ਹਵਾ ਹੈ ।ਇਸ ਲਈ 50 ਸ਼ਹਿਰਾਂ ’ਚ ਕੁੱਲ 36 ਲੱਖ ਤੋਂ ਵੱਧ ਮੌਤਾਂ ਦੀ ਸਮੀਖਿਆ ਕੀਤੀ ਗਈ ਹੈ ।

ਰਿਪੋਰਟ ਮੁਤਾਬਿਕ 2018-19 ਦਰਮਿਆਨ ਘੱਟੋ-ਘੱਟ 33 ਹਜ਼ਾਰ ਲੋਕਾਂ ਦੀ ਮੌਤ ਪੀ.ਐੱਮ 2.5 ਦੇ ਕਾਰਨ ਹੋਈ ਹੈ।ਵਿਸ਼ਵ ਸਿਹਤ ਸੰਸਥਾ ਮੁਤਾਬਿਕ ਪੀ.ਐੱਮ 2.5 ਤੱਤਵਾਂ ਦਾ ਘਣਮੀਟਰ 15 ਮਾਈਕਰੋਗ੍ਰਾਮ ਹੈ, ਜਦਕਿ ਭਾਰਤ ’ਚ ਇਹ ਪੱਧਰ 60 ਮਾਈਕਰੋਗ੍ਰਾਮ ਪ੍ਰਤੀ ਘਣ ਰੱਖਿਆ ਗਿਆ ਹੈ । ਇਸ ਤੱਤ ਨੂੰ ਕੈਂਸਰ ਦਾ ਸਭ ਤੋਂ ਵੱਡਾ ਜ਼ਿੰਮੇਵਾਰ ਮੰਨਿਆ ਜਾ ਰਿਹਾ ਹੈ।ਪਿਛਲੇ ਸਾਲ ਦੇ ਅੰਕੜਿਆਂ ਮੁਤਾਬਿਕ ਦਿੱਲੀ ਨੂੰ ਦੁਨੀਆ ਦੇ ਸਭ ਤੋਂ ਪ੍ਰਦੂਸ਼ਿਤ ਸ਼ਹਿਰਾਂ ’ਚੋਂ ਇੱਕ ਦੱਸਿਆ ਗਿਆ ।

ਰਿਪੋਰਟ ਮੁਤਾਬਕ ਇਸ ਸਮੇਂ ਦੌਰਾਨ ਹਵਾ ਦੇ ਪ੍ਰਦੂਸ਼ਣ ਕਾਰਨ ਸਭ ਤੋਂ ਵੱਧ 11964 ਮੌਤਾਂ ਦਿੱਲੀ ’ਚ ਹੋਈਆਂ, ਜਦਕਿ ਉਸ ਤੋਂ ਬਾਅਦ ਮੁੰਬਈ ’ਚ 5091, ਕੋਲਕਾਤਾ ’ਚ 4678, ਚੇਨਈ ’ਚ 2870, ਅਹਿਮਦਾਬਾਦ ’ਚ 2495, ਬੈਂਗਲੁਰੂ ’ਚ 2102, ਹੈਦਰਾਬਾਦ ’ਚ 1597, ਪੁਣੇ ’ਚ 1367 ਅਤੇ ਵਾਰਾਣਸੀ ’ਚ 831 ਤੇ ਸ਼ਿਮਲਾ ’ਚ 59 ਲੋਕਾਂ ਦੀ ਜਾਨ ਹਵਾ ਪ੍ਰਦੂਸ਼ਣ ਕਾਰਨ ਗਈ । ਰਿਪੋਰਟ ’ਚ ਕਿਹਾ ਗਿਆ ਹੈ ਕਿ ਭਾਰਤ ’ਚ ਰਾਸ਼ਟਰੀ ਹਵਾ ਦੀ ਗੁਣਵੱਤਾ ਬਾਰੇ ਮਾਪਦੰਡਾਂ ਨੂੰ ਸਖ਼ਤ ਕਰਨ ਦੀ ਲੋੜ ਹੈ ਅਤੇ ਹਵਾ ਦੇ ਪ੍ਰਦੂਸ਼ਣ ਨੂੰ ਕਾਬੂ ’ਚ ਕਰਨ ਦੀਆਂ ਕੋਸ਼ਿਸ਼ਾਂ ਦੁੱਗਣੀਆਂ ਕਰਨ ਦੀ ਲੋੜ ਹੈ ।

ਹਵਾ ਪ੍ਰਦੂਸ਼ਣ ਦੁਨੀਆ ਭਰ ’ਚ ਨਵਜੰਮੇ ਬੱਚਿਆਂ ਦੀ 20 ਫ਼ੀਸਦੀ ਮੌਤਾਂ ਦਾ ਕਾਰਨ ਵੀ ਬਣਦਾ ਹੈ । ਸਾਡੇ ਦੇਸ਼ ’ਚ ਨਮੂਨੀਆ ਆਮ ਗੱਲ ਹੈ। ਦੁਨੀਆਂ ਭਰ ‘ਚ ਹਰ 5 ਬੱਚਿਆਂ ਵਿੱਚੋਂ ਇੱਕ ਬੱਚੇ ਦੀ ਮੌਤ ਨਮੂਨੀਆਂ ਕਾਰਨ ਹੁੰਦੀ ਹੈ । ਪ੍ਰਦੂਸ਼ਿਤ ਹਵਾ ਵਿੱਚ ਰਹਿਣ ਵਾਲੇ ਬੱਚਿਆਂ ਦੇ ਫੇਫੜਿਆਂ ਦੀ ਸਮਰੱਥਾ 20 ਫ਼ੀਸਦੀ ਤੱਕ ਘਟ ਸਕਦੀ ਹੈ।ਹਵਾ ਪ੍ਰਦੂਸ਼ਣ ਨਮੂਨੀਆ ਨਾਲ ਜੁੜਿਆ ਹੋਇਆ ਹੈ । ਪ੍ਰਦੂਸ਼ਿਤ ਹਵਾ ਦਾ ਵੱਡੀ ਉਮਰ ਦੇ ਬੱਚਿਆਂ ਵਿੱਚ ਦਮਾ, ਸਾਹ ਦੀ ਬਿਮਾਰੀ ਦਾ ਕਾਰਨ ਬਣਦੀ ਹੈ । ਹਵਾ ਪ੍ਰਦੂਸ਼ਣ ਕਾਰਨ ਬੱਚੇ ਮਾਨਸਿਕ ਤੌਰ ’ਤੇ ਕਮਜ਼ੋਰ ਹੋ ਰਹੇ ਹਨ ਅਤੇ ਉਨ੍ਹਾਂ ਦੀ ਬੌਧਿਕਤਾ ’ਤੇ ਮਾੜਾ ਅਸਰ ਪੈ ਰਿਹਾ ਹੈ ।

ਹਵਾ ਪ੍ਰਦੂਸ਼ਣ ਦੇ ਬਹੁਤ ਸਾਰੇ ਕਾਰਨ ਹਨ, ਪਟਾਕੇ, ਵਾਹਨਾਂ ਦਾ ਧੂੰਆਂ, ਭੱਠਿਆਂ ਦੀਆਂ ਚਿਮਨੀਆਂ ਦਾ ਧੂੰਆਂ, ਉਦਯੋਗਾਂ ਵਿੱਚੋਂ ਨਿਕਲਣ ਵਾਲਾ ਧੂੰਆਂ, ਮਿਆਦ ਪੁਗਾ ਚੁੱਕੇ ਵਾਹਨ, ਸਾਡੇ ਆਲੇ-ਦੁਆਲੇ ਵੱਡੀਆਂ-ਵੱਡੀਆਂ ਫੈਕਟਰੀਆਂ, ਕਿਸਾਨਾਂ ਵੱਲੋਂ ਰਹਿੰਦ-ਖੂੰਹਦ ਨੂੰ ਅੱਗ ਆਦਿ ਕਾਰਨ ਹਵਾ ਪ੍ਰਦੂਸ਼ਣ ਲਗਾਤਾਰ ਵਧ ਰਿਹਾ ਹੈ । ਧੂੰਏਂ ਨਾਲ ਕਈ ਵਾਰ ਸੜਕ ਹਾਦਸੇ ਵੀ ਵਾਪਰ ਜਾਂਦੇ ਹਨ, ਜਿਸ ਨਾਲ ਜਾਨੀ ਤੇ ਮਾਲੀ ਨੁਕਸਾਨ ਹੁੰਦਾ ਹੈ । ਪ੍ਰਦੂਸ਼ਿਤ ਹਵਾ ਅਨੇਕਾਂ ਬਿਮਾਰੀਆਂ ਨੂੰ ਵੀ ਜਨਮ ਦਿੰਦੀ ਹੈ । ਸ਼ਹਿਰਾਂ ਵਿੱਚ ਇਹ ਸਮੱਸਿਆ ਬਹੁਤ ਗੰਭੀਰ ਹੈ । ਕਈ ਇਲਾਕਿਆਂ ਵਿੱਚ ਹਵਾ ਦੀ ਗੁਣਵੱਤਾ ਦੀ ਹਾਲਤ ਜ਼ਿਆਦਾ ਖ਼ਰਾਬ ਹੈ । ਦੁਨੀਆ ਭਰ ’ਚ ਹਵਾ ਦੇ ਵਧ ਰਹੇ ਪ੍ਰਦੂਸ਼ਣ ਤੋਂ ਹਰ ਕੋਈ ਚਿੰਤਤ ਹੈ । ਵਿਕਸਤ ਦੇਸ਼ਾਂ ਨਾਲੋਂ ਘੱਟ ਵਿਕਸਤ ਅਤੇ ਵਿਕਾਸਸ਼ੀਲ ਦੇਸ਼ਾਂ ਵਿੱਚ ਹਵਾ ਜ਼ਿਆਦਾ ਗੰਧਲੀ ਹੈ, ਪ੍ਰੰਤੂ ਪ੍ਰਦੂਸ਼ਣ ਦਾ ਅਸਰ ਸਾਰੇ ਦੇਸ਼ਾਂ ਅਤੇ ਸਮਾਜ ਦੇ ਹਰੇਕ ਹਿੱਸੇ ’ਤੇ ਹੋ ਰਿਹਾ ਹੈ । ਗੁਰੂ ਨਾਨਕ ਸਾਹਿਬ ਨੇ ਗੁਰਬਾਣੀ ਵਿੱਚ ਹਵਾ ਨੂੰ ਗੁਰੂ ਦਾ ਦਰਜਾ ਦਿੱਤਾ ਹੈ, ਪ੍ਰੰਤੂ ਅਸੀਂ ਗੁਰਬਾਣੀ ਨੂੰ ਵਿਸਾਰ ਦਿੱਤਾ, ਜਿਸ ਦਾ ਨਤੀਜਾ ਅੱਜ ਅਸੀਂ ਸਾਰੇ ਭੁਗਤ ਰਹੇ ਹਾਂ ।

ਹਾਲੀਆ ਖੋਜਾਂ ਦੇ ਅਨੁਸਾਰ ਕੀਟ-ਪਤੰਗਿਆਂ ਦੀ ਘਾਟ ਦੀ ਆਬਾਦੀ ਲਈ ਪ੍ਰਦੂਸ਼ਣ ਦੇ ਨਾਲ-ਨਾਲ ਸ਼ਹਿਰੀਕਰਨ, ਖੇਤੀ ਖੇਤਰ ’ਚ ਕੀਟ-ਨਾਸ਼ਕਾਂ ਦੀ ਵਰਤੋਂ ਤੇ ਜਲਵਾਯੂ ਪਰਿਵਰਤਨ ਵਰਗੇ ਕਾਰਨ ਜ਼ਿੰਮੇਵਾਰ ਹਨ । ਪ੍ਰਦੂਸ਼ਣ ਦਾ ਸਿਰਫ ਸ਼ਹਿਰਾਂ ਦੇ ਨੇੜੇ-ਤੇੜੇ ਸਗੋਂ ਦੂਰ-ਦੁਰਾਡੇ ਦਿਹਾਤੀ ਇਲਾਕਿਆਂ ’ਚ ਵੀ ਇਨ੍ਹਾਂ ਦੀ ਆਬਾਦੀ ਨੂੰ ਪ੍ਰਭਾਵਿਤ ਕਰ ਰਿਹਾ ਹੈ । ਖੋਜ ਤੋਂ ਪਤਾ ਲੱਗਾ ਹੈ ਕਿ ਪ੍ਰਦੂਸ਼ਣ ਦੇ ਕਾਰਨ ਆਉਣ ਵਾਲੇ ਦਹਾਕਿਆਂ ’ਚ ਦੁਨੀਆ ਦੇ 40 ਫ਼ੀਸਦੀ ਕੀਟ-ਪਤੰਗੇ ਖ਼ਤਮ ਹੋ ਜਾਣਗੇ । ਧੂੰਆਂ, ਘੱਟਾ, ਧੁੰਦ, ਪੀ ਐਮ ਦੀ ਕਣ, ਕੀਟ-ਪਤੰਗੇ ਦੇ ਐਂਟੀਨਾ ਅਤੇ ਰਿਸੈਪਟਰਸ ’ਤੇ ਬੁਰਾ ਅਸਰ ਪਾਉਂਦੇ ਹਨ । ਇਕ ਹੋਰ ਅਧਿਐਨ ਦੇ ਅਨੁਸਾਰ 1990 ਤੋਂ ਬਾਅਦ ਕੀਟ-ਪਤੰਗਿਆਂ ਦੀ ਆਬਾਦੀ ’ਚ ਲੱਗਭੱਗ 25 ਫ਼ੀਸਦੀ ਦੀ ਕਮੀ ਆਈ ਹੈ । ਅੰਦਾਜ਼ਾ ਹੈ ਕਿ ਇਹ ਕੀਟ-ਪਤੰਗੇ ਹਰ ਦਹਾਕੇ ’ਚ ਲੱਗਭੱਗ 9 ਫ਼ੀਸਦੀ ਦੀ ਦਰ ਨਾਲ ਘਟ ਰਹੇ ਹਨ । ਇੱਕ ਹਵਾ ਦੇ ਪ੍ਰਦੂਸ਼ਣ ਕਾਰਨ ਧਰਤੀ ਤੋਂ ਕੀਟ-ਪਤੰਗੇ ਖ਼ਤਮ ਹੋ ਜਾਣਗੇ । ਕੀਟ-ਪਤੰਗੇ ਕਚਰੇ ਦਾ ਖਾਤਮਾ ਮਨੁੱਖੀ ਜ਼ਿੰਦਗੀ ਤੇ ਫਸਲੀ ਚੱਕਰ ਲਈ ਬੇਹੱਦ ਜ਼ਰੂਰੀ ਹੈ ।

ਪ੍ਰਦੂਸ਼ਣ ਕਾਰਨ ਉਪਜਦੀਆਂ ਜ਼ਹਿਰੀਲੀਆਂ ਗੈਸਾਂ ਵੀ ਵਾਤਾਵਰਨ ਨੂੰ ਦੂਸ਼ਿਤ ਕਰ ਰਹੀਆਂ ਹਨ । ਤੰਦਰੁਸਤ ਲੋਕ ਵੀ ਇਸ ਦੀ ਲਪੇਟ ’ਚ ਆ ਰਹੇ ਹਨ । ਪ੍ਰਦੂਸ਼ਤ ਵਾਤਾਵਰਨ ਨੂੰ ਘੱਟ ਕਰਨ ਲਈ ਖੇਤਾਂ ’ਚ ਖਾਦਾਂ ਤੇ ਕੀੜੇਮਾਰ ਦਵਾਈਆਂ ਦੀ ਵਰਤੋਂ ਘੱਟ ਮਿਕਦਾਰ ’ਚ ਕਰਨੀ ਚਾਹੀਦੀ ਹੈ । ਨਦੀਆਂ-ਨਾਲਿਆਂ ਤੇ ਦਰਿਆਵਾਂ ਵਿੱਚ ਸ਼ਹਿਰਾਂ ਦੇ ਸੀਵਰੇਜ ਤੇ ਫੈਕਟਰੀਆਂ ਦੇ ਗੰਦੇ ਪਾਣੀ ਪਾਉਣ ’ਤੇ ਤੁਰੰਤ ਪਾਬੰਦੀ ਲਗਾਉਣੀ ਚਾਹੀਦੀ ਹੈ । ਇਸ ਪਾਣੀ ਨੂੰ ਟਰੀਟਮੈਂਟ ਪਲਾਂਟ ਲਗਾ ਕੇ ਪਾਣੀ ਸਾਫ਼ ਕਰਕੇ ਖੇਤੀ ਲਈ ਵਰਤਣਾ ਚਾਹੀਦਾ ਹੈ । ਫਸਲਾਂ ਦੀ ਰਹਿੰਦ-ਖੂੰਹਦ ਦੀ ਦੇਸੀ ਖਾਦ ਬਣਾ ਕੇ ਉੱਤਮ ਖੇਤੀ ਲਈ ਵਰਤਣੀ ਚਾਹੀਦੀ ਹੈ । ਜ਼ਿਆਦਾ ਪੁਰਾਣੇ ਧੂੰਆਂ ਛੱਡਦੇ ਵਾਹਨਾਂ ’ਤੇ ਤੁਰੰਤ ਰੋਕ ਲੱਗਣੀ ਚਾਹੀਦੀ ਹੈ ।ਇਸ ਤਰ੍ਹਾਂ ਕਰਨ ਨਾਲ ਜਿੱਥੇ ਧਰਤੀ ਪ੍ਰਦੂਸ਼ਿਤ ਹੋਣ ਤੋਂ ਬਚੇਗੀ, ਉੱਥੇ ਜ਼ਹਿਰ ਮੁਕਤ ਫਲ ਤੇ ਸਬਜ਼ੀਆਂ ਵੀ ਮਿਲਣਗੇ ।ਹਵਾ ਪ੍ਰਦੂਸ਼ਣ ਲਈ ਜ਼ਿੰਮੇਵਾਰ ਉਦਯੋਗਿਕ ਇਕਾਈਆਂ ’ਤੇ ਵੀ ਸ਼ਿਕੰਜਾ ਕੱਸਣਾ ਚਾਹੀਦਾ ਹੈ ।ਇਸ ਦੀ ਅਣਹੋਂਦ ਵਿੱਚ ਹਵਾ ਪ੍ਰਦੂਸ਼ਣ ਇਸੇ ਤਰ੍ਹਾਂ ਲਗਾਤਾਰ ਵਧਦਾ ਰਿਹਾ ਤਾਂ ਆਉਣ ਵਾਲੇ ਸਮੇਂ ਵਿੱਚ ਪ੍ਰਦੂਸ਼ਿਤ ਰੂਪੀ ਦੈਂਤ ਸਾਨੂੰ ਸਾਰਿਆਂ ਨੂੰ ਨਿਗਲ ਜਾਵੇਗਾ । ਹਵਾ ਪ੍ਰਦੂਸ਼ਣ ਨੂੰ ਰੋਕਣ ਲਈ ਸਰਕਾਰਾਂ, ਆਮ ਲੋਕਾਂ ਅਤੇ ਉਦਯੋਗਿਕ ਅਦਾਰਿਆਂ ਨੂੰ ਮਿਲ ਕੇ ਕੰਮ ਕਰਨਾ ਚਾਹੀਦਾ ਹੈ । ਵੱਧ ਤੋਂ ਵੱਧ ਰੁੱਖ ਲਗਾ ਕੇ ਪ੍ਰਦੂਸ਼ਣ ਨੂੰ ਘੱਟ ਕਰਨ ਲਈ ਕਦਮ ਚੁੱਕਣੇ ਚਾਹੀਦੇ ਹਨ ।

# ਸੰਪਰਕ : 98146-62260

# ਕੁਦਰਤੀ ਖੇਤੀ ਵੱਲ ਕਦਮ ਵਧਾਉਣਾ ਸਮੇਂ ਦੀ ਲੋੜ

ਡਾ. ਸੁਖਰਾਜ ਸਿੰਘ ਬਾਜਵਾ

ਅੱਜ ਸਮੇਂ ਦੀ ਮੰਗ ਹੈ ਕਿ ਕੁਦਰਤੀ ਖੇਤੀ ਅਤੇ ਧਰਤੀ ਵਿੱਚ ਭੋਜਨ ਦੇ ਖਾਤਮੇ ’ਤੇ ਚਿੰਤਾ ਬਾਰੇ ਇਕ ਵਿਸ਼ਾਲ ਚਰਚਾ ਕਰਨ ਦੀ। ਕੁਦਰਤੀ ਖੇਤੀ ਤੇ ਜੈਵਿਕ ਖੇਤੀ ਵਿਚਾਲੇ ਅੰਤਰ ਨੂੰ ਸਮਝਣ ਦੀ। ਧਰਤੀ ’ਚੋਂ ਜਿਨ੍ਹਾਂ ਅਸੀਂ ਹਾਸਿਲ ਕਰ ਰਹੇ ਹਾਂ, ਓਨਾ ਧਰਤੀ ਨੂੰ ਵਾਪਸ ਵੀ ਕਰਨ ਦੀ ਲੋੜ ਨੂੰ ਸਮਝਣ ਤੇ ਲੋਕਾਂ ਤੱਕ ਇਸ ਗੱਲ ਨੂੰ ਲੈ ਕੇ ਜਾਣ ਦੀ।

ਇਕ ਸਮਾਂ ਸੀ, ਜਦ ਮਨੁੱਖ ਮਿਹਨਤ ਕਰਦਾ ਸੀ, ਆਪਣੇ ਪੇਟ ਲਈ, ਫੇਰ ਸਮਾਂ ਬਦਲਿਆ ਤਾਂ ਆਪਣੇ ਪਰਵਾਰ ਦੇ ਪੇਟ ਲਈ ਮਿਹਨਤ ਹੋਣ ਲੱਗੀ, ਪਰ ਹੁਣ ਸਮੇਂ ਨੇ ਅਜਿਹੀ ਤਬਦੀਲੀ ਲਿਆਂਦੀ ਕਿ ਮਨੁੱਖ ਹੁਣ ਵੀ ਮਿਹਨਤ ਕਰਦਾ ਹੈ, ਕਮਾਈ ਕਰਦਾ ਹੈ, ਪਰ ਆਪਣੇ ਪੇਟ ਦੀ ਭੁੱਖ ਮਿਟਾਉਣ ਲਈ ਨਹੀਂ ਸਿਰਫ ਕਮਾਈ ਕੀਤੇ ਹੋਏ ਪੈਸੇ ਨਾਲ ਵਿਖਾਵਾ ਕਰਨ ਲਈ ਅਤੇ ਪੈਸਾ ਲੁਟਾਉਣ ਲਈ। ਜੀ ਹਾਂ, ਇਹ ਸੱਚ ਹੈ ਕਿ ਅੱਜ ਦੇ ਯੁੱਗ ਵਿਚ ਕਮਾਈ ਸਿਰਫ ਲੁਟਾਉਣ ਲਈ ਹੀ ਕੀਤੀ ਜਾਂਦੀ ਹੈ।

ਆਪਣੀ ਮਿਹਨਤ ਦੀ ਕਮਾਈ ਨਾਲ ਅਸੀਂ ਭੋਜਨ ਨਹੀਂ ਹਾਸਿਲ ਕਰ ਪਾ ਰਹੇ, ਹਾਂ, ਪੇਟ ਜ਼ਰੂਰ ਭਰ ਲੈਂਦੇ ਹਾਂ, ਪਰ ਓਹ ਵੀ ਕਿਸੇ ਦੀ ਕਮਾਈ ਦਾ ਸਾਧਨ ਬਣਨ ਲਈ, ਕਿਉਂਕਿ ਉਸ ਪੈਸੇ ਨਾਲ ਜੋ ਖਾਣਾ ਅਸੀਂ ਖਾਂਦੇ ਹਾਂ, ਉਹ ਸਾਡੇ ਸਰੀਰ ਦੀ ਭੋਜਨ ਲੋੜਾਂ ਨੂੰ ਪੂਰਾ ਨਹੀਂ ਕਰਦਾ, ਸਾਨੂੰ ਜੋ ਜ਼ਰੂਰੀ ਤੱਤ ਚਾਹੀਦੇ ਹਨ, ਓਹ ਸਾਨੂੰ ਨਹੀਂ ਮਿਲ ਰਹੇ । ਇਹਨਾ ਤੱਤਾਂ ਦੀ ਲੋੜ ਨੂੰ ਪੂਰਾ ਕਰਨ ਲਈ ਸਾਨੂੰ ਭੋਜਨ ਸਪਲੀਮੈਂਟਾਂ ਦਾ ਸਹਾਰਾ ਲੈਣਾ ਪੈਂਦਾ ਹੈ, ਜਿਸ ਨਾਲ ਕੇਵਲ ਇਹ ਸਪਲੀਮੈਂਟ ਬਣਾਉਣ ਤੇ ਵੇਚਣ ਵਾਲਿਆਂ ਦਾ ਹੀ ਫਾਇਦਾ ਹੁੰਦਾ ਹੈ।

ਭੋਜਨ ਲੋੜਾਂ ਪੂਰੀਆਂ ਨਾ ਹੋਣ ਕਰਕੇ ਸਾਡੇ ਸਰੀਰ ਵਿੱਚ ਬਹੁਤ ਸਾਰੇ ਤੱਤਾਂ ਦੀ ਕਮੀ ਕਾਰਨ ਅਨੇਕਾਂ ਰੋਗ ਪੈਦਾ ਹੁੰਦੇ ਹਨ, ਜਿਨ੍ਹਾਂ ਦੇ ਇਲਾਜ ਮਹਿੰਗੇ ਹਨ ਤੇ ਫੇਰ ਸਾਡੀ ਕਮਾਈ ਦਾ ਇਕ ਬਹੁਤ ਵੱਡਾ ਹਿੱਸਾ ਹਸਪਤਾਲਾਂ ਤੇ ਦਵਾਈਆਂ ਬਣਾਉਣ ਵਾਲੀਆਂ ਕੰਪਨੀਆਂ ਦੇ ਹੀ ਬੈਂਕ ਖਾਤੇ ਭਰਨ ਵਿਚ ਖਰਚ ਹੋ ਜਾਂਦਾ।

ਅੱਜ ਅਸੀਂ ਜੋ ਵੀ ਫਸਲ ਦੇ ਰੂਪ ਵਿਚ ਬੀਜ ਰਹੇ ਹਾਂ ਜਾਂ ਜਿਹੜੀਆਂ ਫਸਲਾਂ ਪ੍ਰਾਪਤ ਕਰ ਰਹੇ ਹਾਂ, ਉਹ ਢਿੱਡ ਭਰਨ ਲਈ ਤਾਂ ਕਾਫੀ ਹਨ, ਪਰ ਅਸਲ ਵਿਚ ਸਾਨੂੰ ਉਸ ਵਿੱਚੋਂ ਭੋਜਨ ਨਹੀਂ ਹਾਸਲ ਹੋ ਰਿਹਾ। ਕਾਰਨ ਸਿਰਫ ਇਕ ਹੈ ਕਿ ਭੋਜਨ ਲੜੀ ਦਾ ਮੁੱਢ ਹੀ ਅਸਲ ਵਿਚ ਭੋਜਨ ਪ੍ਰਾਪਤ ਨਹੀਂ ਕਰ ਪਾ ਰਹੀ ਤਾਂ ਉਸ ਲੜੀ ਦੇ ਅਗਲੇ ਪੜਾਅ ਵਾਲੇ ਜੀਵਾਂ ਨੂੰ ਭੋਜਨ ਮਿਲਣ ਦੀ ਕੋਈ ਤੁਕ ਹੀ ਨਹੀਂ ਰਹਿ ਜਾਂਦੀ। ਭੋਜਨ ਲੜੀ ਵਿਚ ਉਪਭੋਗਤਾ ਹੀ ਨਿਰਮਾਤਾ ਨੂੰ ਭੋਜਨ ਮੁਹੱਈਆ ਕਰਵਾਉਂਦਾ ਹੈ। ਇਹ ਕੁਦਰਤ ਦਾ ਨਿਯਮ ਹੈ ਕਿ ਜੋ ਭੋਜਨ ਉਪਭੋਗਤਾਵਾਂ ਵੱਲੋਂ ਲਿਆ ਜਾਂਦਾ ਹੈ, ਉਹ ਕਿਸੇ ਨਾ ਕਿਸੇ ਰੂਪ ਵਿਚ ਪ੍ਰੋਡਿਊਸਰ (ਨਿਰਮਾਤਾ) ਨੂੰ ਵਾਪਸ ਕੀਤਾ ਜਾਂਦਾ ਹੈ । ਭਾਵ ਜੋ ਕੁਦਰਤ ਤੋਂ ਲਿਆ, ਉਹ ਵਾਪਿਸ ਵੀ ਕੀਤਾ ਜਾਂਦਾ ਹੈ, ਪਰ ਹੁਣ ਹਾਲਾਤ ਇਹ ਹੋ ਗਏ ਹਨ ਕਿ ਉਪਭੋਗਤਾਵਾਂ ਵੱਲੋਂ ਪ੍ਰੋਡਿਊਸਰ (ਨਿਰਮਾਤਾ) ਨੂੰ ਕੁਝ ਵੀ ਵਾਪਿਸ ਨਹੀਂ ਕੀਤਾ ਜਾ ਰਿਹਾ, ਭਾਵ ਕੁਦਰਤ ਨੂੰ ਉਸ ਦਾ ਬਣਦਾ ਹਿੱਸਾ ਵਾਪਿਸ ਨਹੀਂ ਕੀਤਾ ਜਾ ਰਿਹਾ। ਇਹ ਸਭ ਹਰੀ ਕ੍ਰਾਂਤੀ ਤੋਂ ਬਾਅਦ ਹੀ ਹੋਇਆ ਹੈ, ਜਿਸ ਵਿਚ ਅਨਾਜ ਦਾ ਉਤਪਾਦਨ ਤਾਂ ਅਸੀਂ ਬਹੁਤ ਵਧਾ ਲਿਆ, ਏਨਾ ਕਿ ਸਰਪਲੱਸ ਅਨਾਜ ਪੈਦਾ ਕਰਨ ਲੱਗ ਗਏ ਹਾਂ, ਪਰ ਭੋਜਨ ਉਤਪਾਦਨ ਇਸ ਹੱਦ ਤੱਕ ਘਟ ਗਿਆ ਕਿ ਇਸ ਦੀ ਪੂਰਤੀ ਲਈ ਸਾਨੂੰ ਵਿਦੇਸ਼ੀ ਕੰਪਨੀਆਂ ’ਤੇ ਨਿਰਭਰ ਹੋਣਾ ਪੈ ਰਿਹਾ ਹੈ। ਅਗਰ ਇਹੀ ਹਾਲਾਤ ਰਹੇ ਤਾਂ ਉਹ ਦਿਨ ਦੂਰ ਨਹੀਂ, ਜਦ ਭੋਜਨ ਪੂਰੀ ਤਰ੍ਹਾਂ ਧਰਤੀ ਖਾਸ ਕਰਕੇ ਪੰਜਾਬ ਅਤੇ ਭਾਰਤ ਦੇ ਦੂਸਰੇ ਹਿੱਸਿਆਂ ਵਿੱਚੋਂ ਖਤਮ ਹੋ ਜਾਵੇਗਾ ਅਤੇ ਭੋਜਨ ਨਾ ਮਿਲਣ ਕਰਕੇ ਅਸੀਂ ਬਹੁਤ ਸਾਰੀਆਂ ਭਿਆਨਕ ਬਿਮਾਰੀਆਂ ਦੇ ਸ਼ਿਕਾਰ ਹੋ ਜਾਵਾਂਗੇ, ਜਿਸ ਵਿਚ ਸਭ ਤੋਂ ਵੱਡੀ ਬਿਮਾਰੀ ਸਾਡੀ ਜਨਮ ਦੇਣ ਦੀ ਸ਼ਕਤੀ ਪੂਰੀ ਤਰ੍ਹਾਂ ਖਤਮ ਹੋ ਜਾਵੇਗੀ ਤੇ ਫੇਰ ਆਉਣ ਵਾਲੀਆਂ ਪੀੜ੍ਹੀਆਂ ਕਦੀ ਆਪਣੀ ਔਲਾਦ ਪੈਦਾ ਨਹੀਂ ਕਰ ਸਕਣਗੀਆਂ। ਔਲਾਦ ਪੈਦਾ ਕਰਨ ਲਈ ਵੀ ਸਾਨੂੰ ਵੱਡੀਆਂ ਕੰਪਨੀਆਂ ਕੋਲ ਪੈਸਾ ਪਾਣੀ ਦੀ ਤਰ੍ਹਾ ਵਹਾਉਣਾ ਪਵੇਗਾ ਤੇ ਅਸੀ ਔਲਾਦ ਤਾਂ ਪੈਦਾ ਕਰ ਲਵਾਂਗੇ, ਪਰ ਉਸ ਵਿਚ ਜੀਨ ਸਾਡੇ ਨਹੀਂ ਹੋਣਗੇ। ਗਰੀਬ ਜੋੜਾ ਤਾਂ ਔਲਾਦ ਲਈ ਸਦਾ ਤਰਸਦਾ ਹੀ ਰਹੇਗਾ ਤੇ ਔਲਾਦ ਜੰਮਣਾ ਉਸ ਲਈ ਇਕ ਸੁਪਨਾ ਰਹਿ ਜਾਵੇਗਾ। ਇਹ ਕੋਈ ਮਜ਼ਾਕ ਨਹੀਂ ਹਕੀਕਤ ਹੈ, ਜਿਸ ਦੀ ਸ਼ੁਰੂਆਤ ਹੋ ਵੀ ਚੁੱਕੀ ਹੈ ਇਸੇ ਲਈ ਤਾਂ ਧੜਾਧੜ ਆਈ ਵੀ ਐਫ ਸੈਂਟਰ ਖੁੱਲ੍ਹ ਰਹੇ ਹਨ।

ਹਾਲੇ ਵੀ ਸਮਾਂ ਹੈ ਕਿ ਅਸੀਂ ਆਪਣੇ ਆਪ ਨੂੰ ਸੁਧਾਰ ਲਈਏ ਤੇ ਕੁਦਰਤ ਨੂੰ ਕਿਸੇ ਨਾ ਕਿਸੇ ਰੂਪ ਵਿਚ ਉਸ ਦਾ ਬਣਦਾ ਹਿੱਸਾ ਵਾਪਸ ਕਰੀਏ। ਜੋ ਧਰਤੀ ਤੋਂ ਪ੍ਰਾਪਤ ਕਰ ਰਹੇ ਹਾਂ, ਉਸ ਨੂੰ ਕਿਸੇ ਨਾ ਕਿਸੇ ਕੁਦਰਤੀ ਰੂਪ ਵਿਚ ਹੀ ਧਰਤੀ ਨੂੰ ਵਾਪਸ ਵੀ ਕਰਨਾ ਪਵੇਗਾ ਤਾਂ ਸ਼ਾਇਦ ਆਉਣ ਵਾਲੇ ਸਮੇਂ ਵਿੱਚ ਅਸੀਂ ਭੋਜਨ ਨੂੰ ਸੁਰੱਖਿਅਤ ਕਰ ਸਕੀਏ। ਭੋਜਨ ਲੜੀ ਨੂੰ ਬਰਕਰਾਰ ਰੱਖ ਕੇ ਹੀ ਭੋਜਨ ਨੂੰ ਬਚਾਇਆ ਜਾ ਸਕਦਾ ਹੈ। ਆਉਣ ਵਾਲਾ ਸਮਾਂ ਵੱਧ ਝਾੜ ਲੈਣ ਵਾਲਾ ਨਹੀਂ, ਵੱਧ ਭੋਜਨ ਲੈਣ ਵਾਲਾ ਬਣਾਉਣਾ ਪਵੇਗਾ, ਨਹੀਂ ਤਾਂ ਆਉਣ ਵਾਲੀਆਂ ਨਸਲਾਂ ਦੀ ਬਰਬਾਦੀ ਲਈ ਅਸੀਂ ਆਪ ਜ਼ਿੰਮੇਵਾਰ ਹੋਵਾਂਗੇ।

ਆਓ, ਸਭ ਰਲ ਕੇ ਭੋਜਨ ਬਚਾਉਣ ਲਈ ਉਪਰਾਲਾ ਕਰੀਏ ਤੇ ਕੁਦਰਤੀ ਖੇਤੀ ਵੱਲ ਨੂੰ ਇਕ ਕਦਮ ਅੱਗੇ ਵਧਾਈਏ।

# ਸੰਪਰਕ : 78886-84597

# ਸਰਕਾਰ ਕਮਿਊਨਟੀ ਹੈੱਲਥ ਅਫ਼ਸਰਾਂ ਦੇ ਮਸਲਿਆਂ ਪ੍ਰਤੀ ਸੰਜੀਦਗੀ ਦਿਖਾਵੇ



ਡਾ. ਗੁਰਤੇਜ ਸਿੰਘ

ਕੌਮੀ ਸਿਹਤ ਮਿਸ਼ਨ (ਐੱਨ ਐੱਚ ਐਮ) ਭਾਰਤ ਸਰਕਾਰ ਦੁਆਰਾ 2005 ਵਿੱਚ ਰਾਸ਼ਟਰੀ ਪੇਂਡੂ ਸਿਹਤ ਮਿਸ਼ਨ ਅਤੇ ਰਾਸ਼ਟਰੀ ਸ਼ਹਿਰੀ ਸਿਹਤ ਮਿਸ਼ਨ ਨੂੰ ਇਕੱਠੇ ਕਰਦੇ ਹੋਏ ਸ਼ੁਰੂ ਕੀਤਾ ਸੀ ।ਇਸ ਦੀ ਅਗਵਾਈ ਮਿਸ਼ਨ ਡਾਇਰੈਕਟਰ ਕਰਦੇ ਹਨ ਅਤੇ ਭਾਰਤ ਸਰਕਾਰ ਦੁਆਰਾ ਨਿਯੁਕਤ ਕੀਤੇ ਗਏ ਕੌਮੀ ਪੱਧਰ ਦੇ ਨਿਗਰਾਨਾਂ ਦੁਆਰਾ ਨਿਗਰਾਨੀ ਕੀਤੀ ਜਾਂਦੀ ਹੈ। ਇਸ ਸਿਹਤ ਮਿਸ਼ਨ ਦੇ ਪ੍ਰੋਗਰਾਮ ਦੇ ਮੁੱਖ ਭਾਗਾਂ ਵਿੱਚ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਸਿਹਤ ਪ੍ਰਣਾਲੀ ਨੂੰ ਮਜ਼ਬੂਤ ਕਰਨਾ, ਜਿਸ ਦੇ ਅੰਤਰਗਤ ਪ੍ਰਜਣਨ-ਜਣੇਪਾ, ਨਵਜੰਮੇ-ਬੱਚੇ, ਕਿਸ਼ੋਰ ਸਿਹਤ, ਸੰਚਾਰੀ ਅਤੇ ਗ਼ੈਰ-ਸੰਚਾਰੀ ਬਿਮਾਰੀਆਂ ਆਦਿ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਇਲਾਜ ਕਰਨਾ।ਇਹ ਕੌਮੀ ਸਿਹਤ ਮਿਸ਼ਨ ਬਰਾਬਰ, ਕਿਫ਼ਾਇਤੀ ਅਤੇ ਗੁਣਵੱਤਾ ਵਾਲੀਆਂ ਸਿਹਤ ਦੇਖਭਾਲ ਸੇਵਾਵਾਂ ਤੱਕ ਸਰਵਵਿਆਪਕ ਪਹੁੰਚ ਦੀ ਪ੍ਰਾਪਤੀ ਦੀ ਕਲਪਨਾ ਕਰਦਾ ਹੈ, ਜੋ ਲੋਕਾਂ ਦੀਆਂ ਲੋੜਾਂ ਪ੍ਰਤੀ ਜਵਾਬਦੇਹ ਹੈ।

ਨੈਸ਼ਨਲ ਹੈੱਲਥ ਮਿਸ਼ਨ ਦੇ ਅੰਤਰਗਤ ਆਯੂਸ਼ਮਾਨ ਭਾਰਤ ਸਕੀਮ ਅਧੀਨ ਸਾਡੇ ਸੂਬੇ ਪੰਜਾਬ ਵਿੱਚ 3034 ਪੇਂਡੂ ਉੱਪ ਕੇਂਦਰ (ਸਿਹਤ ਤੇ ਤੰਦਰੁਸਤੀ ਕੇਂਦਰ) ਹਨ । ਉੱਥੇ ਕੁੱਲ 2664 ਕਮਿਊਨਟੀ ਹੈੱਲਥ ਅਫ਼ਸਰ ਤਾਇਨਾਤ ਹਨ, ਜਿਸ ਵਿੱਚ ਬੀ. ਏ. ਐੱਮ.ਐੱਸ. (ਬੈਚਲਰ ਆਫ ਆਯੁਰਵੈਦਿਕ ਮੈਡੀਸਨ ਐਂਡ ਸਰਜਰੀ) ਯੋਗਤਾ ਵਾਲੇ 469 ਤੇ ਬਾਕੀ ਬੀ.ਐੱਸ ਸੀ ਨਰਸਿੰਗ ਯੋਗਤਾ ਵਾਲੇ ਹਨ, ਜੋ ਦੂਰ-ਦੁਰਾਡੇ ਪੇਂਡੂ ਖੇਤਰਾਂ ਵਿੱਚ ਗਰਭਵਤੀ ਔਰਤਾਂ, ਨਵਜੰਮੇ ਬੱਚਿਆਂ ਤੋਂ ਲੈ ਕੇ ਬਜ਼ੁਰਗਾਂ ਤੱਕ ਹਰ ਉਮਰ ਵਰਗ ਦੇ ਲੋਕਾਂ ਨੂੰ ਪਿਛਲੇ ਕਿੰਨੇ ਸਾਲਾਂ ਤੋਂ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰ ਰਹੇ ਹਨ ।ਕੋਰੋਨਾ ਕਾਲ ਵਿੱਚ ਵੀ ਕਮਿਊਨਟੀ ਹੈੱਲਥ ਅਫ਼ਸਰਾਂ ਦਾ ਕੋਰੋਨਾ ਪੀੜਤ ਮਰੀਜ਼ਾਂ ਦੀ ਭਾਲ, ਕੋਰੋਨਾ ਦੀ ਜਾਂਚ ਲਈ ਸੈਂਪਲਿੰਗ ਅਤੇ ਕੋਰੋਨਾ ਟੀਕਾਕਰਨ ਵਿੱਚ ਵੀ ਵੱਡਾ ਯੋਗਦਾਨ ਰਿਹਾ ਹੈ, ਜਿਸ ਦੇ ਚਲਦਿਆਂ ਹੀ ਸਮੁੱਚੇ ਦੇਸ਼ ਵਾਸੀਆਂ ਨੂੰ ਕੋਰੋਨਾ ਵੈਕਸੀਨ ਦੀਆਂ ਤਿੰਨ ਖੁਰਾਕਾਂ ਦੇਣ ਦਾ ਅਮਲ ਸੰਭਵ ਹੋ ਸਕਿਆ ਹੈ।ਦੇਸ਼ ਦੀ 70 ਫ਼ੀਸਦੀ ਆਬਾਦੀ ਪਿੰਡਾਂ ਵਿੱਚ ਵਸਦੀ ਹੈ। ਉਪਰੋਕਤ ਗੱਲਾਂ ਤੋਂ ਸਾਫ ਹੈ ਕਿ ਇਹ ਸਿਹਤ ਤੇ ਤੰਦਰੁਸਤੀ ਕੇਂਦਰ ਅਤੇ ਇੱਥੇ ਤਾਇਨਾਤ ਕਮਿਊਨਟੀ ਹੈੱਲਥ ਅਫ਼ਸਰ ਸਿਹਤ ਵਿਭਾਗ ਦੀ ਰੀੜ੍ਹ ਦੀ ਹੱਡੀ ਹਨ, ਜਿਨ੍ਹਾਂ ਤੋਂ ਬਗ਼ੈਰ ਪੇਂਡੂ ਸਿਹਤ ਸਹੂਲਤਾਂ ਬਾਰੇ ਸੋਚਿਆ ਹੀ ਨਹੀਂ ਜਾ ਸਕਦਾ । ਠੇਕਾ ਪ੍ਰਣਾਲੀ ਅਧੀਨ ਚੱਲ ਰਹੀ ਇਸ ਮਹੱਤਵਪੂਰਨ ਅਸਾਮੀ ਨੂੰ ਹੁਣ ਪੱਕੇ ਤੌਰ ’ਤੇ ਸਰਕਾਰ ਦੇ ਸਿਹਤ ਵਿਭਾਗ ਵਿੱਚ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ।

ਵਰਨਣਯੋਗ ਹੈ ਕਮਿਊਨਟੀ ਹੈੱਲਥ ਅਫ਼ਸਰ ਉਕਤ ਕੇਂਦਰ ਦਾ ਇੰਚਾਰਜ ਹੁੰਦਾ ਹੈ, ਜਿਸ ਦੀ ਵਿੱਦਿਅਕ ਯੋਗਤਾ ਬੀ.ਐੱਸ.ਸੀ. ਨਰਸਿੰਗ ਜਾਂ ਆਯੂਸ਼ ਡਾਕਟਰ (ਬੀ.ਏ.ਐੱਮ.ਐੱਸ.) ਹੋਣ ਦੇ ਨਾਲ ਛੇ ਮਹੀਨਿਆਂ ਦਾ ਕਮਿਊਨਟੀ ਹੈੱਲਥ ਦਾ ਟਰੇਨਿੰਗ ਕੋਰਸ ਵੀ ਨੌਕਰੀ ਲੱਗਣ ਵੇਲੇ ਕਰਵਾਇਆ ਜਾਂਦਾ ਹੈ ।ਇਸ ਕੇਂਦਰ ’ਤੇ ਦੋ ਮਲਟੀਪਰਪਜ਼ ਹੈਲਥ ਵਰਕਰ (ਇੱਕ ਔਰਤ ਅਤੇ ਇੱਕ ਮਰਦ) ਅਤੇ ਆਸ਼ਾ ਵਰਕਰਾਂ ਦੀ ਤਾਇਨਾਤੀ ਕੀਤੀ ਜਾਂਦੀ ਹੈ।ਦੂਜੀ ਗੱਲ ਇਨ੍ਹਾਂ ਕਰਮਚਾਰੀਆਂ ਦੇ ਕੰਮ ਦੀ ਸਮੀਖਿਆ ਸਮੇਂ-ਸਮੇਂ ’ਤੇ ਸੀਨੀਅਰ ਮੈਡੀਕਲ ਅਫ਼ਸਰ ਅਤੇ ਸਿਵਲ ਸਰਜਨ ਸਾਹਿਬਾਨ ਵੱਲੋਂ ਕੀਤੀ ਜਾਂਦੀ ਹੈ। ਇਸ ਦੇ ਬਾਵਜੂਦ ਇਨ੍ਹਾਂ ਨਾਲ ਵਿਤਕਰਾ ਹੋ ਰਿਹਾ ਹੈ ਤੇ ਨੀਵੇਂ ਪੱਧਰ ਦੇ ਕਰਮਚਾਰੀ ਸਮਝ ਕੇ ਵਿਹਾਰ ਕੀਤਾ ਜਾਂਦਾ ਹੈ, ਜਿਸ ਦਾ ਵੱਡਾ ਕਾਰਨ ਇਨ੍ਹਾਂ ਦਾ ਠੇਕਾ ਪ੍ਰਣਾਲੀ ਅਧੀਨ ਹੋਣਾ ਹੈ।

ਪਹਿਲੀ ਗੱਲ ਤਾਂ ਪੰਜਾਬ ਸੂਬੇ ਦੇ ਇਨ੍ਹਾਂ ਕਰਮਚਾਰੀਆਂ ਨੂੰ ਦੇਸ਼ ਦੇ ਬਾਕੀ ਸੂਬਿਆਂ ਨਾਲੋਂ ਪੰਜ ਹਜ਼ਾਰ ਰੁਪਏ ਘੱਟ ਤਨਖਾਹ ਮਿਲਦੀ ਹੈ।ਕੇਂਦਰ ਸਰਕਾਰ ਨੇ ਸੂਬਾ ਸਰਕਾਰ ਨੂੰ ਇਸ ਸੰਬੰਧੀ ਇੱਕ ਪੱਤਰ ਵੀ ਜਾਰੀ ਕੀਤਾ ਹੋਇਆ ਹੈ ਕਿ ਇਨ੍ਹਾਂ ਅਧਿਕਾਰੀਆਂ ਦੀ ਤਨਖਾਹ ਸਰਕਾਰ ਦੇ ਨਿਯਮਾਂ ਤਹਿਤ ਮਿਲੇ। ਇਸ ਸਬੰਧੀ ਇਨ੍ਹਾਂ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਸਰਕਾਰ ਕੋਲ ਚਾਰਾਜ਼ੋਈ ਕੀਤੀ ਜਾ ਰਹੀ ਹੈ ਤੇ ਮਾਣਯੋਗ ਹਾਈ ਕੋਰਟ ਕੋਲ ਇਹ ਕੇਸ ਸੁਣਵਾਈ ਅਧੀਨ ਹੈ, ਪਰ ਅਜੇ ਤੱਕ ਸਾਰਥਿਕ ਸਿੱਟੇ ਨਹੀਂ ਨਿਕਲੇ।

ਦੂਜੀ ਗੱਲ ਇਸ ਅਸਾਮੀ ਨੂੰ ਮੂਲ ਤਨਖਾਹ ਨਾ ਦੇ ਕੇ ਮੂਲ ਤਨਖਾਹ+ਇੰਸੈਂਟਿਵ ਦੇ ਕੁਚੱਕਰ ਵਿੱਚ ਜਾਣਬੁੱਝ ਕੇ ਉਲਝਾਇਆ ਹੋਇਆ ਹੈ। ਇਸ ਦਾ ਮਤਲਬ ਇਹ ਹੈ ਕਿ ਇਨ੍ਹਾਂ ਦੀ ਤਨਖਾਹ ਦਾ 40 ਫ਼ੀਸਦੀ ਹਿੱਸਾ ਇੰਸੈਂਟਿਵ ਦੇ ਰੂਪ ਵਿੱਚ ਹੈ, ਜਿਸ ’ਤੇ ਡਾਕਾ ਮਾਰਨ ਲਈ ਉੱਚ ਅਧਿਕਾਰੀ ਸਮੇਂ-ਸਮੇਂ ’ਤੇ ਘਾੜਤਾਂ ਘੜਦੇ ਰਹਿੰਦੇ ਹਨ। ਇਸ ਕਰਕੇ ਇਨ੍ਹਾਂ ਕਰਮਚਾਰੀਆਂ ਲਈ ਮਹੀਨਾਵਾਰ ਪੰਦਰਾਂ ਟੀਚੇ ਰੱਖੇ ਗਏ ਹਨ, ਜੋ ਹਰ ਮਹੀਨੇ ਪੂਰੇ ਕਰਨੇ ਜ਼ਰੂਰੀ ਹੁੰਦੇ ਹਨ ਅਤੇ ਉਨ੍ਹਾਂ ਦੁਆਰਾ ਕੀਤੇ ਕੰਮ ਦੇ ਹਿਸਾਬ ਨਾਲ ਉਕਤ ਭੱਤੇ ਦੀ ਅਦਾਇਗੀ ਕੀਤੀ ਜਾਂਦੀ ਹੈ।

ਉਕਤ ਪੰਦਰਾਂ ਟੀਚੇ ਸਾਰੇ ਦੇਸ਼ ਵਿੱਚ ਇਕ ਸਮਾਨ ਹਨ, ਪਰ ਸਾਡੇ ਸੂਬੇ ਵਿੱਚ ਉੱਚ ਅਧਿਕਾਰੀਆਂ ਨੇ ਸਾਰੇ ਨਿਯਮਾਂ ਨੂੰ ਛਿੱਕੇ ਟੰਗ ਕੇ ਇਨ੍ਹਾਂ ਟੀਚਿਆਂ ਵਿੱਚ ਬੇਤਹਾਸ਼ਾ ਵਾਧਾ ਕਰ ਦਿੱਤਾ ਹੈ, ਜਿਸ ਤੋਂ ਜਾਪਦਾ ਹੈ ਕਿ ਸਾਡੇ ਸੂਬੇ ਦੇ ਉੱਚ ਅਧਿਕਾਰੀ ਇਨ੍ਹਾਂ ਕਰਮਚਾਰੀਆਂ ਨੂੰ ਸ਼ਕਤੀਮਾਨ ਸਮਝਦੇ ਹਨ, ਤੇ ਇਹ ਸਾਰਾ ਕੰਮ ਇਕੱਲੇ ਕਰਮਚਾਰੀ ਤੋਂ ਕਰਵਾਉਣਾ ਲੋਚਦੇ ਹਨ ਜੋ ਕਿਵੇਂ ਸੰਭਵ ਹੋ ਸਕਦਾ ਹੈ । ਪਹਿਲਾਂ ਇਹ ਸਾਰਾ ਕੰਮ ਆਫਲਾਈਨ ਕੀਤਾ ਜਾਂਦਾ ਰਿਹਾ ਹੈ ।ਆਮ ਆਦਮੀ ਕਲੀਨਿਕ ਜਿੱਥੇ ਤਿੰਨ ਜਣੇ ਮਿਲ ਕੇ ਕੰਮ ਕਰਦੇ ਹਨ ਕਲੀਨਿਕ ਅਸਿਸਟੈਂਟ, ਫਾਰਮਾਸਿਸਟ ਤੇ ਡਾਕਟਰ, ਉਸੇ ਤਰਜ਼ ’ਤੇ ਸਿਹਤ ਤੇ ਤੰਦਰੁਸਤੀ ਕੇਂਦਰਾਂ ਵਿੱਚ ਹੁਣ ਇਹ ਟੀਚੇ ਪੂਰੇ ਕਰਨ ਦੇ ਨਾਲ ਇਨ੍ਹਾਂ ਦੀ ਆਨਲਾਈਨ ਰਿਪੋਰਟਿੰਗ ਕਰਨਾ ਲਾਜ਼ਮੀ ਕਰ ਦਿੱਤਾ ਗਿਆ ਹੈ, ਜਦਕਿ ਨਾ ਤਾਂ ਇਨ੍ਹਾਂ ਸਿਹਤ ਕੇਂਦਰਾਂ ’ਤੇ ਇੰਟਰਨੈੱਟ ਦੀ ਕੋਈ ਸਹੂਲਤ ਦਿੱਤੀ ਗਈ ਹੈ, ਨਾ ਹੀ ਕੋਈ ਡਾਟਾ ਅਪਰੇਟਰ ਦੀ ਅਸਾਮੀ ਹੈ। ਸੋਚਣ ਦੀ ਗੱਲ ਹੈ ਕਿ ਇਹ ਇਕੱਲਾ ਕਰਮਚਾਰੀ ਮਰੀਜ਼ ਦੇਖੇਗਾ ਜਾਂ ਆਨਲਾਈਨ ਡਾਟਾ ਭਰੇਗਾ।ਇਹ ਟੀਚੇ ਪੂਰੇ ਕਰਨ ਲਈ ਹਰ ਕਰਮਚਾਰੀ ਨੂੰ ਹਰ ਸੰਭਵ ਯਤਨ ਕਰਨੇ ਪੈਂਦੇ ਹਨ ਤੇ ਅਕਸਰ ਹੀ ਇਨ੍ਹਾਂ ਨੂੰ ਇਹ ਕੰਮ ਘਰੇ ਬੈਠ ਕੇ ਕਰਨਾ ਪੈਂਦਾ ਹੈ, ਕਿਉਂਕਿ ਇਸ ਨਾਲ ਹੀ ਇਨ੍ਹਾਂ ਨੂੰ 40 ਫ਼ੀਸਦੀ ਤਨਖਾਹ ਮਿਲਦੀ ਹੈ।

ਇਨ੍ਹਾਂ ਮੁਲਾਜ਼ਮਾਂ ਨੂੰ ਆਪਣੇ ਸਿਹਤ ਕੇਂਦਰਾਂ ਤੋਂ ਬਿਨਾਂ ਹੋਰਨਾਂ ਥਾਵਾਂ, ਜਿਵੇਂ ਨਸ਼ਾ ਛੁਡਾਊ ਕੇਂਦਰ, ਮੁੱਢਲਾ ਸਿਹਤ ਕੇਂਦਰ, ਸਮੁਦਾਇਕ ਸਿਹਤ ਕੇਂਦਰ ਅਤੇ ਆਮ ਆਦਮੀ ਕਲੀਨਿਕਾਂ ’ਤੇ ਰਿਸੈਪਸ਼ਨਿਸ਼ਟ, ਫਾਰਮਾਸਿਸਟ ਦਾ ਕੰਮ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ । ਹੋਰ ਤਾਂ ਹੋਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਪੰਜਾਬ ਦਾ ਇੱਕੋ ਇੱਕ ਜ਼ਿਲ੍ਹਾ ਹੈ, ਜਿੱਥੇ ਇਨ੍ਹਾਂ ਕਰਮਚਾਰੀਆਂ ਦੀ ਡਿਊਟੀ ਚੋਣਾਂ ਵਿੱਚ ਵੀ ਲਗਾਈ ਜਾਂਦੀ ਹੈ। ਵਿੱਦਿਅਕ ਯੋਗਤਾ ਦੇ ਹਿਸਾਬ ਨਾਲ ਇਨ੍ਹਾਂ ਤੋਂ ਇਹ ਕੰਮ ਲੈਣੇ ਕਿੱਥੋਂ ਤੱਕ ਜਾਇਜ਼ ਹਨ ।

ਮਈ 2024 ਵਿੱਚ ਇਸ ਕੇਡਰ ਵਿੱਚ ਕੰਮ ਕਰ ਰਹੇ 469 ਆਯੂਸ਼ ਡਾਕਟਰਾਂ ਨੂੰ 37 ਪ੍ਰਕਾਰ ਦੀਆਂ ਆਯੁਰਵੈਦਿਕ ਦਵਾਈਆਂ ਵੀ ਵਿਭਾਗ ਵੱਲੋਂ ਮੁਹੱਈਆ ਕਰਵਾਈਆਂ ਗਈਆਂ ਹਨ, ਜਿੱਥੇ ਇਹ ਆਯੁਰਵੈਦਿਕ ਸਿਹਤ ਸੇਵਾਵਾਂ ਵੀ ਸ਼ੁਰੂ ਹੋ ਚੁੱਕੀਆਂ ਹਨ। ਇੰਡੀਅਨ ਪਬਲਿਕ ਹੈੱਲਥ ਮਿਆਰ 2022 ਦੀਆਂ ਹਦਾਇਤਾਂ ਅਤੇ ਸ਼ਡਿਊਲ (ਕੇ) ਦੇ ਅਨੁਸਾਰ ਇਨ੍ਹਾਂ ਸਿਹਤ ਕੇਂਦਰਾਂ ਨੂੰ ਜ਼ਰੂਰੀ 105 ਤਰ੍ਹਾਂ ਦੀਆਂ ਐਲੋਪੈਥਿਕ ਦਵਾਈਆਂ ਵਰਤਣ ਦਾ ਹੱਕ ਹੈ ਅਤੇ ਮਾਹਿਰ ਡਾਕਟਰਾਂ ਨਾਲ ਸਿੱਧਾ ਰਾਬਤਾ ਕਰਨ ਲਈ ਟੈਲੀਕੰਸਲਟੇਸ਼ਨ ਦੀ ਸਹੂਲਤ ਹੈ, ਜਿਸ ਦੇ ਜਰੀਏ ਇਹ ਸਿਹਤ ਅਧਿਕਾਰੀ ਸੁਚਾਰੂ ਢੰਗ ਨਾਲ ਓ ਪੀ ਡੀ ਚਲਾਉਂਦੇ ਹਨ ਤੇ ਮਰੀਜ਼ਾਂ ਨੂੰ ਇਲਾਜ ਦੀ ਸਹੂਲਤ ਦਿੰਦੇ ਹਨ । ਜ਼ਿਆਦਾ ਬੀਮਾਰ ਨੂੰ ਮੁੱਢਲੇ ਸਿਹਤ ਕੇਂਦਰ ਨੂੰ ਰੈਫ਼ਰ ਕਰਦੇ ਹਨ, ਜਿੱਥੇ ਤਾਇਨਾਤ ਮੈਡੀਕਲ ਅਫ਼ਸਰ ਉਸ ਮਰੀਜ਼ ਦਾ ਮੁਆਇਨਾ ਕਰਦਾ ਹੈ। ਫਿਰ ਵੀ ਪਿਛਲੇ ਸਮੇਂ ਦੌਰਾਨ ਇੱਕ ਮੈਡੀਕਲ ਅਫ਼ਸਰ ਦੁਆਰਾ ਇਨ੍ਹਾਂ ਸਿਹਤ ਅਧਿਕਾਰੀਆਂ ਦੁਆਰਾ ਕੀਤੀ ਜਾ ਰਹੀ ਓ ਪੀ ਡੀ ਦਾ ਇਤਰਾਜ਼ਯੋਗ ਸ਼ਬਦਾਂ ਵਿੱਚ ਵਿਰੋਧ ਕੀਤਾ ਸੀ, ਜੋ ਤਰਕਸੰਗਤ ਵੀ ਨਹੀਂ ਸੀ। ਇੱਥੇ ਇਹ ਗੱਲ ਵਿਚਾਰਨਯੋਗ ਹੈ ਕਿ ‘ਕੀ ਇਹ ਕਮਿਊਨਟੀ ਹੈੱਲਥ ਅਫਸਰ ਪਿੰਡਾਂ ਦੇ ਅਣਰਜਿਸਰਡ ਮੈਡੀਕਲ ਪ੍ਰੈਕਟੀਸ਼ਰਾਂ ਤੋਂ ਵੀ ਮਾੜੇ ਹਨ’? ਉਨ੍ਹਾਂ ਬਹੁਤਿਆਂ ਕੋਲ ਤਾਂ ਕੋਈ ਮੈਡੀਕਲ ਡਿਗਰੀ ਨਹੀਂ ਹੁੰਦੀ ਹੈ, ਪਰ ਇਹ ਕਰਮਚਾਰੀ ਤਾਂ ਡਿਗਰੀ ਹੋਲਡਰ ਦੇ ਨਾਲ ਸਿਖਲਾਈ ਯੁਕਤ ਵੀ ਹਨ, ਫਿਰ ਵੀ ਕੁਝ ਮੈਡੀਕਲ ਅਫ਼ਸਰਾਂ ਤੇ ਹੋਰ ਅਧਿਕਾਰੀਆਂ ਦੁਆਰਾ ਇਨ੍ਹਾਂ ਦੀ ਬਿਨਾਂ ਵਜ੍ਹਾ ਝਾੜਝੰਬ ਕੀਤੀ ਜਾਂਦੀ ਹੈ । ਵਰਨਣਯੋਗ ਹੈ ਕਿ ਜਿਨ੍ਹਾਂ ਦੀ ਵਿੱਦਿਅਕ ਯੋਗਤਾ ਬੀ ਏ ਐੱਮ ਐੱਸ (ਬੈਚਲਰ ਆਫ ਆਯੁਰਵੈਦਿਕ ਮੈਡੀਸਨ ਐਂਡ ਸਰਜਰੀ) ਹੈ, ਜੋ ਨੈਸ਼ਨਲ ਕਮਿਸ਼ਨ ਫਾਰ ਇੰਡੀਅਨ ਸਿਸਟਮ ਆਫ ਮੈਡੀਸਨ ਦੁਆਰਾ ਮਾਨਤਾ ਪ੍ਰਾਪਤ ਇੱਕ ਮੈਡੀਕਲ ਡਿਗਰੀ ਹੈ । ਇਸ ਡਿਗਰੀ ਦੇ ਧਾਰਕ ਦੀ ਬਕਾਇਦਾ ਹਰ ਰਾਜ ਅਤੇ ਕੌਮੀ ਪੱਧਰ ’ਤੇ ਰਜਿਸਟ੍ਰੇਸ਼ਨ ਹੁੰਦੀ ਹੈ । ਇਸ ਤਰ੍ਹਾਂ ਇਹ ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰ ਦੀ ਸ਼੍ਰੇਣੀ ਦੇ ਅੰਤਰਗਤ ਆਉਂਦੇ ਹਨ । ਭਾਰਤ ਸਰਕਾਰ ਦੇ ਸਿਹਤ ਤੇ ਪਰਵਾਰ ਭਲਾਈ ਵਿਭਾਗ ਵੱਲੋਂ 25 ਨਵੰਬਰ 2003 ਨੂੰ ਇੱਕ ਆਦੇਸ਼ ਜਾਰੀ ਕੀਤਾ ਗਿਆ ਸੀ, ਜਿਸ ਵਿੱਚ ਆਯੂਸ਼ ਡਾਕਟਰਾਂ ਨੂੰ ਆਪਣੇ ਨਾਂਅ ਅੱਗੇ ਡਾਕਟਰ ਲਿਖਣ ਦੀ ਪ੍ਰਵਾਨਗੀ ਦਿੱਤੀ ਗਈ ਸੀ । ਵਿਭਾਗ ਨੂੰ ਇਸ ਪਾਸੇ ਧਿਆਨ ਦੇਣ ਦੀ ਲੋੜ ਹੈ।ਇਹ ਕਿੰਨੇ ਦੁੱਖ ਦੀ ਗੱਲ ਹੈ ਕਿ ਇੱਕ ਪਾਸੇ ਅਣਰਜਿਸਟਰਡ ਲੋਕ ਡਾਕਟਰ ਸ਼ਬਦ ਦੀ ਸਰੇਆਮ ਦੁਰਵਰਤੋਂ ਕਰ ਰਹੇ ਹਨ, ਦੂਜੇ ਪਾਸੇ ਜਿਨ੍ਹਾਂ ਕੋਲ ਬਕਾਇਦਾ ਡਿਗਰੀ ਤੇ ਰਜਿਸਟ੍ਰੇਸ਼ਨ ਹੈ, ਉਹ ਇਸ ਚੀਜ ਤੋਂ ਵਾਂਝੇ ਹਨ।

ਇਨ੍ਹਾਂ ਉਪ ਕੇਂਦਰਾਂ ਦੀ ਸਾਫ-ਸਫ਼ਾਈ ਲਈ ਸਫ਼ਾਈ ਸੇਵਕ ਦੀ ਕੋਈ ਅਸਾਮੀ ਤੱਕ ਨਹੀਂ ਰੱਖੀ ਗਈ। ਉਕਤ ਇੰਚਾਰਜ ਨੂੰ ਇਸ ਦਾ ਆਪਣੇ ਪੱਧਰ ਤੇ ਪ੍ਰਬੰਧ ਕਰਨਾ ਪੈਂਦਾ ਹੈ। ਉਹ ਮੁਲਾਜ਼ਮ ਜੋ ਪਹਿਲਾਂ ਹੀ ਆਰਥਿਕ ਤੇ ਕਾਫੀ ਹੱਦ ਤੱਕ ਸਮਾਜਿਕ ਸ਼ੋਸ਼ਣ ਦਾ ਸ਼ਿਕਾਰ ਹੈ, ਉਹ ਸਫ਼ਾਈ ਕਰਮਚਾਰੀ ਲਈ ਆਪਣੇ ਪੱਲਿਉਂ ਚੰਗੀ ਤਨਖਾਹ ਦਾ ਪ੍ਰਬੰਧ ਕਿਸ ਤਰਾਂ ਕਰ ਸਕਦਾ ਹੈ। ਉਂਝ ਵੀ ਇਨ੍ਹਾਂ ਸਿਹਤ ਕਰਮਚਾਰੀਆਂ ਨੂੰ ਆਪਣੀ ਤਨਖਾਹ ਵੇਲੇ ਸਿਰ ਨਹੀਂ ਮਿਲਦੀ ਤਾਂ ਇਹ ਕਿਸ ਤਰਾਂ ਹੋਰਨਾਂ ਦੀ ਤਨਖਾਹ ਦਾ ਪ੍ਰਬੰਧ ਕਰਨਗੇ । ਸਾਲ 2018 ਤੋਂ ਕੌਮੀ ਸਿਹਤ ਮਿਸ਼ਨ ਦੇ ਕਰਮਚਾਰੀਆਂ ਨੂੰ ਲੋਇਲਟੀ ਬੋਨਸ ਵੀ ਨਹੀਂ ਦਿੱਤਾ ਜਾ ਰਿਹਾ ।

ਇਨ੍ਹਾਂ ਸਿਹਤ ਕੇਂਦਰਾਂ ਦੇ ਨਾਲ ਉੱਥੇ ਤਾਇਨਾਤ ਇਨ੍ਹਾਂ ਮੁਲਾਜ਼ਮਾਂ ਦੀ ਸਾਰ ਲੈਣੀ ਬਹੁਤ ਜ਼ਰੂਰੀ ਹੈ, ਉੱਥੇ ਸਾਰੇ ਪ੍ਰਬੰਧ ਦਰੁਸਤ ਕੀਤੇ ਜਾਣੇ ਚਾਹੀਦੇ ਹਨ। ਜਦੋਂ ਵੀ ਇਨ੍ਹਾਂ ਸਿਹਤ ਕੇਂਦਰਾਂ ਦੇ ਕਰਮਚਾਰੀ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਸਰਕਾਰ ਦੁਆਰਾ ਥੋਪੇ ਮੁਖੀ ਕੋਲ ਜਾਂਦੇ ਹਨ ਤਾਂ ਉਸ ਦਾ ਵਿਹਾਰ ਇੱਕ ਜੇਲ੍ਹਰ ਵਾਂਗ ਹੁੰਦਾ ਹੈ, ਜਿਵੇਂ ਇਨ੍ਹਾਂ ਮੁਲਾਜ਼ਮਾਂ ਨੇ ਨੌਕਰੀ ਲੈ ਕੇ ਕੋਈ ਗ਼ੁਨਾਹ ਕੀਤਾ ਹੋਵੇ।ਅਣਸੁਖਾਵੀਂ ਘਟਨਾ ਨਾਲ ਨਜਿੱਠਣ ਲਈ ਇਨ੍ਹਾਂ ਨੂੰ ਸਿਹਤ ਬੀਮੇ ਦੇ ਅੰਤਰਗਤ ਲਿਆਂਦਾ ਜਾਵੇ । ਸਰਕਾਰ ਨੂੰ ਚਾਹੀਦਾ ਹੈ ਕਿ ਇਸ ਜਵਾਨ ਕਾਡਰ ਦੀ ਸਾਰ ਲਵੇ ਤੇ ਇਨ੍ਹਾਂ ਦੀ ਮੰਗਾਂ ਨੂੰ ਜਲਦੀ ਤੋਂ ਜਲਦੀ ਹੱਲ ਕਰੇ, ਤਾਂ ਜੋ ਪੇਂਡੂ ਖਿੱਤੇ ਵਿਚ ਸਿਹਤ ਸਹੂਲਤਾਂ ਹੋਰ ਬਿਹਤਰ ਹੋ ਸਕਣ।

# ਸੰਪਰਕ : 95173-96001

CMYK

# ਕਿਰਤੀ ਕਿਸਾਨ ਯੂਨੀਅਨ ਵੱਲੋਂ '84 ਦੇ ਕਤਲੇਆਮ ਵਿਰੁੱਧ ਰੋਸ ਮੁਜ਼ਾਹਰੇ


ਸ੍ਰੀ ਮੁਕਤਸਰ ਸਾਹਿਬ


ਪਾਤੜਾਂ


ਲੌਂਗੋਵਾਲ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਕਿਰਤੀ ਕਿਸਾਨ ਯੂਨੀਅਨ ਵੱਲੋਂ 1984 ਦੇ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਤੇ ਦੇਸ਼ ਵਿੱਚ ਘੱਟ ਗਿਣਤੀਆਂ ਨੂੰ ਨਿਸ਼ਾਨਾ ਬਣਾਏ ਜਾਣ ਵਿਰੁੱਧ ਪਿੰਡ ਝਬੇਲਵਾਲੀ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ। ਪ੍ਰੈੱਸ ਦੇ ਨਾਂਅ ਬਿਆਨ ਜਾਰੀ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ ਤੇ ਜ਼ਿਲ੍ਹਾ ਸਕੱਤਰ ਜਥੇਦਾਰ ਹਰਪ੍ਰੀਤ ਸਿੰਘ ਝਬੇਲਵਾਲੀ ਨੇ ਕਿਹਾ ਕਿ ਸਿੱਖ ਨਸਲਕੁਸ਼ੀ ਦੇ 40 ਸਾਲ ਬੀਤ ਜਾਣ ਬਾਅਦ ਵੀ ਪੀੜਤਾਂ ਨੂੰ ਇਨਸਾਫ਼ ਨਹੀਂ ਮਿਲਿਆ ਤੇ ਨਾ ਹੀ ਭਾਰਤੀ ਹਾਕਮਾਂ ਨੇ ਘੱਟ ਗਿਣਤੀਆਂ ਪ੍ਰਤੀ ਆਪਣੀ ਸਮਝ 'ਚ ਕੋਈ ਤਬਦੀਲੀ ਕੀਤੀ ਹੈ।ਉਨ੍ਹਾਂ ਕਿਹਾ ਕਿ 1984 'ਚ ਜਿਸ ਤਰ੍ਹਾਂ ਦੇਸ਼ ਦੇ ਕੁੱਝ ਹਿੱਸਿਆਂ ਵਿੱਚ ਕੇਂਦਰ ਦੀ ਕਾਂਗਰਸ ਸਰਕਾਰ ਦੀ ਸ਼ਹਿ 'ਤੇ ਗਿਣ ਮਿੱਥ ਕੇ ਸਿੱਖਾਂ ਦਾ ਕਤਲੇਆਮ, ਧੀਆਂ ਭੈਣਾਂ ਦੀ ਬੇਪੱਤੀ ਸਮੇਤ ਕਰੋੜਾਂ ਅਰਬਾਂ ਦੀ ਜਾਇਦਾਦ ਬਰਬਾਦ ਕੀਤੀ ਗਈ, ਉਹ ਮੁਲਕ ਦੀ ਅਖੌਤੀ ਜਮਹੂਰੀਅਤ ਦੇ ਚਿਹਰੇ ਤੋਂ ਕਦੇ ਵੀ ਨਾ ਉੱਤਰਨ ਵਾਲਾ ਕਲੰਕ ਹੈ।ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵੀ ਨਰਿੰਦਰ ਮੋਦੀ ਦੀ ਕੇਂਦਰੀ ਹਕੂਮਤ ਆਪਣੀ ਫ਼ਾਸ਼ੀਵਾਦੀ ਮੁਹਿੰਮ ਤਹਿਤ ਘੱਟ ਗਿਣਤੀਆਂ, ਬੁੱਧੀਜੀਵੀਆਂ, ਲੇਖਕਾਂ ਨੂੰ ਨਿਸ਼ਾਨਾ ਬਣਾ ਰਹੀ ਹੈ।ਦੇਸ਼ ਧ੍ਰੋਹ ਦੇ ਮੁਕੱਦਮੇ ਸਿਰਫ ਯੋਗੀ, ਮੋਦੀ ਦੀ ਆਲੋਚਨਾ ਕਰਨ 'ਤੇ ਹੀ ਦਰਜ ਕੀਤੇ ਜਾ ਰਹੇ ਹਨ।ਜੇਲ੍ਹੀਂ ਡੱਕਿਆਂ ਨੂੰ ਜ਼ਮਾਨਤ ਦਾ ਅਧਿਕਾਰ ਨਹੀਂ ਦਿੱਤਾ ਜਾ ਰਿਹਾ।

ਆਗੂਆਂ ਨੇ ਕਿਹਾ ਕਿ ਅੱਜ ਦੇ ਰੋਸ ਪ੍ਰਦਰਸ਼ਨਾਂ ਦੌਰਾਨ ਬੁਲਾਰਿਆਂ ਨੇ ਜਿੱਥੇ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦੇਣ ਦੀ ਮੰਗ ਕੀਤੀ, ਉਥੇ ਲੋਕਾਂ ਨੂੰ ਭਾਜਪਾ ਦੀ ਹਿੰਦੂਤਵੀ ਫ਼ਾਸ਼ੀਵਾਦੀ ਮੁਹਿੰਮ ਵਿਰੁੱਧ ਜ਼ੋਰਦਾਰ ਆਵਾਜ਼ ਬੁਲੰਦ ਕਰਨ ਦੀ ਅਪੀਲ ਕੀਤੀ।ਇਸ ਮੌਕੇ ਪ੍ਰਗਟ ਸਿੰਘ ਝਬੇਲਵਾਲੀ, ਸਰਬਜੀਤ ਸਿੰਘ ਝਬੇਲਵਾਲੀ, ਬਲਜੀਤ ਸਿੰਘ ਫੌਜੀ, ਰਣਜੀਤ ਸਿੰਘ, ਦਰਸ਼ਨ ਸਿੰਘ, ਅਜਮੇਰ ਸਿੰਘ, ਸ਼ਿੰਦਰਪਾਲ ਕੌਰ, ਅਮਨਦੀਪ ਕੌਰ, ਜਸਪ੍ਰੀਤ ਕੌਰ, ਕਰਮਜੀਤ ਕੌਰ, ਜਸਵਿੰਦਰ ਸਿੰਘ ਭੁੱਲਾ, ਜਸਵਿੰਦਰ ਸਿੰਘ, ਸਤਨਾਮ ਸਿੰਘ, ਗੁਰਤੇਜ ਸਿੰਘ, ਤੇਜ ਸਿੰਘ ਖਾਲਸਾ, ਸ਼ਮਿੰਦਰ ਸਿੰਘ, ਗੁਰਜਿੰਦਰ ਸਿੰਘ, ਦਵਿੰਦਰ ਸਿੰਘ ਆਦਿ ਹਾਜ਼ਰ ਸਨ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਕਿਰਤੀ ਕਿਸਾਨ ਯੂਨੀਅਨ ਵੱਲੋਂ 1984 ਵਿੱਚ ਹੋਏ ਸਿੱਖ ਕਤਲੇਆਮ ਦੇ ਵਿਰੋਧ ਵਿੱਚ ਸੂਬਾ ਪੱਧਰੀ ਸੱਦਾ 'ਤੇ ਰੋਸ ਜ਼ਾਹਰ ਕਰਦਿਆਂ ਦੋਸ਼ੀਆਂ ਨੂੰ ਸਜ਼ਾਵਾਂ ਤੇ ਪੀੜਤਾਂ ਨੂੰ ਇਨਸਾਫ ਦੇਣ ਦੀ ਮੰਗ ਕੀਤੀ ਗਈ।ਸ਼ਹਿਰ ਦੇ ਪੁਰਾਣੇ ਬੱਸ ਅੱਡੇ ਤੋਂ ਦਿੱਲੀ-ਸੰਗਰੂਰ ਕੌਮੀ ਮੁੱਖ ਮਾਰਗ 'ਤੇ ਸ਼ਹਿਰ ਦੇ ਸ਼ਹੀਦ ਭਗਤ ਸਿੰਘ ਚੌਕ ਪਾਤੜਾਂ ਤੱਕ ਰੋਸ ਮੁਜ਼ਾਹਰਾ ਕਰਨ ਉਪਰੰਤ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ।ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਪੂਨੀਆ, ਜ਼ਿਲ੍ਹਾ ਸਕੱਤਰ ਦਲਜਿੰਦਰ ਸਿੰਘ ਹਰਿਆਊ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਵਿੰਦਰ ਸਿੰਘ ਦੇਧਨਾ ਨੇ ਕਿਹਾ ਕਿ ਸਿੱਖ ਨਸਲਕੁਸ਼ੀ ਦੇ 40 ਸਾਲ ਬੀਤ ਜਾਣ ਮਗਰੋਂ ਵੀ ਕੋਈ ਇਨਸਾਫ਼ ਨਹੀਂ ਮਿਲਿਆ ਨਾ ਹੀ ਦੋਸ਼ੀਆਂ ਨੂੰ ਸਜ਼ਾਵਾਂ ਮਿਲੀਆਂ। ਆਗੂਆਂ ਨੇ ਕਿਹਾ ਕਿ ਮੌਕੇ ਦੀ ਭਾਜਪਾ-ਆਰ ਐੱਸ ਐੱਸ ਸਰਕਾਰ ਇਸ ਦੇਸ਼ ਦੀ ਵਿਭਿੰਨਤਾ ਨੂੰ ਭੰਗ ਕਰਕੇ ਇੱਕ ਰੰਗ ਵਿੱਚ ਰੰਗਣ ਦੀ ਫਾਸ਼ੀਵਾਦੀ ਨੀਤੀ ਤਹਿਤ ਕੰਮ ਕਰ ਰਹੀ।ਉਹ ਮੁਲਕ ਤੇ ਨਾਗਰਿਕਤਾ ਸੋਧ ਕਾਨੂੰਨ ਤੇ ਇਕਸਾਰ ਸਿਵਿਲ ਕੋਡ ਥੋਪ ਕੇ ਲਾਗੂ ਕਰਨ ਲਈ ਯਤਨਸ਼ੀਲ ਹੈ।ਇਹ ਦੋਵੇਂ ਕਾਨੂੰਨ ਘੱਟ ਗਿਣਤੀਆਂ ਲਈ ਖਤਰੇ ਦੀ ਘੰਟੀ ਹਨ।ਇਸ ਮੌਕੇ ਬਲਾਕ ਪ੍ਰਧਾਨ ਕਰਮਜੀਤ ਸਿੰਘ, ਬਲਾਕ ਆਗੂ ਮਹਿੰਦਰ ਸਿੰਘ ਖਾਂਗ ਤੋਂ ਇਲਾਵਾ ਸ੍ਰੀ ਹੇਮਕੁੰਟ ਸੇਵਾ ਸਿਮਰਨ ਸੁਸਾਇਟੀ ਤੋਂ ਜਸਮੀਤ ਸਿੰਘ ਬਬਲਾ ਤੇ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਤੋਂ ਬੀਬੀ ਬਲਜੀਤ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਸ਼ਾਮਲ ਹੋਏ।

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)** : ਕਿਰਤੀ ਕਿਸਾਨ ਯੂਨੀਅਨ ਵੱਲੋਂ ਦਿੱਤੇ ਸੂਬਾ ਪੱਧਰੀ ਸੱਦੇ ਤਹਿਤ ਪਿੰਡ ਢੱਡਰੀਆਂ ਤੇ ਲੌਂਗੋਵਾਲ ਵਿਖੇ 1984 ਦੇ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਤੇ ਦੇਸ਼ ਵਿੱਚ ਘੱਟ ਗਿਣਤੀਆਂ ਨੂੰ ਨਿਸ਼ਾਨਾ ਬਣਾਏ ਜਾਣ ਵਿਰੁੱਧ ਕਿਸਾਨਾਂ ਨੇ ਰੋਸ ਮੁਜ਼ਾਹਰੇ ਕਰਕੇ ਪੀੜਤਾਂ ਨੂੰ 40 ਸਾਲ ਬੀਤ ਜਾਣ ਦੇ ਬਾਵਜੂਦ ਨਿਆਂ ਨਾ ਦੇਣ ਤੇ ਹਿੰਦੂਤਵੀ ਫ਼ਾਸ਼ੀਵਾਦੀ ਮੁਹਿੰਮ ਵਿਰੁੱਧ ਜ਼ੋਰਦਾਰ ਆਵਾਜ਼ ਬੁਲੰਦ ਕੀਤੀ।ਪਿੰਡ ਢੱਡਰੀਆਂ ਵਿਖੇ ਕਿਸਾਨਾਂ ਨੇ ਇਕੱਠੇ ਹੋ ਕੇ ਕੇਂਦਰ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਤੇ ਲੌਂਗੋਵਾਲ ਵਿਖੇ ਯੂਥ ਵਿੰਗ ਦੀ ਅਗਵਾਈ ਹੇਠ ਨੌਜਵਾਨਾਂ ਨੇ ਮੋਮਬੱਤੀਆਂ ਬਾਲ ਕੇ ਨਵੰਬਰ 84 ਵਿੱਚ ਸ਼ਹੀਦ ਹੋਏ ਸਿੱਖਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਇਨਸਾਫ ਦੀ ਮੰਗ ਕੀਤੀ।

ਕਿਰਤੀ ਕਿਸਾਨ ਯੂਨੀਅਨ ਦੇ ਯੂਥ ਵਿੰਗ ਦੇ ਸੂਬਾ ਕਨਵੀਨਰ ਭੁਪਿੰਦਰ ਸਿੰਘ ਲੌਂਗੋਵਾਲ ਤੇ ਸੀਨੀਅਰ ਜ਼ਿਲ੍ਹਾ ਮੀਤ ਪ੍ਰਧਾਨ ਭਜਨ ਸਿੰਘ ਢੱਡਰੀਆਂ, ਢੱਡਰੀਆਂ ਇਕਾਈ ਦੇ ਪ੍ਰਧਾਨ ਜੋਗਾ ਸਿੰਘ ਤੇ ਸਤਨਾਮ ਸਿੰਘ ਨਿਹੰਗ ਨੇ ਅੱਜ ਦੇ ਰੋਸ ਪ੍ਰਦਰਸ਼ਨਾਂ ਦੌਰਾਨ ਬੁਲਾਰਿਆਂ ਨੇ ਜਿੱਥੇ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਖਤ ਸਜ਼ਾਵਾਂ ਦੇਣ ਦੀ ਮੰਗ ਕੀਤੀ, ਉਥੇ ਲੋਕਾਂ ਨੂੰ ਭਾਜਪਾ ਦੀ ਹਿੰਦੂਤਵੀ ਫਾਸ਼ੀਵਾਦੀ ਮੁਹਿੰਮ ਵਿਰੁੱਧ ਜ਼ੋਰਦਾਰ ਆਵਾਜ਼ ਬੁਲੰਦ ਕਰਨ ਦੀ ਅਪੀਲ ਵੀ ਕੀਤੀ।ਇਸ ਸਮੇਂ ਕਿਸਾਨ ਆਗੂ ਬਘੇਲ ਸਿੰਘ, ਕਸ਼ਮੀਰ ਸਿੰਘ, ਅਜੀਤ ਸਿੰਘ, ਦੀਪ ਸਿੰਘ, ਹਰਪ੍ਰੀਤ ਸਿੰਘ, ਕਾਲੂ ਸਿੰਘ ਸਮੇਤ ਵੱਡੀ ਕਿਸਾਨ ਗਿਣਤੀ ਹਾਜ਼ਰ ਸਨ।

# ਦਵਿੰਦਰ ਸਿੰਘ ਤੇ ਪ੍ਰੀਤਮ ਸਿੰਘ ਪਰਾਲੀ ਸਾੜਨ ਤੋਂ ਬਿਨਾਂ ਕਰ ਰਹੇ ਨੇ ਖੇਤੀ

## ਖੇਤ 'ਚ ਹੀ ਪਰਾਲੀ ਵਾਹੁਣ ਨਾਲ ਖਾਦਾਂ ਦੀ ਲਾਗਤ ਹੋਈ ਅੱਧੀ : ਦਵਿੰਦਰ ਸਿੰਘ

**ਮੋਗਾ (ਇਕਬਾਲ ਸਿੰਘ ਖਹਿਰਾ)**

ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ 'ਤੇ ਜਿੱਥੇ ਮਨੁੱਖੀ ਸਿਹਤ ਨੂੰ ਕਈ ਬਿਮਾਰੀਆਂ ਲੱਗਣ ਦਾ ਖ਼ਤਰਾ ਬਣਿਆ ਰਹਿੰਦਾ ਹੈ, ਉੱਥੇ ਹੀ ਇਸ ਦਾ ਮਾੜਾ ਪ੍ਰਭਾਵ ਵਾਤਾਵਰਨ ਤੇ ਖੇਤ ਦੀ ਮਿੱਟੀ ਉੱਪਰ ਵੀ ਪੈਂਦਾ ਹੈ। ਬਲਾਕ ਕੋਟ ਈਸੇ ਖਾਂ ਦੇ ਪਿੰਡ ਕਿਸ਼ਨਪੁਰਾ ਕਲਾਂ ਦੇ ਕਿਸਾਨ ਦਵਿੰਦਰ ਸਿੰਘ, ਪ੍ਰੀਤਮ ਸਿੰਘ ਦੋਨੋਂ ਭਰਾ ਤੇ ਉਨ੍ਹਾਂ ਦਾ ਬੇਟਾ ਹਰਪ੍ਰੀਤ ਸਿੰਘ 2016 ਤੋਂ ਪਰਾਲੀ ਨੂੰ ਖੇਤ ਵਿੱਚ ਵਹਾ ਕੇ ਵਾਤਾਵਰਨ ਪੱਖੀ ਖੇਤੀਬਾੜੀ ਕਰ ਰਹੇ ਹਨ। ਉਨ੍ਹਾਂ ਵੱਲੋਂ ਆਪਣੇ ਖੇਤ ਵਿੱਚ ਆਲੂਆਂ ਦੀ ਬਿਜਾਈ ਕੀਤੀ ਜਾਂਦੀ ਹੈ। ਦੋਨੋਂ ਕਿਸਾਨ ਦੱਸਦੇ ਹਨ ਕਿ ਪਰਾਲੀ ਨੂੰ ਖੇਤ ਵਿੱਚ ਵਾਹੁਣ ਨਾਲ ਖਾਦ ਦੀ ਖਪਤ ਅੱਧੀ ਰਹੀ ਗਈ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਵਾਤਾਵਰਨ ਦੀ ਸ਼ੁੱਧਤਾ ਦੀ ਅਹਿਮੀਅਤ ਨੂੰ ਸਮਝਦਿਆਂ ਸਾਲ 2016 ਤੋਂ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣੀ ਬਿਲਕੁਲ ਬੰਦ ਕਰ ਦਿੱਤੀ ਸੀ। ਉਸ ਤੋਂ ਬਾਅਦ ਹਰ ਸਾਲ ਉਹ ਝੋਨੇ ਦੀ ਕੰਬਾਈਨ ਨਾਲ ਕਟਾਈ ਕਰਨ ਮਗਰੋਂ ਖੁੱਲ੍ਹੀ ਪਈ ਪਰਾਲੀ ਤੇ ਖੜ੍ਹੇ ਕਰਚਿਆਂ ਵਿੱਚ ਮਲਚਰ ਮਾਰ ਕੇ ਆਲੂਆਂ ਤੇ ਕਣਕ ਦੀ ਬਿਜਾਈ ਕਰਦੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਖਾਦਾਂ ਦੀ ਮਾਤਰਾ ਤੇ ਕਾਸ਼ਤਕਾਰੀ ਖਰਚੇ ਘਟੇ ਹਨ। ਪਰਾਲੀ ਦੇ ਜ਼ਮੀਨ ਦੀ ਸਤ੍ਹਾ 'ਤੇ ਰੱਖਣ ਦੇ ਬਹੁਤ ਸਾਰੇ ਫਾਇਦੇ ਹਨ। ਜਿਵੇਂ ਕਿ ਮਿੱਟੀ ਦੀ ਨਮੀ ਬਰਕਰਾਰ ਰਹਿੰਦੀ ਹੈ ਤੇ ਮਿੱਟੀ ਦੀ ਪਾਣੀ ਸੰਭਾਲਣ ਦੀ ਸਮਰੱਥਾ ਵੀ 5 ਤੋਂ 10 ਫੀਸਦੀ ਵਧ ਜਾਂਦੀ ਹੈ। ਕੰਬਾਈਨ ਨਾਲ ਪਰਾਲੀ ਖਿਲਾਰਨ ਵਾਲੇ ਯੰਤਰ ਸੁਪਰ ਐੱਸ.ਐੱਮ.ਐੱਸ. ਦੇ ਲਗਾਏ ਜਾਣ ਨਾਲ ਮੁੱਢ ਕੱਟਣ ਤੇ ਖਿਲਾਰਨ ਵਾਲੀ ਮਸ਼ੀਨ ਪੀ.ਏ.ਯੂ. ਸਟਰਾਅ ਕਟਰ-ਕਮ-ਸਪਰੈਡਰ ਦੇ ਆਉਣ ਨਾਲ ਇਹ ਕੰਮ ਹੋਰ ਵੀ ਆਸਾਨ ਹੋ ਗਿਆ ਹੈ। ਉਹ ਆਲੂਆਂ ਦੀ ਫਸਲ ਵਿੱਚੋਂ ਕਣਕ ਦੀ ਫਸਲ ਨਾਲੋਂ ਜ਼ਿਆਦਾ ਕਮਾਈ ਕਰ ਰਹੇ ਹਨ।



ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੇ ਇਨ੍ਹਾਂ ਦੋਨਾਂ ਕਿਸਾਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਵਾਤਾਵਰਨ ਸ਼ੁੱਧਤਾ ਵਿੱਚ ਆਪਣੀ ਵੱਡਮੁੱਲਾ ਯੋਗਦਾਨ ਦੇ ਰਹੇ ਹਨ। ਹੁਣ ਸਾਰੇ ਕਿਸਾਨਾਂ ਨੂੰ ਹੀ ਪਰਾਲੀ ਨੂੰ ਜਲਾਉਣ ਤੋਂ ਬਿਨਾਂ ਖੇਤੀ ਕਰਨੀ ਚਾਹੀਦੀ ਹੈ, ਕਿਉਂਕਿ ਦਿਨੋਂ ਦਿਨ ਦੂਸ਼ਿਤ ਹੋ ਰਹੇ ਵਾਤਾਵਰਨ ਨੂੰ ਬਚਾਉਣ ਲਈ ਇਸ ਦੀ ਸਖਤ ਜ਼ਰੂਰਤ ਹੈ। ਕਿਸਾਨਾਂ ਨੇ ਕਿਹਾ ਕਿ ਸਮੂਹ ਕਿਸਾਨਾਂ ਨੂੰ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸ਼ੁੱਧ ਵਾਤਾਵਰਨ ਮੁਹੱਈਆ ਕਰਵਾਉਣ ਲਈ ਪਰਾਲੀ ਸਾੜਨੀ ਬੰਦ ਕਰ ਦੇਣੀ ਚਾਹੀਦੀ ਹੈ, ਕਿਉਂਕਿ ਇਸ ਨਾਲ ਅਗਲੀ ਫਸਲ ਦੀ ਬਿਜਾਈ ਵਿੱਚ ਕੋਈ ਵੀ ਮੁਸ਼ਕਲ ਪੇਸ਼ ਨਹੀਂ ਆਉਂਦੀ, ਕਿਉਂਕਿ ਹੁਣ ਤਾਂ ਖੇਤੀਬਾੜੀ ਵਿਭਾਗ ਵੱਲੋਂ ਵਾਤਾਵਰਨ ਪੱਖੀ ਖੇਤੀਬਾੜੀ ਸੰਦ ਹੀ ਕਿਸਾਨਾਂ ਤੱਕ ਪਹੁੰਚਾ ਦਿੱਤੇ ਹਨ, ਇਸ ਤੋਂ ਝੋਨੇ ਦੀ ਪਰਾਲੀ ਦੇ ਨਿਪਟਾਰੇ ਲਈ ਗੱਠਾਂ ਬਣਾਉਣ ਵਰਗੇ ਹੋਰ ਪ੍ਰਬੰਧ ਵੀ ਕੀਤੇ ਜਾ ਸਕਦੇ ਹਨ, ਜਿਨ੍ਹਾਂ ਨਾਲ ਪਰਾਲੀ ਕਮਾਈ ਦਾ ਸਾਧਨ ਬਣ ਰਹੀ ਹੈ।

## ਕਾਤਰਾਂ

### ਕੁੱਟਮਾਰ ਦੇ ਮਾਮਲੇ 'ਚ ਦੋ ਔਰਤਾਂ ਸਣੇ 9 ਨਾਮਜ਼ਦ

**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਰਾਣਵਾਂ ਦੇ ਇੱਕ ਵਿਅਕਤੀ ਦੀ ਘਰ ਵੜ ਕੇ ਕੁੱਟਮਾਰ ਕੀਤੇ ਜਾਣ ਦੇ ਕਥਿਤ ਮਾਮਲੇ 'ਚ ਖਮਾਣੋਂ ਪੁਲਸ ਵੱਲੋਂ ਦੋ ਔਰਤਾਂ ਸਣੇ ਨੌਂ ਵਿਅਕਤੀਆਂ ਨੂੰ ਵੱਖ-ਵੱਖ ਧਾਰਾਵਾਂ ਤਹਿਤ ਦਰਜ ਕੀਤੇ ਗਏ ਮੁਕੱਦਮੇ 'ਚ ਨਾਮਜ਼ਦ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਰਜਿੰਦਰ ਸਿੰਘ ਵਾਸੀ ਪਿੰਡ ਰਾਣਵਾਂ ਨੇ ਪੁਲਸ ਨੂੰ ਦਿੱਤੇ ਬਿਆਨਾਂ 'ਚ ਦੋਸ਼ ਲਗਾਏ ਸਨ ਕਿ ਪਿੰਡ ਦੇ ਕੁਝ ਵਿਅਕਤੀਆਂ ਨਾਲ ਉਨ੍ਹਾਂ ਦੀ ਆਪਸੀ ਰੰਜਿਸ਼ ਚਲਦੀ ਸੀ, ਜਿਸ ਦੇ ਚੱਲਦਿਆਂ ਉਕਤ ਵਿਅਕਤੀਆਂ ਵੱਲੋਂ ਘਰ ਆ ਕੇ ਉਸ ਦੀ ਕੁੱਟਮਾਰ ਕੀਤੀ ਗਈ ਤੇ ਉਸ ਦੇ ਸੱਟਾਂ ਮਾਰੀਆਂ।ਰਜਿੰਦਰ ਸਿੰਘ ਦੇ ਬਿਆਨਾਂ 'ਤੇ ਸਤਨਾਮ ਸਿੰਘ, ਕਾਸ਼ਾ, ਜੋਬਨਪ੍ਰੀਤ ਸਿੰਘ, ਗੁਰਦੇਵ ਸਿੰਘ, ਅਵਤਾਰ ਸਿੰਘ ਉਰਫ ਤਾਰੀ, ਸੁਰਿੰਦਰਪਾਲ ਸਿੰਘ, ਗੁਰਪ੍ਰੀਤ ਕੌਰ, ਜੋਤੀ ਵਾਸੀਆਨ ਪਿੰਡ ਰਾਣਵਾਂ ਤੇ ਹਰਪ੍ਰੀਤ ਸਿੰਘ ਉਰਫ ਪੀਤੀ ਵਾਸੀ ਪਿੰਡ ਬਾਬਲਾਂ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਖਮਾਣੋਂ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

### ਵੋਟਾਂ ਦੀ ਰੰਜਿਸ਼ 'ਚ ਦੋ ਦੀ ਕੁੱਟਮਾਰ, ਮਾਮਲਾ ਦਰਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫਿਰੋਜ਼ਪੁਰ ਦੇ ਪਿੰਡ ਮਸਤੇ ਕੇ ਵਿੱਚ ਪੰਚਾਇਤੀ ਚੋਣਾਂ ਵਿੱਚ ਵੋਟਾਂ ਨਾ ਪਾਉਣ ਨੂੰ ਲੈ ਕੇ ਇਕ ਔਰਤ ਤੇ ਉਸ ਦੇ ਪਤੀ ਦੀ ਕੁੱਟਮਾਰ ਕਰਨ ਦੇ ਮਾਮਲੇ ਵਿੱਚ 5 ਵਿਅਕਤੀਆਂ ਖ਼ਿਲਾਫ ਮਾਮਲਾ ਦਰਜ ਕੀਤਾ ਗਿਆ ਹੈ।ਥਾਣਾ ਆਰਿਫ ਕੇ ਦੇ ਸਹਾਇਕ ਥਾਣੇਦਾਰ ਗੁਰਚਰਨ ਸਿੰਘ ਨੇ ਦੱਸਿਆ ਕਿ ਸੰਮਾ ਸਿੰਘ ਪੁੱਤਰ ਪੰਚਾ ਸਿੰਘ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੋਸ਼ ਲਗਾਇਆ ਕਿ ਜਗਰੂਪ ਸਿੰਘ ਪੁੱਤਰ ਦੋਨਾ ਸਿੰਘ, ਜਸ਼ਨਦੀਪ ਸਿੰਘ ਪੁੱਤਰ ਮਹਿੰਦਰ ਸਿੰਘ, ਗੁਰਵਿੰਦਰ ਸਿੰਘ ਪੁੱਤਰ ਬਾਜ ਸਿੰਘ, ਸ਼ਿੰਦਰ ਸਿੰਘ ਪੁੱਤਰ ਸ਼ੇਰ ਸਿੰਘ ਤੇ ਮਹਿੰਦਰ ਸਿੰਘ ਪੁੱਤਰ ਸ਼ੇਰ ਸਿੰਘ ਨੇ ਉਸ ਤੇ ਉਸ ਦੀ ਪਤਨੀ ਦੀ ਕੁੱਟਮਾਰ ਕੀਤੀ।ਸੰਮਾ ਸਿੰਘ ਨੇ ਕਿਹਾ ਕਿ ਇਹ ਰੰਜਿਸ਼ ਪੰਚਾਇਤੀ ਚੋਣਾਂ ਵਿੱਚ ਵੋਟਾਂ ਨਾ ਪਾਉਣ ਨੂੰ ਲੈ ਕੇ ਪੈਦਾ ਹੋਈ ਸੀ।ਇਸ ਹਮਲੇ ਕਾਰਨ ਸੰਮਾ ਸਿੰਘ ਤੇ ਉਸ ਦੀ ਪਤਨੀ ਦਾ ਇਲਾਜ ਸਿਵਲ ਹਸਪਤਾਲ ਫਿਰੋਜ਼ਪੁਰ ਵਿੱਚ ਚੱਲ ਰਿਹਾ ਹੈ।

### ਲਾਪਤਾ ਵਿਅਕਤੀ ਦੀ ਨਹਿਰ 'ਚੋਂ ਮਿਲੀ ਲਾਸ਼

**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੀਤੇ ਕੁਝ ਦਿਨਾਂ ਤੋਂ ਲਾਪਤਾ ਚੱਲੇ ਆ ਰਹੇ ਸਰਹਿੰਦ ਸ਼ਹਿਰ ਦੇ ਵਸਨੀਕ ਰਮਨ ਕੁਮਾਰ ਉਰਫ ਹੈਪੀ ਦੀ ਲਾਸ਼ ਨਹਿਰ 'ਚੋਂ ਮਿਲਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਕਮਲ ਕੁਮਾਰ ਵਾਸੀ ਮੁਹੱਲਾ ਮੋਦੀਆਂ, ਸਰਹਿੰਦ ਸ਼ਹਿਰ ਨੇ ਪੁਲਸ ਨੂੰ ਦਿੱਤੇ ਬਿਆਨਾਂ 'ਚ ਦੱਸਿਆ ਕਿ ਉਸ ਦਾ ਲੜਕਾ ਰਮਨ ਕੁਮਾਰ ਉਰਫ ਹੈਪੀ (35) ਜੋ ਕਿ ਤਿੰਨ ਬੱਚਿਆਂ ਦਾ ਪਿਤਾ ਸੀ, ਸ਼ਰਾਬ ਪੀਣ ਦਾ ਆਦੀ ਸੀ ਅਤੇ ਦਿਮਾਗੀ ਤੌਰ 'ਤੇ ਪ੍ਰੇਸ਼ਾਨ ਰਹਿੰਦਾ ਸੀ।ਕਮਲ ਕੁਮਾਰ ਨੇ ਦੱਸਿਆ ਕਿ ਬੀਤੀ 27 ਅਕਤੂਬਰ ਦੀ ਦੁਪਹਿਰ ਨੂੰ ਉਸ ਦਾ ਲੜਕਾ ਰਮਨ ਕੁਮਾਰ ਉਰਫ ਹੈਪੀ ਕਿਸੇ ਨੂੰ ਬਿਨਾਂ ਕਿਸੇ ਨੂੰ ਕੁਝ ਦੱਸੇ ਪੁੱਛੇ ਘਰ ਤੋਂ ਚਲਾ ਗਿਆ ਸੀ, ਜਿਸ ਤੋਂ ਬਾਅਦ ਉਸ ਦਾ ਕੁਝ ਪਤਾ ਨਹੀਂ ਲੱਗਾ ਤੇ ਉਸ ਦੀ ਭਾਲ ਦੌਰਾਨ ਰਮਨ ਕੁਮਾਰ ਦੀ ਲਾਸ਼ ਹੁਣ ਪਿੰਡ ਖੇਰਾ, ਜ਼ਿਲ੍ਹਾ ਅੰਬਾਲਾ (ਹਰਿਆਣਾ) ਕੋਲੋਂ ਲੰਘਦੀ ਨਹਿਰ 'ਚੋਂ ਮਿਲੀ ਹੈ।ਮਾਮਲੇ ਦੀ ਜਾਂਚ ਕਰ ਰਹੀ ਥਾਣਾ ਫ਼ਤਿਹਗੜ੍ਹ ਸਾਹਿਬ ਦੀ ਪੁਲਸ ਵੱਲੋਂ ਮ੍ਰਿਤਕ ਦੇ ਪਿਤਾ ਦੇ ਬਿਆਨਾਂ 'ਤੇ ਮਾਮਲੇ 'ਚ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ।

## ਟਰੱਕ 'ਚੋਂ 764 ਗੱਟੇ ਬਾਸਮਤੀ, ਮੋਬਾਇਲ ਤੇ ਨਕਦੀ ਚੋਰੀ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪਿੰਡ ਸੂਰ ਸਿੰਘ ਵਾਲਾ ਵਿੱਚ ਲੁਟੇਰਿਆਂ ਵੱਲੋਂ ਟਰੱਕ ਸਵਾਰਾਂ ਨੂੰ ਨਿਸ਼ਾਨਾ ਬਣਾਇਆ ਗਿਆ, ਜਿੱਥੇ ਟਰੱਕ 'ਤੇ ਲੱਦੀ ਬਾਸਮਤੀ ਦੇ 764 ਗੱਟੇ, ਮੋਬਾਇਲ ਫੋਨ ਤੇ 35 ਹਜ਼ਾਰ ਰੁਪਏ ਦੀ ਨਕਦੀ ਚੋਰੀ ਹੋਣ ਦੀ ਖਬਰ ਹੈ।ਥਾਣਾ ਕੁੱਲਗੜ੍ਹੀ ਪੁਲਸ ਨੇ 5 ਅਣਪਛਾਤੇ ਵਿਅਕਤੀਆਂ ਖ਼ਿਲਾਫ ਮਾਮਲਾ ਦਰਜ ਕੀਤਾ ਹੈ।

ਸ਼ਿਕਾਇਤਕਰਤਾ ਦਿਲਦਾਰ ਪੁੱਤਰ ਅੱਖੀ ਖਾਂ, ਜੋ ਪਿੰਡ ਮੀਆਂ ਕੋਰੀਆ ਥਾਣਾ ਫਲੋਦੀ ਹਾਲ ਰਾਜਸਥਾਨ ਦਾ ਰਹਿਣ ਵਾਲਾ ਹੈ, ਨੇ ਪੁਲਸ ਨੂੰ ਦੱਸਿਆ ਕਿ ਉਹ ਅਤੇ ਉਸ ਦਾ ਸਾਥੀ ਰਮਜਾਨ ਟਰੱਕ 'ਤੇ ਬਾਸਮਤੀ ਲੱਦ ਕੇ ਜਾ ਰਹੇ ਸਨ।

ਰਾਹ ਵਿੱਚ ਇੱਕ ਕਾਰ ਵਿੱਚ 5 ਅਣਪਛਾਤੇ ਲੋਕ ਆਏ, ਜਿਨ੍ਹਾਂ ਨੇ ਟਰੱਕ ਰੁਕਵਾ ਕੇ ਉਨ੍ਹਾਂ 'ਤੇ ਰਾਈਫਲ ਤਾਣੀ ਤੇ ਮੂੰਹ 'ਤੇ ਕੱਪੜਾ ਪਾ ਕੇ ਉਨ੍ਹਾਂ ਨੂੰ ਕਈ ਘੰਟਿਆਂ ਤੱਕ ਰੋਕ ਕੇ ਰੱਖਿਆ।ਬਾਅਦ ਵਿੱਚ ਉਨ੍ਹਾਂ ਨੂੰ ਛੱਡ ਦਿੱਤਾ ਗਿਆ ਤੇ ਟਰੱਕ ਟੋਲ ਪਲਾਜ਼ਾ ਨੇੜੇ ਖੜ੍ਹਾ ਮਿਲਿਆ, ਜਿਸ ਵਿੱਚੋਂ ਬਾਸਮਤੀ ਦੇ 764 ਗੱਟੇ ਗਾਇਬ ਸਨ।ਲੁਟੇਰੇ ਦਿਲਦਾਰ ਸਿੰਘ ਦਾ ਵੀਵੋ ਮੋਬਾਇਲ ਤੇ 35 ਹਜ਼ਾਰ ਰੁਪਏ ਦੀ ਨਕਦੀ ਵੀ ਲੈ ਗਏ।ਸਬ ਇੰਸਪੈਕਟਰ ਦਵਿੰਦਰ ਪਾਲ ਨੇ ਦੱਸਿਆ ਕਿ ਪੁਲਸ ਨੇ ਮਾਮਲਾ ਦਰਜ ਕਰਕੇ ਅਣਪਛਾਤੇ ਵਿਅਕਤੀਆਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

# ਐੱਸ ਡੀ ਐੱਮ ਵੱਲੋਂ ਪਰਾਲੀ ਨੂੰ ਅੱਗ ਨਾ ਲਾਉਣ ਦੀ ਅਪੀਲ

## ਖੁਦ ਜਾ ਕੇ ਖੇਤਾਂ 'ਚੋਂ ਅੱਗ ਬੁਝਾਈ



**ਸਮਾਣਾ (ਇਕਬਾਲ ਸਿੰਘ ਬੱਲ)**-ਐੱਸ.ਡੀ.ਐੱਮ. ਸਮਾਣਾ ਤਰਸੇਮ ਚੰਦ ਵੱਲੋਂ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਪਿੰਡਾਂ 'ਚ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਵਾਤਾਵਰਨ ਨੂੰ ਪਲੀਤ ਹੋਣ ਤੋਂ ਰੋਕਣ ਲਈ ਖੇਤਾਂ 'ਚ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ।ਉਨ੍ਹਾ ਕਿਹਾ ਕਿ ਸਰਕਾਰ ਵੱਲੋਂ ਕਿਸਾਨਾਂ ਨੂੰ ਵੱਡੀ ਗਿਣਤੀ 'ਚ ਸਬਸਿਡੀ 'ਤੇ ਪਰਾਲੀ ਦੀਆਂ ਗੱਠਾਂ ਬੰਨ੍ਹਣ ਲਈ ਮਸ਼ੀਨਾਂ ਦਿੱਤੀਆਂ ਗਈਆਂ ਹਨ, ਜਿਨ੍ਹਾਂ ਦਾ ਕਿਸਾਨਾਂ ਵੱਲੋਂ ਵੱਧ ਤੋਂ ਵੱਧ ਫਾਇਦਾ ਲਿਆ ਜਾਵੇ।ਉਨ੍ਹਾ ਕਿਹਾ ਕਿ ਸਰਕਾਰ ਵੱਲੋਂ ਸੈਟੇਲਾਈਟ ਜ਼ਰੀਏ ਖੇਤਾਂ 'ਚ ਲਾਈ ਜਾ ਰਹੀ ਅੱਗ ਤਹਿਤ ਕਿਸਾਨਾਂ ਦੀ ਪਹਿਚਾਣ ਕਰਕੇ ਜੁਰਮਾਨਾ ਕਰਦਿਆਂ ਫਰਦ 'ਤੇ ਨੋਟ ਦਿੱਤਾ ਜਾਣਾ ਹੈ, ਜਿਸ ਕਰਕੇ ਕਿਸਾਨਾਂ ਦਾ ਨੁਕਸਾਨ ਹੋ ਸਕਦਾ ਹੈ।ਇਸ ਮੌਕੇ ਐੱਸ ਡੀ ਐੱਮ ਤਰਸੇਮ ਚੰਦ ਵੱਲੋਂ ਪਿੰਡ ਦਾਨੀਪੁਰ, ਖਾਨਪੁਰ, ਲਲੌਛੀ, ਖੁਦਾਦਪੁਰਾ, ਮਿਆਲ ਤੇ ਕੁਤਬਨਪੁਰ ਆਦਿ 'ਚ ਜਾ ਕੇ ਖੁਦ ਆਪਣੇ ਹੱਥੀਂ ਖੇਤਾਂ 'ਚ ਲਾਈ ਗਈ ਅੱਗ ਬੁਝਾਈ ਗਈ।

## ਕਾਮਰੇਡ ਰਣਧੀਰ ਗਿੱਲ ਦੀ ਯਾਦ 'ਚ ਸੈਮੀਨਾਰ 7 ਨੂੰ : ਕੁਲਦੀਪ ਭੋਲਾ

### ਕਾਮਰੇਡ ਜਗਰੂਪ ਤੇ ਪ੍ਰੋ: ਸੁਖਦੇਵ ਸਿੰਘ ਸਿਰਸਾ ਹੋਣਗੇ ਮੁੱਖ ਬੁਲਾਰੇ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਹਾਨ ਅਕਤੂਬਰ ਇਨਕਲਾਬ ਦੀ 107ਵੀਂ ਵਰ੍ਹੇਗੰਢ ਮੌਕੇ ਉੱਘੇ ਕਮਿਊਨਿਸਟ ਤੇ ਸਾਬਕਾ ਅਧਿਆਪਕ ਆਗੂ ਕਾਮਰੇਡ ਰਣਧੀਰ ਗਿੱਲ ਦੀ ਯਾਦ ਵਿੱਚ 7 ਨਵੰਬਰ ਨੂੰ 11 ਵਜੇ ਸੈਮੀਨਾਰ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕੁਲਦੀਪ ਸਿੰਘ ਭੋਲਾ ਨੇ ਕਿਹਾ ਇਸ ਮੌਕੇ 'ਮਾਰਕਸਵਾਦ ਤੇ ਅਜੋਕਾ ਸਮਾਜ' ਵਿਸ਼ੇ 'ਤੇ ਕਾਮਰੇਡ ਜਗਰੂਪ ਅਤੇ 'ਅਕਤੂਬਰ ਸਮਾਜਵਾਦੀ ਇਨਕਲਾਬ ਦਾ ਪੰਜਾਬੀ ਸਾਹਿਤ ਤੇ ਪ੍ਰਭਾਵ' ਵਿਸ਼ੇ 'ਤੇ ਪ੍ਰੋ: ਸੁਖਦੇਵ ਸਿੰਘ ਸਿਰਸਾ ਆਪਣਾ ਲੈਕਚਰ ਦੇਣਗੇ। ਕਾਮਰੇਡ ਕੁਲਦੀਪ ਸਿੰਘ ਭੋਲਾ ਨੇ ਅੱਗੇ ਦੱਸਿਆ ਕਿ ਇਸ ਮੌਕੇ ਮੁਲਾਜ਼ਮ ਆਗੂ ਗੁਰਦੀਪ ਸਿੰਘ ਮੋਤੀ, ਪ੍ਰਿੰਸੀਪਲ ਪੂਰਨ ਸਿੰਘ ਸੰਧੂ ਤੇ ਮਜ਼ਦੂਰ ਆਗੂ ਹਰਬੰਸ ਸਾਗਰ ਨੂੰ ਸਨਮਾਨਤ ਕੀਤਾ ਜਾਵੇਗਾ। ਇਸ ਸਮਾਗਮ ਦਾ ਆਯੋਜਨ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮੋਗਾ ਤੇ ਬਹੋਨਾ ਪਰਵਾਰ ਵੱਲੋਂ ਕੀਤਾ ਜਾ ਰਿਹਾ ਹੈ। ਇਸ ਸੈਮੀਨਾਰ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਦੇ ਆਗੂ ਤੇ ਕਾਰਕੁਨ, ਟਰੇਡ ਯੂਨੀਅਨ ਆਗੂ, ਮੁਲਾਜ਼ਮ, ਪੈਨਸ਼ਨਰ ਤੇ ਨੌਜਵਾਨ ਵਿਦਿਆਰਥੀ ਸ਼ਾਮਲ ਹੋਣਗੇ।

# ਜੰਗਲਾਤ ਵਰਕਰਜ਼ ਯੂਨੀਅਨ ਦੇ ਕਾਮੇ ਬਰਨਾਲਾ 'ਚ ਭਲਕੇ ਕਰਨਗੇ ਰੋਸ ਰੈਲੀ



**ਦੋਰਾਹਾ (ਹਰਮਿੰਦਰ ਸੇਠ, ਗੁਰਦੀਪ ਸਿੰਘ ਸ਼ਾਹਪੁਰ)**

ਜੰਗਲਾਤ ਵਰਕਰਜ ਯੂਨੀਅਨ ਪੰਜਾਬ ਨੇ ਸੂਬਾ ਪ੍ਰਧਾਨ ਅਮਰੀਕ ਸਿੰਘ ਗੜ੍ਹਸ਼ੰਕਰ, ਜਨਰਲ ਸਕੱਤਰ ਜਸਵੀਰ ਸਿੰਘ ਸੀਰਾ, ਚੇਅਰਮੈਨ ਵਿਰਸਾ ਸਿੰਘ ਚਹਿਲ ਦੀ ਅਗਵਾਈ ਹੇਠ ਆਨਲਾਈਨ ਮੀਟਿੰਗ ਕਰਕੇ ਫ਼ੈਸਲਾ ਲਿਆ ਗਿਆ ਕਿ ਜ਼ਿਮਨੀ ਚੋਣਾਂ ਦੌਰਾਨ 6 ਨਵੰਬਰ ਨੂੰ ਬਰਨਾਲਾ ਵਿਖੇ ਰੋਸ ਰੈਲੀ ਕੀਤੀ ਜਾਵੇਗੀ। ਜਥੇਬੰਦੀ ਦੇ ਸੀਨੀ. ਮੀਤ ਪ੍ਰਧਾਨ ਜਸਵਿੰਦਰ ਸੌਂਜਾ, ਰਵੀ ਕੁਮਾਰ ਰੋਪੜ, ਰਣਜੀਤ ਗੁਰਦਾਸਪੁਰ, ਅਮਨਦੀਪ ਛੱਤਬੀੜ ਨੇ ਕਿਹਾ ਕਿ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵਿੱਚ 25-25 ਸਾਲਾਂ ਤੋਂ ਡੇਲੀਵੇਜ ਤੇ ਕੰਮ ਕਰਦੇ ਵਰਕਰਾਂ ਦੀਆਂ ਮੰਗਾਂ ਸਬੰਧੀ ਵਣ ਮੰਤਰੀ ਮਾਣਯੋਗ ਸ੍ਰੀ ਲਾਲ ਚੰਦ ਕਟਾਰੂਚੱਕ ਦੇ ਨਾਲ 16.05.2023 ਤੇ 22.06.2023 ਨੂੰ ਮੀਟਿੰਗਾਂ ਕੀਤੀਆਂ ਗਈਆਂ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਵੀ ਜਥੇਬੰਦੀ ਦੀਆਂ 22.11.2023 ਤੇ 13.12.2023 ਨੂੰ ਦੋ ਮੀਟਿੰਗਾਂ ਕੀਤੀਆਂ ਗਈਆਂ, ਪ੍ਰੰਤੂ ਵਣ ਮੰਤਰੀ ਤੇ ਵਿੱਤ ਮੰਤਰੀ ਵੱਲੋਂ ਮੀਟਿੰਗਾਂ ਵਿੱਚ ਮੰਗਾਂ ਨੂੰ ਜਲਦੀ ਹੱਲ ਕਰਨ ਦਾ ਵਿਸ਼ਵਾਸ ਜ਼ਰੂਰ ਦਿਵਾਇਆ ਜਾਂਦਾ ਰਿਹਾ, ਪ੍ਰੰਤੂ ਇਕ ਵੀ ਮੰਗ ਦਾ ਹੁਣ ਤੱਕ ਹੱਲ ਨਹੀਂ ਕੀਤਾ ਗਿਆ।

ਵਿੱਤ ਮੰਤਰੀ ਜੀ ਵੱਲੋਂ ਜਥੇਬੰਦੀ ਨੂੰ 22 ਫਰਵਰੀ ਦੀ ਮੀਟਿੰਗ ਨੂੰ ਅੱਗੇ ਤੋਂ ਅੱਗੇ 5 ਮਾਰਚ ਤੇ ਫਿਰ 22 ਮਾਰਚ ਕੀਤਾ ਗਿਆ, ਪ੍ਰੰਤੂ ਇਹ ਮੀਟਿੰਗ ਵਿੱਤ ਮੰਤਰੀ ਵੱਲੋਂ ਹੁਣ ਤੱਕ ਨਹੀਂ ਕੀਤੀ ਗਈ।ਚੋਣ ਪ੍ਰਚਾਰ ਦੌਰਾਨ ਵੀ ਜਥੇਬੰਦੀ ਦੇ ਆਗੂਆਂ ਵੱਲੋਂ ਵਿੱਤ ਮੰਤਰੀ ਸਾਹਿਬ ਨੂੰ 28 ਮਈ ਦਿੜ੍ਹਬਾ ਹਲਕੇ ਦੇ ਪਿੰਡ ਸੰਗਤੀਵਾਲਾ ਵਿਖੇ ਵੀ ਮੰਗਾਂ ਸਬੰਧੀ ਜਾਣੂ ਕਰਾਇਆ ਤੇ ਮੰਗ ਪੱਤਰ ਵੀ ਦਿੱਤਾ ਗਿਆ।ਜਥੇਬੰਦੀ ਨੂੰ 20 ਅਗਸਤ ਨੂੰ ਮੀਟਿੰਗ ਦਾ ਸਮਾਂ ਦਿੱਤਾ ਗਿਆ, ਫਿਰ ਇਹ ਮੀਟਿੰਗ ਅੱਗੇ 11 ਸਤੰਬਰ ਤੇ ਦੁਆਰਾ ਫੇਰ ਅੱਗੇ 12 ਸਤੰਬਰ ਦੀ ਕੀਤੀ ਗਈ।ਇਹ ਮੀਟਿੰਗ ਹੁਣ ਤੱਕ ਨਹੀਂ ਕੀਤੀ ਗਈ।ਜਿਸ ਕਰਕੇ ਜਥੇਬੰਦੀ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ, ਜਿਸ ਕਰਕੇ ਜਥੇਬੰਦੀ ਨੇ 31 ਅਕਤੂਬਰ ਨੂੰ ਆਨਲਾਈਨ ਮੀਟਿੰਗ ਕਰਕੇ ਫੈਸਲਾ ਕੀਤਾ ਗਿਆ ਕਿ ਜਥੇਬੰਦੀ 6 ਨਵੰਬਰ ਨੂੰ ਕੈਬਨਿਟ ਮੰਤਰੀ ਮੀਤ ਹੇਅਰ ਦੇ ਹਲਕਾ ਬਰਨਾਲਾ ਵਿਖੇ ਰੋਸ ਰੈਲੀ ਕਰੇਗੀ, ਜਿਸਦੇ ਨਿਕਲਣ ਵਾਲੇ ਸਿੱਟਿਆਂ ਦੀ ਜ਼ਿੰਮੇਵਾਰੀ 'ਆਪ' ਸਰਕਾਰ ਦੀ ਹੋਵੇਗੀ।

## ਚੈੱਕ ਦੇ ਕੇਸ 'ਚੋਂ ਮੁਲਜ਼ਮ ਬਾਇੱਜ਼ਤ ਬਰੀ



**ਬਰਨਾਲਾ (ਰਾਜਿੰਦਰ ਬਰਾੜ)**-ਮਾਨਯੋਗ ਅਦਾਲਤ ਮੈਡਮ ਸੁਖਮੀਤ ਕੌਰ, ਜੁਡੀਸ਼ੀਅਲ ਮੈਜਿਸਟ੍ਰੇਟ ਫਸਟ ਕਲਾਸ ਸਾਹਿਬ ਵੱਲੋਂ ਐਡਵੋਕੇਟ ਸ੍ਰੀ ਧੀਰਜ ਕੁਮਾਰ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਹੋਏ ਰਾਕੇਸ਼ ਕੁਮਾਰ ਪੁੱਤਰ ਭੀਮ ਸੈਨ, ਮਾਲਕ ਰਾਕੇਸ਼ ਬੁੱਕ ਡਿਪੂ, ਕੱਚਾ ਕਾਲਜ ਰੋਡ, ਬਰਨਾਲਾ ਨੂੰ 4,50,000/- ਰੁਪਏ ਦੇ ਚੈਕ ਦੇ ਕੇਸ ਵਿੱਚੋਂ ਬਾਇੱਜ਼ਤ ਬਰੀ ਕਰਨ ਦਾ ਹੁਕਮ ਸੁਣਾਇਆ ਗਿਆ ਹੈ।ਜ਼ਿਕਰਯੋਗ ਹੈ ਕਿ ਮਨਤੋਸ਼ ਜਿੰਦਲ ਪੁੱਤਰ ਵਰਿੰਦਰ ਕੁਮਾਰ ਵਾਸੀ ਹੰਡਿਆਇਆ ਨੇ ਦੋਸ਼ ਲਾਇਆ ਸੀ ਕਿ ਰਾਕੇਸ਼ ਕੁਮਾਰ ਨੇ 22-07-2021 ਨੂੰ ਉਸ ਪਾਸੋਂ 2,00,000/- ਰੁਪਏ ਅਤੇ 30-12-2021 ਨੂੰ ਉਸ ਪਾਸੋਂ 3,00,000/- ਰੁਪਏ ਹੋਰ, ਕੁੱਲ 5,00,000/- ਰੁਪਏ ਨਗਦ ਕਰਜ਼ ਉਧਾਰ ਹਾਸਲ ਕੀਤੇ ਤੇ ਰਕਮ ਵਾਪਸ ਕਰਨ ਦੀ ਇਵਜ਼ ਵਿੱਚ 29-08-2022 ਨੂੰ 50,000/- ਰੁਪਏ ਦਾ ਚੈਕ ਅਤੇ ਮਿਤੀ 31-08-2022 ਨੂੰ 4,50,000/- ਰੁਪਏ ਦਾ ਚੈਕ ਜਾਰੀ ਕਰ ਦਿੱਤੇ, ਜੋ 50,000/- ਰੁਪਏ ਦਾ ਚੈਕ ਕੈਸ਼ ਹੋ ਗਿਆ ਅਤੇ 4,50,000/- ਰੁਪਏ ਵਾਲਾ ਚੈਕ ਖਾਤੇ ਵਿੱਚ ਪੈਸੇ ਘੱਟ ਹੋਣ ਕਾਰਨ ਡਿਸਆਨਰ ਹੋ ਗਿਆ, ਜਿਸ 'ਤੇ ਮਨਤੋਸ਼ ਜਿੰਦਲ ਵੱਲੋਂ ਰਾਕੇਸ਼ ਕੁਮਾਰ ਦੇ ਖਿਲਾਫ ਕੰਪਲੇਂਟ ਜੇਰ ਦਫਾ 138 ਐਨ.ਆਈ. ਐਕਟ ਤਹਿਤ ਮਾਨਯੋਗ ਅਦਾਲਤ ਬਰਨਾਲਾ ਵਿਖੇ ਦਾਇਰ ਕੀਤੀ ਗਈ, ਜੋ ਮਾਨਯੋਗ ਅਦਾਲਤ ਵੱਲੋਂ ਮੁਲਜ਼ਮ ਧਿਰ ਦੇ ਵਕੀਲ ਸ੍ਰੀ ਧੀਰਜ ਕੁਮਾਰ ਐਡਵੋਕੇਟ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਹੋਏ ਕਿ ਮਨਤੋਸ਼ ਜਿੰਦਲ, ਰਾਕੇਸ਼ ਕੁਮਾਰ ਦਾ ਰਿਸ਼ਤੇਦਾਰੀ ਵਿੱਚ ਸਾਲਾ ਲੱਗਦਾ ਹੈ, ਜਿਸ ਪਾਸੋਂ ਰਾਕੇਸ਼ ਕੁਮਾਰ ਨੇ ਸਾਲ 2018 ਵਿੱਚ ਵੱਖੋ-ਵੱਖਰੀਆਂ ਤਰੀਕਾਂ ਤੇ 2,30,000/- ਰੁਪਏ ਉਧਾਰ ਲਏ ਸਨ, ਜਿਸਦੇ ਬਦਲੇ ਚਾਰ ਚੈਕ ਮਨਤੋਸ਼ ਜਿੰਦਲ ਨੂੰ ਦੇ ਦਿੱਤੇ ਸਨ।01-09-2020 ਨੂੰ ਮਨਤੋਸ਼ ਜਿੰਦਲ ਵੱਲੋਂ 3,18,000/- ਰੁਪਏ ਦੇ ਕੇ ਹਿਸਾਬ-ਕਿਤਾਬ ਖਤਮ ਕਰ ਦਿੱਤਾ ਤੇ ਉਸ ਸਮੇਂ ਮਨਤੋਸ਼ ਜਿੰਦਲ ਨੇ ਕਿਹਾ ਕਿ ਦੋ ਚੈਕ ਗੁੰਮ ਹੋ ਗਏ ਹਨ ਅਤੇ ਬਾਅਦ ਵਿੱਚ ਬੇਈਮਾਨੀ ਦੀ ਨੀਅਤ ਨਾਲ ਦੋਨੋਂ ਚੈਕ ਸਾਲ 2022 ਵਿੱਚ ਬੈਂਕ ਵਿੱਚ ਲਾ ਕੇ 50,000/- ਰੁਪਏ ਦਾ ਚੈਕ ਕੈਸ਼ ਕਰਾ ਲਿਆ ਤੇ 4,50,000/- ਰੁਪਏ ਦੇ ਸਬੰਧ ਵਿੱਚ ਕੇਸ ਕਰ ਦਿੱਤਾ, ਜੋ ਬਿਲਕੁਲ ਝੂਠਾ ਕੇਸ ਦਾਇਰ ਕੀਤਾ ਗਿਆ, ਮੁਲਜ਼ਮ ਰਾਕੇਸ਼ ਕੁਮਾਰ ਨੂੰ ਬਾਇੱਜ਼ਤ ਬਰੀ ਕਰਨ ਦਾ ਹੁਕਮ ਸੁਣਾਇਆ ਗਿਆ।

# ਬਾਕੀਆਂ ਨੂੰ ਅਜ਼ਮਾ ਲਿਆ, ਮੈਨੂੰ ਸਿਰਫ 2 ਸਾਲ ਦੇ ਦਿਓ : ਡਿੰਪੀ ਢਿੱਲੋਂ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਹਲਕਾ ਗਿੱਦੜਬਾਹਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਦੀਪ ਸਿੰਘ ਡਿੰਪੀ ਢਿੱਲੋਂ ਵੱਲੋਂ ਆਪਣੀ ਚੋਣ ਮੁਹਿੰਮ ਤੇਜ਼ ਕਰਦੇ ਹੋਏ ਹਲਕੇ ਦੇ ਪਿੰਡਾਂ ਵਿੱਚ ਚੋਣ ਜਲਸੇ ਸ਼ੁਰੂ ਕੀਤੇ ਗਏ ਹਨ।ਇਸ ਮੌਕੇ ਉਨ੍ਹਾਂ ਨਾਲ ਐੱਮ ਐੱਲ ਏ ਗੁਰਲਾਲ ਘਨੌਰ, ਐੱਮ ਐੱਲ ਏ ਅਮਨਦੀਪ ਸਿੰਘ ਗੋਲਡੀ ਮੁਸਾਫਰ ਤੇ ਐੱਮ ਐੱਲ ਏ ਮਾਸਟਰ ਜਗਸੀਰ ਸਿੰਘ, ਹਰਿਮੰਦਰ ਸਿੰਘ ਬਰਾੜ, ਅਨੈਲ ਠਾਕੁਰ, ਅੰਮ੍ਰਿਤਪਾਲ ਸਿੰਘ, ਅਮਨਦੀਪ ਸਿੰਘ ਰਾਜਨ, ਸੁਖਰਾਜ ਸਿੰਘ ਗੋਰਾ, ਰਣਧੀਰ ਸਿੰਘ ਟੀਟੂ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹਾਜ਼ਰ ਸਨ।ਹਲਕੇ ਦੇ ਪਿੰਡ ਸਮਾਘ, ਗਿਲਜੇਵਾਲਾ, ਖੂਨਣ ਖੁਰਦ, ਚੱਕ ਗਿਲਜੇਵਾਲਾ, ਕੋਠੇ ਸੁਰਗਾਪੁਰੀ, ਰੁਖਾਲਾ, ਛੱਤਿਆਣਾ ਤੇ ਗਿੱਦੜਬਾਹਾ ਸ਼ਹਿਰ ਵਿੱਚ ਚੋਣ ਜਲਸਿਆਂ ਨੂੰ ਸੰਬੋਧਨ ਕਰਦਿਆਂ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਕਿਹਾ ਕਿ ਉਹ ਹਲਕੇ ਦੇ ਲੋਕਾਂ ਦੇ ਕੰਮ ਕਰਵਾਉਣ ਲਈ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਹਨ ਤੇ ਸਰਕਾਰ ਤੋਂ ਬਿਨਾਂ ਕੰਮ ਕਰਾਉਣੇ ਬਹੁਤ ਮੁਸ਼ਕਲ ਹਨ।ਵਿਰੋਧੀ ਉਮੀਦਵਾਰ ਭਾਵੇਂ ਵੱਖ-ਵੱਖ ਤਰ੍ਹਾਂ ਦੇ ਲਾਰੇ ਲਾ ਕੇ ਲੋਕਾਂ ਨੂੰ ਲਾਲਚ ਦੇ ਰਹੇ ਹਨ, ਪਰ ਸਰਕਾਰ ਤੋਂ ਬਿਨਾਂ ਹਲਕੇ ਦੀ ਤਰੱਕੀ ਤੇ ਲੋਕਾਂ ਦੇ ਕੰਮ ਕਰਵਾਉਣੇ ਬਹੁਤ ਮੁਸ਼ਕਲ ਹਨ।ਉਨ੍ਹਾਂ ਕਿਹਾ ਕਿ ਵਿਰੋਧੀ ਉਮੀਦਵਾਰਾਂ ਨੂੰ ਤੁਸੀਂ ਤਿੰਨ ਤਿੰਨ, ਚਾਰ ਚਾਰ ਵਾਰ ਜਿਤਾ ਕੇ ਵੇਖ ਲਿਆ ਹੈ, ਪਰ ਮੈਂ ਤਾਂ ਸਿਰਫ ਦੋ ਸਾਲ ਮੰਗ ਰਿਹਾ ਹਾਂ ਤੇ ਮੈਂ ਵਾਅਦਾ ਕਰਦਾ ਹਾਂ ਕਿ ਇਹ ਦੋ ਸਾਲਾਂ ਵਿੱਚ ਤੁਹਾਡੇ ਸਾਰੇ ਕੰਮ ਨੇਪਰੇ ਚਾੜ੍ਹ ਦੇਵਾਂਗਾ। ਹਲਕੇ ਨੂੰ ਤਰੱਕੀ ਤੇ ਖੁਸ਼ਹਾਲੀ ਦੇ ਰਾਹਾਂ 'ਤੇ ਲੈ ਕੇ ਜਾਵਾਂਗਾ।ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਜਿੱਤੇ ਉਮੀਦਵਾਰਾਂ ਨੇ ਗਿੱਦੜਬਾਹਾ ਹਲਕੇ ਦੇ ਲੋਕਾਂ ਦੀ ਸਾਰ ਨਹੀਂ ਲਈ, ਸਗੋਂ ਆਪਣੇ ਘਰ ਭਰਨ ਨੂੰ ਪਹਿਲ ਦਿੱਤੀ ਹੈ।ਉਨ੍ਹਾਂ ਕਿਹਾ ਕਿ ਹੁਣ ਗਿੱਦੜਬਾਹਾ ਹਲਕੇ ਦੇ ਲੋਕ ਇਹ ਜਾਣ ਚੁੱਕੇ ਹਨ ਕਿ ਆਮ ਆਦਮੀ ਪਾਰਟੀ ਹੀ ਹਲਕੇ ਦਾ ਵਿਕਾਸ ਕਰਵਾ ਸਕਦੀ ਹੈ।ਇਸ ਲਈ ਗਿੱਦੜਵਾਹਾ ਹਲਕੇ ਦੇ ਲੋਕ ਬਾਹਰ ਦੇ ਉਮੀਦਵਾਰਾਂ ਨੂੰ ਨਕਾਰ ਦੇਣਗੇ ਤੇ ਗਿੱਦੜਬਾਹਾ ਹਲਕੇ ਦੇ ਲੋਕ ਆਮ ਆਦਮੀ ਪਾਰਟੀ ਨੂੰ ਫਤਵਾ ਦੇਣਗੇ।

## ਡੀ ਏ ਪੀ ਦੀ ਕਮੀ ਤੇ ਝੋਨੇ ਦੀ ਲਿਫਟਿੰਗ ਨੂੰ ਲੈ ਕੇ ਐੱਸ ਡੀ ਐੱਮ ਦਫ਼ਤਰ ਅੱਗੇ ਧਰਨਾ ਅੱਜ

### ਵੱਡੀ ਗਿਣਤੀ 'ਚ ਅਕਾਲੀ ਵਰਕਰ ਤੇ ਲੋਕ ਧਰਨੇ 'ਚ ਸ਼ਾਮਲ ਹੋਣ : ਐੱਸ ਆਰ ਕਲੇਰ

**ਜਗਰਾਉਂ (ਅਮਿਤ ਖੰਨਾ)**-ਵਿਧਾਨ ਸਭਾ ਹਲਕਾ ਜਗਰਾਉਂ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਵਿਧਾਇਕ ਤੇ ਹਲਕਾ ਇੰਚਾਰਜ ਐੱਸ ਆਰ ਕਲੇਰ ਵੱਲੋਂ 5 ਨਵੰਬਰ ਨੂੰ ਸਵੇਰੇ 10 ਵਜੇ ਤੋਂ 12 ਵਜੇ ਤੱਕ ਐੱਸ.ਡੀ.ਐੱਮ. ਦਫ਼ਤਰ ਜਗਰਾਉਂ ਅੱਗੇ ਧਰਨੇ ਤੇ ਮੁਜ਼ਾਹਰੇ ਦਾ ਸੱਦਾ ਦਿੱਤਾ ਗਿਆ ਹੈ ਅਤੇ ਇਸ ਸਬੰਧੀ ਐੱਸ.ਡੀ.ਐੱਮ. ਨੂੰ ਮੰਗ ਪੱਤਰ ਵੀ ਸਰਕਾਰ ਦੇ ਨਾਂਅ ਸੌਂਪਿਆ ਜਾਵੇਗਾ।ਸ਼੍ਰੋਮਣੀ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਸ. ਬਲਵਿੰਦਰ ਸਿੰਘ ਭੂੰਦੜ ਦੇ ਦਿਸ਼ਾ ਨਿਰਦੇਸ਼ਾਂ 'ਤੇ ਸੂਬੇ ਭਰ ਵਿੱਚ ਦਿੱਤੇ ਜਾਣ ਵਾਲੇ ਇਨ੍ਹਾਂ ਧਰਨਿਆਂ ਦਾ ਉਦੇਸ਼ ਪੰਜਾਬ ਦੇ ਕਿਸਾਨਾਂ ਨੂੰ ਦਰਪੇਸ਼ ਮੁੱਦਿਆਂ ਪ੍ਰਤੀ ਸਰਕਾਰਾਂ ਦੀ ਨਾਕਾਮੀ ਨੂੰ ਉਜਾਗਰ ਕਰਨਾ ਹੈ।ਪਾਰਟੀ ਵਰਕਰਾਂ ਤੇ ਆਮ ਲੋਕਾਂ ਨੂੰ ਪੁਰਜ਼ੋਰ ਅਪੀਲ ਹੈ ਕਿ ਉਹ ਆਪੋ ਆਪਣੇ ਇਲਾਕਿਆਂ ਦੇ ਕਿਸਾਨ ਭਾਈਚਾਰੇ ਦੀ ਸਹਾਇਤਾ ਲਈ ਵੱਡੀ ਗਿਣਤੀ ਵਿੱਚ ਪ੍ਰਦਰਸ਼ਨ 'ਚ ਸ਼ਾਮਲ ਹੋਣ।ਸ੍ਰੀ ਕਲੇਰ ਨੇ 'ਆਪ' ਦੀ ਅਗਵਾਈ ਵਾਲੀ ਪੰਜਾਬ ਸਰਕਾਰ ਤੇ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਮੰਡੀਆਂ 'ਚ ਝੋਨੇ ਦੀ ਸਮੇਂ ਸਿਰ ਲਿਫਟਿੰਗ ਦਾ ਹੱਲ ਨਾ ਕਰਨ 'ਤੇ ਨਿਰਾਸ਼ਾ ਜ਼ਾਹਰ ਕੀਤੀ, ਜਿਸ ਕਾਰਨ ਕਿਸਾਨਾਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹ ਹੈ।ਉਨ੍ਹਾ ਕਿਹਾ ਕਿ ਜਗਰਾਉਂ ਵਿੱਚ ਰੋਸ ਪ੍ਰਦਰਸ਼ਨ ਕਿਸਾਨਾਂ ਦੀ ਦੁਰਦਸ਼ਾ ਪ੍ਰਤੀ ਸਰਕਾਰਾਂ ਦੀ ਗਲਤ ਨੀਤੀਆਂ ਬਾਰੇ ਅਧਿਕਾਰੀਆਂ ਨੂੰ ਚੇਤਾਵਨੀ ਵਜੋਂ ਕੰਮ ਕਰੇਗਾ।

## ਅੱਜ ਬਿਜਲੀ ਬੰਦ ਰਹੇਗੀ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਪਾਵਰਕਾਮ ਲੌਂਗੋਵਾਲ ਦੇ ਐੱਸ.ਡੀ.ਓ. ਇੰਜ. ਸ਼ਰਨਜੀਤ ਸਿੰਘ ਚਹਿਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 66 ਕੇਵੀ ਗਰਿੱਡ ਸ਼ੇਰੋਂ ਤੋਂ ਚਲਦੀ ਸਪਲਾਈ ਸਬੰਧੀ ਜ਼ਰੂਰੀ ਮੁਰੰਮਤ ਕਾਰਨ 5 ਨਵੰਬਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਪਿੰਡਾਂ ਤੇ ਖੇਤੀਬਾੜੀ ਫੀਡਰਾਂ ਦੀ ਸਪਲਾਈ ਬੰਦ ਰਹੇਗੀ।

## ਛੱਤ ਡਿੱਗਣ ਨਾਲ ਔਰਤ ਦੀ ਮੌਤ

**ਭੀਖੀ (ਧਰਮਵੀਰ ਸ਼ਰਮਾ)**-ਭੀਖੀ ਦੇ ਵਾਰਡ ਨੰਬਰ 3 ਵਿਖੇ ਮਕਾਨ ਦੀ ਛੱਤ ਡਿੱਗਣ ਕਾਰਨ ਇੱਕ ਔਰਤ ਮਨਿੰਦਰਜੀਤ ਕੌਰ ਪਤਨੀ ਜੱਗਾ ਸਿੰਘ ਦੀ ਮੌਤ ਹੋਣ ਦਾ ਸਮਾਚਾਰ ਹੈ।ਮ੍ਰਿਤਕ ਦੀ ਚਾਚੀ ਮੇਲੋ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਵੇਰੇ ਲਗਭਗ 5.30 ਵਜੇ ਕਾਫੀ ਉੱਚੀ ਅਵਾਜ਼ 'ਚ ਖੜਕਾ ਹੋਇਆ, ਜਦੋਂ ਕਮਰੇ ਅੰਦਰ ਵੇਖਿਆ ਤਾਂ ਕਮਰੇ ਦੀ ਛੱਤ ਡਿੱਗੀ ਪਈ ਸੀ, ਜਿਸ ਦੇ ਮਲਵੇ ਹੇਠਾਂ ਮਨਿੰਦਰਜੀਤ ਕੌਰ ਦੱਬੀ ਗਈ। ਰੌਲਾ ਪਾਉਣ 'ਤੇ ਉਸ ਨੂੰ ਮਲਵੇ ਹੇਠੋਂ ਕੱਢਿਆ ਗਿਆ ਅਤੇ ਸਥਾਨਕ ਇੱਕ ਡਾਕਟਰ ਕੋਲ ਲਿਜਾਇਆ ਗਿਆ, ਜਿੱਥੇ ਉਸ ਨੂੰ ਮ੍ਰਿਤਕ ਕਰਾਰ ਦੇ ਦਿੱਤਾ।ਮੇਲੋ ਕੌਰ ਨੇ ਦੱਸਿਆ ਕਿ ਕੁਝ ਕੁ ਮਹੀਨੇ ਪਹਿਲਾਂ ਹੀ ਮਨਿੰਦਰਜੀਤ ਕੌਰ ਨੂੰ ਵਿਆਹ ਕੇ ਲਿਆਂਦਾ ਸੀ।ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਸਕੱਤਰ ਗੁਰਨਾਮ ਸਿੰਘ ਭੀਖੀ ਤੇ ਨਗਰ ਕੌਂਸਲ ਭੀਖੀ ਦੇ ਸਾਬਕਾ ਪ੍ਰਧਾਨ ਵਿਨੋਦ ਕੁਮਾਰ ਸਿੰਗਲਾ ਨੇ ਦੱਸਿਆ ਕਿ ਪਰਵਾਰ ਆਰਥਿਕ ਤੌਰ 'ਤੇ ਬਿਲਕੁਲ ਟੁੱਟਿਆ ਹੋਇਆ ਹੈ। ਉਨ੍ਹਾ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪਰਵਾਰ ਨੂੰ ਇੱਕ ਘਰ ਬਣਾ ਕੇ ਦਿੱਤਾ ਜਾਵੇ ਤੇ ਨਗਦ ਰਾਸ਼ੀ ਦਿੱਤੀ ਜਾਵੇ।



# ਜ਼ਿਲ੍ਹੇ 'ਚ 4 ਹਜ਼ਾਰ ਆਧੁਨਿਕ ਸੁਪਰ ਸੀਡਰ ਉਪਲੱਬਧ : ਸ਼ੌਕਤ ਪਰੇ

## ਡੀ ਸੀ ਤੇ ਐੱਸ ਐੱਸ ਪੀ ਵੱਲੋਂ ਵੱਖ-ਵੱਖ ਪਿੰਡਾਂ ਦੇ ਖੇਤਾਂ ਦਾ ਦੌਰਾ



**ਬਠਿੰਡਾ (ਰਾਜੀਵ ਗੋਇਲ)**-ਜ਼ਿਲ੍ਹੇ 'ਚ 4 ਹਜ਼ਾਰ ਦੇ ਕਰੀਬ ਸੁਪਰ ਸੀਡਰ ਆਧੁਨਿਕ ਮਸ਼ੀਨਰੀ ਕਿਸਾਨਾਂ ਲਈ ਉਪਲੱਬਧ ਹੈ ਤਾਂ ਜੋ ਉਹ ਪਰਾਲੀ ਨੂੰ ਬਿਨਾਂ ਸਾੜਨ ਤੋਂ ਹੀ ਕਣਕ ਦੀ ਬਿਜਾਈ ਕਰ ਸਕਣ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਨੇ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਦੇ ਖੇਤਾਂ ਦਾ ਦੌਰਾ ਕਰਨ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਜ਼ਿਲ੍ਹਾ ਪੁਲਸ ਮੁਖੀ ਮੈਡਮ ਅਮਨੀਤ ਕੌਂਡਲ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜ਼ਿਲ੍ਹੇ ਦੇ ਪਿੰਡ ਕੋਟ ਸ਼ਮੀਰ 'ਚ ਪਿਛਲੇ ਸਾਲ ਲਗਭਗ 34 ਦੇ ਕਰੀਬ ਝੋਨੇ ਦੀ ਪਰਾਲੀ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਸਾਹਮਣੇ ਆਈਆਂ ਸਨ, ਪਰ ਇਸ ਵਾਰ 4-5 ਕੇਸ ਸਾਹਮਣੇ ਆਏ ਹਨ। ਡਿਪਟੀ ਕਮਿਸ਼ਨਰ ਨੇ ਇੱਕ ਹੋਰ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਕਿਸਾਨ ਸੁਪਰ ਸੀਡਰ ਮਸ਼ੀਨ ਨਾਲ ਹੀ ਕਣਕ ਦੀ ਬਿਜਾਈ ਨੂੰ ਤਰਜੀਹ ਦੇਣ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਕਿਸਾਨ ਨੂੰ ਮਸ਼ੀਨਰੀ ਉਪਲਬਧ ਨਹੀਂ ਹੁੰਦੀ ਤਾਂ ਉਹ ਜ਼ਿਲ੍ਹੇ ਭਰ 'ਚ ਝੋਨੇ ਦੀ ਪਰਾਲੀ ਦੇ ਪ੍ਰਬੰਧਨ 'ਚ ਲਗਾਈਆਂ ਗਈਆਂ ਵੱਖ-ਵੱਖ ਟੀਮਾਂ ਨਾਲ ਸੰਪਰਕ ਕਰਕੇ ਮਸ਼ੀਨਰੀ ਲੈ ਸਕਦਾ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਤੇ ਜ਼ਿਲ੍ਹਾ ਪੁਲਸ ਮੁਖੀ ਨੇ ਅਗਾਂਹ ਵਧੂ ਕਿਸਾਨਾਂ ਨਾਲ ਵਿਸ਼ੇਸ਼ ਤੌਰ 'ਤੇ ਗੱਲਬਾਤ ਕੀਤੀ, ਜੋ ਕਿ ਮੌਕੇ 'ਤੇ ਹੀ ਸੁਪਰਸੀਡਰ ਮਸ਼ੀਨ ਨਾਲ ਕਣਕ ਦੀ ਬਿਜਾਈ ਕਰ ਰਿਹਾ ਸੀ, ਉਨ੍ਹਾਂ ਕਿਸਾਨ ਦੀ ਸੋਚ ਨੂੰ ਸਲਾਮ ਕਰਦਿਆਂ ਉਸ ਦੀ ਹੌਸਲਾ-ਅਫ਼ਜ਼ਾਈ ਵੀ ਕੀਤੀ। ਇਸ ਮੌਕੇ ਝੋਨੇ ਦੀ ਪਰਾਲੀ ਪ੍ਰਬੰਧਨ 'ਚ ਲਗਾਈਆਂ ਗਈਆਂ ਵੱਖ-ਵੱਖ ਟੀਮਾਂ ਵੱਲੋਂ ਮੌਕੇ 'ਤੇ ਝੋਨੇ ਦੀ ਪਰਾਲੀ ਦੀ ਰਹਿੰਦ-ਖੂੰਹਦ ਨੂੰ ਲਗਾਈ ਅੱਗ ਨੂੰ ਬੁਝਾਇਆ ਗਿਆ। ਇਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਝੋਨੇ ਦੀ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਤੇ ਇਸ ਦੇ ਨਿਪਟਾਰੇ ਦੇ ਮੱਦੇਨਜ਼ਰ ਸਪੈਸ਼ਲ ਸੁਪਰਵਾਈਜ਼ਰਾਂ, ਕਲਸਟਰ ਤੇ ਨੋਡਲ ਅਫਸਰਾਂ ਨਾਲ ਮੀਟਿੰਗ ਕਰਕੇ ਉਹਨਾਂ ਨੂੰ ਸਖ਼ਤੀ ਨਾਲ ਨਜਿੱਠਣ ਲਈ ਆਦੇਸ਼ ਵੀ ਦਿੱਤੇ। ਇਸ ਮੌਕੇ ਡਾ. ਜਗਸੀਰ ਸਿੰਘ ਮੁੱਖ ਖੇਤੀਬਾੜੀ ਅਫਸਰ, ਸ੍ਰੀ ਗੁਰਜੀਤ ਵਿਰਕ ਸਹਾਇਕ ਖੇਤੀਬਾੜੀ ਇੰਜੀਨੀਅਰ ਤੇ ਨਵਜੀਤ ਸਿੰਘ ਨੋਡਲ ਅਫਸਰ ਤੋਂ ਇਲਾਵਾ ਹੋਰ ਅਧਿਕਾਰੀ ਆਦਿ ਹਾਜ਼ਰ ਸਨ।

# ਅਕਤੂਬਰ 'ਚ ਟਿਕਟ ਚੈਕਿੰਗ ਰਾਹੀਂ 2.56 ਕਰੋੜ ਦਾ ਜੁਰਮਾਨਾ ਵਸੂਲਿਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਫ਼ਿਰੋਜ਼ਪੁਰ ਡਵੀਜ਼ਨ ਦੀ ਟਿਕਟ ਚੈਕਿੰਗ ਟੀਮ ਦੁਆਰਾ ਰੇਲਗੱਡੀਆਂ ਵਿੱਚ ਤਿੱਖੀ ਟਿਕਟ ਚੈਕਿੰਗ ਕੀਤੀ ਜਾਂਦੀ ਹੈ ਤਾਂ ਜੋ ਸਾਰੇ ਅਸਲ ਰੇਲ ਉਪਭੋਗਤਾਵਾਂ ਨੂੰ ਆਰਾਮਦਾਇਕ ਯਾਤਰਾ ਤੇ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਲਈ ਬਿਨਾਂ ਟਿਕਟ ਤੇ ਅਨਿਯਮਤ ਯਾਤਰਾ ਨੂੰ ਰੋਕਿਆ ਜਾ ਸਕੇ।ਡਵੀਜ਼ਨ ਦੇ ਟਿਕਟ ਚੈਕਿੰਗ ਸਟਾਫ਼ ਤੇ ਮੁੱਖ ਟਿਕਟ ਇੰਸਪੈਕਟਰਾਂ ਵੱਲੋਂ ਅਕਤੂਬਰ 2024 ਦੌਰਾਨ ਰੇਲ ਗੱਡੀਆਂ ਵਿੱਚ ਟਿਕਟਾਂ ਦੀ ਚੈਕਿੰਗ ਦੌਰਾਨ ਕੁੱਲ 29,775 ਰੇਲਵੇ ਯਾਤਰੀ ਬਿਨਾਂ ਟਿਕਟ ਜਾਂ ਬੇਨਿਯਮੀ ਨਾਲ ਸਫ਼ਰ ਕਰਦੇ ਪਾਏ ਗਏ ਅਤੇ ਉਨ੍ਹਾਂ ਤੋਂ ਜੁਰਮਾਨੇ ਵਜੋਂ ਕੁੱਲ 2.56 ਕਰੋੜ ਰੁਪਏ ਦੀ ਵਸੂਲੀ ਕੀਤੀ ਗਈ।ਇਸ ਨਾਲ ਫ਼ਿਰੋਜ਼ਪੁਰ ਡਵੀਜ਼ਨ ਦੀ ਆਮਦਨ ਵਿੱਚ ਵਾਧਾ ਹੋਇਆ ਹੈ, ਜੋ ਕਿ ਟਿਕਟ ਚੈਕਿੰਗ ਸਟਾਫ਼ ਵੱਲੋਂ ਕੀਤਾ ਗਿਆ ਸ਼ਲਾਘਾਯੋਗ ਕੰਮ ਹੈ।ਰੇਲਵੇ ਅਧਿਕਾਰੀਆਂ ਨੇ ਰੇਲ ਗੱਡੀਆਂ ਵਿੱਚ ਯਾਤਰੀਆਂ ਦੇ ਅਣ-ਅਧਿਕਾਰਤ ਦਾਖਲੇ ਨੂੰ ਰੋਕਣ ਲਈ ਲਗਾਤਾਰ ਅਚਨਚੇਤ ਟਿਕਟ ਚੈਕਿੰਗ ਮੁਹਿੰਮਾਂ ਵੀ ਚਲਾਈਆਂ, ਜਿਸ ਵਿੱਚ ਯਾਤਰੀਆਂ ਨੂੰ ਸਹੀ ਟਿਕਟਾਂ ਨਾਲ ਰੇਲ ਗੱਡੀਆਂ ਵਿੱਚ ਸਫ਼ਰ ਕਰਨ ਦੀ ਸਲਾਹ ਦਿੱਤੀ ਗਈ।ਡਵੀਜ਼ਨ ਦੇ ਰੇਲਵੇ ਸਟੇਸ਼ਨਾਂ ਨੂੰ ਸਾਫ਼ ਸੁਥਰਾ ਰੱਖਣ ਤੇ ਆਮ ਲੋਕਾਂ ਨੂੰ ਸਟੇਸ਼ਨਾਂ 'ਤੇ ਕੂੜਾ ਸੁੱਟਣ ਤੋਂ ਰੋਕਣ ਅਤੇ ਸਫ਼ਾਈ ਪ੍ਰਤੀ ਜਾਗਰੂਕ ਕਰਨ ਲਈ ਡਵੀਜ਼ਨ ਦੇ ਮੁੱਖ ਸਟੇਸ਼ਨਾਂ 'ਤੇ ਨਿਯਮਤ ਤੌਰ 'ਤੇ ਚੈਕਿੰਗ ਕੀਤੀ ਜਾਂਦੀ ਹੈ।ਨਤੀਜੇ ਵਜੋਂ ਅਕਤੂਬਰ ਮਹੀਨੇ ਦੌਰਾਨ 567 ਯਾਤਰੀਆਂ ਤੋਂ ਸਟੇਸ਼ਨ ਕੰਪਲੈਕਸ (ਐਂਟੀ ਲਿਟਰਿੰਗ ਐਕਟ) ਵਿੱਚ ਕੂੜਾ ਸੁੱਟਣ ਲਈ ਇੱਕ ਲੱਖ ਰੁਪਏ ਤੋਂ ਵੱਧ ਦੀ ਵਸੂਲੀ ਕੀਤੀ ਗਈ।ਇਸ ਤੋਂ ਇਲਾਵਾ ਰੇਲਵੇ ਯਾਤਰੀਆਂ ਨੂੰ ਸਫ਼ਾਈ ਪ੍ਰਤੀ ਜਾਗਰੂਕ ਕਰਨ ਲਈ ਸਮੇਂ-ਸਮੇਂ 'ਤੇ ਸਫ਼ਾਈ ਮੁਹਿੰਮ ਵੀ ਚਲਾਈ ਜਾਂਦੀ ਹੈ।ਡਵੀਜ਼ਨਲ ਰੇਲਵੇ ਮੈਨੇਜਰ ਸੰਜੇ ਸਾਹੂ ਨੇ ਦੱਸਿਆ ਕਿ ਫ਼ਿਰੋਜ਼ਪੁਰ ਡਵੀਜ਼ਨ ਵਿੱਚ ਟਿਕਟ ਚੈਕਿੰਗ ਮੁਹਿੰਮ ਜਾਰੀ ਰਹੇਗੀ।



ਟਿਕਟ ਚੈਕਿੰਗ ਦਾ ਮੁੱਖ ਉਦੇਸ਼ ਰੇਲਵੇ ਟਿਕਟਾਂ ਦੀ ਵਿਕਰੀ ਵਿੱਚ ਸੁਧਾਰ ਕਰਨਾ ਹੈ ਤੇ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਯਾਤਰੀ ਬਿਨਾਂ ਟਿਕਟ ਯਾਤਰਾ ਨਾ ਕਰੇ, ਭਾਵ ਫ਼ਿਰੋਜ਼ਪੁਰ ਡਵੀਜ਼ਨ ਵਿੱਚ ਜ਼ੀਰੋ ਟਿਕਟ ਰਹਿਤ ਯਾਤਰਾ ਦਾ ਟੀਚਾ ਮਿਥਿਆ ਗਿਆ ਹੈ।

ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਣੀ ਨੇ ਕਿਹਾ ਕਿ ਰੇਲਵੇ ਮਾਲੀਏ ਵਿੱਚ ਵਾਧਾ ਕਰਨ ਦੇ ਨਾਲ-ਨਾਲ ਫ਼ਿਰੋਜ਼ਪੁਰ ਡਵੀਜ਼ਨ ਦਾ ਟਿਕਟ ਚੈਕਿੰਗ ਸਟਾਫ਼ ਮੁਸਾਫ਼ਰਾਂ ਦੀ ਮਦਦ ਕਰਕੇ ਸਮੇਂ-ਸਮੇਂ 'ਤੇ ਸਮਰਪਤ ਟਿਕਟ ਚੈਕਿੰਗ ਸਟਾਫ਼ ਦਾ ਮਨੋਬਲ ਵਧਾਉਂਦਾ ਹੈ, ਸਮੇਂ ਸਿਰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਜਾਂਦਾ ਹੈ।

# ਸ਼ਹੀਦੀ ਸਭਾ ਤੋਂ ਪਹਿਲਾਂ ਸ਼ਹਿਰ ਦੀਆਂ ਸੜਕਾਂ ਦੀ ਮੁਰੰਮਤ 'ਤੇ ਖਰਚੇ ਜਾਣਗੇ 1.62 ਕਰੋੜ ਰੁਪਏ : ਰਾਏ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

## ਲਿੰਕਨ ਕਾਲਜ ਰੋਡ ਦਾ ਕੰਮ ਸ਼ੁਰੂ ਕਰਵਾਇਆ



ਦਸਮਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਾਰ ਸਿੰਘ, ਬਾਬਾ ਫ਼ਤਹਿ ਸਿੰਘ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨਾਲ ਜੁੜੀ ਸ਼ਹੀਦੀ ਸਭਾ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਨੂੰ ਜਾਂਦੀਆਂ ਸੜਕਾਂ ਦੀ ਮੁਰੰਮਤ 'ਤੇ 1.62 ਕਰੋੜ ਰੁਪਏ ਖਰਚ ਕੀਤੇ ਜਾਣਗੇ ਤਾਂ ਜੋ ਦੇਸ਼ ਵਿਦੇਸ਼ ਤੋਂ ਆਉਣ ਵਾਲੇ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।ਇਹ ਪ੍ਰਗਟਾਵਾ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ 65 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀ ਲਿੰਕਨ ਕਾਲਜ ਰੋਡ ਦਾ ਕੰਮ ਸ਼ੁਰੂ ਕਰਵਾਉਣ ਮੌਕੇ ਕੀਤਾ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਨੂੰ ਜਾਂਦੀਆਂ ਸੜਕਾਂ ਦੀ ਮੁਰੰਮਤ ਵਾਸਤੇ 1.62 ਕਰੋੜ ਰੁਪਏ ਨੂੰ ਪ੍ਰਵਾਨਗੀ ਦੇ ਦਿੱਤੀ ਗਈ ਹੈ ਤੇ ਛੇਤੀ ਹੀ ਇਹ ਕੰਮ ਜੰਗੀ ਪੱਧਰ 'ਤੇ ਸ਼ੁਰੂ ਕਰਵਾਇਆ ਜਾਵੇਗਾ।ਉਨ੍ਹਾ ਹਲਕਾ ਫ਼ਤਹਿਗੜ੍ਹ ਸਾਹਿਬ ਦੀਆਂ ਸੜਕਾਂ ਦੀ ਮੁਰੰਮਤ ਲਈ ਗ੍ਰਾਂਟ ਜਾਰੀ ਕਰਨ 'ਤੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ।

ਹਲਕਾ ਵਿਧਾਇਕ ਨੇ ਦੱਸਿਆ ਕਿ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਰੋਜ਼ਾ ਸ਼ਰੀਫ ਵਾਲੀ ਸੜਕ ਦਾ ਕੰਮ ਵੀ ਛੇਤੀ ਹੀ ਸ਼ੁਰੂ ਕਰਵਾਇਆ ਜਾ ਰਿਹਾ ਹੈ।ਉਨ੍ਹਾ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰੇਕ ਸਾਲ ਕੀਤੇ ਜਾਣ ਵਾਲੇ ਪ੍ਰਬੰਧਾਂ ਨੂੰ ਇਸ ਵਾਰ ਹੋਰ ਵਧੇਰੇ ਸੁਚਾਰੂ ਢੰਗ ਨਾਲ ਮੁਕੰਮਲ ਕੀਤਾ ਜਾਵੇਗਾ ਤਾਂ ਜੋ ਸੰਗਤ ਬਿਨਾਂ ਕਿਸੇ ਮੁਸ਼ਕਲ ਤੋਂ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋ ਸਕੇ।ਇਸ ਮੌਕੇ ਪ੍ਰਿਤਪਾਲ ਸਿੰਘ ਜੱਸੀ, ਅਸੀਸ ਅੱਤਰੀ, ਕੁਲਵਿੰਦਰ ਸਿੰਘ ਡੇਰਾ, ਭਰਪੂਰ ਸਿੰਘ ਅਤਾਪੁਰ, ਐਡਵੋਕੇਟ ਕਰਨਵੀਰ ਸਿੰਘ ਚਨਾਰਥਲ, ਪੀਏ ਸਤੀਸ਼ ਕੁਮਾਰ, ਰਮੇਸ਼ ਕੁਮਾਰ ਸੋਨੂੰ, ਗੁਰਸਤਿੰਦਰ ਸਿੰਘ ਜੱਲਾ, ਰੁਪਿੰਦਰ ਸਿੰਘ ਪਿੰਦਰੀ, ਪਰਮਪਾਲ ਸਿੰਘ ਬੱਤਰਾ ਤੋਂ ਇਲਾਵਾ ਹੋਰ ਪਤਵੰਤੇ ਮੌਜੂਦ ਸਨ।

## ਨੌਜਵਾਨ ਦਾ ਮੋਟਰਸਾਈਕਲ ਦਿਨ-ਦਿਹਾੜੇ ਚੋਰੀ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਮਹਿਲ ਕਲਾਂ ਕਸਬੇ 'ਚ ਇੱਕ ਨੌਜਵਾਨ ਦਾ ਮੋਟਰਸਾਈਕਲ ਦਿਨ ਦਿਹਾੜੇ ਚੋਰੀ ਹੋਣ ਦਾ ਪਤਾ ਲੱਗਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਦਿਲਪ੍ਰੀਤ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਮਹਿਲ ਕਲਾਂ ਨੇ ਦੱਸਿਆ ਕਿ ਸਵੇਰੇ ਉਹ ਆਪਣਾ ਮੋਟਰਸਾਈਕਲ ਬੱਸ ਸਟੈਂਡ ਮਹਿਲ ਕਲਾਂ 'ਤੇ ਖੜਾ ਕਰ ਕੇ ਬਰਨਾਲਾ ਵਿਖੇ ਪੜ੍ਹਨ ਲਈ ਗਿਆ ਸੀ, ਜਦੋਂ ਉਸ ਨੇ 3 ਵਜੇ ਵਾਪਸ ਆ ਕੇ ਦੇਖਿਆ ਤਾਂ ਮੋਟਰਸਾਈਕਲ ਬੱਸ ਸਟੈਂਡ ਤੋਂ ਗਾਇਬ ਸੀ।ਇਸ ਸੰਬੰਧੀ ਭਾਲ ਕਰਨ 'ਤੇ ਵੀ ਮੋਟਰਸਾਈਕਲ ਨਹੀਂ ਮਿਲਿਆ।ਨੌਜਵਾਨ ਨੇ ਦੱਸਿਆ ਕਿ ਇਸ ਸੰਬੰਧੀ ਉਨ੍ਹਾਂ ਪੁਲਸ ਥਾਣਾ ਮਹਿਲ ਕਲਾਂ ਨੂੰ ਸੂਚਿਤ ਕਰ ਦਿੱਤਾ ਹੈ।ਨੌਜਵਾਨ ਨੇ ਐੱਸ.ਐੱਸ.ਪੀ. ਬਰਨਾਲਾ ਤੋਂ ਮੰਗ ਕੀਤੀ ਕਿ ਮੋਟਰਸਾਈਕਲ ਦੀ ਭਾਲ ਕਰਨ ਦੇ ਨਾਲ ਨਾਲ ਚੋਰਾਂ ਦੀ ਸ਼ਨਾਖਤ ਕਰਕੇ ਸਖ਼ਤ ਕਾਰਵਾਈ ਕੀਤੀ ਜਾਵੇ।

## ਪੰਜਾਬੀ ਸਾਹਿਤ ਸਭਾ ਦੀ ਮੀਟਿੰਗ 'ਚ ਨਵੇਂ ਕਾਵਿ-ਸੰਗ੍ਰਹਿ ਰਿਲੀਜ਼



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਪੰਜਾਬੀ ਸਾਹਿਤ ਸਭਾ (ਰਜਿ.) ਪਾਤੜਾਂ ਦੀ ਮੀਟਿੰਗ ਪ੍ਰਧਾਨ ਤਰਸੇਮ ਖਾਸਪੁਰੀ ਦੀ ਪ੍ਰਧਾਨਗੀ ਹੇਠ ਬੱਤਰਾ ਅਕੈਡਮੀ ਵਿਖੇ ਹੋਈ, ਜਿਸ ਵਿੱਚ ਪੰਜਾਬੀ ਦੇ ਪ੍ਰਸਿੱਧ ਸਾਹਿਤਕਾਰ ਮੀਤ ਸਕਰੌਦੀ ਤੇ ਅਨੀਤਾ ਅਰੋੜਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਪਾਸ ਇੱਕ ਮਤੇ ਰਾਹੀਂ ਲਹਿੰਦੇ ਪੰਜਾਬ ਦੀ ਅਸੈਂਬਲੀ ਵਿੱਚ ਬਾਰਵੀਂ ਤੱਕ ਦੇ ਸਕੂਲਾਂ ਵਿੱਚ ਪੰਜਾਬੀ ਨੂੰ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਉਣ ਦੇ ਪਾਸ ਕੀਤੇ ਗਏ ਮਤੇ ਦੀ ਸ਼ਲਾਘਾ ਕਰਕੇ ਖ਼ੁਸ਼ੀ ਦਾ ਇਜ਼ਹਾਰ ਕਰਦਿਆਂ ਹਾਜ਼ਰ ਸਾਹਿਤਕਾਰਾਂ ਨੇ ਇਸ ਨੂੰ ਪੰਜਾਬੀ ਬੋਲੀ ਦੇ ਵਿਸਥਾਰ ਲਈ ਚੁੱਕਿਆ ਗਿਆ ਅਹਿਮ ਕਦਮ ਦੱਸਿਆ।ਕੁਝ ਲੋਕਾਂ ਵੱਲੋਂ ਜਾਣ ਬੁੱਝ ਕੇ ਪੰਜਾਬੀ ਬੋਲੀ ਖਿਲਾਫ ਪ੍ਰਾਪੇਗੰਡਾ ਕੀਤਾ ਜਾ ਰਿਹਾ ਹੈ, ਜਦੋਂ ਕਿ ਪੰਜਾਬੀ ਦੁਨੀਆ ਦੀਆਂ ਪਹਿਲੀਆਂ ਦਸ ਭਾਸ਼ਾਵਾਂ ਵਿੱਚ ਸ਼ਾਮਲ ਹੈ।ਰਚਨਾਵਾਂ ਦੇ ਚੱਲੇ ਦੌਰ ਦੌਰਾਨ ਸਾਹਿਤਕਾਰ ਜਸਵਿੰਦਰ ਰਾਜਲਹੇੜੀ ਤੇ ਹਰਜਿੰਦਰ ਰਾਜਲਹੇੜੀ ਵੱਲੋਂ ਨਵੇਂ ਆਏ ਕਾਵਿ-ਸੰਗ੍ਰਹਿ ਦੀਆਂ ਕਾਪੀਆਂ ਸਭਾ ਦੇ ਮੈਂਬਰਾਂ ਨੂੰ ਭੇਟ ਕੀਤੀਆਂ ਗਈਆਂ।ਉਪਰੰਤ ਪ੍ਰਧਾਨ ਤਰਸੇਮ ਖਾਸਪੁਰੀ, ਜਨਰਲ ਸਕੱਤਰ ਗੁਰਨਾਮ ਸਿੰਘ ਚੌਹਾਨ, ਮੀਤ ਸਕਰੌਦੀ, ਅਨੀਤਾ ਅਰੋੜਾ, ਰਵੀ ਘੱਗਾ, ਗੁਰਚਰਨ ਸਿੰਘ ਧੰਜੂ, ਭੁਪਿੰਦਰਜੀਤ ਮੌਲਵੀਵਾਲਾ, ਕਰਨੈਲ ਸਿੰਘ ਯੋਗੀ, ਮਨਿੰਦਰ ਕਾਫਰ, ਫਤਿਹ ਰੰਧਾਵਾ, ਸੁਮਨ ਦੀਦ, ਦੀਪਾ ਸ਼ੁਤਰਾਣਾ, ਜਸਵਿੰਦਰ ਰਾਜਲਹੇੜੀ ਤੇ ਖੁਸ਼ਪ੍ਰੀਤ ਸਿੰਘ ਹਰੀਗੜ੍ਹ ਨੇ ਰਚਨਾਵਾਂ ਪੜ੍ਹੀਆਂ।ਪੜ੍ਹੀਆਂ ਗਈਆਂ ਰਚਨਾਵਾਂ 'ਤੇ ਉਸਾਰੂ ਬਹਿਸ ਹੋਈ।

## ਕੋਰਸ ਪੂਰਾ ਹੋਣ ਉਪਰੰਤ ਸਿਖਿਆਰਥੀਆਂ ਨੂੰ ਸਰਟੀਫਿਕੇਟ ਦਿੱਤੇ



ਸ੍ਰੀ ਮੁਕਤਸਰ ਸਾਹਿਬ (ਸਮਿੰਦਰ ਪਾਲ, ਪੂਜਾ)-ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਸੰਨੀ ਓਬਰਾਏ ਸਵੈ ਰੋਜ਼ਗਾਰ ਸਕੀਮ ਤਹਿਤ ਪਿੰਡਾਂ ਤੇ ਸ਼ਹਿਰਾਂ ਵਿੱਚ ਨੌਜਵਾਨ ਲੜਕੇ-ਲੜਕੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਮੁਫ਼ਤ ਸਿਖਲਾਈ ਸੈਂਟਰ (ਸਿਲਾਈ, ਬਿਊਟੀ ਪਾਰਲਰ, ਕੰਪਿਊਟਰ) ਖੋਲ੍ਹੇ ਜਾ ਰਹੇ ਹਨ ਤਾਂ ਜੋ ਇਹ ਨੌਜਵਾਨ ਅਪਣੇ ਪੈਰਾਂ 'ਤੇ ਖੜੇ ਹੋ ਸਕਣ।ਇਸ ਲੜੀ ਤਹਿਤ ਸ੍ਰ. ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ 'ਤੇ ਸ੍ਰੀਮਤੀ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਰਹਿਨੁਮਾਈ ਹੇਠ ਸ੍ਰੀ ਮੁਕਤਸਰ ਸਾਹਿਬ ਵਿਖੇ ਬਿਊਟੀ ਪਾਰਲਰ ਸੈਂਟਰ ਦਾ 6 ਮਹੀਨੇ ਦਾ ਕੋਰਸ ਪੂਰਾ ਹੋਣ ਉਪਰੰਤ ਪ੍ਰੀਖਿਆ ਲੈਣ ਤੋਂ ਬਾਅਦ ਸਰਟੀਫਿਕੇਟ ਜਾਰੀ ਕੀਤੇ ਗਏ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਅਜਿਹੇ 8 ਮੁਫ਼ਤ ਸਿਖਲਾਈ ਸੈਂਟਰ ਚੱਲ ਰਹੇ ਹਨ ਤੇ ਇਸ ਤੋਂ ਪਹਿਲਾਂ ਸੈਂਕੜਿਆਂ ਦੀ ਗਿਣਤੀ ਵਿੱਚ ਨੌਜਵਾਨ ਮੁਫ਼ਤ ਕੋਰਸ ਕਰਕੇ ਅਪਣੇ ਪਰਵਾਰਾਂ ਦਾ ਵਧੀਆ ਪਾਲਣ ਪੋਸ਼ਣ ਕਰ ਰਹੇ ਹਨ।ਜਸਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ ਤੇ ਬਲਜੀਤ ਸਿੰਘ ਮਾਨ ਸਿੱਖਿਆ ਸਲਾਹਕਾਰ ਨੇ ਕਿਹਾ ਕਿ ਅਜਿਹੇ ਉਪਰਾਲੇ ਬੇਰੁਜ਼ਗਾਰੀ ਨੂੰ ਠੱਲ੍ਹ ਪਾਉਣ ਲਈ ਸਹਾਈ ਹੋ ਰਹੇ ਹਨ ਤੇ ਉਨ੍ਹਾਂ ਵੱਧ ਤੋਂ ਵੱਧ ਨੌਜਵਾਨਾਂ ਨੂੰ ਇਸ ਦਾ ਲਾਹਾ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਗੁਰਚਰਨ ਸਿੰਘ ਭੇਣ (ਸਰਕਾਰੀ ਅਧਿਆਪਕ), ਸੋਮ ਨਾਥ, ਮੈਡਮ ਮਨਿੰਦਰ ਕੌਰ ਸੈਂਟਰ ਕੰਟਰੋਲਰ, ਪ੍ਰਿੰਸੀਪਲ ਬਿੰਦਰ ਪਾਲ ਕੌਰ ਸਿੱਖਿਆ ਸਲਾਹਕਾਰ, ਮੈਡਮ ਅਨੀਤਾ ਰਾਣੀ ਬਿਊਟੀ ਪਾਰਲਰ ਸੈਂਟਰ ਦੀ ਅਧਿਆਪਕ ਆਦਿ ਹਾਜ਼ਰ ਸਨ।

## ਗਊਆਂ ਦਾ ਭਰਿਆ ਕੈਂਟਰ ਪੁਲਸ ਤੇ ਗਊ ਭਗਤਾਂ ਵੱਲੋਂ ਕਾਬੂ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਬਠਿੰਡਾ ਦੇ ਘਨੱਈਆ ਚੌਕ ਵਿੱਚ ਥਾਣਾ ਥਰਮਲ ਦੀ ਪੁਲਸ ਤੇ ਗਊ ਸੁਰੱਕਸ਼ਾ ਸੇਵਾ ਦਲ ਪੰਜਾਬ ਦੇ ਗਊ ਭਗਤਾ ਵੱਲੋਂ ਗਊਆਂ ਦਾ ਭਰਿਆ ਹੋਇਆ ਕੈਂਟਰ ਕਾਬੂ ਕਰਨ ਦਾ ਸਮਾਚਾਰ ਹੈ। ਗਊ ਸੁਰੱਕਸ਼ਾ ਸੇਵਾ ਦਲ ਪੰਜਾਬ ਦੇ ਪ੍ਰਧਾਨ ਸੰਦੀਪ ਵਰਮਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਾਨੂੰ ਗੁਪਤ ਸੂਚਨਾ ਮਿਲੀ ਕਿ ਮਲੋਟ ਸਾਈਡ ਤੋਂ ਕਿਸੇ ਪਿੰਡ ਵਿੱਚੋਂ ਇੱਕ ਕੈਂਟਰ ਨੰਬਰੀ ਆਰ ਜੇ 32 ਜੀ ਸੀ 3555 ਅਸ਼ੋਕਾ ਲੇਲੈਂਡ 6 ਟਾਇਰੀ ਵਿੱਚ ਗਊਆਂ ਨੂੰ ਬੇਰਹਿਮੀ ਨਾਲ ਬੰਨ੍ਹ ਨੂੜ ਕੇ ਕੈਂਟਰ ਨੂੰ ਤਰਪਾਲ ਨਾਲ ਢੱਕ ਕੇ ਪੰਜਾਬ ਤੋਂ ਬਾਹਰਲੀਆਂ ਸਟੇਟਾਂ ਵਿੱਚ ਗਊਆਂ ਨੂੰ ਬੁੱਚੜਖਾਨੇ ਕਤਲ ਕਰਨ ਦੇ ਮਕਸਦ ਨਾਲ ਲੈ ਕੇ ਜਾਣਾ ਹੈ।ਅਸੀਂ ਆਪਣੀ ਟੀਮ ਨੂੰ ਸੜਕਾਂ 'ਤੇ ਤੈਨਾਤ ਕੀਤਾ ਤੇ ਇਸ ਦੀ ਇਤਲਾਹ ਅਸੀਂ ਪੁਲਸ ਕੰਟਰੋਲ ਰੂਮ ਬਠਿੰਡਾ ਨੂੰ ਦਿੱਤੀ। ਕਾਫੀ ਜੱਦੋ ਜ਼ਹਿਦ ਤੋਂ ਬਾਅਦ ਪੁਲਸ ਵੱਲੋਂ ਕੈਂਟਰ ਸਮੇਤ ਦੋ ਗਊ ਤਸਕਰਾਂ ਨੂੰ ਥਾਣਾ ਥਰਮਲ ਦੀ ਪੁਲਸ ਵੱਲੋਂ ਕਾਬੂ ਕੀਤਾ ਗਿਆ। ਕੈਂਟਰ ਨੂੰ ਚੈੱਕ ਕਰਨ ਉਪਰੰਤ 13 ਗਊ ਵੰਸ਼ਾਂ ਨੂੰ ਬੰਨ੍ਹਿਆ ਨੂੜਿਆ ਹੋਇਆ ਸੀ।ਗਊਆਂ ਨੂੰ ਪੁਲਸ ਦੀ ਮੌਜੂਦਗੀ ਵਿੱਚ ਹਰਰਾਏ ਪੁਰ ਗਊਸ਼ਾਲਾ ਵਿੱਚ ਛੱਡਿਆ ਗਿਆ ਤੇ ਪੁਲਸ ਨੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ। ਇਸ ਮੌਕੇ ਮੀਤ ਪ੍ਰਧਾਨ ਜ਼ਿਲ੍ਹਾ ਬਠਿੰਡਾ ਪ੍ਰਿੰਸ ਕੌਸ਼ਲ, ਸੁਖਦੇਵ ਸਿੰਘ ਕਾਲਾ, ਸੁੱਖਾ ਕੋਟੜਾ ਕੋੜਾ, ਰਾਧੇ ਸ਼ਾਮ, ਸੀਤਲ ਬਰਾੜ, ਅਕਲੇਸ਼ ਰਾਠੌਰ, ਵਿੱਕੀ ਮਿੱਡਾ, ਮਾਸਟਰ ਧੀਰਜ, ਵਿਜੇ ਸ਼ਰਮਾ, ਚੰਦਨ ਚਾਵਲਾ, ਅਭੀ ਜਲੋਤਰਾ, ਸਨੀ, ਰਾਮ, ਕੁਲਦੀਪ ਸੋਨੀ, ਰਿੰਕੂ, ਸੋਨੂ, ਬਿਲੂ, ਰਜਨੀਸ਼ ਆਦਿ ਹਾਜ਼ਰ ਸਨ।

## ਵਿਸ਼ਵ ਬਾਕਸਿੰਗ ਚੈਂਪੀਅਨਸ਼ਿਪ 'ਚ ਕ੍ਰਿਸ਼ਾ ਵਰਮਾ ਨੇ ਜਿੱਤਿਆ ਸੋਨ ਤਗਮਾ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਅਮਰੀਕਾ ਦੇ ਕਲਰੇਡੋ ਵਿਖੇ ਚੱਲ ਰਹੀ ਵਿਸ਼ਵ ਬਾਕਸਿੰਗ ਚੈਂਪੀਅਨਸ਼ਿਪ (ਅੰਡਰ-19) ਵਿੱਚ ਪਟਿਆਲਾ ਜ਼ਿਲ੍ਹੇ ਦੇ ਸਮਾਣਾ ਸ਼ਹਿਰ ਦੀ ਕ੍ਰਿਸ਼ਾ ਵਰਮਾ ਨੇ 75 ਕਿਲੋਗ੍ਰਾਮ ਭਾਰ ਵਰਗ 'ਚ ਸੋਨ ਤਗਮਾ ਜਿੱਤ ਕੇ ਕੌਮਾਂਤਰੀ ਪੱਧਰ 'ਤੇ ਸੂਬੇ ਦਾ ਨਾਂਅ ਰੌਸ਼ਨ ਕੀਤਾ ਹੈ।ਜ਼ਿਲ੍ਹਾ ਖੇਡ ਅਫ਼ਸਰ ਹਰਪਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਵਾਸੀਆਂ ਲਈ ਬਹੁਤ ਮਾਣ ਅਤੇ ਖ਼ੁਸ਼ੀ ਵਾਲੀ ਦੀ ਗੱਲ ਹੈ ਕਿ ਸੰਨੀ ਦੱਤਾ ਬਾਕਸਿੰਗ ਕਲੱਬ, ਸਮਾਣਾ ਦੀ ਬਾਕਸਿੰਗ ਖੇਡ ਦੀ ਖਿਡਾਰਨ ਕ੍ਰਿਸ਼ਾ ਵਰਮਾ ਨੇ ਵਰਲਡ ਬਾਕਸਿੰਗ ਚੈਂਪੀਅਨਸ਼ਿਪ (ਅੰਡਰ-19) ਜੋ ਕਲਰੇਡੋ (ਯੂ.ਐਸ.ਏ) ਵਿੱਚ ਹੋ ਰਹੀਆਂ ਹਨ, ਵਿੱਚ 75 ਕਿਲੋਗ੍ਰਾਮ ਭਾਰ ਵਰਗ ਵਿੱਚ ਗੋਲਡ ਮੈਡਲ ਪ੍ਰਾਪਤ ਕਰਕੇ ਆਪਣੇ ਸ਼ਹਿਰ ਸਮਾਣਾ, ਜ਼ਿਲ੍ਹਾ ਪਟਿਆਲਾ ਤੇ ਪੰਜਾਬ ਦਾ ਨਾਂਅ ਰੌਸ਼ਨ ਕੀਤਾ ਹੈ।

## ਬੱਚਿਆਂ ਦੀ ਸਪੋਰਟਸ ਮੀਟ ਕਰਾਈ



ਬਠਿੰਡਾ (ਪਰਵਿੰਦਰ ਜੀਤ ਸਿੰਘ)-ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸ਼੍ਰੀਮਤੀ ਰਵਨੀਤ ਕੌਰ ਸਿੱਧੂ ਨੇ ਦੱਸਿਆ ਕਿ ਜੁਵੇਨਾਇਲ ਜਸਟਿਸ (ਕੇਅਰ ਐਂਡ ਪ੍ਰੋਟੈਕਸ਼ਨ ਆਫ਼ ਚਿਲਡਰਨ) ਐਕਟ ਤਹਿਤ ਰਜਿਸਟਰਡ ਸਰਕਾਰੀ ਤੇ ਗੈਰ ਸਰਕਾਰੀ ਹੋਮਾ 'ਚ ਰਹਿ ਰਹੇ ਬੱਚਿਆਂ ਦੀ ਸਾਲ-2024 ਦੀ ਸਪੋਰਟਸ ਮੀਟ ਸਪੋਰਟਸ ਸਕੂਲ ਘੁੱਦਾ ਵਿਖੇ ਕਰਾਈ ਗਈ। ਇਸ ਮੌਕੇ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਨੇ ਦੱਸਿਆ ਕਿ ਇਸ ਸਪੋਰਟਸ ਮੀਟ 'ਚ ਵੱਖ-ਵੱਖ ਖੇਡਾਂ ਜਿਵੇਂ ਕਿ 100 ਮੀਟਰ ਦੌੜ, ਲੌਂਗ ਜੰਪ, ਹਾਈ ਜੰਪ, ਰੱਸਾਕਸ਼ੀ ਤੇ ਬੈਡਮਿੰਟਨ ਦੇ ਮੁਕਾਬਲੇ ਕਰਾਏ ਗਏ।ਇਨ੍ਹਾਂ ਖੇਡਾਂ ਨੂੰ ਕਰਾਉਣ ਲਈ ਸਿੱਖਿਆ ਵਿਭਾਗ ਦੇ 11 ਡੀ.ਪੀ.ਈ ਅਧਿਆਪਕਾਂ ਦੀ ਡਿਊਟੀ ਲਾਈ ਗਈ, ਜਿਨ੍ਹਾਂ ਨੇ ਬੱਚਿਆਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਉਨ੍ਹਾਂ ਨੂੰ ਖੇਡਾਂ ਖੇਡਣ ਦੇ ਨਿਯਮਾਂ ਤੇ ਜ਼ਰੂਰੀ ਨੁਕਤਿਆਂ ਬਾਰੇ ਵੀ ਜਾਣੂ ਕਰਾਇਆ।ਬੱਚਿਆਂ ਵੱਲੋਂ ਇਨ੍ਹਾਂ ਖੇਡਾਂ ਵਿੱਚ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ ਗਿਆ।

## ਖੇਤੀਬਾੜੀ ਵਿਭਾਗ ਵੱਲੋਂ ਖਾਦ ਵਿਕਰੇਤਾਵਾਂ ਦੇ ਸਟਾਕ ਦੀ ਚੈਕਿੰਗ



ਨਾਭਾ (ਵਰਿੰਦਰ ਵਰਮਾ)-ਮੌਜੂਦਾ ਹਾੜ੍ਹੀ ਸੀਜ਼ਨ ਦੌਰਾਨ ਕਣਕ ਦੀ ਬਿਜਾਈ ਤੇ ਹੋਰਨਾਂ ਫ਼ਸਲਾਂ ਲਈ ਕਿਸਾਨਾਂ ਨੂੰ ਨਿਰਵਿਘਨ ਖਾਦਾਂ ਦੀ ਸਪਲਾਈ ਯਕੀਨੀ ਬਣਾਉਣ ਲਈ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਲਗਾਤਾਰ ਖਾਦ ਵਿਕਰੇਤਾਵਾਂ ਦੇ ਸਟਾਕ ਦੀ ਚੈਕਿੰਗ ਕੀਤੀ ਜਾ ਰਹੀ ਹੈ, ਤਾਂ ਜੁ ਖਾਦਾਂ ਦੀ ਜਮ੍ਹਾਖ਼ੋਰੀ, ਕੀਮਤ ਵੱਧ ਵਸੂਲਣ ਤੇ ਖਾਦ ਨਾਲ ਹੋਰ ਸਮਾਨ ਵੇਚਣ ਵਾਲਿਆਂ 'ਤੇ ਕਾਰਵਾਈ ਕੀਤੀ ਜਾ ਸਕੇ।ਮੁੱਖ ਖੇਤੀਬਾੜੀ ਅਫ਼ਸਰ ਡਾ. ਜਸਵਿੰਦਰ ਸਿੰਘ ਨੇ ਦੱਸਿਆ ਕਿ ਵਿਭਾਗ ਦੇ ਖੇਤੀਬਾੜੀ ਅਫ਼ਸਰ ਜੁਪਿੰਦਰ ਸਿੰਘ ਤੇ ਖੇਤੀਬਾੜੀ ਵਿਕਾਸ ਅਫ਼ਸਰ ਜਸਪ੍ਰੀਤ ਸਿੰਘ ਵੱਲੋਂ ਨਾਭਾ ਬਲਾਕ ਦੇ ਮੈਸ: ਨਿਊ ਨਾਭਾ ਖਾਦ ਸਟੋਰ, ਮੈਸ: ਬਾਂਸਲ ਐਗਰੋ ਸਰਵਿਸ ਨਾਭਾ, ਮੈਸ: ਜੇ.ਕੇ ਖਾਦ ਸਟੋਰ ਨਾਭਾ, ਮੈਸ: ਸਾਈ ਖਾਦ ਸਟੋਰ ਤੇ ਮੈਸ: ਸਾਈ ਟ੍ਰੇਡਿੰਗ ਕੰਪਨੀ, ਮੈਸ: ਐਮ.ਐਸ. ਗੁਪਤਾ ਐਗਰੋ, ਮੈਸ. ਪਾਲ ਖਾਦ ਸਟੋਰ, ਮੈਸ: ਕਮਲ ਐਗਰੋ ਕੈਮੀਕਲਜ਼, ਮੈਸ: ਨਿਊ ਕਿਸਾਨ ਐਗਰੋ, ਮੈਸ: ਓਂਕਾਰ ਪੈਸਟੀਸਾਈਡ, ਨਾਭਾ ਦੇ ਖਾਦਾਂ ਦੇ ਸਟਾਕ ਦੀ ਚੈਕਿੰਗ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਜੇਕਰ ਕੋਈ ਖਾਦ ਵਿਕਰੇਤਾ ਕਿਸਾਨਾਂ ਨੂੰ ਡੀ.ਏ.ਪੀ ਖਾਦ ਉਪਲਬਧ ਹੋਣ ਦੇ ਬਾਵਜੂਦ ਮਨਾ ਕਰੇਗਾ ਜਾਂ ਡੀ.ਏ.ਪੀ. ਖਾਦ ਨਾਲ ਟੈਗਿੰਗ ਕਰੇਗਾ ਜਾਂ ਖਾਦ ਨੂੰ ਕੰਟਰੋਲਡ ਕੀਮਤ ਤੋਂ ਵੱਧ ਵੇਚੇਗਾ ਤਾਂ ਉਸ ਖਾਦ ਵਿਕਰੇਤਾ ਦਾ ਲਾਇਸੈਂਸ ਤੁਰੰਤ ਪ੍ਰਭਾਵ ਨਾਲ ਰੱਦ ਕਰ ਦਿੱਤਾ ਜਾਵੇਗਾ ਤੇ ਉਸ ਖ਼ਿਲਾਫ਼ ਖਾਦ ਕੰਟਰੋਲ ਆਰਡਰ 1985 ਦੇ ਤਹਿਤ ਕਾਨੂੰਨੀ ਕਾਰਵਾਈ ਵੀ ਅਮਲ ਵਿੱਚ ਲਿਆਂਦੀ ਜਾਵੇਗੀ।ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਜਸਵਿੰਦਰ ਸਿੰਘ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਕਿਸਾਨ ਮਿੱਟੀ ਦੀ ਲੋੜ ਅਨੁਸਾਰ ਹੀ ਖੇਤਾਂ 'ਚ ਖਾਦਾਂ ਦੀ ਵਰਤੋਂ ਕਰਨ।ਉਨ੍ਹਾਂ ਕਿਹਾ ਕਿ ਕਿਸਾਨ ਆਪਣੀ ਮਿੱਟੀ ਦੀ ਜਾਂਚ ਕਰਾਉਣ ਤੇ ਮਿੱਟੀ ਨੂੰ ਜਿਹੜੇ ਤੱਤਾਂ ਦੀ ਜ਼ਰੂਰਤ ਹੈ, ਉਸ ਹਿਸਾਬ ਨਾਲ ਹੀ ਖਾਦ ਦੀ ਵਰਤੋਂ ਕੀਤੀ ਜਾਵੇ।

## ਸ਼ਹਿਰ ਵਾਸੀਆਂ ਦੀਆਂ ਮੁਸ਼ਕਲਾਂ ਸੰਬੰਧੀ ਗੁੱਡ ਮੌਰਨਿੰਗ ਕਲੱਬ ਦੇ ਵਫਦ ਦੀ ਈ ਓ ਨਾਲ ਮੁਲਾਕਾਤ



ਕੋਟਕਪੂਰਾ (ਰਛਪਾਲ ਭੁੱਲਰ) ਸ਼ਹਿਰ ਦੇ ਗਲੀ-ਮੁਹੱਲਿਆਂ ਵਿੱਚ ਵਾਟਰ ਵਰਕਸ ਵੱਲੋਂ ਸਪਲਾਈ ਕੀਤੇ ਜਾ ਰਹੇ ਮੁਸ਼ਕ ਮਾਰਦੇ ਗੰਦੇ ਪਾਣੀ, ਸਫ਼ਾਈ ਪ੍ਰਬੰਧਾਂ, ਮਿਊਂਸਪਲ ਪਾਰਕ ਦੀ ਸਾਂਭ-ਸੰਭਾਲ ਲਈ ਸਫ਼ਾਈ ਸੇਵਕ, ਮਾਲੀ ਤੇ ਚੌਂਕੀਦਾਰ ਦੀ ਨਿਯੁਕਤੀ ਸਮੇਤ ਪਾਰਕ ਵਿੱਚ ਸਿਊਂਕ ਕਾਰਨ ਸੁੱਕ ਚੁੱਕੇ ਦਰੱਖਤਾਂ ਦੀ ਕਟਾਈ ਆਦਿ ਮੰਗਾਂ ਤੇ ਸਮੱਸਿਆਵਾਂ ਨੂੰ ਲੈ ਕੇ 'ਗੁੱਡ ਮੌਰਨਿੰਗ ਵੈਲਫੇਅਰ ਕਲੱਬ' ਦੇ ਪ੍ਰਧਾਨ ਡਾ ਮਨਜੀਤ ਸਿੰਘ ਢਿੱਲੋਂ ਤੇ ਚੇਅਰਮੈਨ ਵਿਨੋਦ ਕੁਮਾਰ ਬਾਂਸਲ (ਪੱਪੂ ਲਹੌਰੀਆ) ਦੀ ਅਗਵਾਈ ਹੇਠ ਇੱਕ ਵਫ਼ਦ ਨੇ ਅਮਰਇੰਦਰ ਸਿੰਘ ਕਾਰਜ ਸਾਧਕ ਅਫ਼ਸਰ ਨਗਰ ਕੌਂਸਲ ਨਾਲ ਮੁਲਾਕਾਤ ਕੀਤੀ ਤੇ ਉਕਤ ਸਮੱਸਿਆਵਾਂ ਤੋਂ ਜਾਣੂ ਕਰਾਇਆ।ਪ੍ਰੈਸ ਸਕੱਤਰ ਗੁਰਮੀਤ ਸਿੰਘ ਮੀਤਾ ਮੁਤਾਬਿਕ ਜਨਰਲ ਸਕੱਤਰ ਪ੍ਰੋ. ਐਚ.ਐਸ. ਪਦਮ ਤੇ ਸਕੱਤਰ ਲੈਕ. ਮੁਖਤਿਆਰ ਸਿੰਘ ਮੱਤਾ ਨੇ ਦੱਸਿਆ ਕਿ ਸ਼ਹਿਰ ਦੀ ਅੱਧੀ ਤੋਂ ਜ਼ਿਆਦਾ ਆਬਾਦੀ ਨੂੰ ਵਾਟਰ ਵਰਕਸ ਵਲੋਂ ਸੀਵਰੇਜ ਰਲਿਆ ਮੁਸ਼ਕ ਮਾਰਦਾ ਪਾਣੀ ਸਪਲਾਈ ਕੀਤਾ ਜਾ ਰਿਹਾ ਹੈ, ਜਿਸ ਨਾਲ ਭਿਆਨਕ ਬਿਮਾਰੀਆਂ ਫੈਲਣ ਦਾ ਡਰ ਹੈ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਵਾਟਰ ਵਰਕਸ ਵਿਭਾਗ ਅਤੇ ਸੀਵਰੇਜ ਬੋਰਡ ਦੇ ਅਧਿਕਾਰੀਆਂ ਨੂੰ ਲਿਖਤੀ ਤੇ ਜ਼ੁਬਾਨੀ ਤੌਰ 'ਤੇ ਅਨੇਕਾਂ ਵਾਰ ਬੇਨਤੀਆਂ ਕੀਤੀਆਂ ਜਾ ਚੁੱਕੀਆਂ ਹਨ, ਪਰ ਕੋਈ ਸੁਣਵਾਈ ਨਹੀਂ ਹੋ ਰਹੀ।ਉਪ ਚੇਅਰਮੈਨ ਸੁਨੀਲ ਕੁਮਾਰ ਗਰੋਵਰ (ਬਿੱਟਾ ਠੇਕੇਦਾਰ), ਸੀਨੀਅਰ ਮੀਤ ਪ੍ਰਧਾਨ ਸੁਰਿੰਦਰ ਸਿੰਘ ਸਦਿਉੜਾ, ਮੀਤ ਪ੍ਰਧਾਨ ਡਾ. ਰਵਿੰਦਰਪਾਲ ਕੋਛੜ, ਖ਼ਜ਼ਾਨਚੀ ਜਸਕਰਨ ਸਿੰਘ ਭੱਟੀ ਤੇ ਸਰਪ੍ਰਸਤ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਦੱਸਿਆ ਕਿ ਪਾਰਕ ਵਿੱਚ ਬਹੁਤ ਸਾਰੇ ਦਰੱਖਤ ਸੁੱਕ ਚੁੱਕੇ ਹਨ ਤੇ ਉਨ੍ਹਾਂ ਦੇ ਅਚਾਨਕ ਡਿੱਗਣ ਨਾਲ ਕੋਈ ਅਣਸੁਖਾਵੀਂ ਘਟਨਾ ਵਾਪਰਨ ਦਾ ਖਦਸ਼ਾ ਹੈ, ਕਿਉਂਕਿ ਪਿਛਲੇ ਦਿਨੀਂ ਬਾਰਿਸ਼ ਤੇ ਹਨੇਰੀ ਮੌਕੇ ਇਕ ਸੁੱਕਾ ਦਰੱਖਤ ਡਿੱਗਣ ਨਾਲ ਉੱਥੇ ਕਿਸੇ ਦੀ ਮੌਜੂਦਗੀ ਨਾ ਹੋਣ ਕਰਕੇ ਅਣਸੁਖਾਵੀਂ ਘਟਨਾ ਤੋਂ ਬਚਾਅ ਹੋ ਗਿਆ।ਇਸ ਸਬੰਧੀ ਜੰਗਲਾਤ ਵਿਭਾਗ ਨੂੰ ਇਕ ਤੋਂ ਵੱਧ ਵਾਰ ਲਿਖਤੀ ਰੂਪ ਵਿੱਚ ਜਾਣੂ ਕਰਾਇਆ ਜਾ ਚੁੱਕਾ ਹੈ, ਪਰ ਜੰਗਲਾਤ ਵਿਭਾਗ ਮੁਤਾਬਿਕ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਵੱਲੋਂ ਇਸ ਬਾਰੇ ਲਿਖਤੀ ਤੌਰ 'ਤੇ ਪੱਤਰ ਜਾਰੀ ਕਰਨਾ ਜ਼ਰੂਰੀ ਹੁੰਦਾ ਹੈ।ਉਨ੍ਹਾਂ ਪਾਰਕ ਵਿੱਚ ਸਫਾਈ ਸੇਵਕ, ਮਾਲੀ ਤੇ ਚੌਂਕੀਦਾਰ ਦੀ ਪੱਕੀ ਨਿਯੁਕਤੀ ਦੀ ਮੰਗ ਕਰਦਿਆਂ ਆਖਿਆ ਕਿ ਗੁੱਡ ਮੌਰਨਿੰਗ ਕਲੱਬ ਵਲੋਂ ਪਿਛਲੇ ਦੋ ਸਾਲਾਂ ਤੋਂ ਸਫ਼ਾਈ ਸੇਵਕ ਤੇ ਮਾਲੀ ਨੂੰ ਪੱਲਿਉਂ ਤਨਖਾਹ ਦਿੱਤੀ ਜਾ ਰਹੀ ਹੈ।ਪਾਰਕ ਵਿੱਚੋਂ ਚੋਰੀ ਦੀਆਂ ਘਟਨਾਵਾਂ ਰੋਕਣ ਲਈ ਚੌਂਕੀਦਾਰ ਦੀ ਜ਼ਰੂਰਤ ਹੈ, ਜਦਕਿ ਬੂਟਿਆਂ ਦੀ ਸਾਂਭ-ਸੰਭਾਲ ਲਈ ਮਾਲੀ ਅਤੇ ਪਾਰਕ ਦੀ ਸਫਾਈ ਵਾਸਤੇ ਸਫ਼ਾਈ ਸੇਵਕਾਂ ਦੀ ਸਖਤ ਜ਼ਰੂਰਤ ਹੈ।

## ਵਿਸ਼ਵਕਰਮਾ ਦਿਵਸ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ

### ਪਾਤੜਾਂ 'ਚ ਵਿਸ਼ਵਕਰਮਾ ਭਵਨ ਬਣਾਉਣ ਦੇ ਉਪਰਾਲੇ ਸ਼ੁਰੂ



ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ) ਸ਼ਹਿਰ ਦੇ ਵਿਸ਼ਵਕਰਮਾ ਮੰਦਰ 'ਚ ਵਿਸ਼ਵਕਰਮਾ ਦਿਵਸ ਨੂੰ ਸਮਰਪਤ ਸਮਾਗਮ ਸ਼ਰਧਾ ਤੇ ਧੂਮਧਾਮ ਨਾਲ ਕਰਵਾਇਆ ਗਿਆ।ਇਸ ਸਬੰਧੀ ਰੱਖੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਦੀਵਾਨ ਸਜਾਏ ਗਏ।ਸਮਾਗਮ ਦੌਰਾਨ ਕਮੇਟੀ ਦੀ ਚੋਣ ਦੌਰਾਨ ਬੀਤੇ ਸਾਲ ਸੇਵਾਵਾਂ ਨਿਭਾਅ ਰਹੇ ਆਗੂਆਂ ਦੀ ਵਧੀਆ ਕਾਰਗੁਜ਼ਾਰੀ ਨੂੰ ਦੇਖਦਿਆਂ ਅਗਲੇ ਸਾਲ ਲਈ ਸੇਵਾਵਾਂ ਸੌਂਪੀਆਂ ਗਈਆਂ।

ਜਾਣਕਾਰੀ ਦਿੰਦਿਆਂ ਵਿਸ਼ਵਕਰਮਾ ਭਵਨ ਕਮੇਟੀ ਦੇ ਪ੍ਰਧਾਨ ਬੇਅੰਤ ਸਿੰਘ ਵਿਰਦੀ ਨੇ ਦੱਸਿਆ ਕਿ ਸਜੇ ਦੀਵਾਨਾਂ 'ਚ ਬਾਬਾ ਗੁਰਜੀਤ ਸਿੰਘ ਹਰੀਗੜ੍ਹ ਨੇ ਸੰਗਤਾਂ ਨੂੰ ਕੀਰਤਨ ਸੁਣਾ ਕੇ ਨਿਹਾਲ ਕੀਤਾ ਅਤੇ ਸ੍ਰੀ ਵਿਸ਼ਵਕਰਮਾ ਜੀ ਦੇ ਜੀਵਨ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ।ਸਮਾਗਮਾਂ ਵਿੱਚ ਪੁੱਜੇ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਵਿਸ਼ਵਕਰਮਾ ਭਵਨ ਲਈ 11 ਲੱਖ ਰੁਪਏ ਦੀ ਗਰਾਂਟ ਦੇਣ ਦਾ ਐਲਾਨ ਕੀਤਾ, ਉੱਥੇ ਹੀ ਵਿਸ਼ੇਸ਼ ਮਹਿਮਾਨ ਗੁਰਦਾਸ ਸਿੰਘ ਨੇ 51 ਹਜ਼ਾਰ, ਐੱਨ ਆਰ ਆਈ ਸੁਖਦੇਵ ਸਿੰਘ ਬੈਲਜੀਅਮ ਨੇ ਸੁਰਜੀਤ ਸਿੰਘ ਹਰੀਕਾ ਰਾਹੀਂ 11 ਹਜ਼ਾਰ ਰੁਪਏ, ਜਦੋਂਕਿ ਪਾਤੜਾਂ ਇਲਾਕੇ ਦੇ ਇੰਡਸਟਰੀਅਲ ਗੋਬਿੰਦ ਸਿੰਘ ਵਿਰਦੀ ਵੱਲੋਂ ਆਪਣੇ ਪਿਤਾ ਸਰਵਣ ਸਿੰਘ ਵਿਰਦੀ ਦੀ ਯਾਦ 'ਚ 50 ਹਜ਼ਾਰ ਤੇ ਪ੍ਰਧਾਨ ਬੇਅੰਤ ਸਿੰਘ ਵਿਰਦੀ ਨੇ 21 ਹਜ਼ਾਰ ਰੁਪਏ ਨਗਦ ਰਾਸ਼ੀ ਭੇਟ ਕੀਤੀ।ਇਸ ਮੌਕੇ ਸਾਬਕਾ ਚੇਅਰਮੈਨ ਮਹਿੰਦਰ ਸਿੰਘ ਲਾਲਵਾ, ਜਗਮੀਤ ਸਿੰਘ ਹਰਿਆਊ ਮੈਂਬਰ ਪੀਏਸੀ ਅਕਾਲੀ ਦਲ, ਸੈਕਟਰੀ ਅਜੈਬ ਸਿੰਘ ਮੈਹਣੇ, ਖਜ਼ਾਨਚੀ ਵਜੀਰ ਸਿੰਘ ਅੱਜੀ, ਨਿਸ਼ਾਨ ਸਿੰਘ, ਅਮਰੀਕ ਸਿੰਘ ਠੇਕੇਦਾਰ, ਸ੍ਰੀ ਵਿਸ਼ਵਕਰਮਾ ਸੇਵਕ ਦਲ 'ਚੋਂ ਬਲਵਿੰਦਰ ਸਿੰਘ, ਕੁਲਦੀਪ ਸਿੰਘ, ਨਵੀਨ ਸਿੰਘ, ਗੁਰਮੀਤ ਸਿੰਘ, ਜਗਤਾਰ ਸਿੰਘ ਜੱਗਾ, ਬਲਵਿੰਦਰ ਵਿਰਦੀ, ਕਰਨੈਲ ਸਿੰਘ ਵਿਰਦੀ, ਯਾਦਵਿੰਦਰ ਸਿੰਘ ਬੰਟੀ, ਪ੍ਰੀਤ ਬਾਹੜੇ, ਅਰਮਾਨ ਧੀਮਾਨ, ਮਨਜੀਤ ਸਿੰਘ ਤੇ ਹਰਪ੍ਰੀਤ ਸਿੰਘ, ਵਜ਼ੀਰ ਸਿੰਘ ਅੱਜੀ, ਨਿਸ਼ਾਨ ਸਿੰਘ ਸੱਗੂ, ਤੇਜਾ ਸਿੰਘ ਧੀਮਾਨ, ਅਮਰੀਕ ਸਿੰਘ ਵਿਰਦੀ, ਜਗਦੇਵ ਸਿੰਘ ਵਿਰਦੀ ਆਦਿ ਮੌਜੂਦ ਸਨ।

## ਖਾਦਾਂ ਦੀ ਕਾਲਾਬਾਜ਼ਾਰੀ, ਵੱਧ ਕੀਮਤ ਵਸੂਲੀ ਤੇ ਬੇਲੋੜੀ ਟੈਗਿੰਗ ਬਰਦਾਸ਼ਤ ਨਹੀਂ : ਡੀ ਸੀ

### ਡੀ ਏ ਪੀ ਤੇ ਹੋਰ ਖਾਦਾਂ ਵਾਜਬ ਭਾਅ 'ਤੇ ਮੁਹੱਈਆ ਕਰਵਾਉਣ ਦੀਆਂ ਹਦਾਇਤਾਂ



ਪਟਿਆਲਾ (ਰਾਜਿੰਦਰ ਸਿੰਘ ਥਿੰਦ) ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਕਿਹਾ ਹੈ ਕਿ ਹਾੜ੍ਹੀ ਸੀਜ਼ਨ ਦੀਆਂ ਫ਼ਸਲਾਂ ਦੀ ਬਿਜਾਈ ਦੇ ਮੱਦੇਨਜ਼ਰ ਕਿਸਾਨਾਂ ਨੂੰ ਡੀ.ਏ.ਪੀ. ਤੇ ਹੋਰ ਖਾਦਾਂ ਢੁੱਕਵੇਂ ਅਤੇ ਵਾਜਬ ਭਾਅ 'ਤੇ ਮੁਹੱਈਆ ਕਰਵਾਉਣ ਲਈ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।ਉਨ੍ਹਾ ਕਿਹਾ ਕਿ ਖਾਦਾਂ ਦੀ ਕਾਲਾਬਾਜ਼ਾਰੀ, ਵੱਧ ਕੀਮਤ ਵਸੂਲੀ ਤੇ ਬੇਲੋੜੀ ਟੈਗਿੰਗ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਡਿਪਟੀ ਕਮਿਸ਼ਨਰ ਨੇ ਖੇਤੀਬਾੜੀ ਅਧਿਕਾਰੀਆਂ ਨੂੰ ਹੁਕਮ ਕੀਤੇ ਹਨ ਕਿ ਉਹ ਖਾਦ ਵਿਕਰੀ ਪੁਆਇੰਟਾਂ ਦੀ ਨਿਯਮਤ ਤੌਰ 'ਤੇ ਜਾਂਚ ਕਰਨ ਤਾਂ ਜੋ ਕਿਸਾਨਾਂ ਨੂੰ ਬਿਜਾਈ ਸਮੇਂ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾ ਕਿਹਾ ਕਿ ਕਿਸੇ ਵੀ ਖਾਦ ਵੇਚਣ ਵਾਲੇ ਨੂੰ ਡੀ.ਏ.ਪੀ. ਜਾਂ ਯੂਰੀਆ ਨਾਲ ਬੇਲੋੜੀ ਸਮੱਗਰੀ ਟੈਗ ਕਰਨ ਦੀ ਮਨਾਹੀ ਹੈ।ਜੇਕਰ ਕੋਈ ਵਿਕਰੇਤਾ ਅਜਿਹੀਆਂ ਬੇਨਿਯਮੀਆਂ ਕਰਦਾ ਪਾਇਆ ਗਿਆ ਤਾਂ ਉਸ ਵਿਰੁੱਧ ਜ਼ਰੂਰੀ ਵਸਤਾਂ ਐਕਟ 1955 ਤੇ ਖਾਦ ਕੰਟਰੋਲ ਆਰਡਰ 1955 ਤਹਿਤ ਕਾਰਵਾਈ ਕੀਤੀ ਜਾਵੇਗੀ।ਇਸੇ ਦੌਰਾਨ ਪਟਿਆਲਾ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਜਸਵਿੰਦਰ ਸਿੰਘ ਦੀ ਅਗਵਾਈ ਹੇਠ ਵੱਖ-ਵੱਖ ਟੀਮਾਂ ਨੇ ਜ਼ਿਲ੍ਹਾ ਪਟਿਆਲਾ ਦੇ ਵੱਖ-ਵੱਖ ਬਲਾਕਾਂ ਵਿੱਚ ਸਥਿਤ ਖਾਦ ਵਿਕਰੇਤਾਵਾਂ ਦੇ ਕੇਂਦਰਾਂ ਦਾ ਨਿਰੀਖਣ ਕੀਤਾ।ਉਨ੍ਹਾ ਕਿਸਾਨਾਂ ਨੂੰ ਡੀ.ਏ.ਪੀ. ਖਾਦ ਦੀ ਵਰਤੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫ਼ਾਰਸ਼ਾਂ ਅਨੁਸਾਰ ਕਰਨ ਦੀ ਅਪੀਲ ਕੀਤੀ।ਉਨ੍ਹਾ ਨੇ ਟ੍ਰਿਪਲ/ਸਿੰਗਲ ਸੁਪਰ ਫਾਸਫੇਟ ਤੇ ਹੋਰ ਐੱਨ.ਪੀ.ਕੇ. ਖਾਦਾਂ ਦੀ ਵਰਤੋਂ ਨੂੰ ਉਤਸ਼ਾਹਤ ਕਰਨ ਦੀ ਵੀ ਸਲਾਹ ਦਿੱਤੀ ਹੈ ਤਾਂ ਜੋ ਕਿਸਾਨ ਨੂੰ ਘੱਟ ਲਾਗਤ 'ਤੇ ਚੰਗਾ ਝਾੜ ਮਿਲ ਸਕੇ।

## ਭਗਤੀ 'ਚ ਬਿਤਾਇਆ ਹਰ ਪਲ ਸਕੂਨ ਵਾਲਾ ਹੁੰਦਾ ਹੈ : ਮਾਤਾ ਸੁਦੀਕਸ਼ਾ



ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)-ਪ੍ਰਦੂਸ਼ਣ ਮੰਨ ਦੇ ਅੰਦਰ ਹੋਵੇ ਜਾਂ ਬਾਹਰ, ਦੋਵੇਂ ਹੀ ਹਾਨੀਕਾਰਕ ਹਨ।ਇਹ ਵਿਚਾਰ ਨਿਰੰਕਾਰੀ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਨੇ ਯਮੁਨਾਨਗਰ ਵਿਖੇ ਆਯੋਜਤ ਨਿਰੰਕਾਰੀ ਸੰਤ ਸਮਾਗਮ ਦੌਰਾਨ ਫਰਮਾਏ।ਸੰਤ ਸਮਾਗਮ ਵਿੱਚ ਹਰਿਆਣਾ ਸਮੇਤ ਪੰਜਾਬ, ਚੰਡੀਗੜ੍ਹ ਤੇ ਹਿਮਾਚਲ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਪਹੁੰਚ ਕੇ ਸਤਿਗੁਰੂ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਸਤਿਗੁਰੂ ਮਾਤਾ ਜੀ ਨੇ ਅੱਗੇ ਕਿਹਾ ਕਿ ਬ੍ਰਹਮਗਿਆਨ ਦੀ ਪ੍ਰਾਪਤੀ ਦੇ ਬਾਅਦ ਮਨ ਦੀ ਸਥਿਤੀ ਸਥਿਰਤਾ ਤੇ ਸੁਕੂਨ ਭਰੀ ਹੁੰਦੀ ਹੈ ਅਤੇ ਭਗਤ ਸਦਾ ਪ੍ਰਮਾਤਮਾ ਦੀ ਰਜ਼ਾ ਵਿੱਚ ਹੀ ਖੁਸ਼ੀ ਤੇ ਸੁਕੂਨ ਮਹਿਸੂਸ ਕਰਦੇ ਹਨ, ਚਾਹੇ ਉਹ ਚਾਰ ਪਹਿਆ ਵਾਹਨ 'ਤੇ ਹੋਵੇ ਜਾਂ ਦੋ ਪਹੀਆ ਵਾਹਨ 'ਤੇ, ਉਸ ਦਾ ਮਕਸਦ ਕੇਵਲ ਯਾਤਰਾ ਕਰਨ ਦਾ ਸਾਧਨ ਜਾਂ ਸਹੂਲਤ ਤੱਕ ਹੀ ਸੀਮਿਤ ਹੁੰਦਾ ਹੈ।ਉਨ੍ਹਾ ਕਿਹਾ ਕਿ ਵਿਵਹਾਰ ਵਿੱਚ ਗੁੱਸੇ 'ਚ ਕਿਵੇਂ ਸੰਤੁਲਨ ਬਣਾ ਕੇ ਮਿਠਾਸ ਲਿਆਉਣੀ ਹੈ।ਪ੍ਰਮਾਤਮਾ ਦੀ ਜਾਣਕਾਰੀ ਸਾਨੂੰ ਸਹੀ ਚੋਣ ਕਰਨਾ ਸਿਖਾਉਂਦੀ ਹੈ।ਉਨ੍ਹਾ ਕੁਦਰਤ ਨੂੰ ਸਾਫ ਸੁੰਦਰ, ਸਵੱਛ ਤੇ ਨਿਰਮਲ ਬਣਾਉਣ ਦੀ ਅਪੀਲ ਕਰਦੇ ਹੋਏ ਕਿਹਾ ਕਿ ਜਦੋਂ ਜਨਮ ਦੇ ਸਮੇਂ ਸਾਨੂੰ ਸੁੰਦਰ ਰੂਪ ਵਿੱਚ ਵਾਤਾਵਰਣ ਮਿਲਿਆ ਹੈ ਤਾਂ ਇਸ ਨੂੰ ਸੁੰਦਰ ਛੱਡ ਕੇ ਜਾਣ ਦੀ ਸਮਾਜਿਕ ਜ਼ਿੰਮੇਵਾਰੀ ਵੀ ਅਸੀਂ ਸਾਰਿਆਂ ਨੇ ਨਿਭਾਉਣੀ ਹੈ।

ਇਸ ਤੋਂ ਪਹਿਲਾਂ ਰਾਜਪਿਤਾ ਰਮਿਤ ਜੀ ਨੇ ਆਪਣੇ ਵਿਚਾਰਾਂ ਵਿੱਚ ਸਭ ਤੋਂ ਪਹਿਲਾਂ ਸ਼ਰਧਾਲੂਆਂ ਨੂੰ ਦੋ ਹਫਤੇ ਬਾਅਦ ਸਮਾਲਖਾਂ ਸਥਿਤ ਨਿਰੰਕਾਰੀ ਅਧਿਆਤਮਕ ਸਥਲ 'ਤੇ ਹੋਣ ਵਾਲੇ 77ਵੇਂ ਨਿਰੰਕਾਰੀ ਸਾਲਾਨਾ ਸੰਤ ਸਮਾਗਮ ਦੀਆਂ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।ਉਨ੍ਹਾ ਕਿਹਾ ਕਿ ਜਦੋਂ ਅਸੀਂ ਹਨੇਰੇ ਤੋਂ ਪ੍ਰਕਾਸ਼ ਵੱਲ ਜਾਂਦੇ ਹਾਂ ਤਾਂ ਸਾਡੇ ਜੀਵਨ ਵਿੱਚ ਆਉਣ ਵਾਲੀਆਂ ਠੋਕਰਾਂ ਖਤਮ ਹੋ ਜਾਂਦੀਆਂ ਹਨ।

ਇਸ ਤਰ੍ਹਾਂ ਬ੍ਰਹਮਗਿਆਨ ਦੀ ਪ੍ਰਾਪਤੀ ਦੇ ਬਾਅਦ ਮਨੁੱਖ ਦੀ ਮੰਨ ਦੀ ਸਥਿਤੀ ਵਿੱਚ ਬਦਲਾਅ ਹੋ ਜਾਂਦਾ ਹੈ ਤੇ ਉਹ ਸਭ ਦੇ ਭਲੇ ਦੀ ਕਾਮਨਾ ਕਰਦਾ ਹੈ।ਉਨ੍ਹਾ ਕਿਹਾ ਕਿ ਸੱਚ, ਪ੍ਰੇਮ ਤੇ ਮਾਨਵਤਾ ਦਾ ਸਭ ਤੋਂ ਉੱਚਾ ਧਰਮ ਹੈ।ਸ਼ਾਹਬਾਦ ਦੇ ਜ਼ੋਨਲ ਇੰਚਾਰਜ ਸੁਰਿੰਦਰ ਪਾਲ ਸਿੰਘ ਜੀ ਨੇ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਤੇ ਨਿਰੰਕਾਰੀ ਰਾਜਪਿਤਾ ਰਮਿਤ ਜੀ ਦਾ ਦਿਲੋਂ ਧੰਨਵਾਦ ਕਰਦੇ ਹੋਏ ਅਸ਼ੀਰਵਾਦ ਪ੍ਰਾਪਤ ਕੀਤਾ।ਉਨ੍ਹਾ ਦੂਰ ਦੁਰਾਡੇ ਤੋਂ ਸ਼ਰਧਾਲੂਆਂ, ਯਮੁਨਾ ਨਗਰ ਪ੍ਰਸ਼ਾਸਨ, ਪੁਲਸ ਪ੍ਰਸ਼ਾਸਨ ਤੇ ਹੋਰ ਸਾਰੇ ਵਿਭਾਗਾਂ ਦਾ ਸਹਿਯੋਗ ਦੇਣ ਲਈ ਸ਼ੁਕਰੀਆ ਅਦਾ ਕੀਤਾ।

## ਬ੍ਰਾਹਮਣ ਮਾਜਰਾ ਨੇੜੇ ਹੋਏ ਰੇਲ ਹਾਦਸੇ ਦੇ ਜ਼ਖ਼ਮੀਆਂ ਨੂੰ ਰੇਲਵੇ ਵਿਭਾਗ ਮੁਆਵਜ਼ਾ ਦੇਵੇ : ਵਿਧਾਇਕ ਰਾਏ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ) ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਬ੍ਰਾਹਮਣ ਮਾਜਰਾ ਨੇੜੇ ਹਾਵੜਾ ਮੇਲ ਵਿੱਚ ਪਟਾਕਿਆਂ ਕਾਰਨ ਹੋਏ ਧਮਾਕੇ ਵਿੱਚ ਜ਼ਖ਼ਮੀ ਹੋਏ ਪ੍ਰਵਾਸੀ ਮਜ਼ਦੂਰਾਂ ਦਾ ਹਾਲ ਚਾਲ ਜਾਨਣ ਲਈ ਸਿਵਲ ਹਸਪਤਾਲ ਦਾ ਦੌਰਾ ਕੀਤਾ।ਉਨ੍ਹਾਂ ਜ਼ਖ਼ਮੀਆਂ ਤੋਂ ਸਿਵਲ ਹਸਪਤਾਲ ਵਿਖੇ ਮਿਲਣ ਵਾਲੀਆਂ ਦਵਾਈਆਂ, ਲੈਬ ਟੈਸਟ, ਖਾਣ-ਪੀਣ ਦੀਆਂ ਸੁਵਿਧਾਵਾਂ ਬਾਰੇ ਜਾਣਕਾਰੀ ਲਈ, ਜਿਸ 'ਤੇ ਪ੍ਰਵਾਸੀ ਭਾਰਤੀਆਂ ਵੱਲੋਂ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਵੱਲੋਂ ਮੁਹੱਈਆ ਕਰਾਈਆਂ ਜਾ ਰਹੀਆਂ ਸੁਵਿਧਾਵਾਂ 'ਤੇ ਸੰਤੁਸ਼ਟੀ ਦਾ ਪ੍ਰਗਟਾਵਾ ਕੀਤਾ। ਹਲਕਾ ਵਿਧਾਇਕ ਰਾਏ ਨੇ ਕੇਂਦਰ ਦੀ ਭਾਜਪਾ ਸਰਕਾਰ ਤੋਂ ਮੰਗ ਕੀਤੀ ਕਿ ਰੇਲਵੇ ਵਿਭਾਗ ਨੂੰ ਹਦਾਇਤਾਂ ਜਾਰੀ ਕਰਕੇ ਰੇਲ ਧਮਾਕੇ ਵਿੱਚ ਜ਼ਖ਼ਮੀ ਹੋਏ ਪ੍ਰਵਾਸੀ ਮਜ਼ਦੂਰਾਂ ਨੂੰ ਸਹਾਇਤਾ ਰਾਸ਼ੀ ਵਜੋਂ ਮੁਆਵਜ਼ਾ ਦਿਵਾਇਆ ਜਾਵੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਨੂੰ ਮਿਆਰੀ ਸਿਹਤ ਸੁਵਿਧਾਵਾਂ ਮੁਹੱਈਆ ਕਰਾਉਣ ਲਈ ਦ੍ਰਿੜ ਸੰਕਲਪ ਹੈ।ਉਨ੍ਹਾਂ ਕਿਹਾ ਕਿ ਰਾਜ ਦੇ ਹਰੇਕ ਸਰਕਾਰੀ ਹਸਪਤਾਲ ਅੰਦਰ ਇਲਾਜ ਕਰਾਉਣ ਆਏ ਮਰੀਜਾਂ ਲਈ ਮੁਫ਼ਤ ਦਵਾਈਆਂ, ਲੈਬ ਟੈਸਟਾਂ ਤੇ ਮਰੀਜ਼ਾਂ ਦੀ ਲੋੜ ਅਨੁਸਾਰ ਰੋਟੀ ਦਾ ਵੀ ਪ੍ਰਬੰਧ ਕੀਤਾ ਗਿਆ ਹੈ।ਹਲਕਾ ਵਿਧਾਇਕ ਨੇ ਪ੍ਰਵਾਸੀ ਮਜਦੂਰਾਂ ਦੇ ਨਾਲ-ਨਾਲ ਹਸਪਤਾਲ ਦੇ ਵਾਰਡਾਂ ਦੇ ਬਾਹਰ ਬੈਠੇ ਮਰੀਜਾਂ ਦੇ ਪਰਵਾਰਾਂ ਤੋਂ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਵਿਖੇ ਮਿਲਣ ਵਾਲੀਆਂ ਸੁਵਿਧਾਵਾਂ ਤੇ ਇਲਾਜ ਬਾਰੇ ਜਾਣਕਾਰੀ ਲਈ।ਉਨ੍ਹਾਂ ਮੌਕੇ ਸਿਹਤ ਅਧਿਕਾਰੀਆਂ ਨੂੰ ਹਸਪਤਾਲ ਵਿੱਚ ਪਹੁੰਚੇ ਮਰੀਜ਼ਾਂ ਦਾ ਸੁਖਾਵੇਂ ਮਾਹੌਲ ਵਿੱਚ ਇਲਾਜ ਕਰਨ ਤੇ ਬਾਹਰੀ ਦੁਕਾਨਾਂ ਤੋਂ ਮਿਲਣ ਵਾਲੀਆਂ ਮਹਿੰਗੀਆਂ ਦਵਾਈਆਂ ਲਿਖਣ ਤੋਂ ਗੁਰੇਜ਼ ਕਰਨ ਲਈ ਕਿਹਾ।

## ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਸਮਾਗਮ 15 ਤੋਂ

ਬੁਢਲਾਡਾ (ਅਸ਼ੋਕ ਲਾਕੜਾ)-ਸ੍ਰੀ ਗੁਰੂ ਨਾਨਕ ਦੇਵ ਜੀ ਦਾ 555ਵਾਂ ਪ੍ਰਕਾਸ਼ ਦਿਹਾੜਾ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨਵੀਨ ਵਿਖੇ 15, 16 ਤੇ 17 ਨਵੰਬਰ ਨੂੰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।ਇਸ ਮੌਕੇ ਪ੍ਰਬੰਧਕਾਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ 5 ਨੂੰ ਗੁਰਦੁਆਰਾ ਸਾਹਿਬ ਤੋਂ ਸਵੇਰੇ 5 ਵਜੇ ਪ੍ਰਭਾਤਫੇਰੀ ਰਵਾਨਾ ਹੋਵੇਗੀ, ਜੋ ਕਿ 15 ਨਵੰਬਰ ਤੱਕ ਨਿਰੰਤਰ ਜਾਰੀ ਰਹੇਗੀ।ਇਸਤਰੀ ਸਤਿਸੰਗ ਸਭਾ ਵੱਲੋਂ ਚੱਲ ਰਹੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੀ ਲੜੀ ਦੇ ਭੋਗ 14 ਨਵੰਬਰ ਨੂੰ ਸ਼ਾਮ 6 ਵਜੇ ਪੈਣਗੇ।ਉਪਰੰਤ ਗੁਰੂ ਦਾ ਮਹਾਨ ਲੰਗਰ ਅਤੁੱਟ ਵਰਤਾਇਆ ਜਾਵੇਗਾ।15 ਨਵੰਬਰ ਨੂੰ 12:15 ਵਜੇ ਮਹਾਨ ਅਲੌਕਿਕ ਨਗਰ ਕੀਰਤਨ ਸਜਾਇਆ ਜਾਵੇਗਾ।16 ਨਵੰਬਰ ਨੂੰ ਮੱਘਰ ਸੰਗਰਾਂਦ ਦੇ ਕੀਰਤਨ ਦੀਵਾਨ ਸਵੇਰੇ 9 ਵਜੇ ਤੋਂ 10:30 ਵਜੇ ਤੱਕ ਹੋਣਗੇ।ਬੱਚਿਆਂ ਦਾ ਕਵੀ ਦਰਬਾਰ ਰਾਤ 6 ਤੋਂ 7 ਵਜੇ ਤੱਕ ਹੋਵੇਗਾ।

17 ਨਵੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਸਵੇਰੇ 9 ਵਜੇ ਪੈਣਗੇ।ਇਸ ਤੋਂ ਬਾਅਦ ਕੀਰਤਨ ਦਰਬਾਰ ਸਵੇਰੇ 9:30 ਤੋਂ 12 ਵਜੇ ਤੱਕ ਹੋਵੇਗਾ।ਉਨ੍ਹਾਂ ਸਮੂਹ ਸੰਗਤਾਂ ਨੂੰ ਇਸ ਸਮਾਗਮ ਵਿੱਚ ਪਹੁੰਚ ਕੇ ਗੁਰੂ ਚਰਨਾਂ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੰਦੇਸ਼ ਦਿੱਤਾ।

## ਸੂਰਯ ਪ੍ਰਕਾਸ਼ ਨੇ ਐੱਨ ਡੀ ਏ (ਯੂ ਪੀ ਐੱਸ ਸੀ) 'ਚ ਹਾਸਲ ਕੀਤਾ 13ਵਾਂ ਰੈਂਕ



ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਜੇਕਰ ਦੇਸ਼ ਸੇਵਾ ਕਰਨ ਜਜ਼ਬਾ ਹੋਵੇ ਤਾਂ ਮੰਜ਼ਲ ਪ੍ਰਾਪਤ ਕਰਨਾ ਆਸਾਨ ਹੁੰਦਾ ਹੈ।ਇਸ ਤਰ੍ਹਾਂ ਦਾ ਜਜ਼ਬਾ ਲੈ ਕੇ ਪੰਜਾਬ ਦੇ ਬਾਰਡਰ ਪੱਟੀ ਦੇ ਹਲਕੇ ਗੁਰੂ ਹਰਸਹਾਏ ਦੇ ਸੂਰਯ ਪ੍ਰਕਾਸ਼ ਸਿੰਘ ਨੇ ਆਪਣੇ ਪਹਿਲੇ ਯਤਨ ਵਿੱਚ ਐੱਨ.ਡੀ.ਏ. (ਯੂ.ਪੀ.ਐੱਸ.ਸੀ.) 2024 ਆਲ ਇੰਡੀਆ ਰੈਂਕ ਵਿੱਚ 13ਵਾਂ ਰੈਂਕ ਹਾਸਲ ਕਰਕੇ ਗੁਰੂ ਹਰਸਹਾਏ ਤੇ ਜ਼ਿਲ੍ਹੇ ਫਿਰੋਜ਼ਪੁਰ ਦਾ ਨਾਮ ਰੌਸ਼ਨ ਕੀਤਾ ਹੈ।ਸੂਰਯ ਪ੍ਰਕਾਸ਼ ਸਿੰਘ ਸ੍ਰ. ਬਲਵਿੰਦਰ ਸਿੰਘ ਹੈੱਡ ਟੀਚਰ ਤੇ ਸੁਰਿੰਦਰ ਕੌਰ ਸੈਂਟਰ ਹੈੱਡ ਟੀਚਰ ਦਾ ਬੇਟਾ ਹੈ, ਜੋ ਪੇਸ਼ੇਵਰ ਸਰਕਾਰੀ ਅਧਿਆਪਕ ਵਜੋਂ ਸੇਵਾ ਨਿਭਾਅ ਰਹੇ ਹਨ।ਸੂਰਯ ਪ੍ਰਕਾਸ਼ ਅੱਠਵੀਂ ਕਲਾਸ ਤੋਂ ਹੀ ਰਾਸ਼ਟਰੀ ਇੰਡੀਆ ਮਿਲਟਰੀ ਕਾਲਜ ਦੇਹਰਾਦੂਨ ਵਿੱਚ ਪੜ੍ਹ ਰਿਹਾ ਹੈ।ਸੂਰਯ ਪ੍ਰਕਾਸ਼ ਨੇ ਆਪਣੇ ਮਾਤਾ-ਪਿਤਾ ਤੇ ਆਪਣੇ ਅਧਿਆਪਕਾਂ ਦੀ ਮਿਹਨਤ ਸਦਕਾ ਇਸ ਮੁਕਾਮ ਨੂੰ ਹਾਸਲ ਕੀਤਾ।ਸੂਰਯ ਪ੍ਰਕਾਸ਼ 2020 ਵਿੱਚ ਪੰਜਾਬ ਦੀ ਇੱਕ ਸੀਟ ਲਈ ਆਪਣੀ ਸਖ਼ਤ ਮਿਹਨਤ ਸਦਕਾ ਰਾਸ਼ਟਰੀ ਇੰਡੀਆ ਮਿਲਟਰੀ ਕਾਲਜ ਵਿੱਚ ਦਾਖਲਾ ਲੈਣ 'ਚ ਕਾਮਯਾਬ ਹੋਇਆ ਸੀ।ਰਾਸ਼ਟਰੀ ਇੰਡੀਆ ਮਿਲਟਰੀ ਕਾਲਜ ਵਿੱਚ ਰਹਿੰਦੇ ਹੋਏ ਸੂਰਯ ਪ੍ਰਕਾਸ਼ ਨੇ ਕਈ ਮੁਕਾਮ ਹਾਸਲ ਕੀਤੇ ਹਨ।ਜਿਵੇਂ ਕਿ ਆਈ ਐੱਨ ਸੀ ਏ ਮੈਪ ਕੁਇੱਜ਼ 2022 ਆਲ ਇੰਡੀਆ ਰੈਂਕ ਵਿੱਚ ਚੌਥਾ ਰੈਂਕ ਹਾਸਲ ਕੀਤਾ ਸੀ।ਬਾਸਕਟਬਾਲ ਦਾ ਬੈਸਟ ਪਲੇਅਰ ਖਿਤਾਬ ਹਾਸਲ ਕੀਤਾ।ਉੱਤਰਾਖੰਡ ਸ਼ਤਰੰਜ ਚੈਂਪੀਅਨ ਆਪਣੇ ਨਾਮ ਕੀਤੀ ਅਤੇ ਹੋਰ ਬਹੁਤ ਸਾਰੇ ਗੋਲਡ ਮੈਡਲ ਤੇ ਖਿਤਾਬ ਜਿੱਤੇ।ਸੂਰਯ ਪ੍ਰਕਾਸ਼ ਐੱਨ ਡੀ ਏ ਦੀ ਟ੍ਰੇਨਿੰਗ ਤੋਂ ਬਾਅਦ ਭਾਰਤੀ ਸੈਨਾ ਵਿੱਚ ਇੱਕ ਉੱਚ ਅਧਿਕਾਰੀ ਵਜੋਂ ਆਪਣੀਆਂ ਸੇਵਾਵਾਂ ਦੇਸ਼ ਨੂੰ ਦੇਣਗੇ।ਸੂਰਯ ਪ੍ਰਕਾਸ਼ ਸਿੰਘ ਦੀ ਇਸ ਉਪਲਬਧੀ 'ਤੇ ਉਸ ਦੇ ਮਾਪਿਆਂ ਨੂੰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ।

## ਐੱਸ ਡੀ ਐੱਮ ਵੱਲੋਂ ਅਫਸਰਾਂ ਨਾਲ ਮੀਟਿੰਗ

ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)-ਕਿਸਾਨਾਂ ਵੱਲੋਂ ਝੋਨੇ ਦੀ ਪਰਾਲੀ ਤੇ ਹੋਰ ਰਹਿੰਦ-ਖੂੰਹਦ ਨੂੰ ਖੇਤਾਂ ਵਿੱਚ ਅੱਗ ਲਾਉਣ ਤੋਂ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਿਯੁਕਤ ਕਲੱਸਟਰ ਅਫ਼ਸਰਾਂ ਤੇ ਨੋਡਲ ਅਫ਼ਸਰਾਂ ਨਾਲ ਐਸ.ਡੀ.ਐਮ ਮੇਜਰ ਡਾ. ਵਰੁਣ ਕੁਮਾਰ ਨੇ ਮੀਟਿੰਗ ਕਰਕੇ ਕੀਤੀ ਜਾ ਰਹੀ ਕਾਰਵਾਈ ਦੀ ਪ੍ਰਗਤੀ ਰਿਪੋਰਟ ਦਾ ਜਾਇਜ਼ਾ ਲਿਆ।ਐਸ.ਡੀ.ਐਮ ਮੇਜਰ ਡਾ. ਵਰੁਣ ਕੁਮਾਰ ਨੇ ਸਮੂਹ ਕਲੱਸਟਰ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਆਪਣੇ ਇਲਾਕੇ ਵਿੱਚ ਕੀਤੀ ਗਈ ਕਾਰਵਾਈ ਦੀ ਰਿਪੋਰਟ ਸਮੇਂ-ਸਮੇਂ 'ਤੇ ਮੁਹੱਈਆ ਕਰਾਉਣ।


## ਨੋਟਿਸ

ਦੀ ਰਈਆ ਕਲਾਂ ਬਹੁ-ਮੰਤਵੀ ਸਹਿਕਾਰੀ ਸਭਾ ਲਿਮ. ਰਈਆ ਕਲਾਂ ਦੀ ਪ੍ਰਬੰਧਕ ਕਮੇਟੀ ਦੀ ਚੋਣ ਕਰਾਉਣ ਲਈ ਜ਼ੋਨ ਤਿਆਰ ਕਰਕੇ ਮਨਜ਼ੂਰੀ ਲਈ ਨਿਮਨਹਸਤਾਖਰ ਨੂੰ ਭੇਜੇ ਗਏ ਹਨ। ਇਸ ਲਈ ਸਭਾ ਦੇ ਹਿੱਸੇਦਾਰਾਂ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਇਨ੍ਹਾਂ ਜ਼ੋਨਾਂ ਸੰਬੰਧੀ ਕਿਸੇ ਮੈਂਬਰ ਨੂੰ ਇਤਰਾਜ਼ ਹੋਵੇ ਤਾਂ ਇਸ ਦਫ਼ਤਰ ਵਿਚ ਆਪਣਾ ਇਤਰਾਜ਼ ਮਿਤੀ 18.11.2024 ਨੂੰ ਸਵੇਰੇ 11.00 ਵਜੇ ਤੱਕ ਦਿੱਤਾ ਜਾਵੇ। ਇਤਰਾਜ਼ ਦੀ ਸੁਣਵਾਈ ਤੋਂ ਬਾਅਦ ਜ਼ੋਨ ਪ੍ਰਵਾਨ ਕਰ ਦਿੱਤੇ ਜਾਣਗੇ।

ਸਹੀ/-ਸਹਾਇਕ ਰਜਿਸਟਾਰ, ਸਹਿਕਾਰੀ ਸਭਾਵਾਂ ਬਾਬਾ ਬਕਾਲਾ ਸਾਹਿਬ।

## ਪਬਲਿਕ ਨੋਟਿਸ

ਐੱਸ ਸੀ ਐੱਫ-96, ਮੰਡੀ ਮਲੋਟ ਦੇ ਪਲਾਟ ਦੀ ਮਲਕੀਅਤ ਸ੍ਰੀਮਤੀ ਸੰਤੋਸ਼ ਰਾਣੀ ਪਤਨੀ ਸ੍ਰੀ ਮਥਰਾ ਦਾਸ (1/4 ਹਿੱਸਾ) ਦੇ ਨਾਂਅ 'ਤੇ ਹੈ। ਇਸ ਦਫ਼ਤਰ ਵਿਚ ਸ੍ਰੀ ਮਥਰਾ ਦਾਸ ਮੱਕੜ ਪੁੱਤਰ ਸ੍ਰੀ ਬੂਲ ਚੰਦ ਵਾਸੀ ਨੇੜੇ ਸਰਕਾਰੀ ਸਕੂਲ ਗਰਲਜ਼, ਸਾਹਮਣੇ ਵੈਟਨਰੀ ਹਸਪਤਾਲ ਮਲੋਟ ਵੱਲੋਂ, ਸ੍ਰੀਮਤੀ ਸੰਤੋਸ਼ ਰਾਣੀ ਪਤਨੀ ਸ੍ਰੀ ਮਥਰਾ ਦਾਸ ਦੀ ਮੌਤ ਮਿਤੀ 03.05.2021 ਨੂੰ ਹੋਣ ਉਪਰੰਤ ਵਾਰਸਾਂ ਦੀ ਤਹਿਸੀਲਦਾਰ ਮਾਲ ਦੀ ਰਿਪੋਰਟ ਮਿਤੀ 25.09.2024 ਅਤੇ ਮ੍ਰਿਤਕ ਵੱਲੋਂ ਕੀਤੀ ਖਾਨਗੀ ਵਸੀਅਤ ਮਿਤੀ 05.02.2021 ਮੁਤਾਬਿਕ ਦੇ ਅਧਾਰ ਉੱਤੇ ਪਲਾਟ ਦੀ ਮਲਕੀਅਤ ਤਬਦੀਲ ਉਨ੍ਹਾਂ ਦਾ ਨਾਂਅ 'ਤੇ ਕਰਨ ਸੰਬਧੀ ਦਰਖਾਸਤ ਪ੍ਰਾਪਤ ਹੋਈ ਹੈ।

ਉਪਰੋਕਤ ਦਸਤਾਵੇਜ਼ਾਂ ਦੇ ਆਧਾਰ 'ਤੇ ਐੱਸ ਸੀ ਐੱਫ-96, ਮੰਡੀ ਮਲੋਟ ਦੀ 1/4 ਹਿੱਸਾ ਦੀ ਮਲਕੀਅਤ ਤਬਦੀਲ ਕੀਤੀ ਜਾਣੀ ਹੈ। ਜੇਕਰ ਕਿਸੇ ਵਿਅਕਤੀ ਨੂੰ ਇਸ ਪਲਾਟ ਦੀ ਮਲਕੀਅਤ ਤਬਦੀਲ ਕਰਨ ਸੰਬਧੀ ਕਿਸੇ ਤਰ੍ਹਾਂ ਦਾ ਕੋਈ ਵੀ ਇਤਰਾਜ਼ ਹੈ ਤਾਂ ਇਸ ਨੋਟਿਸ ਦੇ ਛੱਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਨਿਮਨ ਹਸਤਾਖਰ ਨੂੰ ਹੇਠ ਲਿਖੇ ਐੱਡਰੈਸ 'ਤੇ ਜਾਂ ਈਮੇਲ dir.colon@punjab.gov.in ਭੇਜ ਸਕਦਾ ਹੈ। ਮਿਥੇ ਸਮੇਂ ਤੋਂ ਬਾਅਦ ਕਿਸੇ ਵਿਅਕਤੀ ਦੇ ਕਿਸੇ ਕਿਸਮ ਦੇ ਇਤਰਾਜ਼ 'ਤੇ ਕੋਈ ਸੁਣਵਾਈ ਨਹੀਂ ਕੀਤੀ ਜਾਵੇਗੀ।

ਸਹੀ/-ਐਡਮਨਿਸਟਰੇਟਰ ਨਿਊ ਮੰਡੀ ਟਾਊਨਸ਼ਿਪ, ਪੰਜਾਬ ਮੰਡੀ ਭਵਨ ਸੈਕਟਰ 65 ਏ ਮੋਹਾਲੀ ਪੰਜਾਬ।

## PUBLIC NOTICE

I hereby informed the general public that Property is owned by Gurpreet Singh S/o Karnail Singh for for 450 Sqft through GPA & GPA was in force during execution of sale deed and was never revoked or cancelled & not having court case through out India. Said Property was owned by was owned by Navneet Kaur D/o Surinder Singh and Rajdeep Kaur W/o Charanpreet Singh in the year 2010. They were the owners of larger area Navneet Kaur D/o Surinder Singh and Rajdeep Kaur W/o Charanpreet Singh executed General Power of Attorney no.176 dt.25.01.2023 in favour of Balwinder kaur W/o Harwinder Singh for larger area. Balwinder kaur W/o Harwinder Singh executed Sale deed No.2023-24/183/1/308 Dated 06.06.2023 in Favour of Gurpreet Singh S/o Karnail Singh, duly registered with sub registrar Jalandhar for 450 Sqft. Anybody having Claim or claiming any prior rights or interest in any manner in this property or has raised loan by depositing the aforesaid sale deed to any person/bank/corporation/financial institution may approach the undersigned and may submit objection in writing within 14 days from the date of public notice. After the expiry of the period of this notice , no claim will entertained and such claim shall be false, fake frivolous fraudulent and baseless claim and shall have NO value in the eyes of law. It shall also be deemed that nobody has an objection for mortgaging the aforesaid property with 'IDFC FIRST BANK LTD. Vikas Sood. Contact- +919814094356


## ਡੀ ਸੀ ਵੱਲੋਂ ਜ਼ਿਲ੍ਹੇ 'ਚ ਪਰਾਲੀ ਪ੍ਰਬੰਧਨ ਕਰ ਰਹੀ ਮਸ਼ੀਨਰੀ ਦਾ ਜਾਇਜ਼ਾ



ਪਟਿਆਲਾ (ਰਾਜਿੰਦਰ ਸਿੰਘ ਥਿੰਦ) ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਬੀਤੀ ਸ਼ਾਮ ਪਟਿਆਲਾ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਤੇ ਪਰਾਲੀ ਪ੍ਰਬੰਧਨ ਕਰਨ ਲਈ ਲੱਗੀ ਮਸ਼ੀਨਰੀ ਦਾ ਫ਼ੀਲਡ 'ਚ ਜਾ ਕੇ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਪਿੰਡ ਜਾਹਲਾਂ ਦੇ ਕਿਸਾਨ ਰਤਨਜੀਤ ਸਿੰਘ ਵੱਲੋਂ ਇਨ ਸੀਟੂ ਤਕਨੀਕ ਰਾਹੀਂ ਕੀਤੇ ਪਰਾਲੀ ਪ੍ਰਬੰਧਨ ਦਾ ਖੇਤਾਂ ਵਿੱਚ ਜਾ ਕੇ ਨਿਰੀਖਣ ਕੀਤਾ ਤੇ ਅਗਾਂਹਵਧੂ ਕਿਸਾਨ ਦੀ ਸ਼ਲਾਘਾ ਕੀਤੀ।ਇਸ ਮੌਕੇ ਖੇਤੀਬਾੜੀ ਵਿਸਥਾਰ ਅਫ਼ਸਰ ਰਵਿੰਦਰਪਾਲ ਸਿੰਘ ਚੱਠਾ ਵੀ ਮੌਜੂਦ ਸਨ।

ਡਾ. ਪ੍ਰੀਤੀ ਯਾਦਵ ਨੇ ਪਿੰਡ ਧਬਲਾਨ, ਸ਼ੇਰਮਾਜਰਾ ਤੇ ਜਾਹਲਾਂ ਦਾ ਦੌਰਾ ਕਰਦਿਆਂ ਪਿੰਡਾਂ ਦੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕਿਸਾਨਾਂ ਵੱਲੋਂ ਵੱਡੀ ਗਿਣਤੀ 'ਚ ਇਨ ਸੀਟੂ ਤਕਨੀਕਾਂ ਦੀ ਵਰਤੋਂ ਕੀਤੀ ਜਾ ਰਹੀ ਹੈ, ਜੋ ਸ਼ਲਾਘਾਯੋਗ ਹੈ।ਉਨ੍ਹਾਂ ਕਿਹਾ ਕਿ ਖੇਤੀ ਮਾਹਰਾਂ ਵੱਲੋਂ ਵੀ ਪਰਾਲੀ ਨੂੰ ਖੇਤਾਂ ਵਿੱਚ ਮਿਲਾਉਣ ਨਾਲ ਜ਼ਮੀਨ ਨੂੰ ਹੋਣ ਵਾਲੇ ਫਾਇਦੇ ਸਬੰਧੀ ਦੱਸਿਆ ਗਿਆ ਹੈ।

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਪਟਿਆਲਾ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਕਿਸਾਨ ਪਰਾਲੀ ਦਾ ਨਿਪਟਾਰਾ ਇਨ ਸੀਟੂ ਤਕਨੀਕਾਂ ਨਾਲ ਕਰਨ ਤੇ ਇਸ ਲਈ ਸੁਪਰ ਸੀਡਰ, ਹੈਪੀ ਸੀਡਰ, ਜ਼ੀਰੋ ਟਰਿਲ ਡਰਿੱਲ, ਮਲਚਰ, ਆਰਐਮਵੀ ਪਲਾਓ ਵਰਗੀਆਂ ਮਸ਼ੀਨਾਂ ਜ਼ਿਲ੍ਹੇ ਵਿੱਚ ਉਪਲਬੱਧ ਹਨ।ਉਨ੍ਹਾਂ ਕਿਹਾ ਕਿ ਕਿਸਾਨ ਪਰਾਲੀ ਪ੍ਰਬੰਧਨ ਵਾਲੀ ਮਸ਼ੀਨਰੀ ਦੀ ਬੁਕਿੰਗ ਕਰਾਉਣ ਲਈ ਉੱਨਤ ਕਿਸਾਨ ਐਪ ਦੀ ਵੀ ਵਰਤੋਂ ਕਰ ਸਕਦੇ ਹਨ।

ਪਿੰਡ ਜਾਹਲਾਂ ਦੇ ਅਗਾਂਹਵਧੂ ਕਿਸਾਨ ਰਤਨਜੀਤ ਸਿੰਘ ਨੇ ਡਿਪਟੀ ਕਮਿਸ਼ਨਰ ਨੂੰ ਦੱਸਿਆ ਕਿ ਉਨ੍ਹਾਂ ਵੱਲੋਂ ਆਪਣੀ 15 ਏਕੜ ਜ਼ਮੀਨ 'ਚ ਪਰਾਲੀ ਨੂੰ ਮਲਚਿੰਗ ਤਕਨੀਕ ਨਾਲ ਖੇਤ ਵਿੱਚ ਹੀ ਮਿਲਾਇਆ ਗਿਆ ਹੈ, ਜਿਸ ਲਈ ਉਨ੍ਹਾਂ ਵੱਲੋਂ ਮਲਚਰ ਦੀ ਵਰਤੋਂ ਕੀਤੀ ਗਈ ਹੈ।

## ਬੁਢਲਾਡਾ 'ਚ ਝੋਨੇ ਦੀ ਖਰੀਦ ਤੇ ਲਿਫਟਿੰਗ ਦਾ ਕੰਮ ਤਸੱਲੀਬਖਸ਼ : ਵਿਧਾਇਕ ਬੁੱਧ ਰਾਮ



ਬੁਢਲਾਡਾ/ਮਾਨਸਾ (ਅਸ਼ੋਕ ਲਾਕੜਾ/ਆਤਮਾ ਸਿੰਘ ਪਮਾਰ)-ਕਿਸਾਨਾਂ ਦੀ ਮਿਹਨਤ ਨਾਲ ਪਾਲੀ ਹੋਈ ਝੋਨੇ ਦੀ ਫਸਲ ਦੀ ਖ਼ਰੀਦ ਤੇ ਸਟੋਰ ਕਰਨ ਸਬੰਧੀ ਕਿਸੇ ਪ੍ਰਕਾਰ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਬੁਢਲਾਡਾ ਤੇ ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ ਬੁੱਧ ਰਾਮ ਨੇ ਕੀਤਾ।ਉਨ੍ਹਾ ਦੱਸਿਆ ਕਿ ਵਿਧਾਨ ਸਭਾ ਹਲਕਾ ਬੁਢਲਾਡਾ ਵਿੱਚ ਤਿੰਨ ਮਾਰਕੀਟ ਕਮੇਟੀਆਂ ਹਨ, ਜਿਨ੍ਹਾਂ ਵਿੱਚੋਂ ਮੁੱਖ ਅਨਾਜ ਮੰਡੀਆਂ ਬੁਢਲਾਡਾ, ਬਰੇਟਾ ਤੇ ਬੋਹਾ ਹਨ। ਇਸ ਤੋਂ ਇਲਾਵਾ ਇਨ੍ਹਾਂ ਮਾਰਕੀਟ ਕਮੇਟੀਆਂ ਦੇ ਅਧੀਨ ਵੱਖ ਵੱਖ ਪਿੰਡਾਂ ਵਿੱਚ ਖਰੀਦ ਕੇਂਦਰ ਵੀ ਹਨ।

ਉਨ੍ਹਾਂ ਦੱਸਿਆ ਕਿ ਖਰੀਦ ਕੇਂਦਰਾਂ ਵਿੱਚ ਕਿਸਾਨਾਂ, ਮਜ਼ਦੂਰਾਂ, ਆੜ੍ਹਤੀਆਂ, ਸ਼ੈਲਰ ਮਾਲਕਾਂ, ਖਰੀਦ ਏਜੰਸੀਆਂ, ਟਰੱਕ ਯੂਨੀਅਨਾਂ, ਪੱਲੇਦਾਰਾਂ ਵੱਲੋਂ ਭਰਪੂਰ ਸਹਿਯੋਗ ਮਿਲ ਰਿਹਾ ਹੈ।ਮੰਡੀਆਂ ਤੇ ਖਰੀਦ ਕੇਂਦਰਾਂ ਵਿੱਚ ਫਸਲ ਦੀ ਆਮਦ, ਖਰੀਦ ਤੇ ਲਿਫਟਿੰਗ ਦਾ ਕੰਮ ਉਨ੍ਹਾਂ ਵੱਲੋਂ ਖੁਦ ਤੇ ਤਿੰਨਾਂ ਮਾਰਕੀਟ ਕਮੇਟੀਆਂ ਦੇ ਚੇਅਰਮੈਨ ਸਤੀਸ਼ ਕੁਮਾਰ ਸਿੰਗਲਾ ਬੁਢਲਾਡਾ, ਰਣਜੀਤ ਸਿੰਘ ਫਰੀਦਕੇ ਬੋਹਾ ਤੇ ਚਮਕੌਰ ਸਿੰਘ ਖੁਡਾਲ ਬਰੇਟਾ ਮੰਡੀ ਵੱਲੋਂ ਨਿਗਰਾਨੀ ਕੀਤੀ ਜਾ ਰਹੀ ਹੈ।

ਵਿਧਾਇਕ ਬੁੱਧ ਰਾਮ ਨੇ ਦੱਸਿਆ ਕਿ ਮਾਰਕੀਟ ਕਮੇਟੀ ਬਰੇਟਾ ਨਾਲ ਸਬੰਧਤ ਖ਼ਰੀਦ ਕੇਂਦਰਾਂ ਵਿੱਚ 33280 ਟਨ ਫਸਲ ਆਮਦ ਹੋਈ ਤੇ 30484 ਟਨ ਖਰੀਦ ਹੋਈ ਅਤੇ 70% ਲਿਫਟਿੰਗ ਹੋਈ।ਉਨ੍ਹਾ ਦੱਸਿਆ ਕਿ ਫਸਲ ਖਰੀਦ ਹੋਣ ਉਪਰੰਤ ਕਿਸਾਨਾਂ ਦੇ ਖਾਤਿਆਂ ਵਿੱਚ ਅਦਾਇਗੀ ਦੀ ਰਕਮ ਨਾਲ ਦੀ ਨਾਲ ਭੇਜੀ ਜਾ ਰਹੀ ਹੈ।ਇਸ ਮੌਕੇ ਹਲਕੇ ਦੀਆਂ ਤਿੰਨੋਂ ਮਾਰਕੀਟ ਕਮੇਟੀਆਂ ਦੇ ਚੇਅਰਮੈਨ, ਟਰੇਡ ਵਿੰਗ ਦੇ ਜ਼ਿਲ੍ਹਾ ਜਨਰਲ ਸਕੱਤਰ ਲਲਿਤ ਸੈਂਟੀ, ਸੋਹਣ ਸਿੰਘ ਕਲੀਪੁਰ ਚੇਅਰਮੈਨ ਸੈਂਟਰਲ ਕੋਆਪ੍ਰੇਟਿਵ ਬੈਂਕ ਜ਼ਿਲ੍ਹਾ ਮਾਨਸਾ, ਗੁਰਦਰਸ਼ਨ ਸਿੰਘ ਪਟਵਾਰੀ, ਕੁਲਵੰਤ ਸਿੰਘ ਸ਼ੇਰਖਾਂ ਵਾਲਾ, ਕੇਵਲ ਸ਼ਰਮਾ ਆਦਿ ਹਾਜ਼ਰ ਸਨ।

## ਰੇਡੀਐਂਟ ਪਬਲਿਕ ਸਕੂਲ ਦੇ ਅਧਿਆਪਕਾਂ ਦੀ ਕੋਸ਼ਿਸ਼ ਸਦਕਾ ਲਵਾਰਿਸ ਪਰਸ ਕੀਤਾ ਮਾਲਕ ਦੇ ਹਵਾਲੇ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਰੇਡੀਐਂਟ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਾਹੂਆਣਾ ਬੋਦਲਾਂ ਦੇ ਅਧਿਆਪਕ ਜਸਵਿੰਦਰ ਸਿੰਘ ਨੂੰ ਕੁਝ ਦਿਨ ਪਹਿਲਾਂ ਫਾਜ਼ਿਲਕਾ ਬੱਸ ਅੱਡੇ ਤੋਂ ਇੱਕ ਲਵਾਰਿਸ ਪਰਸ ਲੱਭਿਆ ਸੀ, ਜਿਸ ਵਿੱਚ ਕੁਝ ਕੀਮਤੀ ਕਾਗਜ਼, ਨਕਦੀ ਤੇ ਏ.ਟੀ.ਐੱਮ. ਕਾਰਡ, ਮੋਟਰਸਾਈਕਲ ਦੀ ਕਾਪੀ ਸਨ।ਉਪਰੋਕਤ ਅਧਿਆਪਕ ਵੱਲੋਂ ਆਪਣੇ ਸਾਥੀ ਸੌਰਵ ਕੁੱਬਾ ਨਾਲ ਰਾਬਤਾ ਕਾਇਮ ਕਰਕੇ ਪਰਸ ਮਾਲਕ ਦੀ ਭਾਲ ਸ਼ੁਰੂ ਕਰ ਦਿੱਤੀ।ਦਸਤਾਵੇਜ਼ਾਂ ਤੋਂ ਪਤਾ ਲੱਗਿਆ ਕਿ ਇਸ ਪਰਸ ਦਾ ਮਾਲਕ ਬਖਸ਼ੀਸ਼ ਸਿੰਘ ਪੁੱਤਰ ਚੰਨਣ ਸਿੰਘ ਵਾਸੀ ਕੰਧਵਾਲਾ ਹਾਜ਼ਿਰ ਖਾਂ ਹਨ।ਸੋ ਮਾਲਕ ਦੀ ਭਾਲ ਪਿੱਛੋਂ ਪਰਸ ਉਨ੍ਹਾਂ ਦੇ ਹਵਾਲੇ ਕਰ ਦਿੱਤਾ ਗਿਆ।ਸਪੁਰਦਗੀ ਸਮੇਂ ਜਸਵਿੰਦਰ ਸਿੰਘ, ਸੌਰਵ ਕੁੱਬਾ ਤੇ ਹਰਦੀਪ ਬੱਤਰਾ ਮੌਕੇ 'ਤੇ ਹਾਜ਼ਰ ਸਨ।ਇਸ ਮੌਕੇ ਖੁਸ਼ੀ ਪ੍ਰਗਟ ਕਰਦਿਆਂ ਸਕੂਲ ਪ੍ਰਿੰਸੀਪਲ ਮੈਡਮ ਸ਼੍ਰੀਮਤੀ ਨੀਤੀ ਸਿੰਘ ਵੱਲੋਂ ਵੀ ਆਪਣੇ ਅਧਿਆਪਕ ਸਾਥੀਆਂ ਦੀ ਮਿਸਾਲ ਦਿੰਦੇ ਕਿਹਾ ਕਿ ਸਕੂਲ ਸਟਾਫ ਬਹੁਤ ਹੀ ਇਮਾਨਦਾਰੀ ਦੇ ਨਾਲ ਸਮਾਜ ਦੇ ਕੰਮਾਂ ਵਿੱਚ ਵੀ ਹੱਥ ਵਟਾਉਂਦਾ ਆ ਰਿਹਾ ਹੈ ਤੇ ਭਵਿੱਖ ਵਿੱਚ ਵੀ ਚੰਗੇ ਕੰਮਾਂ ਲਈ ਅੱਗੇ ਆਏਗਾ।


## ਵਿਕਰੀ ਅਤੇ ਮਾਰਕੀਟਿੰਗ ਦੀ ਸੂਚਨਾ: ਖਾਦਾਂ ਦੇ 100 ਪ੍ਰਤੀਸ਼ਤ ਪਾਣੀ ਵਿੱਚ ਘੁਲਣਸ਼ੀਲ ਮਿਸ਼ਰਣ ਲਈ

ਖੇਤੀਬਾੜੀ ਸਹਿਯੋਗ ਅਤੇ ਕਿਸਾਨ ਭਲਾਈ ਵਿਭਾਗ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ, ਭਾਰਤ ਸਰਕਾਰ ਦੁਆਰਾ ਜਾਰੀ ਕੀਤੇ ਗਏ ਆਰਡਰ ਨੰ. ਐੱਸ.ਓ. 2900 (ਈ) ਮਿਤੀ 24 ਅਕਤੂਬਰ, 2015 ਅਤੇ ਇਸਦੀ ਸੋਧ ਮਿਤੀ 30 ਦਸੰਬਰ, 2017 ਦੀ ਪਾਲਣਾ ਵਿੱਚ।

ਮੈਸਰਜ਼ ਮੋਜ਼ੇਕ ਇੰਡੀਆ ਪ੍ਰਾਈਵੇਟ ਲਿਮਿਟਿਡ, ਰਜਿਸਟਰਡ ਦਫ਼ਤਰ: ਐਸ-194, ਯੂਜੀਐਫ, ਸਕੂਲ ਬਲਾਕ, ਗਲੀ ਨੰ- 4, ਸ਼ਕਰਪੁਰ, ਦਿੱਲੀ- 110092, ਭਾਰਤ ਇਸ ਦੁਆਰਾ ਸੂਚਿਤ ਕਰਦਾ ਹੈ ਕਿ ਇਹ ਹੇਠਾਂ ਦਿੱਤੀਆਂ ਵਿਸ਼ੇਸ਼ਤਾਵਾਂ ਦੇ ਅਨੁਸਾਰ ਗ੍ਰੇਡਾਂ ਦੇ 100 ਪ੍ਰਤੀਸ਼ਤ ਪਾਣੀ ਵਿੱਚ ਘੁਲਣਸ਼ੀਲ ਖਾਦ ਦੇ ਮਿਸ਼ਰਣ ਨੂੰ ਵੇਚਣ ਦਾ ਇਰਾਦਾ ਰੱਖਦਾ ਹੈ।

| Sl No. | Grades/Specifications | NPK 19:19:19 | NPK 13:40:13 | NPK 00:60:20 | NPK 00:48:47 | NPK+MgO 0:55:18 +7 MgO | NPK+CaO 12:06:22 + 12 CaO |
|---|---|---|---|---|---|---|---|
| 1 | ਭਾਰ ਦੇ ਮੁਤਾਬਕ ਨਮੀ ਪ੍ਰਤੀਸ਼ਤ, ਅਧਿਕਤਮ | 0.5 | 0.5 | 0.5 | 0.5 | 0.5 | 0.5 |
| 2 | ਭਾਰ ਦੇ ਮੁਤਾਬਕ ਕੁੱਲ ਨਾਈਟ੍ਰੋਜਨ ਪ੍ਰਤੀਸ਼ਤ, ਘੱਟੋ-ਘੱਟ | 19 | 13 | 0 | 0 | 0 | 12 |
| 3 | ਭਾਰ ਮੁਤਾਬਕ ਪਾਣੀ ਵਿੱਚ ਘੁਲਣਸ਼ੀਲ ਫਾਸਫੇਟ (P2O5 ਦੇ ਰੂਪ ਵਿੱਚ) ਪ੍ਰਤੀਸ਼ਤ, ਘੱਟੋ-ਘੱਟ | 19 | 40 | 60 | 48 | 55 | 6 |
| 4 | ਭਾਰ ਮੁਤਾਬਕ ਪਾਣੀ ਵਿੱਚ ਘੁਲਣਸ਼ੀਲ ਪੋਟਾਸ਼ (K2O ਦੇ ਰੂਪ ਵਿੱਚ) ਦਾ ਪ੍ਰਤੀਸ਼ਤ, ਘੱਟੋ-ਘੱਟ | 19 | 13 | 20 | 47 | 18 | 22 |
| 5 | ਭਾਰ ਮੁਤਾਬਕ ਪਾਣੀ ਵਿੱਚ ਘੁਲਣਸ਼ੀਲ ਮੈਗਨੀਸ਼ੀਅਮ (MgO ਦੇ ਰੂਪ ਵਿੱਚ) ਦਾ ਪ੍ਰਤੀਸ਼ਤ, ਘੱਟੋ-ਘੱਟ | | | | | 7 | |
| 6 | ਭਾਰ ਮੁਤਾਬਕ ਪਾਣੀ ਵਿੱਚ ਘੁਲਣਸ਼ੀਲ ਕੈਲਸ਼ੀਅਮ (CaO ਦੇ ਰੂਪ ਵਿੱਚ) ਦਾ ਪ੍ਰਤੀਸ਼ਤ, ਘੱਟੋ-ਘੱਟ | | | | | | 12 |
| 7 | ਭਾਰ ਮੁਤਾਬਕ ਕੁੱਲ ਕਲੋਰਾਈਡ ਦਾ ਪ੍ਰਤੀਸ਼ਤ, ਅਧਿਕਤਮ | 1.5 | 1.5 | 1.5 | 1.5 | 1.5 | 1.5 |
| 8 | ਭਾਰ ਦੇ ਮੁਤਾਬਕ ਪਾਣੀ ਵਿੱਚ ਅਘੁਲਣਸ਼ੀਲ ਪਦਾਰਥ, ਅਧਿਕਤਮ | 0.5 | 0.5 | 0.5 | 0.5 | 0.5 | 0.5 |
| 9 | NaCl ਦੇ ਰੂਪ ਵਿੱਚ ਸੋਡੀਅਮ, ਦਾ ਪ੍ਰਤੀਸ਼ਤ ਭਾਰ ਮੁਤਾਬਕ, ਅਧਿਕਤਮ | 0.5 | 0.5 | 0.5 | 0.5 | 0.5 | 0.5 |
| 10 | ਲੇਡ (Pb ਦੇ ਰੂਪ ਵਿੱਚ) ਦਾ ਪ੍ਰਤੀਸ਼ਤ ਭਾਰ ਮੁਤਾਬਕ, ਅਧਿਕਤਮ | 0.003 | 0.003 | 0.003 | 0.003 | 0.003 | 0.003 |
| 11 | ਕੈਡਮੀਅਮ (Cd ਦੇ ਰੂਪ ਵਿੱਚ) ਦਾ ਪ੍ਰਤੀਸ਼ਤ ਭਾਰ ਮੁਤਾਬਕ, ਅਧਿਕਤਮ | 0.0025 | 0.0025 | 0.0025 | 0.0025 | 0.0025 | 0.0025 |
| 12 | ਆਰਸੈਨਿਕ (As ਦੇ ਰੂਪ ਵਿੱਚ) ਦਾ ਪ੍ਰਤੀਸ਼ਤ ਭਾਰ ਮੁਤਾਬਕ, ਅਧਿਕਤਮ | 0.01 | 0.01 | 0.01 | 0.01 | 0.01 | 0.01 |

ਇਸ ਦੀਆਂ ਖੁਰਾਕਾਂ, ਵਰਤਣ ਦੇ ਤਰੀਕੇ ਅਤੇ ਇਸਦੇ ਲਾਭਾਂ ਬਾਰੇ ਹੋਰ ਜਾਣਨ ਲਈ, ਕਿਰਪਾ ਕਰਕੇ ਹੇਠਾਂ ਦਿੱਤੇ ਦਫਤਰ ਨਾਲ ਸੰਪਰਕ ਕਰੋ।

ਮਾਰਕੀਟਿੰਗ ਦਫਤਰ ਦਾ ਪਤਾ ਅਤੇ ਸੰਪਰਕ ਵੇਰਵੇ: ਮੋਜ਼ੇਕ ਇੰਡੀਆ ਪ੍ਰਾਈਵੇਟ ਲਿਮਿਟਿਡ, 11ਵੀਂ ਮੰਜ਼ਿਲ, ਬਿਲਡਿੰਗ 8 ਸੀ, ਡੀਐਲਐਫ ਸਾਈਬਰ ਸਿਟੀ, ਫੇਜ਼ - II, ਗੁਰੂਗ੍ਰਾਮ - 122002 (ਹਰਿਆਣਾ), ਭਾਰਤ।CIN U24129dl2004PTC126157, ਗਾਹਕ ਸੇਵਾ ਨੰ. 0124-4546400. ਈਮੇਲ - care.india@mosaicco.com,ਵੈਬਸਾਈਟ: www.mosaiccoindia.com

# ਜਲ ਸਪਲਾਈ ਕਾਮੇ 9 ਨੂੰ ਚੱਬੇਵਾਲ 'ਚ ਕਰਨਗੇ ਵਿਸ਼ਾਲ ਝੰਡਾ ਮਾਰਚ : ਵਾਹਿਦਪੁਰੀ



**ਜਲੰਧਰ ( ਰਾਜੇਸ਼ ਥਾਪਾ )**-ਜਲ ਸਪਲਾਈ ਅਤੇ ਸੈਨੀਟੇਸ਼ਨ, ਸਿੰਚਾਈ ਵਿਭਾਗ, ਸੀਵਰੇਜ ਬੋਰਡ ਆਦਿ ਅੱਧੀ ਦਰਜਨ ਤੋਂ ਵੱਧ ਵਿਭਾਗਾਂ ਦੇ ਮੁਲਾਜ਼ਮਾਂ ਦੀ ਪ੍ਰਤੀਨਿਧਤਾ ਕਰਦੀ ਮੁਲਾਜ਼ਮਾਂ ਦੀ ਸਿਰਮੌਰ ਜਥੇਬੰਦੀ ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਪੰਜਾਬ ਦੀ ਸੂਬਾਈ ਮੀਟਿੰਗ ਸੂਬਾ ਪ੍ਰਧਾਨ ਮੱਖਣ ਸਿੰਘ ਵਾਹਿਦਪੁਰੀ ਦੀ ਪ੍ਰਧਾਨਗੀ ਹੇਠ ਜਲੰਧਰ ਵਿਖੇ ਹੋਈ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਲੋਕ ਨਿਰਮਾਣ ਵਿਭਾਗ ਦੇ ਵੱਖ -ਵੱਖ ਵਿੰਗਾਂ ਦੇ ਮੁਲਾਜ਼ਮ ਵਿਧਾਨ ਸਭਾ ਹਲਕਾ ਚੱਬੇਵਾਲ ਦੀ ਹੋ ਰਹੀ ਜ਼ਿਮਨੀ ਚੋਣ ਸਮੇਂ 09 ਨਵੰਬਰ ਨੂੰ ਵਿਸ਼ਾਲ ਝੰਡਾ ਮਾਰਚ ਕਰਨਗੇ, ਕਿਉਂਕਿ ਪੰਜਾਬ ਸਰਕਾਰ,ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵਿੱਚ ਮੁਲਾਜ਼ਮਾਂ ਦੀਆਂ ਮੰਗਾਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਹਨ।ਵਾਰ-ਵਾਰ ਮੀਟਿੰਗਾਂ ਕਰਨ ਅਤੇ ਉੱਚ ਅਧਿਕਾਰੀਆਂ ਵਲੋਂ ਮਿਲੇ ਭਰੋਸਿਆਂ ਦੇ ਬਾਵਜੂਦ ਮੁਲਾਜ਼ਮਾਂ ਦੇ ਮਸਲੇ ਜਿਵੇਂ ਮ੍ਰਿਤਕ ਮੁਲਾਜ਼ਮਾਂ ਦੇ ਆਸ਼ਰਿਤਾਂ ਨੂੰ ਤਰਸ ਆਧਾਰਿਤ ਨੌਕਰੀਆਂ ਨਹੀਂ ਦਿੱਤੀਆਂ ਜਾ ਰਹੀਆਂ। ਕੰਟਰੈਕਟ ਅਤੇ ਆਊਟ ਸੋਰਸ ਮੁਲਾਜ਼ਮਾਂ ਨੂੰ ਕੋਈ ਠੋਸ ਪਾਲਿਸੀ ਬਣਾ ਕੇ ਪਿਛਲੇ 15-15 ਸਾਲਾਂ ਤੋਂ ਰੈਗੂਲਰ ਨਹੀਂ ਕੀਤਾ ਜਾ ਰਿਹਾ। ਪੰਦਰਾਂ ਪ੍ਰਤੀਸ਼ਤ ਕੋਟੇ ਵਾਲੇ ਫੀਲਡ ਦੇ ਮੁਲਾਜ਼ਮਾਂ ਨੂੰ ਜੂਨੀਅਰ ਇੰਜੀਨੀਅਰ ਪ੍ਰਮੋਟ ਕਰਨ ਲਈ ਲੰਮੇ ਸਮੇਂ ਤੋਂ ਵਾਰ ਵਾਰ ਲਾਰੇ ਲਾਏ ਜਾ ਰਹੇ ਹਨ , ਜਦੋਂ ਕਿ ਮੁੱਖ ਮੰਤਰੀ ਪੰਜਾਬ ਸ.ਭਗਵੰਤ ਸਿੰਘ ਮਾਨ ਵਲੋਂ ਵਾਰ -ਵਾਰ ਪ੍ਰਮੋਸ਼ਨਾਂ ਕਰਨ ਲਈ ਕਿਹਾ ਜਾ ਰਿਹਾ ਹੈ।ਜੀ ਪੀ ਐੱਫ ਦੇ ਕੇਸ ਲਟਕ ਰਹੇ ਹਨ। ਮੁਲਾਜ਼ਮਾਂ ਦੀ ਵਿਦੇਸ਼ ਜਾਣ ਦੀ ਛੁੱਟੀ ਲੈਣ ਦੀ ਪ੍ਰਕਿਰਿਆ ਬਹੁਤ ਗੁੰਝਲਦਾਰ ਅਤੇ ਲੰਬੀ ਕੀਤੀ ਹੋਈ ਹੈ। ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਨੂੰ ਮਹਿੰਗਾਈ ਭੱਤੇ ਦੀ ਰਹਿੰਦੀਆਂ ਕਿਸ਼ਤਾਂ ਅਤੇ ਡੀ ਏ ਦੇ ਪਿਛਲੇ ਅਤੇ ਪੇ ਕਮਿਸ਼ਨ ਦੇ 66 ਮਹੀਨਿਆਂ ਦੇ ਬਕਾਏ ਨਹੀਂ ਦਿੱਤੇ ਜਾ ਰਹੇ। ਜਿਸ ਕਾਰਨ ਮੁਲਾਜ਼ਮਾਂ ਨੂੰ ਅਤਿ ਮਜਬੂਰ ਹੋ ਕੇ ਸ਼ੰਘਰਸ਼ਾਂ ਦੇ ਰਾਹ ਪੈਣਾ ਪੈ ਰਿਹਾ ਹੈ।ਇਸ ਸਮੇਂ ਹੋਰਨਾਂ ਤੋਂ ਇਲਾਵਾ ਗੁਰਵਿੰਦਰ ਸਿੰਘ ਖਮਾਣੋਂ, ਬਲਰਾਜ ਮੌੜ, ਰਣਵੀਰ ਸਿੰਘ ਟੂਸੇ, ਸੁਖਚੈਨ ਸਿੰਘ ਬਠਿੰਡਾ, ਪੁਸ਼ਪਿੰਦਰ ਕੁਮਾਰ ਪਿੰਕੀ ਜਲੰਧਰ,ਅਮਰੀਕ ਸਿੰਘ ਸੇਖੋਂ ਕਪੂਰਥਲਾ, ਸਤਨਾਮ ਸਿੰਘ, ਬਲਜਿੰਦਰ ਸਿੰਘ ਤਰਨਤਾਰਨ, ਦਰਸ਼ਨ ਸਿੰਘ ਨੰਗਲ, ਫੁੰਮਣ ਸਿੰਘ ਕਾਠਗੜ੍ਹ,ਰਾਮ ਲੁਭਾਇਆ ਦਿਵੇਦੀ, ਮੋਹਣ ਸਿੰਘ ਪੂਨੀ,ਕਰਮ ਸਿੰਘ,ਸੁਖਦੇਵ ਸਿੰਘ ਜਾਜਾ,ਅਕਲ ਚੰਦ ਹਨ ਸਿੰਘ,ਪੂਰਨ ਸਿੰਘ, ਅੰਗਰੇਜ਼ ਸਿੰਘ, ਮਨਜਿੰਦਰ ਸਿੰਘ, ਗੋਪਾਲ ਸਿੰਘ ਰਾਵਤ, ਨਰੇਸ਼ ਨਾਹਰ,ਹਰੀ ਚੰਦ, ਰਤਨ ਸਿੰਘ ਗੁਰਾਇਆ, ਕੁਲਦੀਪ ਵਾਲੀਆ ਬਿਲਗਾ ਤੋਂ ਇਲਾਵਾ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।

# ਸਾਰੇ ਕਿਸਾਨਾਂ ਨੂੰ ਸਮੇਂ 'ਤੇ ਮਿਲੇਗੀ ਡੀ ਏ ਪੀ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਨੇ ਇੱਥੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਦੇ ਨਾਲ ਡੀਏਪੀ ਖਾਦ ਦੀ ਉਪਲਬਧਤਾ ਨੂੰ ਲੈ ਕੇ ਸਮੀਖਿਆ ਕੀਤੀ। ਉਨ੍ਹਾਂ ਨੇ ਕਿਹਾ ਕਿ ਸੂਬੇ ਵਿਚ ਡੀਏਪੀ ਖਾਦ ਦੀ ਕੋਈ ਕਮੀ ਨਹੀਂ ਹੈ ਅਤੇ ਸਾਰੇ ਕਿਸਾਨਾਂ ਨੂੰ ਸਮੇਂ 'ਤੇ ਖਾਦ ਮਿਲੇਗੀ। ਪਿਛਲੇ ਸਾਲ ਰਬੀ ਸੀਜ਼ਨ ਵਿਚ ਅਕਤੂਬਰ 2023 ਵਿਚ ਡੀਏਪੀ ਦੀ ਕੁੱਲ ਖਪਤ 1,19,470 ਮੀਟ੍ਰਿਕ ਟਨ ਸੀ, ਜਦੋਂ ਕਿ ਅਕਤੂਬਰ, 2024 ਵਿਚ ਖਪਤ 1,14,000 ਮੀਟ੍ਰਿਕ ਟਨ ਰਹੀ।

ਅੱਜ ਦੀ ਮਿੱਤੀ ਵਿਚ ਸੂਬੇ ਵਿਚ ਡੀਏਪੀ ਦੀ ਉਪਲਬਧਤਾ 24000 ਮੀਟ੍ਰਿਕ ਟਨ ਹੈ ਅਤੇ ਕਿਸਾਨਾਂ ਲਈ ਡੀਏਪੀ ਦੀ ਰੋਜ਼ਾਨਾ ਸਪਲਾਈ ਲਈ ਰੇਕ ਪਲਾਨਿੰਗ ਕੀਤੀ ਗਈ ਹੈ।ਉਨ੍ਹਾਂ ਨੇ ਦਸਿਆ ਕਿ 2023 ਰਬੀ ਸੀਜਨ ਦੌਰਾਨ ਨਵੰਬਰ ਵਿਚ ਕੁੱਲ 72697 ਮੀਟ੍ਰਿਕ ਟਨ ਦੀ ਖਪਤ ਹੋਈ ਸੀ। ਸੂਬਾ ਸਰਕਾਰ ਦੇ ਯਤਨਾਂ ਦੇ ਨਤੀਜੇ ਵਜੋਂ, ਕੇਂਦਰ ਨੇ ਨਵੰਬਰ ਮਹੀਨੇ ਲਈ 1,10,000 ਮੀਟ੍ਰਿਕ ਟਨ ਡੀਏਪੀ ਖਾਦ ਅਲਾਟ ਕੀਤੀ ਹੈ, ਜਿਸ ਵਿੱਚੋਂ ਨਵੰਬਰ ਦੇ ਪਹਿਲੇ ਹਫਤੇ ਲਈ ਰੇਕ ਮੂਵਮੈਂਟ 'ਤੇ 41,600 ਮੀਟ੍ਰਿਕ ਟਨ ਅਤੇ ਦੂਜੇ ਹਫਤੇ ਲਈ 40,000 ਮੀਟ੍ਰਿਕ ਟਨ ਦੀ ਯੋਜਨਾ ਬਣਾਈ ਗਈ ਹੈ ਅਤੇ ਨਵੰਬਰ 2024 ਦੇ ਤੀਜੇ ਹਫਤੇ ਵਿਚ ਇਸ ਨੂੰ ਘਟਾ ਕੇ 20,000 ਮੀਟ੍ਰਿਕ ਟਨ ਕਰ ਦਿੱਤਾ ਜਾਵੇਗਾ। ਸਰਕਾਰੀ ਬੁਲਾਰੇ ਨੇ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਡੀਏਪੀ ਦੇ ਲਈ ਰੈਕ ਯੋਜਨਾ ਤਿਆਰ ਕਰ ਲਈ ਗਈ ਹੈ। ਭਿਵਾਨੀ, ਦਾਦਰੀ, ਰੋਹਤਕ, ਮਹੇਂਦਰਗੜ੍ਹ, ਕਰਨਾਲ, ਪਾਣੀਪਤ, ਕੁਰੂਕਸ਼ੇਤਰ ਅਤੇ ਜੀਂਦ ਨੂੰ 3 ਨਵੰਬਰ ਨੂੰ ਰੈਕ ਮਿਲੇ ਹਨ। ਹਿਸਾਰ, ਫਤਿਹਾਬਾਦ, ਕੁਰੂਕਸ਼ੇਤਰ, ਝੱਜਰ, ਸੋਨੀਪਤ ਅਤੇਰੋਹਤਕ ਨੂੰ 4 ਨਵੰਬਰ, ਕੁਰੂਕਸ਼ੇਤਰ, ਯਮੁਨਾਨਗਰ, ਕਰਨਾਲ, ਹਿਸਾਰ, ਸਿਰਸਾ ਅਤੇ ਜੀਂਦ ਨੂੰ 5 ਨਵੰਬਰ , ਅੰਬਾਲਾ, ਕੁਰੂਕਸ਼ੇਤਰ, ਪੰਚਕੂਲਾ ਅਤੇ ਯਮੁਨਾਨਗਰ ਨੂੰ 6 ਨਵੰਬਰ ਅਤੇਪਲਵਲ, ਨੂੰਹ, ਫਰੀਦਾਬਾਦ ਅਤੇ ਗੁਰੂਗ੍ਰਾਮ ਨੂੰ 7 ਨਵੰਬਰ ਨੂੰ ਰੈਕ ਮਿਲੇਗਾ। ਸਰਕਾਰ ਨੇ ਭਰੋਸਾ ਦਿੱਤਾ ਕਿ ਸਾਰੇ ਜ਼ਿਲ੍ਹਿਆਂ ਨੂੰ ਕਵਰ ਕੀਤਾ ਜਾ ਰਿਹਾ ਹੈ।

# ਮਹਿੰਦਰਾ ਪਿਕਅੱਪ-ਸਵਿਫਟ ਤੇ ਫੌਰਚੂਨਰ ਆਪਸ 'ਚ ਟਕਰਾਈਆਂ



**ਬਲਾਚੌਰ ( ਜਸਵਿੰਦਰ ਬੈਂਸ)**-ਪੁਲਸ ਥਾਣਾ ਕਾਠਗੜ੍ਹ ਅਧੀਨ ਪੈਂਦੇ ਬਹੱਦ ਰਕਬਾ ਪਿੰਡ ਜਲਾਲਪੁਰ ਦੇ ਨੈਸ਼ਨਲ ਹਾਈਵੇ ਉਪਰ ਬੀਤੀ ਰਾਤ ਤਿੰਨ ਵਾਹਨਾਂ ਦੇ ਆਪਸ ਵਿੱਚ ਟਕਰਾਅ ਜਾਣ ਕਾਰਨ ਵਾਹਨਾਂ ਦਾ ਵੱਡਾ ਨੁਕਸਾਨ ਹੋਇਆ ਜਦ ਕਿ ਕਿਸੇ ਵੀ ਤਰ੍ਹਾਂ ਦੇ ਜਾਨੀ ਨੁਕਸਾਨ ਤੋਂ ਵਾਲ ਵਾਲ ਬਚਾਅ ਰਿਹਾ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਮਹਿੰਦਰਾ ਪਿਕਅਪ ਜੀਪ ਨੰਬਰ ਪੀਬੀ07ਏਐਲ 3223 ਜਿਸ ਨੂੰ ਅਸ਼ੋਕ ਕੁਮਾਰ ਪੁੱਤਰ ਅਵਤਾਰ ਸਿੰਘ ਪਿੰਡ ਕਾਠਗੜ੍ਹ ਚਲਾ ਰਿਹਾ ਸੀ, ਜੋ ਬਲਾਚੌਰ ਤੋਂ ਰੋਪੜ ਵੱਲੀ ਜਾ ਰਿਹਾ ਸੀ ਕਿ ਜਦ ਉਹ ਪਿੰਡ ਜਲਾਲਪੁਰ ਨਜ਼ਦੀਕ ਪੁੱਜਿਆ ਤਾਂ ਪਿਕਅਪ ਦਾ ਸੰਤੁਲਨ ਵਿਗੜ ਗਿਆ ਜਿਸ ਦੇ ਪਿਛੋਂ ਆ ਰਹੀ ਸਵੀਫਟ ਡਿਜ਼ਾਇਰ ਕਾਰ ਨੰਬਰ ਪੀਬੀ0 ਈ9507 ਟੈਕਸੀ ਕਾਰ ਜਿਸ ਨੂੰ ਹਰਜੀਤ ਸਿੰਘ ਪੁੱਤਰ ਨਿਰਮਲ ਸਿੰਘ ਵਾਸੀ ਮੋਹਾਲੀ ਚਲਾ ਰਿਹਾ ਸੀ ਨਾਲ ਟੱਕਰ ਹੋ ਗਈ ਅਤੇ ਉਸੀ ਮੌਕੇ ਹੀ ਪਿਛੋਂ ਆ ਰਹੀ ਫਾਰਚੂਨਰ ਕਾਰ ਨੰਬਰ ਸੀਐਚ01ਸੀਈ5557 ਵੀ ਇਨਾਂ ਵਾਹਨਾਂ ਵਿੱਚ ਟਕਰਾਅ ਗਈ। ਸੂਚਨਾ ਮਿਲਦੇ ਹੀ ਸੜਕ ਸੁਰੱਖਿਆ ਫੋਰਸ ਦੇ ਇੰਚਾਰਜ ਏਐਸਆਈ ਕੁਲਦੀਪ ਕੁਮਾਰ ਆਪਣੀ ਟੀਮ ਸਮੇਤ ਪੁੱਜੇ ਜਿਨ੍ਹਾਂ ਵਲੋਂ ਕਾਰ ਚਾਲਕਾਂ ਨੂੰ ਸੁਰੱਖਿਅਤ ਬਾਹਰ ਕੱਢਿਆ ਅਤੇ ਲੋਕਾਂ ਦੀ ਮੱਦਦ ਨਾਲ ਨੈਸ਼ਨਲ ਹਾਈਵੇ ਦੀ ਆਵਾਜਾਈ ਨੂੰ ਬਹਾਲ ਕੀਤਾ ਗਿਆ । ਏਐਸਆਈ ਨੇ ਦੱਸਿਆ ਕਿ ਇਸ ਦੁਰਘਟਨਾ ਵਿੱਚ ਕਿਸੇ ਵੀ ਵਾਹਨ ਚਾਲਕ ਦਾ ਜਾਨੀ ਨੁਕਸਾਨ ਨਹੀ ਹੋਇਆ । ਉਨ੍ਹਾਂ ਵਲੋਂ ਇਸ ਹਾਦਸੇ ਦੀ ਸੂਚਨਾ ਪੁਲਸ ਥਾਣਾ ਕਾਠਗੜ੍ਹ ਨੂੰ ਦਿੱਤੀ ਗਈ ਜਿਨ੍ਹਾਂ ਮੌਕੇ 'ਤੇ ਪੁੱਜ ਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ।

# ਸ੍ਰੀ ਗੁਰੂ ਰਵਿਦਾਸ ਸਦਨ ਖੁਰਾਲਗੜ੍ਹ ਵਿਖੇ ਮੁਫਤ ਅੱਖਾਂ ਤੇ ਮੈਡੀਕਲ ਕੈਂਪ ਲਗਾਇਆ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੀ ਅਗਵਾਈ ਹੇਠ ਸ੍ਰੀ ਗੁਰੂ ਰਵਿਦਾਸ ਸਦਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸੰਤ ਪ੍ਰੀਤਮ ਦਾਸ ਬਾਬੇਜੌੜੇ ਰਾਏਪੁਰ ਰਸੂਲਪੁਰ ਹਸਪਤਾਲ, ਨੈਸ਼ਨਲ ਆਈ ਕੇਅਰ ਹਸਪਤਾਲ ਜਲੰਧਰ ਵਲੋਂ ਬੇਗਮਪੁਰਾ ਏਡ ਇੰਟਰਨੈਸ਼ਨਲ ਦੇ ਸਹਿਯੋਗ ਨਾਲ ਅੱਖਾਂ ਦਾ ਤੀਸਰਾ ਫ੍ਰੀ ਚੈੱਕਅਪ ਕੈਂਪ ਅਤੇ ਮੈਡੀਕਲ ਕੈਂਪ ਲਗਾਇਆ ਗਿਆ। ਕੈਂਪ ਦਾ ਉਦਘਾਟਨ ਸੰਤ ਸਰਵਣ ਦਾਸ ਬੋਹਣ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਅਤੇ ਪ੍ਰਧਾਨ ਸੰਤ ਨਿਰਮਲ ਦਾਸ ਬਾਬੇ ਜੌੜੇ ਅਤੇ ਵੱਖ ਵੱਖ ਡੇਰਿਆਂ ਦੇ ਸੰਤਾਂ, ਮਹਾਂਪੁਰਸ਼ਾਂ ਨੇ ਰਿਬਨ ਕੱਟ ਕੇ ਕੀਤਾ । ਇਸ ਮੌਕੇ ਸੰਤ ਸਰਵਣ ਦਾਸ ਬੋਹਣ, ਸੰਤ ਨਿਰਮਲ ਦਾਸ ਬਾਬੇਜੌੜੇ ਨੇ ਕਿਹਾ ਕਿ ਇਸ ਮੈਡੀਕਲ ਕੈਂਪ ਦੌਰਾਨ ਅੱਖਾਂ ਦੀਆਂ ਬੀਮਾਰੀਆਂ ਦੇ ਮਾਹਿਰ ਡਾ. ਪਿਊਸ਼ ਸੂਦ , ਡਾ. ਨਿਸ਼ਾਂਤ ਗੁਪਤਾ ਦੀ ਟੀਮ ਵਲੋਂ ਅੱਖਾਂ ਦਾ ਮੁਫਤ ਚੈੱਕਅਪ ਕੀਤਾ ਗਿਆ ਅਤੇ ਦਵਾਈਆਂ ਦਿਤੀਆਂ ਗਈਆਂ। ਜਿਨ੍ਹਾਂ ਮਰੀਜਾਂ ਦੇ ਲੈਂਜ ਪੈਣੇ ਹਨ ਉਨਾਂ ਨੂੰ ਦਾਖਲ ਕਰਕੇ ਅਪ੍ਰੇਸ਼ਨ ਕਰਕੇ ਵਧੀਆ ਕੁਆਲਟੀ ਦੇ ਲੈਂਜ ਮੁਫਤ ਪਾਏ ਜਾਣਗੇ। ਮੁਫਤ ਮੈਡੀਕਲ ਚੈਕਅੱਪ ਕੈਂਪ ਵੀ ਲਗਾਇਆ ਗਿਆ ਜਿਸ ਵਿੱਚ ਹਰ ਬਿਮਾਰੀ ਦਾ ਚੈਕਅੱਪ ਕਰਕੇ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਭੈਣ ਸੰਤੋਸ਼ ਕੁਮਾਰੀ ਬਿਲਡਿੰਗ ਇੰਚਾਰਜ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਸਦਨ ਵਿਖੇ ਸੁਸਾਇਟੀ ਵਲੋਂ 36 ਏਕੜ ਜ਼ਮੀਨ ਖ੍ਰੀਦੀ ਗਈ ਹੈ ਜਿਸ ਵਿੱਚ ਸਿੱਖਿਆ ਅਤੇ ਸਿਹਤ ਸਹੂਲਤਾਂ ਲਈ ਨਵੇਂ ਪ੍ਰੋਜੈਕਟ ਤਿਆਰ ਕਰਕੇ ਜਲਦ ਸੰਗਤਾਂ ਦੇ ਲਈ ਖੋਲ੍ਹੇ ਜਾਣਗੇ। ਇਸ ਮੌਕੇ ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਧਰਮਪਾਲ ਸ਼ੇਰਗੜ੍ਹ, ਸੰਤ ਰਮੇਸ਼ ਦਾਸ ਡੇਰਾ ਬਾਬੇ ਕੱਲਰਾਂ ਸ਼ੇਰਪੁਰ, ਸੰਤ ਜਗੀਰ ਸਿੰਘ ਸਰਬੱਤ ਦਾ ਭਲਾ ਆਸ਼ਰਮ ਨੰਦਾਚੌਰ,ਸੰਤ ਗੁਰਮੀਤ ਦਾਸ ਪਿੱਪਲਾਂਵਾਲਾ, ਰਸ਼ਪਾਲ ਰਾਜੂ ਡਾਇਰੈਕਟਰ ਐਸ ਸੀ ਕਾਰਪੋਰੇਸ਼ਨ ਅਤੇ ਬਨਵਾਰੀ ਲਾਲ ਸ਼ਰਮਾ ਲੰਬੜਦਾਰ, ਬਿਆਸ ਦੇਵ, ਸੋਨੀਆ ਸਰਪੰਚ ਅਤੇ ਪਿੰਡ ਮਹਿੰਦ ਪੁਰ ਦੀ ਪੰਚਾਇਤ ਅਤੇ ਪਰਮਜੀਤ ਜੱਸਲ, ਰਘੁਬੀਰ ਸਿੰਘ ਘੁਆਲਾਂ ਜੱਟਾਂ, ਪ੍ਰਸ਼ੋਤਮ ਹੀਰ, ਪਿੰਡ ਭੰਗਲ ਦੀ ਪੰਚਾਇਤ,ਰਾਏਪੁਰ, ਰੰਧਾਵੇ ਦੀ ਸੰਗਤ ਭਾਰੀ ਗਿਣਤੀ ਵਿੱਚ ਹਾਜਰ ਸਨ।

# ਫੁਲਵਾੜੀ ਪਬਲਿਕ ਸਕੂਲ 'ਚ ਦੀਵਾਲੀ ਦਾ ਤਿਉਹਾਰ ਮਨਾਇਆ





**ਲੋਹੀਆਂ ਖਾਸ (ਯੋਗੇਸ਼ਵਰ)** : ਫੁਲਵਾੜੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਦੀਵਾਲੀ ਦਾ ਤਿਉਹਾਰ ਬੜੇ ਹੀ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਕਾਰਡ ਮੇਕਿੰਗ, ਰੰਗੋਲੀ, ਮੋਮਬੱਤੀਆਂ ਤੇ ਦੀਵਿਆਂ ਦੇ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ 'ਤੇ ਕਾਰਡ ਮੇਕਿੰਗ ਦੇ ਮੁਕਾਬਲਿਆਂ ਵਿੱਚ ਮੰਨਤ ਅਤੇ ਮਾਨਿਆ ਨੇ ਪਹਿਲੇ ਸਥਾਨ, ਬਨਰੂਪ ਕੌਰ ਅਤੇ ਨਵਪ੍ਰੀਤ ਕੌਰ ਨੇ ਦੂਸਰਾ ਸਥਾਨ ਅਤੇ ਰੂਪਜੋਤ ਕੌਰ, ਜਸਮੀਤ ਅਤੇ ਅਲੀਨਾ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਦੀਵਿਆਂ ਦੀ ਡੈਕੋਰੇਸ਼ਨ ਦੇ ਮੁਕਾਬਲਿਆਂ ਵਿੱਚ ਸੁਖਮਨਦੀਪ ਕੌਰ ਅਤੇ ਗੁਰਸ਼ਰਨ ਕੌਰ ਨੇ ਪਹਿਲਾ ਸਥਾਨ ਅਤੇ ਜ਼ਸਲੀਨ, ਅਜੀਨਾ ਅਤੇ ਦਿਵਆਂਸ਼ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਮੋਮਬੱਤੀ ਦੀ ਸਜਾਵਟ ਵਿੱਚ ਛੇਵੀਂ ਤੇ ਅੱਠਵੀਂ ਕਲਾਸ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ। ਜਿਸ ਵਿੱਚ ਤਰਨਪ੍ਰੀਤ ਕੌਰ ਅਤੇ ਜ਼ਸਲੀਨ ਕੌਰ ਪਹਿਲੇ ਸਥਾਨ 'ਤੇ ਰਹੀਆਂ। ਬਲਰਾਜ ਸਿੰਘ ਅਤੇ ਰੋਹਿਤਪ੍ਰੀਤ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ ਅਤੇ ਕਮਲਜੀਤ, ਨਵਦੀਪ ਸਿੰਘ ਅਤੇ ਕਾਵਿਆ ਸ਼ਰਮਾ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਫੁਲਵਾੜੀ ਪਬਲਿਕ ਸਕੂਲ ਦੀ ਦੀਵਾਲੀ ਦੇ ਇਸ ਸਮਾਗਮ ਦਾ ਮੁੱਖ ਆਕਰਸ਼ਣ ਸਕੂਲ ਦੇ ਵਿਦਿਆਰਥੀਆਂ ਵਲੋਂ ਵੱਖ-ਵੱਖ 11 ਗਰੁੱਪਾਂ ਵਿੱਚ ਬਣਾਈਆਂ ਗਈਆਂ ਰੰਗੋਲੀਆਂ ਸਨ। ਜਿਸ ਵਿੱਚ ਪਹਿਲੇ ਸਥਾਨ 'ਤੇ ਨੇਹਾ, ਗੁਰਵਿੰਦਰ ਅਤੇ ਮੁਸਕਾਨ ਦੇ ਸਹਿਯੋਗੀਆਂ ਵਲੋਂ ਬਣਾਈ ਗਈ ਮਾਤਾ ਲਕਸ਼ਮੀ ਜੀ ਦੀ ਰੰਗੋਲੀ ਨੰਬਰ 4 ਅਤੇ ਰੰਗੋਲੀ ਨੰਬਰ 6 ਸਨ ਅਤੇ ਦੂਸਰੇ ਸਥਾਨ ਤੇ ਨਵਨੀਤ, ਗੁਰਜੀਤ ਅਤੇ ਸੁਨੇਹਾ ਦੇ ਗਰੁੱਪ ਵਲੋਂ ਬਣਾਈਆਂ ਗਈਆਂ ਰੰਗੋਲੀਆਂ ਅਤੇ ਤੀਸਰੇ ਸਥਾਨ 'ਤੇ ਅਰਪਣ, ਹਰਮਨ ਅਤੇ ਕਿਰਨ ਦੇ ਸਹਿਯੋਗੀਆਂ ਵਲੋਂ ਬਣਾਈਆਂ ਗਈਆਂ ਰੰਗੋਲੀਆਂ ਰਹੀਆਂ।ਰੋਸ਼ਨਪ੍ਰੀਤ ਅਤੇ ਰਾਧਿਕਾ ਦੇ ਸਹਿਯੋਗੀਆਂ ਵਲੋਂ ਬਣਾਈਆਂ ਗਈਆਂ ਰੰਗੋਲੀਆਂ ਨੂੰ ਹੌਸਲਾ ਵਧਾਊ ਇਨਾਮ ਦਿੱਤਾ ਗਿਆ। ਇਸ ਮੌਕੇ ਤੇ ਵੱਖ-ਵੱਖ ਵਰਗਾਂ ਵਿੱਚ ਜੱਜਾਂ ਦੀ ਭੂਮਿਕਾ ਮੈਡਮ ਇੰਦੂ ਬਾਲਾ, ਪ੍ਰਭਜੋਤ, ਸਰਬਜੀਤ ਕੌਰ ਅਤੇ ਮਨਜੋਤ ਕੌਰ ਨੇ ਨਿਭਾਈ। ਸਕੂਲ ਦੇ ਮੈਨੇਜਰ ਜਗੀਰ ਜੋਸ਼ਨ, ਡਾਇਰੈਕਟਰ ਗੁਰਬਖਸ਼ ਕੌਰ ਜੋਸਨ, ਐੱਮ.ਡੀ ਰਾਜਬੀਰ ਜੋਸਨ, ਐੱਮ.ਡੀ ਮੈਡਮ ਮਨੀਸ਼ਾ ਸਿੰਘ, ਪ੍ਰਿੰਸੀਪਲ ਲਖਵੀਰ ਸਿੰਘ ਨੇ ਵਿਦਿਆਰਥੀਆਂ ਨੂੰ ਦੀਵਾਲੀ ਤੇ ਵਿਸ਼ਵਕਰਮਾ ਦਿਵਸ ਦੀਆਂ ਵਧਾਈਆਂ ਦਿੱਤੀਆਂ। ਸਕੂਲ ਮੈਨਜਮੈਂਟ ਕਮੇਟੀ ਵੱਲੋਂ ਸਾਰੇ ਸਟਾਫ਼ ਨੂੰ ਦਿਵਾਲੀ ਦੇ ਗਿਫਟ ਦਿੱਤੇ ਗਏ। ਇਸ ਮੌਕੇ ਕੋਆਰਡੀਨੇਟਰ ਹਰਪ੍ਰੀਤ ਕੌਰ, ਰੀਟਾ ਵਿੱਜ, ਇੰਦੂ ਬਾਲਾ, ਰਣਜੀਤ ਸਿੰਘ ਰਾਣਾ, ਰਮੇਸ਼ ਸ਼ਰਮਾ, ਪ੍ਰਦੀਪ ਕੁਮਾਰ, ਅਮਰਜੀਤ ਸਿੰਘ, ਸਰਬਜੀਤ ਸਿੰਘ, ਜਗਦੀਪ ਕੌਰ, ਕਵਿਤਾ, ਨਿਤਾਸ਼ਾ, ਰੀਟਾ ਸ਼ਰਮਾ, ਤਜਿੰਦਰ ਕੌਰ, ਨਿੰਦਰ ਕੌਰ, ਹਰਵਿੰਦਰ ਕੌਰ ਆਦਿ ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਕੰਨਿਆ ਸਕੂਲ ਰਾਹੋਂ ਦੀਆਂ ਵਿਦਿਆਰਥਣਾਂ ਨੇ ਜ਼ਿਲ੍ਹਾ ਅਥਲੈਟਿਕਸ ਮੀਟ 'ਚ ਮਾਰੀ ਬਾਜ਼ੀ



**ਨਵਾਂਸ਼ਹਿਰ (ਮਨੋਜ ਲਾਡੀ)**-ਸਕੂਲ ਸਿੱਖਿਆ ਵਿਭਾਗ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ) ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਸੁਰੇਸ਼ ਕੁਮਾਰ, ਉੱਪ-ਜਿਲ੍ਹਾ ਸਿੱਖਿਆ ਅਫਸਰ (ਸੈ.ਸਿੱ) ਅਮਰਜੀਤ ਖਟਕੜ ਅਤੇ ਜ਼ਿਲ੍ਹਾ ਖੇਡ ਕੋਆਰਡੀਨੇਟਰ ਦਵਿੰਦਰ ਕੌਰ ਦੀ ਅਗਵਾਈ ਹੇਠ ਡਾ. ਆਸਾ ਨੰਦ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ ਵਿਖੇ ਆਯੋਜਿਤ ਜ਼ਿਲ੍ਹਾ ਪੱਧਰੀ ਅਥਲੈਟਿਕਸ ਮੀਟ ਵਿਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਰਾਹੋਂ ਦੀਆਂ ਵਿਦਿਆਰਥਣਾਂ ਨੇ ਵੱਧ-ਚੜ੍ਹ ਕੇ ਭਾਗ ਲੈਂਦਿਆਂ ਸ਼ਾਨਦਾਰ ਕਾਰਗੁਜ਼ਾਰੀ ਦਿਖਾਈ। ਪ੍ਰਿੰਸੀਪਲ ਬਲਜਿੰਦਰ ਸਿੰਘ ਨੇ ਦੱਸਿਆ ਕਿ ਇਸ ਵਾਰ ਵਿਦਿਆਰਥਣਾਂ ਨੇ ਵੱਖ-ਵੱਖ ਵਰਗਾਂ ਦੀਆਂ ਟੀਮਾਂ ਵਿਚ ਭਾਗ ਲਿਆ। ਉਨ੍ਹਾਂ ਦੱਸਿਆ ਕਿ ਲੰਬੀ ਛਾਲ਼ ਅੰਡਰ-19 ਵਿਚ ਰਾਜ ਕੁਮਾਰੀ ਨੇ ਗੋਲਡ ਮੈਡਲ ਅਤੇ ਜੋਤੀ ਕੁਮਾਰੀ ਨੇ ਬ੍ਰੌਂਜ਼ ਮੈਡਲ ਪ੍ਰਾਪਤ ਕੀਤਾ। ਇਸੇ ਤਰ੍ਹਾਂ 100 ਮੀਟਰ ਦੌੜ ਅੰਡਰ-19 ਵਿਚ ਰਾਜ ਕੁਮਾਰੀ ਨੇ ਗੋਲਡ ਮੈਡਲ ਅਤੇ ਅੰਡਰ-14 ਵਿਚ ਰੱਜੋ ਨੇ ਗੋਲਡ ਮੈਡਲ ਪ੍ਰਾਪਤ ਕੀਤਾ। 400 ਮੀਟਰ ਦੌੜ ਅੰਡਰ-17 ਵਿਚ ਸਵਾਤੀ ਨੇ ਗੋਲਡ ਮੈਡਲ ਪ੍ਰਾਪਤ ਕੀਤਾ। ਰਿਲੇਅ ਦੌੜ ਅੰਡਰ-19 ਵਿਚ ਸਕੂਲ ਨੇ ਗੋਲਡ ਮੈਡਲ ਪ੍ਰਾਪਤ ਕੀਤਾ। ਜੈਵਲਿਨ ਥਰੋਅ ਅੰਡਰ-17 ਵਿਚ ਜਸਕਰਨ ਨੇ ਸਿਲਵਰ ਮੈਡਲ ਪ੍ਰਾਪਤ ਕੀਤਾ ਅਤੇ ਸ਼ਾਟਪੁਟ ਅੰਡਰ-14 ਵਿਚ ਆਂਚਲ ਨੇ ਬ੍ਰੌਂਜ਼ ਮੈਡਲ ਹਾਸਲ ਕੀਤਾ।ਉਨ੍ਹਾਂ ਸਮੂਹ ਖੇਡ ਇੰਚਾਰਜ਼ਾਂ ਨੂੰ ਵਧਾਈ ਦਿੱਤੀ ਅਤੇ ਅਗਲੇ ਮੁਕਾਬਲਿਆਂ ਲਈ ਮਿਹਨਤ ਕਰਨ ਲਈ ਕਿਹਾ। ਇਸ ਮੌਕੇ ਦਵਿੰਦਰ ਕੌਰ, ਗੁਰਸ਼ਰਨਦੀਪ, ਅਜੀਤ ਸਿੰਘ, ਚਰਨਜੀਤ ਸਿੰਘ, ਹਰਜਿੰਦਰ ਲਾਲ, ਰਾਜਨ ਰਾਣਾ, ਸੁਖਮਿੰਦਰ ਕੌਰ, ਸਤਿੰਦਰ ਕੌਰ, ਗਗਨਦੀਪ, ਹਰਜੀਤ ਕੌਰ, ਬਲਦੇਵ ਕ੍ਰਿਸ਼ਨ, ਸੋਨਾ ਸ਼ਰਮਾ, ਰਵਦੀਪ ਕੌਰ, ਸਤਿੰਦਰਪਾਲ ਕੌਰ, ਸੰਦੀਪ ਕੌਰ, ਨੀਲਮ ਰਾਣੀ, ਕਮਲਦੀਪ, ਰਘਵਿੰਦਰ ਕੌਰ, ਕਰਮਜੀਤ ਕੌਰ, ਬਲਵਿੰਦਰ ਕੌਰ, ਪ੍ਰੀਤੀ ਲਿਆਲ, ਜਸਵੀਰ ਰਾਜ, ਰੇਨੂੰ, ਰਣਜੀਤ ਕੌਰ, ਰਾਜਵਿੰਦਰ ਸੰਧੂ, ਨਿਧੀ ਉੱਮਟ, ਰਾਕੇਸ਼ ਰਾਣੀ, ਨਿਰਮਲਜੀਤ ਕੌਰ, ਮਨਦੀਪ ਕੌਰ, ਸੰਗੀਤਾ ਰਾਣੀ, ਰਮਨਦੀਪ ਸਿੰਘ ਆਦਿ ਹਾਜ਼ਰ ਸਨ।

# ਸਰਦੀਆਂ 'ਚ ਚਮੜੀ ਰੋਗਾਂ ਤੋਂ ਬਚਣ ਦੀ ਲੋੜ : ਡਾ. ਜੋਤਨਿੰਦਰ ਸੰਧੂ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**-ਸੰਧੂ ਹਸਪਤਾਲ ਚੰਡੀਗੜ੍ਹ ਰੋਡ ਡਾਕਟਰ ਜੋਤਨਿੰਦਰ ਸਿੰਘ ਸੰਧੂ, ਡਾਕਟਰ ਗੁਰਜੀਤ ਕੌਰ ਸੰਧੂ ਨੇ ਕਿਹਾ ਕਿ ਬਦਲਦੇ ਮੌਸਮ ਦਾ ਅਸਰ ਵਿਅਕਤੀ ਦੀ ਸਿਹਤ 'ਤੇ ਹੀ ਨਹੀਂ ਸਗੋਂ ਵਾਲਾਂ ਅਤੇ ਚਮੜੀ 'ਤੇ ਵੀ ਦਿਖਾਈ ਦਿੰਦਾ ਹੈ, ਜਿਸ ਕਾਰਨ ਗਰਮੀਆਂ ਤੋਂ ਸਰਦੀਆਂ 'ਚ ਮੌਸਮ ਬਦਲਦੇ ਹੀ ਚਮੜੀ ਬੇਜਾਨ ਅਤੇ ਬੇਜਾਨ ਲੱਗਦੀ ਹੈ ਖੁਸ਼ਕ ਜਿਸ ਕਾਰਨ ਕਈ ਵਾਰ ਚਮੜੀ 'ਤੇ ਸਫੇਦ ਛਿੱਲੜ ਵੀ ਆਉਣ ਲੱਗ ਜਾਂਦੇ ਹਨ, ਜਦੋਂ ਚਮੜੀ ਖੁਸ਼ਕ ਹੋ ਜਾਂਦੀ ਹੈ ਤਾਂ ਚਮੜੀ ਬੇਜਾਨ ਲੱਗਦੀ ਹੈ ਡਾਕਟਰ ਗੁਰਜੀਤ ਕੌਰ ਸੰਧੂ ਨੇ ਕਿਹਾ ਕਿ ਕਈ ਵਾਰ ਚਮੜੀ 'ਤੇ ਲਾਲ ਧੱਬੇ ਨਜ਼ਰ ਆਉਣ ਲੱਗ ਪੈਂਦੇ ਹਨ, ਇਸ ਸਮੱਸਿਆ ਤੋਂ ਛੁਟਕਾਰਾ ਪਾਉਣ ਲਈ ਸਾਨੂੰ ਇਸ ਤਰ੍ਹਾਂ ਚਮੜੀ ਦੀ ਦੇਖਭਾਲ ਕਰ ਸਕਦੇ ਹੋ ਇਸ ਤੋਂ ਬਚਣ ਲਈ ਤੁਹਾਡੇ ਸਰੀਰ ਨੂੰ ਹਾਈਡ੍ਰੇਟ ਕਰਨਾ ਬਹੁਤ ਜ਼ਰੂਰੀ ਹੈ, ਇਸ ਲਈ ਦਿਨ ਭਰ ਪਾਣੀ ਦੀ ਮਾਤਰਾ ਜ਼ਿਆਦਾ ਹੁੰਦੀ ਹੈ ਚਮੜੀ ਨੂੰ ਖੁਸ਼ਕ ਹੋਣ ਦੀ ਸਮੱਸਿਆ ਤੋਂ ਬਚਣ ਲਈ, ਆਪਣੀ ਚਮੜੀ ਦੀ ਕਿਸਮ ਦੇ ਅਨੁਸਾਰ ਮੌਇਸਚਰਾਈਜ਼ਰ ਅਤੇ ਸਨਸਕ੍ਰੀਨ ਦੀ ਵਰਤੋਂ ਕਰੋ, ਕਿਉਂਕਿ ਮੌਸਮ ਬਦਲਦਾ ਹੈ।ਪਰ ਦਿਨ ਵਿਚ ਗਰਮੀ ਹੁੰਦੀ ਹੈ, ਅਜਿਹੇ ਵਿਚ ਹੈਵੀ ਮਾਇਸਚਰਾਈਜ਼ਰ ਚਮੜੀ ਨੂੰ ਨੁਕਸਾਨ ਪਹੁੰਚਾ ਸਕਦਾ ਹੈ, ਇਸ ਲਈ ਸਿਰਫ ਜੈੱਲ ਆਧਾਰਿਤ ਜਾਂ ਹਲਕੇ ਮੋਇਸਚਰਾਈਜ਼ਰ ਦੀ ਵਰਤੋਂ ਕਰੋ, ਪਾਣੀ ਵੀ ਬਦਲਦੇ ਮੌਸਮ ਵਿਚ ਚਮੜੀ ਦੇ ਖੁਸ਼ਕ ਹੋਣ ਦਾ ਕਾਰਨ ਬਣ ਸਕਦਾ ਹੈ। ਜੇਕਰ ਤੁਸੀਂ ਇਸ ਮੌਸਮ ਚ ਬਹੁਤ ਜ਼ਿਆਦਾ ਠੰਡੇ ਜਾਂ ਗਰਮ ਪਾਣੀ ਦੀ ਵਰਤੋਂ ਕਰਦੇ ਹੋ ਤਾਂ ਇਸ ਨਾਲ ਚਮੜੀ ਨਾਲ ਜੁੜੀਆਂ ਸਮੱਸਿਆਵਾਂ ਹੋ ਸਕਦੀਆਂ ਹਨ ਡਾਕਟਰ ਜੋਤਨਿੰਦਰ ਸਿੰਘ ਸੰਧੂ, ਡਾਕਟਰ ਗੁਰਜੀਤ ਕੌਰ ਸੰਧੂ ਨੇ ਕਿਹਾ ਕਿ ਇਸ ਲਈ ਇਸ ਮੌਸਮ 'ਚ ਖੁਸ਼ਕ ਚਮੜੀ ਦੀ ਸਮੱਸਿਆ ਤੋਂ ਛੁਟਕਾਰਾ ਪਾਉਣ ਲਈ ਸਿਰਫ ਕੋਸੇ ਪਾਣੀ ਦੀ ਹੀ ਵਰਤੋਂ ਕਰਨੀ ਚਾਹੀਦੀ ਹੈ ਇਸ ਦੇ ਲਈ ਕਈ ਤਰ੍ਹਾਂ ਦੇ ਘਰੇਲੂ ਨੁਸਖੇ ਵੀ ਅਪਣਾਏ ਜਾਂਦੇ ਹਨ, ਤੁਸੀਂ ਰਾਤ ਨੂੰ ਸੌਣ ਤੋਂ ਪਹਿਲਾਂ ਕੱਚਾ ਦੁੱਧ, ਨਾਰੀਅਲ ਦਾ ਤੇਲ ਜਾਂ ਬਾਦਾਮ ਦਾ ਤੇਲ ਲਗਾ ਸਕਦੇ ਹੋ।

# ਲਹਿੰਦੇ ਪੰਜਾਬ ਦੇ ਸਰਕਾਰੀ ਸਕੂਲਾਂ 'ਚ ਪੰਜਾਬੀ ਦੀ ਪੜ੍ਹਾਈ ਲਾਜ਼ਮੀ ਹੋਣਾ ਮਾਣ ਵਾਲ਼ੀ ਗੱਲ : ਜੱਸੀ



**ਮੇਹਟੀਆਣਾ(ਜਗਤਾਰ ਸਿੰਘ ਭੁੰਗਰਨੀ )**-ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਰਜਿ. ਦੇ ਹੁਸ਼ਿਆਰਪੁਰ ਤੋਂ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਜੱਸੀ ਨੇ 59ਵੇਂ ਪੰਜਾਬ ਦਿਵਸ ਮੌਕੇ ਲਹਿੰਦੇ ਪੰਜਾਬ ਦੀ ਅਸੈਂਬਲੀ ਵਲੋਂ ਸਰਬਸੰਮਤੀ ਨਾਲ਼ ਮਤਾ ਪਾਸ ਕਰਕੇ ਸਰਕਾਰੀ ਸਕੂਲਾਂ ਵਿੱਚ ਪੰਜਾਬੀ ਭਾਸ਼ਾ ਨੂੰ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਉਣ ਦੇ ਫੈਸਲੇ ਦਾ ਸਵਾਗਤ ਕਰਦਿਆਂ ਸਮੂਹ ਪੰਜਾਬੀ ਭਾਈਚਾਰੇ ਨੂੰ ਵਧਾਈ ਦਿੱਤੀ ਹੈ। ਜੱਸੀ ਨੇ ਕਿਹਾ ਕਿ ਲਹਿੰਦੇ ਪੰਜਾਬ ਦੇ ਪੰਜਾਬੀ ਲੇਖਕ, ਪੱਤਰਕਾਰ, ਕਲਾਕਾਰ ਤੇ ਬੁੱਧੀਜੀਵੀ ਪਾਕਿਸਤਾਨ ਬਨਣ ਦੇ ਸਮੇਂ ਤੋਂ ਹੀ ਸਕੂਲਾਂ ਵਿੱਚ ਪੰਜਾਬੀਆਂ ਦੀ ਮਾਂ-ਬੋਲੀ ਨੂੰ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਉਣ ਦੀ ਮੰਗ ਮਨਵਾਉਣ ਲਈ ਜੱਦੋਜਹਿਦ ਕਰਦੇ ਆ ਰਹੇ ਸਨ ਤੇ ਆਖਰਕਾਰ ਉਨ੍ਹਾਂ ਦੇ ਸ਼ੰਘਰਸ਼ ਦੀ ਜਿੱਤ ਹੋਈ ਹੈ। ਲਹਿੰਦੇ ਪੰਜਾਬ ਦੀ ਮੁੱਖ ਮੰਤਰੀ ਮਰੀਅਮ ਨਵਾਜ਼ ਸ਼ਰੀਫ਼, ਪੰਜਾਬੀ ਦਾ ਮਤਾ ਪੇਸ਼ ਕਰਨ ਵਾਲ਼ੇ ਅਸੰਬਲੀ ਮੈਂਬਰ ਅਮਜਦ ਅਲੀ ਜਾਵੇਦ, ਸਪੀਕਰ ਮਲਿਕ ਅਹਿਮਦ ਖਾਨ, ਉਨ੍ਹਾਂ ਦਾ ਸਮੁੱਚਾ ਮੰਤਰੀ ਮੰਡਲ ਅਤੇ ਪੰਜਾਬ ਅਸੈਂਬਲੀ ਦੇ ਸਮੂਹ ਮੈਂਬਰ ਵੀ ਇਸ ਇਤਿਹਾਸਕ ਫੈਸਲੇ ਲਈ ਵਧਾਈ ਦੇ ਪਾਤਰ ਹਨ। ਜੱਸੀ ਨੇ ਕਿਹਾ ਕਿ ਸਕੂਲਾਂ, ਕਾਲਜਾਂ ਤੇ ਯੂਨੀਵਰਸਿਟੀਆਂ ਵਿੱਚ ਪੰਜਾਬੀ ਦੀ ਪੜ੍ਹਾਈ ਨੂੰ ਉਤਸ਼ਾਹਿਤ ਕਰਨ ਨਾਲ਼ ਦੋਹਾਂ ਪੰਜਾਬਾਂ ਵਿਚਕਾਰ ਬੋਲੀ ਤੇ ਸੱਭਿਆਚਾਰ ਦੀਆਂ ਸਾਂਝਾਂ ਨੂੰ ਨਾ ਕੇਵਲ ਜੀਵਤ ਰੱਖਿਆ ਜਾ ਸਕੇਗਾ ਸਗੋਂ ਹੋਰ ਵੀ ਮਜ਼ਬੂਤ ਬਣਾਇਆ ਜਾ ਸਕਦਾ ਹੈ।

# ਗੁਰਪੁਰਬ ਸੰਬੰਧੀ ਪ੍ਰਭਾਤ ਫੇਰੀਆਂ ਸ਼ੁਰੂ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਸੋਮਵਾਰ ਨੂੰ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਗੁਰਦੁਆਰਾ ਸ੍ਰੀ ਸਿੰਘ ਸਭਾ ਬੱਸ ਅੱਡਾ ਲਾਰੀਆ ਰਾਹੋਂ ਤੋਂ ਪ੍ਰਭਾਤ ਫੇਰੀਆਂ ਆਰੰਭ ਹੋਈਆਂ।

ਪ੍ਰਭਾਤ ਫੇਰੀ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਕੇ ਪ੍ਰੀਤਮ ਸਿੰਘ ਸਪੁੱਤਰ ਗੁਰਬਖਸ਼ ਸਿੰਘ ਮੁਹੱਲਾ ਦੁੱਗਲਾਂ ਅਤੇ ਗੁਰਦੁਆਰਾ ਸਿੰਘ ਸਭਾ ਘਾਟੀ ਤੇਲੀਆਂ, ਤਰਲੋਕ ਸਿੰਘ ਸਪੁੱਤਰ ਧਿਆਨ ਸਿੰਘ ਮੁਹੱਲਾ ਮੀਚਗਰਾ ਤੇ ਲਖਵਿੰਦਰ ਸਿੰਘ ਐਡਵੋਕੇਟ ਮੁਹੱਲਾ ਆਰਨਹਾਲੀ ਵਿਖੇ ਪਰਵਾਰਾਂ ਦੇ ਮੈਂਬਰਾਂ ਵੱਲੋਂ ਸੰਗਤਾਂ ਦਾ ਫੁੱਲਾਂ ਦੀ ਵਰਖਾ ਨਾਲ ਸਵਾਗਤ ਕੀਤਾ ਗਿਆ ਅਤੇ ਸ਼ਬਦੀ ਜਥੇ ਵੱਲੋਂ ਸ਼ਬਦ ਗਾਇਨ ਕੀਤੇ ਗਏ। ਇਸ ਉਪਰੰਤ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸੁਖਦੇਵ ਸਿੰਘ ਮਾਨ ਅਤੇ ਮਲਕੀਤ ਸਿੰਘ ਕਾਹਲੋਂ ਨੇ ਗੁਰੂ ਨਾਨਕ ਦੇਵ ਜੀ ਦੇ ਜੀਵਨ 'ਤੇ ਚਾਨਣਾ ਪਾਇਆ। ਇਸ ਮੌਕੇ ਸਤਪਾਲ ਸਿੰਘ,ਓਕਾਰ ਸਿੰਘ,ਬਿੰਦਰ ਸਿੰਘ,ਮਾਸਟਰ ਦਿਲਬਾਗ ਸਿੰਘ,ਹਰਵਿੰਦਰ ਸਿੰਘ,ਜੋਗਿੰਦਰ ਸਿੰਘ,ਚੜਤ ਸਿੰਘ,ਗੁਰਮੇਜ ਸਿੰਘ ਆਦਿ ਹਾਜਰ ਸਨ।



# ਰਵੀ ਸ਼ਰਮਾ ਵੱਲੋਂ ਕਬੱਡੀ ਖਿਡਾਰੀ ਦਾ ਸੋਨੇ ਦੀ ਮੁੰਦੀ ਨਾਲ ਸਨਮਾਨ



**ਨਿਊ ਚੰਡੀਗੜ੍ਹ (ਮੋਹਨ ਅੱਗਰਵਾਲ)** ਬੀਤੇ ਦਿਨੀਂ ਜ਼ਿਲ੍ਹਾ ਮੋਹਾਲੀ ਦੇ ਪਿੰਡ ਹੁਸ਼ਿਆਰਪੁਰ ਨਿਊ ਚੰਡੀਗੜ੍ਹ ਵਿਖੇ ਜਗਤਾਰ ਸਿੰਘ ਸਿੱਧੂ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਕਬੱਡੀ ਕੱਪ ਕਰਵਾਇਆ ਗਿਆ ਸੀ।

ਇਸ ਦੌਰਾਨ ਇਲਾਕੇ ਦੇ ਨਾਮਵਰ ਸਮਾਜ ਸੇਵੀ,ਖੇਡ ਪ੍ਰਮੋਟਰ ਅਤੇ ਦਾਸ ਐਸੋਸੀਏਟ ਦੇ ਸੰਚਾਲਕ ਰਵੀ ਸ਼ਰਮਾ ਵੱਲੋਂ ਨੇੜਲੇ ਪਿੰਡ ਕੰਸਾਲਾ ਦੇ ਨੌਜਵਾਨ ਕਬੱਡੀ ਖਿਡਾਰੀ ਗੁਰਜੰਟ ਸਿੰਘ ਜੰਟਾ ਦਾ ਪੰਜ ਤੋਲੇ ਸੋਨੇ ਦੀ ਮੁੰਦੀ ਨਾਲ ਸਨਮਾਨ ਕੀਤਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਸ੍ਰੀ ਰਵੀ ਨੇ ਕਿਹਾ ਕਿ ਸਰਕਾਰ ਦੀ ਅਣਦੇਖੀ ਦਾ ਸ਼ਿਕਾਰ ਬਹੁਤ ਸਾਰੇ ਨੌਜਵਾਨ ਖਿਡਾਰੀ ਖੇਡਾਂ ਤੋਂ ਮੁੱਖ ਮੋੜਦੇ ਨਜ਼ਰ ਆ ਰਹੇ ਹਨ। ਖਿਡਾਰੀਆਂ ਨੂੰ ਸਹੀ ਖੁਰਾਕ ਨਹੀ ਮਿਲਦੀ ਹੈ ਅਤੇ ਨਾ ਹੀ ਖੇਡਾਂ ਅਤੇ ਖਿਡਾਰੀਆਂ ਨੂੰ ਪ੍ਰਫੁੱਲਿਤ ਕਰਨ ਲਈ ਕੋਈ ਢੁੱਕਵੀ ਵਿਵਸਥਾ ਸਰਕਾਰ ਵੱਲੋਂ ਕੀਤੀ ਗਈ ਹੈ।

ਇਸੇ ਤਰ੍ਹਾਂ ਹੀ ਨੇੜਲੇ ਪਿੰਡ ਕੰਸਾਲਾ ਦਾ ਨੌਜਵਾਨ ਖਿਡਾਰੀ ਗੁਰਜੰਟ ਸਿੰਘ ਜੰਟਾ ਵੀ ਗਰੀਬੀ ਕਾਰਨ ਸ਼ਾਇਦ ਅੱਗੇ ਵਧਣ ਵਿੱਚ ਅਸਮਰਥ ਸੀ।ਪਰ ਹੁਣ ਉਸ ਨੌਜਵਾਨ ਵੱਲੋਂ ਉਨ੍ਹਾਂ ਨਾਲ ਰਾਬਤਾ ਕਾਇਮ ਕੀਤਾ ਗਿਆ ਹੈ, ਜਿਸ ਦਾ ਫਾਇਦਾ ਸ਼ਾਇਦ ਇਕੱਲੇ ਉਸ ਖਿਡਾਰੀ ਨੂੰ ਹੀ ਨਹੀਂ ਹੋਵੇਗਾ ਸਗੋਂ ਭਵਿੱਖ ਵਿੱਚ ਹੋਰਨਾਂ ਖੇਡਾਂ ਨਾਲ ਜੁੜੇ ਖਿਡਾਰੀਆਂ ਨੂੰ ਹੋਵੇਗਾ।

# ਵੇਟ ਲਿਫਟਿੰਗ ਮੁਕਾਬਲਿਆਂ 'ਚ ਜੇਤੂ ਟੀਮ ਨੂੰ ਕੀਤਾ ਸਨਮਾਨਤ




**ਅੱਡਾ ਸਰਾਂ (ਜਸਵੀਰ ਕਾਜਲ )**- ਸਰਕਾਰੀ ਹਾਈ ਸਕੂਲ ਦੇਹਰੀਵਾਲ ਵਿਚ ਹੋਏ ਸਨਮਾਨ ਸਮਾਗਮ ਦੌਰਾਨ 67 ਵੀਆਂ ਪੰਜਾਬ ਸਕੂਲ ਖੇਡਾਂ ਵੇਟ ਲਿਫਟਿੰਗ ਅੰਡਰ 17 ਤੇ ਅੰਡਰ 19 ਲੜਕੇ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੀ ਟੀਮ ਦਾ ਸਨਮਾਨ ਕੀਤਾ ਗਿਆ। ਸਕੂਲ ਮੁਖੀ ਜਤਿੰਦਰਪਾਲ ਸਿੰਘ ਦੀ ਅਗਵਾਈ ਵਿਚ ਹੋਏ ਸਮਾਗਮ ਦੌਰਾਨ ਮੁੱਖ ਮਹਿਮਾਨ ਦੇਹਰੀਵਾਲ ਵੇਟਲਿਫਟਿੰਗ ਸੈਂਟਰ ਦੇ ਸਰਪ੍ਰਸਤ ਹਰਦੀਪ ਸਿੰਘ ਬੀਰਮਪੁਰ ਅਤੇ ਹਰਬੰਸ ਸਿੰਘ ਬੀਰਮਪੁਰ ਨੇ ਅੰਡਰ 19 ਵਰਗ ਅਤੇ ਅੰਡਰ 17 ਟੀਮ ਨੇ ਓਵਰਆਲ ਟਰਾਫੀ ਜਿੱਤ ਕੇ ਜ਼ਿਲ੍ਹੇ ਦਾ ਨਾਮ ਰੋਸ਼ਨ ਕਰਨ ਵਾਲੇ ਖਿਡਾਰੀਆਂ ਅਤੇ ਕੋਚ ਬਲਜਿੰਦਰ ਸਿੰਘ ਭਿੰਡਰ ਦਾ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਹਰਦੀਪ ਸਿੰਘ ਬੀਰਮਪੁਰ ਨੇ ਸਰਬਜੋਤ ਸਿੰਘ, ਮਨਤੇਜ ਭਿੰਡਰ, ਤਨਵੀਰ ਸਿੰਘ, ਗੁਰਮਣ ਸਿੰਘ, ਸਲੀਮ, ਪਰਮਜੋਤ ਸਿੰਘ, ਹਰਜੋਤ ਸਿੰਘ ਨੂੰ ਸਨਮਾਨਿਤ ਕੀਤਾ। ਇਸ ਦੇ ਨਾਲ ਹੀ 96 ਕਿੱਲੋ ਭਾਰ 19 ਸਾਲ ਵਰਗ ਵਿਚ ਸੈਂਟਰ ਦੇ ਖਿਡਾਰੀ ਤਨਵੀਰ ਸਿੰਘ ਨੇ ਕੌਮੀ ਖੇਡਾਂ ਵਿਚ ਸਥਾਨ ਬਣਾਇਆ ਹੈ। ਇਸ ਮੌਕੇ ਸਰਪੰਚ ਅਵਤਾਰ ਸਿੰਘ, ਗੋਰਾ ਭਿੰਡਰ, ਸਾਬਕਾ ਸਰਪੰਚ ਹਰਦਿਆਲ ਸਿੰਘ, ਨੰਬਰਦਾਰ ਤੀਰਥ ਸਿੰਘ, ਹਰਜਿੰਦਰ ਸਿੰਘ, ਕੁਲਵਿੰਦਰ ਸਿੰਘ, ਪਰਮਿੰਦਰ ਸਿੰਘ, ਬੰਟੂ ਦੇਹਰੀਵਾਲ, ਨੰਬਰਦਾਰ ਉਂਕਾਰ ਸਿੰਘ, ਮਨਦੀਪ ਸਿੰਘ ਲਿੱਤਰ, ਰਿੰਕੂ ਲੁਧਿਆਣਾ, ਗੁਰਦੀਪ ਸਿੰਘ, ਸੀਮਾ ਦੇਵੀ, ਮਣੀ ਦੇਹਰੀਵਾਲ, ਸਰਬਜੋਤ ਸਿੰਘ ਸੰਧੂ, ਬਲਦੇਵ ਸਿੰਘ ਆਦਿ ਮੌਜੂਦ ਸਨ ।

# ਪੱਜੋਦਿਉਤਾ ਵਿਖੇ ਖੂਨਦਾਨ ਤੇ ਫ਼੍ਰੀ ਜਾਂਚ ਕੈਂਪ ਲਗਾਇਆ



**ਆਦਮਪੁਰ (ਪਰਮਜੀਤ ਸਿੰਘ)**:- ਪਿੰਡ ਪੱਜੋਦਿਉਤਾ ਵਿਖੇ ਉਘੇ ਸਮਾਜ ਸੇਵੀ ਭੈਣ ਮਨਜੀਤ ਕੌਰ ਮਹਿਤਾ ਵੀਡੀਓ ਡਾਇਰੈਕਟਰ ਬਾਈ ਸੁੱਖੀ ਦਾਊਦਪੁਰੀਆ ਅਤੇ ਸੇਵਾਦਾਰ ਭਾਈ ਸੁਖਜੀਤ ਸਿੰਘ ਵੱਲੋਂ ਸਿਵਲ ਹਸਪਤਾਲ ਜਲੰਧਰ ਬਲੱਡ ਬੈਂਕ ਦੇ ਸਹਿਯੋਗ ਨਾਲ ਖੂਨਦਾਨ ਕੈਂਪ ਅਤੇ ਇਲਾਕੇ ਦੇ ਉੱਘੇ ਰਾਜਨੀਤਕ ਅਤੇ ਕਿਸਾਨ ਆਗੂ ਸ਼੍ਰੀ ਪ੍ਰਸ਼ੋਤਮ ਰਾਜ ਅਹੀਰ ਨੈਸ਼ਨਲ ਆਈਂ ਕੇਅਰ ਸੈਂਟਰ ਭੋਗਪੁਰ ਦੀ ਸਮੁੱਚੀ ਟੀਮ ਦੇ ਵੱਡੇ ਸਹਿਯੋਗ ਨਾਲ ਅੱਖਾਂ ਦਾ ਫ਼੍ਰੀ ਜਾਂਚ ਕੈਂਪ ਵੀ ਲਗਾਇਆ ਗਿਆ ਅਤੇ ਫ਼੍ਰੀ ਦਵਾਈਆਂ ਵੀ ਵੰਡੀਆਂ ਗਈਆਂ, ਜਿਸ ਵਿੱਚ 25 ਖੂਨਦਾਨੀਆਂ ਨੇ ਖੂਨਦਾਨ ਕੀਤਾ ਅਤੇ 80 ਦੇ ਕਰੀਬ ਅੱਖਾਂ ਦੇ ਮਰੀਜ਼ਾਂ ਨੇਂ ਅੱਖਾਂ ਦੇ ਫ਼੍ਰੀ ਜਾਂਚ ਕੈਂਪ ਦਾ ਲਾਭ ਪ੍ਰਾਪਤ ਕੀਤਾ। ਇਸ ਮੌਕੇ ਇਲਾਕੇ ਦੇ ਬਹੁਤ ਸਾਰੇ ਨਵੇਂ ਚੁਣੇ ਗਏ ਸਰਪੰਚਾਂ, ਪੰਚਾਂ ਦੇ ਨਾਲ ਨਾਲ ਮੁੱਖ ਮਹਿਮਾਨ ਵਜੋਂ ਉਘੇ ਸਮਾਜ ਸੇਵੀ ਸਰਦਾਰ ਮਨਜੋਤ ਸਿੰਘ ਤਲਵੰਡੀ, ਸੀਨੀਅਰ ਕਾਂਗਰਸੀ ਆਗੂ ਪਵਿੱਤਰ ਆਹਲੂਵਾਲੀਆ ਹਲਕਾ ਸ਼ਾਮਚੁਰਾਸੀ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਅਤੇ ਭੈਣ ਮਨਜੀਤ ਕੌਰ ਮਹਿਤਾ ਅਤੇ ਸਮੂਹ ਪਰਵਾਰ ਦੀ ਇਸ ਨੇਕ ਕਾਰਜ ਲਈ ਭਰਪੂਰ ਸ਼ਲਾਘਾ ਕੀਤੀ

ਇਸ ਬਲੱਡ ਕੈਂਪ ਵਿੱਚ ਜਸਵੰਤ ਸਰਪੰਚ, ਸੁਮਨ ਲਤਾ, ਕਾਲਾ ਹਲਵਾਈ, ਰੇਖਾ ਮਹਿਤਾ, ਸੀਮਾ ਮਹਿਤਾ, ਜੱਸੀ ਮਹਿਤਾ ਟੀਟੂ, ਕੁਕਾ, ਰਾਜ ਲਾਚੋਵਾਲ,ਸਾਬੀ ਪੱਜੋਦੱਤਾ , ਰਮਾ ਅਮਨ ਕਤੋਵਾਲ, ਮੇਸ਼ੀ ਅਮਨਦੀਪ ਭੇਲਾ ਪੰਚ ਅਤੇ ਵੀਡੀਓ ਡਾਇਰੈਕਟਰ ਸਰਪੰਚ ਸਾਬ ਸੁੱਖੀ ਦਾਊਦਪੁਰੀਆ ਜੀ ਅਤੇ ਸੇਵਾਦਾਰ ਭਾਈ ਸੁਖਜੀਤ ਸਿੰਘ ਜੀ ਗੁਰਦੁਆਰਾ ਸ਼ਹੀਦ ਬਾਬਾ ਮੱਤੀਂ ਸਾਹਿਬ ਜੀ ਡਰੋਲੀ ਕਲਾਂ ਹਾਜ਼ਰ ਸਨ

# 1984 ਸਿੱਖ ਕਤਲੇਆਮ ਖਿਲਾਫ ਮਹਿਤਪੁਰ 'ਚ ਰੋਸ ਪ੍ਰਦਰਸ਼ਨ

## ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਕੀਤੀ ਮੰਗ




**ਮਹਿਤਪੁਰ (ਰਾਜਾ)** ਕਿਰਤੀ ਕਿਸਾਨ ਯੂਨੀਅਨ ਵੱਲੋਂ 1984 ਦੇ ਸਿੱਖ ਕਤਲੇਆਮ ਖਿਲਾਫ ਪੰਜਾਬ ਭਰ 'ਚ ਰੋਸ ਪ੍ਰਦਰਸ਼ਨ ਕਰਨ ਦੇ ਦਿੱਤੇ ਗਏ ਸੱਦੇ ਤਹਿਤ ਕਿਰਤੀ ਕਿਸਾਨ ਯੂਨੀਅਨ ਅਤੇ ਇਸਤਰੀ ਜਾਗ੍ਰਿਤੀ ਮੰਚ ਵੱਲੋਂ ਮਹਿਤਪੁਰ ਕਸਬੇ ਵਿੱਚ ਕ੍ਰਿਸਚੀਅਨ ਕਮਿਊਨਿਟੀ ਹਾਲ ਤੋਂ ਸ਼ੁਰੂ ਹੋ ਕੇ ਸ਼ਹਿਰ ਵਿੱਚ ਪ੍ਰਦਰਸ਼ਨ ਕੀਤਾ ਗਿਆ,ਜਿਸ ਵਿੱਚ ਵੱਡੀ ਗਿਣਤੀ ਵਿੱਚ ਪੇਂਡੂ ਮਜ਼ਦੂਰ ਵੀ ਸ਼ਾਮਿਲ ਹੋਏ। ਇਕੱਠ ਨੂੰ ਸੰਬੋਧਨ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਗੁਰਕਮਲ ਸਿੰਘ ਅਤੇ ਰਜਿੰਦਰ ਸਿੰਘ ਮੰਡ ਨੇ ਕਿਹਾ ਕਿ ਸਿੱਖ ਨਸਲਕੁਸ਼ੀ ਦੇ 40 ਸਾਲ ਬੀਤ ਜਾਣ ਦੇ ਬਾਅਦ ਵੀ ਪੀੜਤਾਂ ਨੂੰ ਇਨਸਾਫ਼ ਨਹੀਂ ਮਿਲਿਆ ਤੇ ਨਾ ਹੀ ਭਾਰਤੀ ਹਾਕਮਾਂ ਨੇ ਦੇਸ਼ ਦੀਆਂ ਘੱਟ ਗਿਣਤੀਆਂ ਪ੍ਰਤੀ ਆਪਣਾ ਰੁੱਖ ਤਬਦੀਲ ਨਹੀਂ ਕੀਤਾ।ਉਹਨਾਂ ਨੇ ਕਿਹਾ ਕਿ 1984 'ਚ ਜਿਸ ਤਰ੍ਹਾਂ ਦੇਸ਼ ਭਰ ਵਿਚ ਸਿੱਖਾਂ ਦਾ ਕਤਲੇਆਮ ਕੇਂਦਰ ਦੀ ਕਾਂਗਰਸ ਸਰਕਾਰ ਨੇ ਗਿਣੀ ਮਿਥੀ ਸਾਜ਼ਿਸ਼ ਤਹਿਤ ਕਰਵਾਇਆ ਉਹ ਇਸ ਮੁਲਕ ਦੀ ਅਖੌਤੀ ਜ਼ਮਹੂਰੀਅਤ ਦੇ ਚਿਹਰੇ ਤੋਂ ਕਦੇ ਵੀ ਨਾ ਉੱਤਰਨ ਵਾਲਾ ਕਲੰਕ ਹੈ! ਇਸ ਮੌਕੇ ਸੰਬੋਧਨ ਕਰਨ ਵਾਲਿਆਂ ਵਿੱਚ ਇਸਤਰੀ ਜਾਗ੍ਰਿਤੀ ਮੰਚ ਦੀ ਆਗੂ ਅਨੀਤਾ ਸੰਧੂ ਅਤੇ ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਕਸ਼ਮੀਰ ਮੰਡਿਆਲਾ ਨੇ ਕਿਹਾ ਕਿ ਇਸ ਸਿੱਖ ਨਸਲਕੁਸ਼ੀ ਦੀ ਮੁਹਿੰਮ ਵਿਚ ਕਾਂਗਰਸ ਸਮੇਤ ਆਰਐੱਸਐੱਸ ਉਸ ਸਮੇਂ ਦੀ ਜਨ ਸੰਘ ਦੇ ਕਾਰਕੁੰਨ ਵੀ ਵੱਡੀ ਗਿਣਤੀ 'ਚ ਸਿੱਖ ਕਤਲੇਆਮ ਵਿੱਚ ਸ਼ਾਮਲ ਸਨ। ਪਹਿਲਾਂ ਕੇਂਦਰ ਦੀ ਕਾਂਗਰਸ ਅਤੇ ਹੁਣ ਭਾਜਪਾ ਦੇਸ਼ ਦੀਆਂ ਘੱਟ ਗਿਣਤੀਆਂ ਕਦੇ ਸਿੱਖਾਂ ਕਦੇ ਮੁਸਲਮਾਨਾਂ ਤੇ ਕਦੇ ਇਸਾਈਆਂ ਨੂੰ ਆਪਣਾ ਚੋਣਵਾਂ ਨਿਸ਼ਾਨਾ ਬਣਾ ਕੇ ਉਨ੍ਹਾਂ ਖਿਲਾਫ ਨਫਰਤ ਦਾ ਮਾਹੌਲ ਬਣਾਕੇ ਤੇ ਫਿਰ ਬਹੁ ਗਿਣਤੀ ਦੀਆਂ ਭਾਵਨਾਵਾਂ ਨੂੰ ਵੋਟਾਂ 'ਚ ਤਬਦੀਲ ਕਰਨਾ ਹਾਕਮਾਂ ਦੀ ਚੋਣ ਨੀਤੀ ਬਣ ਚੁਕੀ ਹੈ। ਇਸ ਲਈ ਸਿਰਫ ਘੱਟ ਗਿਣਤੀਆਂ ਨੂੰ ਹੀ ਨਹੀਂ ਬਲਕਿ ਉਹਨਾਂ ਦੇ ਧਾਰਮਿਕ ਸਥਾਨਾਂ ਨੂੰ ਵੀ ਨਿਸ਼ਾਨਾ ਬਣਾਇਆ ਜਾ ਰਿਹਾ ਹੈ।ਮੌਜੂਦਾ ਮੋਦੀ ਸਰਕਾਰ ਹਰ ਘੱਟ ਗਿਣਤੀ, ਬੁਧੀਜੀਵੀ, ਲੇਖਕ ਤੇ ਵੱਖਰੇ ਵਿਚਾਰਾਂ ਵਾਲੇ ਲੋਕਾਂ ਕੋਲੋਂ ਉਨ੍ਹਾਂ ਦੇ ਪ੍ਰਗਟਾਵੇ ਦੀ ਆਜ਼ਾਦੀ ਖੋਹ ਕੇ ਨਿਸ਼ਾਨਾ ਬਣਾ ਰਹੀ ਹੈ।ਇਸ ਮੌਕੇ ਸੰਬੋਧਨ ਕਰਨ ਵਾਲਿਆਂ ਵਿੱਚ ਸਾਬਕਾ ਸਰਪੰਚ ਬਚਨ ਸਿੰਘ, ਸਾਬਕਾ ਸਰਪੰਚ ਗੁਰਦਿਆਲ ਸਿੰਘ, ਵਿਜੇ ਬਾਠ, ਪਰਮਜੀਤ ਕੋਰ ਮਾਨ, ਬਖਸ਼ੋ ਰਾਣੀ, ਹਰਵਿੰਦਰ ਕੌਰ, ਮਨਜੀਤ ਕੌਰ, ਕੁਲਦੀਪ ਕੌਰ,ਰਤਨ ਸਿੰਘ, ਅਮਰ ਸਿੰਘ, ਸੰਦੀਪ ਸਿੰਘ, ਤਰਨਜੀਤ ਸਿੰਘ ਮਾਨ, ਅਵਤਾਰ ਤਾਰੀ, ਸੁਰਜੀਤ ਸਿੰਘ, ਸੁਰਿੰਦਰ ਸਿੰਘ, ਸੁਖਦੇਵ ਸਿੰਘ, ਸਰਬਜੀਤ ਸਿੰਘ, ਲਖਵਿੰਦਰ ਸਿੰਘ, ਮਨਜਿੰਦਰ ਸਿੰਘ ਮੰਡ ਆਦਿ ਸ਼ਾਮਲ ਸਨ।

# ਖਹਿਰਾ ਮੁਸ਼ਤਰਕਾ ਵਿਖੇ ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਹੋਈਆਂ ਸਮਾਪਤ



**ਮਹਿਤਪੁਰ (ਰਾਜਾ)** ਜ਼ਿਲ੍ਹਾ ਜਲੰਧਰ ਦੀਆ ਜ਼ਿਲ੍ਹਾ ਪੱਧਰੀ ਖੇਡਾਂ 2024 ਸਾਕਾਰੀ ਪ੍ਰਾਇਮਰੀ ਸਕੂਲ ਖਹਿਰਾ ਮੁਸ਼ਤਰਕਾ ਬਲਾਕ ਨਕੋਦਰ-1 ਵਿਖੇ ਕਰਵਾਈਆ ਗਈਆ । ਮੁੱਖ ਅਧਿਆਪਕ ਲਖਵਿੰਦਰ ਸਿੰਘ ਨੇ ਦੱਸਿਆ ਕਿ ਲੜਕੀਆ ਦੀਆ ਖੇਡਾਂ ਦਾ ਉਦਘਾਟਨ ਸ੍ਰੀਮਤੀ ਹਰਜਿੰਦਰ ਕੌਰ ਜ਼ਿਲ੍ਹਾ ਸਿੱਖਿਆ ਅਫਸਰ ਨੇ ਕੀਤਾ । ਇਨਾਮ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀਮਤੀ ਹਰਜਿੰਦਰ ਕੌਰ , ਬਲਾਕ ਸਿੱਖਿਆ ਅਫਸਰ ਬੀਕੇ ਮਹਿਮੀ ਬਲਾਕ ਸਿੱਖਿਆ ਅਫਸਰ ਸ੍ਰੀ ਪ੍ਰਦੀਪ ਕੁਮਾਰ ਵੱਲੋ ਦਿੱਤੇ ਗਏ । ਲੜਕੀਆ ਦਾ ਨਤੀਜਾ ਇਸ ਤਰ੍ਹਾਂ ਰਿਹਾ । ਕਬੱਡੀ ਨੈਸ਼ਨਲ ਸਟਾਈਲ ਫਸਟ ਨਕੋਦਰ, ਸੈਕਿੰਡ ਜਲੰਧਰ-.1, ਖੋ-ਖੋ ਫਸਟ ਨਕੋਦਰ, ਸੈਕਿੰਡ ਜਲੰਧਰ-2, ਹੈਂਡਬਾਲ ਫਸਟ ਜਲੰਧਰ-2, ਸੈਕਿੰਡ ਨਕੋਦਰ, ਬੈਡਮਿੰਟਨ ਫਸਟ ਨਕੋਦਰ, ਸੈਕਿੰਡ ਜਲੰਧਰ-2, ਸ਼ਤਰੰਜ ਫਸਟ ਜਲੰਧਰ-2, ਸੈਕਿੰਡ ਨਕੋਦਰ, ਜਿਮਨਾਸਟਿਕ ਫਸਟ ਨਕੋਦਰ, ਸੈਕਿੰਡ ਜਲੰਧਰ-2, ਜਲੰਧਰ-1, ਯੋਗਾ ਫਸਟ ਨਕੋਦਰ, ਸੈਕਿੰਡ ਜਲੰਧਰ 2, ਜਲੰਧਰ 1, ਕਰਾਟੇ ਫਸਟ ਨਕੋਦਰ, ਸੈਕਿੰਡ ਫਿਲੌਰ, ਫਸਟ ਜਲੰਧਰ 2 ਸੈਕਿੰਡ ਜਲੰਧਰ 1, ਫੁੱਟਬਾਲ ਫਸਟ ਜਲੰਧਰ -1, ਸੈਕਿੰਡ ਨਕੋਦਰ 9 ਰਿਹਾ। ਲੜਕਿਆਂ ਦੀਆਂ ਖੇਡਾ ਲਈ ਹਲਕਾ ਇੰਚਾਰਜ ਸ਼ਾਹਕੋਟ ਪਰਮਿੰਦਰ ਸਿੰਘ ਪੰਡੋਰੀ ਵਿਸ਼ੇਸ਼ ਤੌਰ 'ਤੇ ਪਹੁੰਚੇ । ਜਿਨ੍ਹਾਂ ਨੇ ਸਾਰੇ ਜੇਤੂ ਬੱਚਿਆਂ ਦੀਆਂ ਕਿੱਟਾਂ ਲਈ 1 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਅਖੀਰ ਵਿੱਚ ਜੇਤੂ ਲੜਕਿਆ ਨੂੰ ਇਨਾਮ ਵੰਡੇ ਗਏ । ਜਿਸ ਦਾ ਨਤੀਜਾ ਇਸ ਤਰ੍ਹਾਂ ਰਿਹਾ।ਕਬੱਡੀ ਨੈਸ਼ਨਲ ਸਟਾਇਲ ਨਕੋਦਰ ਫਸਟ, ਜਲੰਧਰ-2 ਸੈਕਿੰਡ, ਕਬੱਡੀ ਸਰਕਲ ਸਟਾਇਲ ਨਕੋਦਰ ਫਸਟ, ਜਲੰਧਰ-2 ਸੈਕਿੰਡ, ਖ-ਖੋ ਜਲੰਧਰ-2 ਫਸਟ , ਨਕੋਦਰ ਸੈਕਿੰਡ, ਹੈਂਡਬਾਲ ਨਕੋਦਰ ਫਸਟ, ਜਲੰਧਰ -1 ਸੈਕਿੰਡ, ਬੈਡਮਿੰਟਨ ਨਕੋਦਰ ਫਸਟ ,ਜਲੰਧਰ-1 ਸੈਕਿੰਡ, ਸ਼ਤਰੰਜ ਜਲੰਧਰ-2 ਫਸਟ, ਨਕੋਦਰ ਸੈਕਿੰਡ, ਜਿਮਨਾਸਟਿਕ ਜਲੰਧਰ-1 ਫਸਟ, ਨਕੋਦਰ ਸੈਕਿੰਡ, ਯੋਗਾ ਨਕੋਦਰ ਫਸਟ, ਜਲੰਧਰ-1, ਜਲੰਧਰ-2, ਸੈਕਿੰਡ, ਕਰਾਟੇ ਨਕੋਦਰ ਫਸਟ, ਜਲੰਧਰ-1 ਸੈਕਿੰਡ, ਹਾਕੀ ਨਕੋਦਰ ਫਸਟ, ਜਲੰਧਰ-2 ਸੈਕਿੰਡ, ਫੁੱਟਬਾਲ ਜਲੰਧਰ-1 ਫਸਟ ਤੇ ਜਲੰਧਰ-2 ਸੈਕਿੰਡਰਿਹਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਐਮਐਲਏ ਹਲਕਾ ਸ਼ਾਹਕੋਟ ਸ. ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਜੀ ਪਹੁੰਚੇ, ਜਿਹਨਾਂ ਵੱਲੋਂ 1 ਲੱਖ ਰੁਪਏ ਸਕੂਲ ਦੀ ਬਿਹਤਰੀ ਲਈ ਦੇਣ ਦਾ ਇਲਾਨ ਕੀਤਾ ਗਿਆ । ਐਥਲੈਟਿਕਸ ਮੀਟ ਵਿੱਚ ਜੇਤੂ ਖਿਡਾਰੀਆ ਨੂੰ ਇਨਾਮ ਮੁੱਖ ਮਹਿਮਾਨ ਸ. ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਅਤੇ ਉਪ ਜਿਲ੍ਹਾ ਸਿੱਖਿਆ ਅਫ਼ਸਰ ਮਨੀਸ਼ ਸ਼ਰਮਾ ਵੱਲੋਂ ਦਿੱਤੇ ਗਏ । ਅਖੀਰ ਵਿੱਚ ਮੁੱਖ ਅਧਿਆਪਕ ਲਖਵਿੰਦਰ ਸਿੰਘ ਵਲੋਂ ਸਾਰਿਆ ਦਾ ਧੰਨਵਾਦ ਕੀਤਾ ਗਿਆ । ਇਸ ਮੌਕੇ ਸ੍ਰੀ ਬੀਕੇ ਮਹਿਮੀ, ਸ੍ਰੀ ਪ੍ਰਦੀਪ ਕੁਮਾਰ, ਸ੍ਰੀ ਰਮੇਸ਼ਵਰ ਚੰਦਰ ਅਤੇ ਸਮੂਹ ਬੀਪੀਈਓ ਸਹਿਬਾਨ ਸਕੂਲ ਮੁਖੀ ਲਖਵਿੰਦਰ ਸਿੰਘ, ਮੈਡਮ ਦਵਿੰਦਰ ਕੌਰ, ਮੈਡਮ ਗਗਨਦੀਪ ਕੌਰ, ਨਿਰਮਲ ਸਿੰਘ, ਸਰਪੰਚ ਸ੍ਰੀਮਤੀ ਕੰਵਲਜੀਤ ਕੌਰ, ਕੇਵਲ ਸਿੰਘ, ਰਣਜੀਤ ਸਿੰਘ , ਰਘਬੀਰ ਸਿੰਘ, ਜਸਵਿੰਦਰ ਸਿੰਘ ਅਤੇ ਸਮੂਹ ਗ੍ਰਾਮ ਪੰਚਾਇਤ ਅਤੇ ਐਸ ਐਮ ਸੀ ਕਮੇਟੀ ਸਰਕਾਰੀ ਪ੍ਰਾਇਮਰੀ ਸਕੂਲ ਖਹਿਰਾ ਮੁਸ਼ਤਰਕਾ ਮੌਜੂਦ ਸਨ।

# ਗੁਰੂ ਮਾਂ ਸਵਰਨ ਦੇਵਾ ਨੇ ਦੀਵਾਲੀ ਝੁੱਗੀਆਂ 'ਚ ਰਹਿ ਰਹੇ ਲੋਕਾਂ ਨਾਲ ਮਨਾਈ



**ਅੱਪਰਾ (ਨਿਰਮਲ ਗੁੜਾ)**-ਮਾਂ ਵੈਸ਼ਨੋ ਦਰਬਾਰ ਦੁੱਖ ਖੰਡਨ ਨਿਵਾਸ ਮੰਦਰ ਮੋਰੋਂ ਦੇ ਗੱਦੀ ਨਸ਼ੀਨ ਗੁਰੂ ਮਾਂ ਸਵਰਨ ਦੇਵਾ ਯੂ ਕੇ ਵਾਲਿਆਂ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦੀਵਾਲੀ ਦਾ ਤਿਓਹਾਰ ਝੁੱਗੀਆਂ ਝੌਪੜੀਆਂ ਵਿੱਚ ਰਹਿ ਰਹੇ ਗਰੀਬ ਤੇ ਬੇਸਹਾਰਾ ਲੋਕਾਂ ਨਾਲ ਮਨਾ ਕੇ ਖੁਸ਼ੀ ਸਾਂਝੀ ਕੀਤੀ ਗਈ।ਇਸ ਮੌਕੇ ਉਹਨਾਂ ਦੇ ਨਾਲ ਛੋਟੇ ਮਾਂ ਸੀਤੇ ਮਾਤਾ ਜੀ ਯੂ ਕੇ, ਪੁਲਸ ਚੌਂਕੀ ਧੁਲੇਤਾ ਦੇ ਇੰਚਾਰਜ ਸੁਖਵਿੰਦਰ ਸਿੰਘ ਸੋਢੀ ਪੁਲਸ ਪਾਰਟੀ ਸਮੇਤ, ਸੇਵਾਦਾਰ ਵਿਜੇ ਹਰਫ ਯੂ ਕੇ, ਸ਼ਨੀ ਦੇਵ ਮੰਦਰ ਅੱਪਰਾ ਦੇ ਸੰਚਾਲਕ ਪੰਡਤ ਕਿਸ਼ੋਰ ਕੁਮਾਰ ਸ਼ਾਸ਼ਤਰੀ ਅਤੇ ਹੋਰ ਸੰਗਤ ਵੀ ਹਾਜ਼ਰ ਸੀ।ਗੁਰੂ ਮਾਂ ਸਵਰਨ ਦੇਵਾ ਵੱਲੋਂ ਵੱਖ ਵੱਖ ਥਾਵਾਂ 'ਤੇ ਝੁੱਗੀਆਂ ਵਿੱਚ ਰਹਿ ਰਹੇ ਬੱਚਿਆਂ ਨੂੰ ਮਿਠਾਈਆਂ, ਮੋਮਬੱਤੀਆਂ, ਫਰੂਟੀਆਂ ਅਤੇ ਮਿੱਠੇ ਚੌਲ੍ਹਾਂ ਦਾ ਪ੍ਰਸ਼ਾਦ ਵਰਤਇਆ ਗਿਆ।ਆਖਰ ਵਿੱਚ ਮਾਂ ਵੈਸ਼ਨੋ ਦਰਬਾਰ ਦੁੱਖ ਖੰਡਨ ਨਿਵਾਸ ਮੰਦਿਰ ਮੋਰੋਂ ਵਿਖੇ ਆਰਤੀ ਕੀਤੀ ਗਈ ਅਤੇ ਸ਼ਨੀ ਦੇਵ ਮੰਦਰ ਅੱਪਰਾ ਵਿਖੇ ਮੱਥਾ ਟੇਕਿਆ ਗਿਆ।ਗੁਰੂ ਮਾਂ ਸਵਰਨ ਦੇਵਾ ਨੇ ਕਿਹਾ ਕਿ ਸਾਰੇ ਧਰਮਾਂ ਦੇ ਪਵਿੱਤਰ ਤਿਓਹਾਰ ਸਾਨੂੰ ਸਾਰਿਆਂ ਨੂੰ ਰਲ਼ ਮਿਲ਼ ਕੇ ਮਨਾਉਣੇ ਚਾਹੀਦੇ ਹਨ ਅਤੇ ਦੀਵਾਲੀ ਪ੍ਰਦੂਸ਼ਨ ਰਹਿਤ ਮਨਾਉਣੀ ਚਾਹੀਦੀ ਹੈ।

# ਨੌਜਵਾਨ ਪੀੜ੍ਹੀ ਦਾ ਪੰਜਾਬ ਛੱਡ ਕੇ ਵਿਦੇਸ਼ ਜਾਣਾ ਪੰਜਾਬ ਦੀ ਆਰਥਕ ਮੰਦਹਾਲੀ ਦਾ ਵੱਡਾ ਕਾਰਨ : ਬੀ ਟੀ ਐੱਫ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)** ਬੇਗਮਪੁਰਾ ਟਾਇਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਬੇਗਮਪੁਰਾ ਟਾਇਗਰ ਫੋਰਸ ਦੀ ਇੱਕ ਮੀਟਿੰਗ ਫੋਰਸ ਦੇ ਜਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਤੇ ਜਿਲ੍ਹਾ ਸੀਨੀਅਰ ਮੀਤ ਪ੍ਰਧਾਨ ਸ਼ਤੀਸ਼ ਕੁਮਾਰ ਸ਼ੇਰਗੜ੍ਹ ਦੀ ਪ੍ਰਧਾਨਗੀ ਹੇਠ ਫੋਰਸ ਦੇ ਮੁੱਖ ਦਫਤਰ ਭਗਤ ਨਗਰ ਨੇੜੇ ਮਾਡਲ ਵਿਖੇ ਹੋਈ।ਮੀਟਿੰਗ ਵਿੱਚ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ ਨੇ ਵਿਸੇਸ਼ ਤੌਰ 'ਤੇ ਸ਼ਿਰਕਤ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆ ਆਗੂਆਂ ਨੇ ਕਿਹਾ ਕਿ ਦੇਸ਼ ਦੀ ਨੌਜਵਾਨ ਪੀੜ੍ਹੀ ਦੇ ਵਿਦੇਸ਼ ਜਾਣ ਦੇ ਅੰਕੜਿਆਂ 'ਚ ਦਿਨੋ ਦਿਨ ਵਾਧਾ ਹੋਣ ਕਰਕੇ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ।ਉਹਨਾਂ ਕਿਹਾ ਕਿ ਜੇਕਰ ਪੰਜਾਬ ਦੀ ਗੱਲ ਕਰੀਏ ਤਾਂ ਹਰ 10 'ਚੋਂ ਅੱਠ ਨੌਜਵਾਨ ਵਿਦੇਸ਼ ਜਾ ਕੇ ਸੈਟਲ ਹੋਣਾ ਚਾਹੁੰਦੇ ਹਨ ਨੌਜਵਾਨ ਪੀੜ੍ਹੀ ਦਾ ਵਿਦੇਸ਼ ਜਾਣਾ ਦੇਸ਼ ਦੀ ਆਰਥਿਕ ਮੰਦਹਾਲੀ ਦਾ ਵੱਡਾ ਕਾਰਨ ਹੈ ਪੜ੍ਹਾਈ ਤੋਂ ਬਾਅਦ ਰੁਜ਼ਗਾਰ ਨਾ ਮਿਲਣ ਕਾਰਨ ਨੌਜਵਾਨ ਵਿਦੇਸ਼ ਜਾ ਰਹੇ ਹਨ ਇਸ ਲਈ ਪੰਜਾਬ ਦੇ ਨੌਜਵਾਨ ਲੱਖਾਂ ਰੁਪਏ ਖਰਚ ਕੇ ਆਪਣੀ ਜੰਮਣ ਭੂਮੀ ਨੂੰ ਛੱਡ ਕੇ ਵਿਦੇਸ਼ ਜਾਣਾ ਲੋਚਦੇ ਹਨ। ਉਹਨਾ ਕਿਹਾ ਕਿ ਇਹ ਨਾ ਸਿਰਫ ਗੰਭੀਰ ਚਿੰਤਾ ਦਾ ਵਿਸ਼ਾ ਹੈ ਸਗੋਂ ਆਉਣ ਵਾਲੇ ਭਵਿੱਖ ਲਈ ਸੰਕਟ ਦੀ ਘੜੀ ਵੀ ਹੈ ਜੇਕਰ ਇਸ ਵਿਸ਼ੇ 'ਤੇ ਸਰਕਾਰਾਂ ਨੇ ਹੁਣ ਤੋਂ ਹੀ ਡੂੰਘਾਈ ਨਾਲ ਨਾ ਵਿਚਾਰ ਕੀਤਾ ਤਾਂ ਆਉਣ ਵਾਲੇ ਸਮੇਂ 'ਚ ਪੰਜਾਬ 'ਚੋਂ ਨੌਜਵਾਨ ਚਿੜੀਆਂ ਦੀ ਤਰ੍ਹਾਂ ਅਲੋਪ ਹੋ ਜਾਣਗੇ। ਉਹਨਾਂ ਕਿਹਾ ਕਿ ਇਸ ਵਿਸ਼ੇ ਤੇ ਪੰਜਾਬ ਸਰਕਾਰ ਨੂੰ ਵੀ ਧਿਆਨ ਦੇਣਾ ਹੋਵੇਗਾ ਤੇ ਇਹ ਜਾਨਣਾ ਹੋਵੇਗਾ ਕਿ ਨੌਜਵਾਨ ਪੀੜ੍ਹੀ ਵਿਦੇਸ਼ਾਂ ਵੱਲ ਕਿਉਂ ਭੱਜ ਰਹੀ ਹੈ ਉਹਨਾਂ ਕਿਹਾ ਕਿ ਨੌਜਵਾਨਾਂ ਦਾ ਵਿਦੇਸ਼ ਵੱਲ ਨੂੰ ਰੁੱਖ ਕਰਨ ਦਾ ਮੁੱਖ ਕਾਰਨ ਬੇਰੁਜ਼ਗਾਰੀ ਹੈ ਉਹਨਾਂ ਨੂੰ ਸਮਰੱਥਾ ਦੇ ਮੁਕਾਬਲੇ ਘੱਟ ਤਨਖਾਹ ਮਿਲ ਰਹੀ ਹੈ ਜਿਸ ਕਾਰਨ ਪੜ੍ਹੀ ਲਿਖੀ ਪੀੜ੍ਹੀ ਇੰਨੀ ਘੱਟ ਤਨਖਾਹ ਤੋਂ ਸੰਤੁਸ਼ਟ ਨਹੀਂ ਹੈ ਕਿਉਂਕਿ ਇੰਨੀ ਤਨਖਾਹ ਚ ਅਜੋਕੇ ਸਮੇਂ ਵਿੱਚ ਗੁਜ਼ਾਰਾ ਕਰਨਾ ਬਹੁਤ ਹੀ ਔਖਾ ਹੈ।ਇਸ ਮੌਕੇ ਹੋਰਨਾ ਤੋਂ ਇਲਾਵਾ ਕਮਲਜੀਤ ਗੋਗਾ, ਮੁਨੀਸ਼, ਸ਼ਨੀ ਸੀਨਾ, ਬਾਲੀ, ਹੈਪੀ, ਜੱਸਾ ਨੰਦਨ, ਪ੍ਰਿੰਸ ਨਾਰਾ, ਰਾਜ ਕੁਮਾਰ ਬੱਧਣ ਸ਼ੇਰਗੜ੍ਹ, ਬਲਦੇਵ ਰਾਜ, ਰਵਿ ਸੁੰਦਰ ਨਗਰ, ਸਾਬੀ ਡੀਜੇ , ਕੇਵਲ, ਅਮਨ ਕੁਮਾਰ, ਧਰਮਿੰਦਰ ਕੁਮਾਰ, ਮਲਕੀਤ, ਸਾਹਿਲ ਕੁਮਾਰ, ਰਾਜਾ, ਮੁਲਖ ਰਾਜ, ਡਾ ਨਿਤਿਨ ਸੈਣੀ, ਮੋਹਿਤ ਕੁਮਾਰ, ਸੁਭਾਸ਼ ਕੁਮਾਰ, ਅਮੀਤ ਪਾਲ, ਦਲਜੀਤ, ਸੋਭਾ, ਸਤਨਾਮ ਚੰਦ, ਨਾਨਕ ਚੰਦਰ, ਲੱਖਣ ਕੁਮਾਰ, ਬਿੰਦਰ,ਗਿਆਨ ਚੰਦ, ਦਵਿੰਦਰ ਕੁਮਾਰ, ਅਮਨਦੀਪ, ਬਿਸ਼ਨਪਾਲ ਆਦਿ ਹਾਜ਼ਰ ਸਨ।

# ਸਾਂਝੇ ਫਰੰਟ ਨੇ ਚੱਬੇਵਾਲ ਅੰਦਰ ਕੀਤਾ ਸਫਲ ਝੰਡਾ ਮਾਰਚ



**ਹੁਸ਼ਿਆਰਪੁਰ (ਬਲਵੀਰ ਸੈਣੀ)** ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ ਉਲੀਕੇ ਗਏ ਸੰਘਰਸ਼ ਦੇ ਤਹਿਤ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਮੁੱਖ ਮੰਤਰੀ ਵਲੋਂ ਅਪਣਾਈਆਂ ਜਾ ਰਹੀਆਂ ਮੁਲਾਜ਼ਮ/ ਪੈਨਸ਼ਨਰ/ ਲੋਕ ਵਿਰੋਧੀ ਨੀਤੀਆਂ ਅਤੇ ਕੀਤੇ ਜਾ ਰਹੇ ਝੂਠੇ ਪ੍ਰਚਾਰ ਦਾ ਭਾਂਡਾ ਭੰਨਣ ਲਈ ਜਿਮਨੀ ਚੋਣ ਮੌਕੇ ਵਿਧਾਨ ਸਭਾ ਹਲਕਾ ਚੱਬੇਵਾਲ ਦੇ ਪਿੰਡਾਂ ਅੰਦਰ ਝੰਡਾ ਮਾਰਚ ਕੀਤਾ ਗਿਆ। ਸਾਂਝੇ ਫਰੰਟ ਦੇ ਆਗੂ ਸਤੀਸ਼ ਰਾਣਾ, ਜਰਮਨਜੀਤ ਸਿੰਘ, ਸੁਖਦੇਵ ਸੈਣੀ, ਬਾਜ ਸਿੰਘ ਖਹਿਰਾ, ਐਨ.ਕੇ. ਕਲਸੀ, ਸੁਰਿੰਦਰਪਾਲ ਸਿੰਘ ਮੋਲੋਵਾਂਲੀ, ਰਾਧੇ ਸ਼ਿਆਮ, ਜਗਦੀਸ਼ ਚਾਹਲ, ਗੁਰਪ੍ਰੀਤ ਸਿੰਘ ਗੰਡੀਵਿੰਡ, ਰਾਧੇ ਸ਼ਾਮ ਦੀ ਅਗਵਾਈ ਹੇਠ ਕੀਤੇ ਗਏ ਇਸ ਝੰਡਾ ਮਾਰਚ ਵਿੱਚ ਜ਼ਿਲ੍ਹਾ ਹੁਸ਼ਿਆਰਪਰ, ਕਲੰਧਰ, ਨਵਾਂਸ਼ਹਿਰ, ਰੋਪੜ, ਮੁਹਾਲੀ ਅਤੇ ਚੰਡੀਗੜ੍ਹ ਤੋਂ ਮੁਲਾਜ਼ਮ ਅਤੇ ਪੈਨਸ਼ਨਰ ਵੱਡੀ ਗਿਣਤੀ ਵਿੱਚ ਕਾਰਾਂ, ਮਿੰਨੀ ਬੱਸਾਂ, ਟਾਟਾ-407, ਮਹਿੰਦਰਾ ਪਿੱਕ ਅੱਪ, ਛੋਟਾ ਹਾਥੀ ਆਦਿ ਰਾਹੀਂ ਨਾਅਰੇ ਮਾਰਦੇ ਹੋਏ ਪੂਰੇ ਜੋਸ਼ ਤਹਿਤ ਪਹੁੰਚੇ। ਮੋਟਰ ਸਾਈਕਲਥ ਅਤੇ ਸਕੂਟਰਾਂ ਤੇ ਸੈਂਕੜਿਆਂ ਦੀ ਗਿਣਤੀ ਵਿੱਚ ਝੰਡਾ ਮਾਰਚ ਦੀ ਅਗਵਾਈ ਕਰ ਰਹੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਆਕਸ਼ ਗੁੰਜਾਊ ਨਾਅਰਿਆ ਨਾਲ ਝੰਡਾ ਮਾਰਚ ਦਾ ਰੋਹ ਹੋਰ ਵੀ ਵਧ ਦਿਖਾਈ ਦੇ ਰਿਹਾ ਸੀ। ਮਹਿਲਾ ਮੁਲਾਜ਼ਮਾਂ ਅਤੇ ਆਸ਼ਾ ਵਰਕਰਾਂ ਦੀ ਸ਼ਮੂਲੀਅਤ ਵੀ ਭਰਵੀਂ ਸੀ। ਝੰਡਾ ਮਾਰਚ ਸਰਕਾਰੀ ਸਨੀਅਰ ਸੈਕੰਡਰੀ ਸਕੂਲ ਚੱਬੇਵਾਲ ਦੀ ਗਰਾਊਂਡ ਤੋਂ ਸ਼ੁਰੂ ਕੀਤਾ ਗਿਆ।ਵੱਖ ਵੱਖ ਪਿੰਡਾਂ ਅੰਦਰ ਸੰਬੋਧਨ ਕਰਦਿਆਂ ਕੁਲਵੰਤ ਸਿੰਘ ਸੈਣੀ, ਸੁਰਿੰਦਰ ਸਿੰਘ ਪੁਆਰੀ, ਐਨ.ਡੀ. ਤਿਵਾੜੀ, ਗੁਰਵਿੰਦਰ ਸਿੰਘ, ਸ਼ਿੰਗਾਰਾ ਸਿੰਘ, ਮੁਕੇਸ਼ ਗੁਜਰਾਤੀ, ਮਨੋਹਰ ਸਿੰਘ ਬੈਂਸ, ਪਿਆਰਾ ਸਿੰਘ, ਸੰਜੀਵ ਧੂਤ, ਜਸਵੰਤ ਸਿੰਘ ਕਲਸੀ, ਧਨਵੰਤ ਸਿੰਘ ਭੱਠਲ, ਨਰਿੰਦਰ ਸਿੰਘ ਗੋਲੀ, ਪ੍ਰਦੁਮਣ ਗੌਤਮ, ਚਮਕ ਸਿੰਘ, ਨਸੀਬ ਸਿੰਘ ਨੇ ਕਿਹਾ ਕਿ ਸਾਂਝਾ ਫਰੰਟ ਹਲਕੇ ਦੇ ਲੋਕਾਂ ਨੂੰ ਇਹ ਦੱਸਣ ਆਇਆ ਹੈ ਕਿ ਮੌਜੂਦਾ ਸਰਕਾਰ ਦਾ ਮੁੱਖ ਮੰਤਰੀ ਸਿਰੇ ਦਾ ਝੂਠਾ ਇਨਸਾਨ ਹੈ ਅਤੇ ਕਿਸੇ ਵੀ ਵਰਗ ਦੇ ਮਸਲੇ ਨੂੰ ਹੱਲ ਕਰਨ ਲਈ ਤੱਤਪਰ ਨਹੀਂ ਹੈ। ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਹੱਲ ਕਰਨ ਲਈ ਮੁੱਖ ਮੰਤਰੀ ਕੋਲ ਕੋਈ ਸਮਾਂ ਨਹੀਂ ਹੈ ਅਤੇ ਆਪਣੇ ਪ੍ਰਚਾਰ ਆਪਣੀਆਂ ਝੂਠੇ ਪ੍ਰਚਾਰ ਵਾਲੀਆਂ ਫੋਟੋ ਹਰ ਥਾਂ ਤੇ ਲਗਵਾ ਕੇ ਲੋਕਾਂ ਦੇ ਪੈਸੇ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ।ਇਸ ਮੌਕੇ ਸੰਬੋਧਨ ਕਰਦਿਆਂ ਸੂਰਜ ਪ੍ਰਕਾਸ਼ ਆਨੰਦ, ਇੰਦਰਜੀਤ ਵਿਰਦੀ, ਜਸਵਿੰਦਰ ਸਿੰਘ ਉੱਗੀ, ਨਵਪ੍ਰੀਤ ਸਿੰਘ, ਸ਼ਿੰਗਰਾ ਸਿੰਘ, ਬਲਵੀਰ ਖਾਨਪੂਰੀ, ਮਨੋਹਰ ਸਿੰਘ ਬੈਂਸ, ਹਰਭਜਨ ਸਿੰਘ ਅਜਨੋਹਾ, ਜਸਵੰਤ ਸਿੰਘ ਕਲਸੀ, ਸਿਰੀ ਰਾਮ ਜੱਸੀ, ਸੁਰਿੰਦਰ ਸਿੰਘ, ਕੇਵਲ ਸਿੰਘ, ਅਵਤਾਰ ਸਿੰਘ ਤਾਰੀ, ਜਸਵੀਰ ਜੱਖੂ, ਸੁਭਾਸ਼ ਮੱਟੂ, ਗੁਰਜੀਤ ਸਿੰਘ, ਮੰਗਤ ਰਾਮ, ਸੁਰਿੰਦਰ ਸਿੰਘ ਜੌਹਲ, ਬੀ.ਐਸ. ਸੈਣੀ, ਪ੍ਰਿੰਸ ਗੜਦੀਵਾਲਾ, ਸੁੱਚਾ ਸਿੰਘ, ਕੇਵਲ ਸਿੰਘ, ਮਨਜੀਤ ਸੈਣੀ, ਗੁਰਪ੍ਰੀਤ ਸਿੰਘ, ਨਰਿੰਦਰ ਅਜਨੋਹਾ ਨੇ ਸੰਬੋਧਨ ਕੀਤਾ।

# 555ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਹਿਲਾ 'ਹਰਾ ਨਗਰ ਕੀਰਤਨ' ਸੁਲਤਾਨਪੁਰ ਲੋਧੀ ਪਹੁੰਚਿਆ



**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)**-ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ 555ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਹਿਲਾ 'ਹਰਾ ਨਗਰ ਕੀਰਤਨ' ਗੁਰਦੁਆਰਾ ਟਾਹਲੀ ਸਾਹਿਬ ਪਿੰਡ ਬਲ੍ਹੇਰਖਾਨ ਪੁਰ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਛਤਰ ਛਾਇਆ ਅਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਆਰੰਭ ਹੋਇਆ।ਇਹ ਨਗਰ ਕੀਰਤਨ ਲਗਭਗ 40 ਕਿਲੋਮੀਟਰ ਦਾ ਸਫਰ ਤੈਅ ਕਰਕੇ ਵੇਂਈ ਕਿਨਾਰੇ ਦੇਰ ਸ਼ਾਮ ਗੁਰਦੁਆਰਾ ਗੁਰਪ੍ਰਕਾਸ਼ ਸਾਹਿਬ ਵਿਖੇ ਪਹੁੰਚ ਕਿ ਸੰਪਨ ਹੋਇਆ।ਗੁਰਦੁਆਰਾ ਟਾਹਲੀ ਸਾਹਿਬ ਤੋਂ ਨਗਰ ਕੀਰਤਨ ਰਵਾਨਾ ਕਰਨ ਸਮੇਂ ਗੁਰਦੁਆਰਾ ਟਾਹਲੀ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਲੀਡਰ ਸਿੰਘ ਜੀ, ਵਾਤਾਵਰਣ ਪ੍ਰੇਮੀ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ, ਸੰਤ ਅਮਰੀਕ ਸਿੰਘ ਖੁਖਰੈਣ, ਸੰਤ ਪ੍ਰਗਟ ਨਾਥ, ਸੰਤ ਗੁਰਮੇਜ਼ ਸਿੰਘ ਸੈਦਰਾਣਾ ਸਾਹਿਬ, ਸੰਤ ਬਾਬਾ ਸੁੱਖਾ ਸਿੰਘ, ਸੰਤ ਗੁਰਦੇਵ ਸਿੰਘ ਅਤੇ ਮਹਾਤਮਾ ਮੁਨੀ ਜੀ ਸਮੇਤ ਹੋਰ ਵੀ ਬਹੁਤ ਧਾਰਮਿਕ ਸ਼ਖਸਿਅਤਾਂ ਹਾਜ਼ਰ ਰਹੀਆਂ।ਇਸ ਨਗਰ ਕੀਰਤਨ ਵਿੱਚ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਗੁਰਬਾਣੀ ਦਾ ਗੁਨਗਾਣ ਕੀਤਾ ਅਤੇ ਸੰਗਤਾਂ ਨੂੰ ਗੁਰੂ ਨਾਨਕ ਦੇਵ ਜੀ ਦੇ ਫਲਸਫੇ ਤੋਂ ਜਾਣੂ ਕਰਵਾਇਆ।ਉਹਨਾਂ ਕਿਹਾ ਕਿ ਪਿਛਲੇ ਦੋ ਦਿਨ ਤੋਂ ਪੰਜਾਬ ਦੀ ਆਬੋ ਹਵਾ ਵਿੱਚ ਸਾਹ ਲੈਣਾ ਵੀ ਔਖਾ ਹੋਇਆ ਪਿਆ ਸੀ।ਦੀਵਾਲੀ ਵਾਲੀ ਰਾਤ ਹਵਾ ਗੁਣਵੱਤਾ ਸੂਚਨਾ ਅੰਕ ਨੇ ਸਾਰੇ ਰਿਕਾਰਡ ਤੋੜ ਦਿੱਤੇ ਸੀ।ਆਮ ਹਲਾਤਾਂ ਵਿੱਚ ਹੋਣ ਵਾਲੀ 100 ਦੀ ਗੁਣਵੱਤਾ ਤੋਂ ਵੀ ਕਿਤੇ ਜ਼ਿਆਦਾ ਕਈ ਸ਼ਹਿਰਾਂ ਵਿੱਚ ਹਵਾ ਗੁਣਵੱਤਾ ਸੂਚਨਾ ਅੰਕ ਸੀ।ਜਿਸਨੇ ਇਹ ਸਾਬਿਤ ਕਰ ਦਿੱਤਾ ਸੀ ਕਿ ਲੋਕ ਕੁਦਰਤ ਨਾਲ ਕਿੰਨਾ ਖਿਲਵਾੜ ਕਰ ਰਹੇ ਹਨ ਤੇ ਇਸ ਲਈ ਕਿੰਨੇ ਕੁ ਸੁਹਿਰਦ ਹਨ।ਇਹ ਹਵਾ ਦਾ ਮਾਪਦੰਡ ਦੱਸ ਰਿਹਾ ਸੀ ਕਿ ਅਸੀ ਆਪਣੇ ਬੱਚਿਆਂ ਤੇ ਪਰਿਵਾਰਿਕ ਮੈਂਬਰਾਂ ਦੀ ਸੁਰੱਖਿਆ ਕਿੰਨੀ ਸੰਜੀਦਗੀ ਨਾਲ ਕਰ ਰਹੇ ਹਾਂ? ਇਸ ਮੌਕੇ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਤੇਜ਼ੀ ਨਾਲ ਵਾਤਾਵਰਣ ਵਿੱਚ ਆ ਰਹੇ ਨਿਘਾਰ ਨੂੰ ਕੇਵਲ ਗੁਰੂ ਨਾਨਕ ਦੇਵ ਜੀ ਦੇ ਫਲਸਫੇ 'ਤੇ ਚੱਲ ਕਿ ਹੀ ਰੋਕਿਆ ਜਾ ਸਕਦਾ ਹੈ।ਇਸ ਹਰੇ ਨਗਰ ਕੀਰਤਨ ਦੌਰਾਨ ਉਹਨਾਂ ਸਾਰੇ ਪਿੰਡਾਂ ਵਿੱਚ ਬੂਟਿਆਂ ਦਾ ਪ੍ਰਸ਼ਾਦ ਵੰਡਿਆ।

ਸੰਤ ਅਵਤਾਰ ਸਿੰਘ ਯਾਦਗਾਰੀ ਸਕੂਲ ਅਤੇ ਕਾਰਜ਼ ਦੇ ਬੱਚਿਆਂ ਵੱਲੋਂ ਤਖਤੀਆਂ ਰਾਹੀ ਵਾਤਾਵਰਣ ਨੂੰ ਬਚਾਉਣ ਦਾ ਸੁਨੇਹਾ ਦਿੱਤਾ ਗਿਆ।

ਜ਼ਿਕਰਯੋਗ ਹੈ ਕਿ ਇਸ ਨਗਰ ਕੀਰਤਨ ਨਾਲ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ 555ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਏਕ ਓਕਾਂਰ ਚੈਰੀਟੇਬਲ ਟਰੱਸਟ ਵੱਲੋਂ ਕਰਵਾਏ ਜਾ ਰਹੇ ਸਮਾਗਮਾਂ ਦੀ ਸ਼ੁਰੂਆਤ ਹੋ ਚੁੱਕੀ ਹੈ।ਇਸ ਵਾਰ ਟਰੱਸਟ ਵੱਲੋਂ ਪੰਜ ਹਰੇ ਨਗਰ ਕੀਰਤਨ ਕੱਢੇ ਜਾਣਗੇ। ਦੂਜਾ ਹਰਾ ਨਗਰ ਕੀਰਤਨ 8 ਨੰਵਬਰ ਨੂੰ ਆਹਲੀ ਕਲਾਂ ਤੋਂ, ਤੀਜਾ ਹਰਾ ਨਗਰ ਕੀਰਤਨ 12 ਨਵੰਬਰ ਨੂੰ ਪਿੰਡ ਸੀਚੇਵਾਲ ਤੋਂ, ਚੌਥਾ ਹਰਾ ਨਗਰ ਕੀਰਤਨ 15 ਨਵੰਬਰ ਨੂੰ ਸੁਲਤਾਨਪੁਰ ਲੋਧੀ ਅਤੇ ਪੰਜਵਾਂ ਹਰਾ ਨਗਰ ਕੀਰਤਨ 20 ਨਵੰਬਰ ਨੂੰ ਵੇਂਈ ਦੇ ਮੁੱਢ ਸਰੋਤ ਪਿੰਡ ਧਨੋਆ ਤੋਂ ਕੱਢੇ ਜਾਣਗੇ।14 ਨਵੰਬਰ 2024 ਨੂੰ ਕਵੀ ਤੇ ਕੀਰਤਨ ਦਰਬਾਰ ਗੁਰਦੁਆਰਾ ਗੁਰਪ੍ਰਕਾਸ਼ ਸਾਹਿਬ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਵਿਖੇ ਕਰਵਾਇਆ ਜਾਵੇਗਾ ਤੇ ਗੁਰਪੁਰਬ ਦੀ ਸ਼ਾਮ ਨੂੰ ਵੇਂਈ ਕਿਨਾਰੇ ਦੀਪਮਾਲਾ ਕੀਤੀ ਜਾਵੇਗੀ।

# ਚੱਬੇਵਾਲ ਦੇ ਵਿਕਾਸ ਲਈ ਮੰਗਾਂ 'ਤੇ ਮੁੱਖ ਮੰਤਰੀ ਨੇ ਲਾਈ ਮੋਹਰ : ਡਾ. ਚੱਬੇਵਾਲ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**- ਲੋਕ ਸਭਾ ਹਲਕਾ ਹੁਸ਼ਿਆਰਪੁਰ ਦੇ ਸਾਰੇ 9 ਵਿਧਾਨ ਸਭਾ ਹਲਕੇ ਮੇਰੇ ਲਈ ਮਹੱਤਵਪੂਰਨ ਹਨ ਪਰੰਤੂ ਚੱਬੇਵਾਲ ਮੇਰੇ ਲਈ ਬਹੁਤ ਖਾਸ ਮਾਇਨੇ ਰੱਖਦਾ ਹੈ। ਇਥੇ ਦੀ ਜਨਤਾ ਦੇ ਨਾਲ, ਇਥੇ ਦੇ ਹਰ ਪਿੰਡ ਨਾਲ ਮੈਨੂੰ ਲਗਾਓ ਹੈ। ਇਹ ਸ਼ਬਦ ਹਨ ਡਾ. ਰਾਜ ਕੁਮਾਰ ਚੱਬੇਵਾਲ ਲੋਕ ਸਭਾ ਮੈਂਬਰ ਦੇ, ਜਿਹਨਾਂ ਨੇ ਅੱਗੇ ਕਿਹਾ ਕਿ ਮੈਂ ਪਹਿਲਾਂ ਵੀ ਇਸ ਹਲਕੇ ਵਿਚ ਸੁਧਾਰ ਕਰਨ ਲਈ, ਹਲਕੇ ਦੇ ਬਿਹਤਰੀਨ ਵਿਕਾਸ ਲਈ ਬਹੁਤ ਮਿਹਨਤ ਕੀਤੀ ਹੈ ਅਤੇ ਹਲਕਾ ਵਾਸੀਆਂ ਨੂੰ ਬਿਹਤਰ ਇਲਾਕਾ, ਬਿਹਤਰ ਸਹੂਲਤਾਂ ਦੇਣ ਲਈ ਕੋਸ਼ਿਸ਼ ਕਰਦਾ ਰਿਹਾ ਹਾਂ ਅਤੇ ਅਗਾਂਹ ਵੀ ਕਰਦਾ ਰਹਾਂਗਾ। ਆਪਣੀ ਇਸ ਵਿਚਾਰਧਾਰਾ ਦੇ ਚਲਦਿਆਂ ਡਾ. ਰਾਜ ਕੁਮਾਰ ਨੇ ਪੰਜਾਬ ਦੇ ਮੁਖ ਮੰਤਰੀ ਭਗਵੰਤ ਮਾਨ ਦੇ ਨਾਲ ਇਕ ਖਾਸ ਮੁਲਾਕਾਤ ਕੀਤੀ ਅਤੇ ਚੱਬੇਵਾਲ ਹਲਕੇ ਦੇ ਲਈ ਕੁਝ ਸਪੈਸ਼ਲ ਕੰਮ ਕਰਵਾਉਣ ਦੀ ਪ੍ਰਵਾਨਗੀ ਲਈ । ਕੰਢੀ ਖੇਤਰ ਵਿਚ ਕਿਸਾਨਾਂ ਨੂੰ ਨਹਿਰੀ ਪਾਣੀ ਦਿੱਤੇ ਜਾਣ ਦੀ ਸ਼ਲਾਘਾ ਕਰਦਿਆਂ ਡਾ. ਰਾਜ ਨੇ ਮੁਖ ਮੰਤਰੀ ਕੋਲ ਬੇਨਤੀ ਕੀਤੀ ਕਿ ਚੱਬੇਵਾਲ ਹਲਕੇ ਵਿਚੋਂ ਲੰਘਦੀ ਬਿਸ੍ਤ-ਦੋਆਬ ਨਹਿਰ 'ਤੇ ਮੋਘੇ ਰਖਵਾਏ ਜਾਣ, ਤਾਂ ਜੋ ਕਿਸਾਨਾਂ ਨੂੰ ਸਿੰਚਾਈ ਲਈ ਨਹਿਰੀ ਪਾਣੀ ਮੁਹਈਆ ਕਰਵਾਇਆ ਜਾ ਸਕੇ। ਗੁਰੂ ਘਰਾਂ ਨੂੰ ਜਾਂਦੀਆਂ ਸਾਰੀਆਂ ਸੜਕਾਂ 18 ਫੁਟ ਚੌੜੀਆਂ ਕਰਨ ਦੇ ਨਾਲ ਨਾਲ ਖੇਤਾਂ ਨੂੰ ਜਾਂਦੀਆਂ ਸੜਕਾਂ ਵੀ ਪੱਕੀਆਂ ਕਰਣ ਦੀ ਵੀ ਪ੍ਰਵਾਨਗੀ ਲਈ। ਡਾ. ਰਾਜ ਨੇ ਮੁਖ ਮੰਤਰੀ ਮਾਨ ਨੂੰ ਚੱਬੇਵਾਲ ਹਲਕੇ ਦੇ ਅਜਨੋਹਾ ਪਿੰਡ ਤੋਂ ਅਕਾਲ ਤਖ਼ਤ ਸਾਹਿਬ ਦੇ ਜੱਥੇਦਾਰ ਗੁਰਦਿਆਲ ਸਿੰਘ ਜੀ ਦੀ ਯਾਦ 'ਚ ਵੱਡਾ ਯਾਦਗਾਰੀ ਹਾਲ ਬਨਵਾਉਣ ਦੇ ਨਾਲ-ਨਾਲ ਚੱਬੇਵਾਲ ਤੋਂ ਧਾਰਮਿਕ ਸਥਾਨਾਂ ਲਈ ਫ੍ਰੀ ਬਸ ਸਰਵਿਸ, ਫ੍ਰੀ ਰਹਿਣ-ਖਾਣ ਦੀ ਸਹੂਲਤ ਦੇਣ ਦੀ ਵੀ ਤਜਵੀਜ਼ ਕੀਤੀ। ਡਾ. ਭੀਮ ਰਾਓ ਅੰਬੇਡਕਰ ਜੀ ਦੇ ਨਾਂ 'ਤੇ ਚਾਰ ਵੱਡੇ ਕਮਿਊਨਿਟੀ ਹਾਲ ਬਣਵਾਏ ਜਾਣ ਦੀ ਮੰਗ ਵੀ ਡਾ. ਰਾਜ ਨੇ ਰੱਖੀ। ਆਦਮਪੁਰ ਤੋਂ ਗੜ੍ਹਸ਼ੰਕਰ ਵਾਇਆ ਕੋਟ ਫਤੂਹੀ ਦੀ ਸੜਕ ਦਾ ਨਾਂ ਬਾਬਾ ਬੰਦਾ ਸਿੰਘ ਬਹਾਦੁਰ ਦੇ ਨਾਂ 'ਤੇ ਰੱਖਣ ਦੀ ਵੀ ਅਪੀਲ ਕੀਤੀ । ਵਿਧਾਨ ਸਭਾ ਹਲਕਾ ਚੱਬੇਵਾਲ ਦੇ ਜਿਮਨੀ ਚੋਣ ਵਿਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਡਾ. ਇਸ਼ਾਂਕ ਕੁਮਾਰ ਵਲੋਂ ਕੀਤੀ ਗਈ ਬੇਨਤੀ ਵੀ ਡਾ. ਰਾਜ ਕੁਮਾਰ ਨੇ ਮੁਖ ਮੰਤਰੀ ਤੱਕ ਪਹੁੰਚਦੀ ਕੀਤੀ ਕਿ ਚੱਬੇਵਾਲ ਹਲਕੇ ਵਿਚ ਬਾਲਿਆਂ ਦੀਆਂ ਛੱਤਾਂ ਲਈ 2 ਕਰੋੜ ਦੀ ਗ੍ਰਾਂਟ ਪਹਿਲਾਂ ਹੀ ਸੈਂਕਸ਼ਨ ਹੋਏ ਹਨ, ਬਾਕੀ ਰਹਿੰਦੇ ਪਰਿਵਾਰਾਂ ਲਈ ਵੀ ਫੰਡ ਜਾਰੀ ਕੀਤੇ ਜਾਣ ਅਤੇ 10000 ਨਵੇਂ ਸਮਾਰਟ ਰਾਸ਼ਨ ਕਾਰਡ ਅਤੇ ਆਯੁਸ਼ਮਾਨ ਸਿਹਤ ਕਾਰਡ ਬਣਾਏ ਜਾਣ। ਨੌਜੁਆਨ ਡਾ. ਇਸ਼ਾਂਕ ਵਲੋਂ ਆਪਣੇ ਹਲਕੇ ਦੇ ਨੌਜਵਾਨਾਂ ਲਈ ਸਟੇਡੀਅਮਾਂ ਦੇ ਅਪਗ੍ਰੇਡ ਅਤੇ ਜਿਮਾਂ ਦੇ ਹਾਈ ਲੈਵਲ ਮਸ਼ੀਨਾਂ-ਉਪਕਰਣਾਂ ਲਈ ਗ੍ਰਾਂਟਾਂ ਦੀ ਵੀ ਮੰਗ ਰੱਖੀ ਗਈ । ਮੁਖ ਮੰਤਰੀ ਭਗਵੰਤ ਮਾਨ ਵਲੋਂ ਡਾ. ਰਾਜ ਨੂੰ ਭਰੋਸਾ ਦਿੱਤਾ ਗਿਆ ਕਿ ਇਹ ਸਾਰੀਆਂ ਮੰਗਾਂ ਬਹੁਤ ਜਾਇਜ਼ ਹਨ, ਕਿਸਾਨ ਅਤੇ ਗਰੀਬ ਪੱਖੀ ਹਨ ਜਿਸ 'ਤੇ ਚੋਣ ਜ਼ਾਬਤਾ ਹਟਦਿਆਂ ਹੀ ਕੰਮ ਸ਼ੁਰੂ ਕਰਵਾਏ ਜਾਣਗੇ। ਸੰਸਦ ਮੈਂਬਰ ਡਾ. ਰਾਜ ਨੇ ਮੁਖ ਮੰਤਰੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਮੁਖ ਮੰਤਰੀ ਦੇ ਸਹਿਯੋਗ ਨਾਲ ਉਹ ਡਾ. ਇਸ਼ਾਂਕ ਦੇ ਨਾਲ ਮਿਲ ਕੇ ਚੱਬੇਵਾਲ ਹਲਕੇ ਨੂੰ ਤਰੱਕੀ ਦੀਆਂ ਉਚਾਈਆਂ 'ਤੇ ਲੈ ਕੇ ਜਾਣ ਦੇ ਆਪਣੇ ਸੁਫ਼ਨੇ ਨੂੰ ਪੂਰਾ ਕਰਨਗੇ ।

# ਸ਼ਾਹਕੋਟ ਦੀਆਂ ਮੰਡੀਆ 'ਚ ਝੋਨੇ ਦੀ 63 ਫੀਸਦੀ ਖਰੀਦ



ਗੱਲਬਾਤ ਕਰਦੇ ਚੇਅਰਮੈਨ ਬਲਬੀਰ ਸਿੰਘ ਦੌਧਰ ਅਤੇ ਸਕੱਤਰ ਤਜਿੰਦਰ ਕੁਮਾਰ

**ਸ਼ਾਹਕੋਟ (ਗਿਆਨ ਸੈਦਪੁਰੀ)** ਮਾਰਕਿਟ ਕਮੇਟੀ ਸ਼ਾਹਕੋਟ ਅਧੀਨ ਆਉਂਦੀਆਂ 11 ਮੰਡੀਆਂ ਵਿੱਚ ਐਤਵਾਰ ਤੱਕ ਪਿਛਲੇ ਸਾਲ ਦੀ ਝੋਨੇ ਦੀ ਖਰੀਦ ਦੇ ਮੁਕਾਬਲੇ 63 ਫੀਸਦੀ ਖਰੀਦ ਹੋ ਚੁੱਕੀ ਹੈ।ਪਿਛਲੇ ਸਾਲ ਝੋਨੇ ਦੀ ਕੁੱਲ ਖਰੀਦ 17,02,836 ਕੁਇੰਟਲ ਸੀ।ਇਸ ਵਾਰ ਹੁਣ ਤੱਕ 10,40,697 ਕੁਇੰਟਲ ਝੋਨਾ ਵਿਕ ਚੁੱਕਾ ਹੈ। ਪਿਛਲੇ ਸਾਲ 2 ਨਵੰਬਰ ਤੱਕ 12, 56,522 ਕੁਇੰਟਲ ਝੋਨੇ ਦੀ ਖਰੀਦ ਹੋਈ ਸੀ, ਇਸ ਵਾਰ ਦੋ ਨਵੰਬਰ ਦੀ ਅੰਕੜਾ ਪਿਛਲੇ ਸਾਲ ਨਾਲੋਂ 2,15,825 ਕੁਇੰਟਲ ਘੱਟ ਹੈ।ਮੰਡੀਆਂ ਵਿੱਚ ਖਰੀਦੇ ਗਏ ਝੋਨੇ ਦੀ ਚੁਕਾਈ ਦਾ ਕੰਮ ਸ਼ੁਰੂ ਤੋਂ ਹੀ ਢਿੱਲਾ ਸੀ। ਇਸ ਦਾ ਮੁੱਖ ਕਾਰਨ ਨਵੇਂ ਖਰੀਦੇ ਗਏ ਝੋਨੇ ਨੂੰ ਸਟੋਰ ਕਰਨ ਲਈ ਸਪੇਸ ਦੀ ਕਮੀ ਰਿਹਾ ਹੈ।ਇਸ ਵਾਰ ਮਾਰਕਫੈੱਡ, ਪਨਸਪ, ਵੇਅਰਹਾਊਸ ਅਤੇ ਪਨਗਰੇਨ ਵੱਲੋਂ ਖ਼ਰੀਦਿਆਂ ਜਾ ਰਿਹਾ ਹੈ। ਇਨ੍ਹਾਂ ਖਰੀਦ ਏਜੰਸੀਆਂ ਨੇ ਐਤਵਾਰ ਤੱਕ ਕ੍ਰਮਵਾਰ 1,40,053 ਕੁਇੰਟਲ, 5,06,551 ਕੁਇੰਟਲ, 1,53,611 ਕੁਇੰਟਲ ਅਤੇ 2,40,107 ਕੁਇੰਟਲ ਝੋਨਾ ਖ਼ਰੀਦਿਆ ਹੈ।ਮਾਰਕਿਟ ਕਮੇਟੀ ਸ਼ਾਹਕੋਟ ਵਿੱਚ ਮੁੱਖ ਯਾਰਡ ਸ਼ਾਹਕੋਟ, ਸਬ-ਯਾਰਡ ਮਲਸੀਆਂ ਤੋਂ ਇਲਾਵਾ ਪੂਨੀਆ, ਲਸੂੜੀ, ਪਰਜੀਆਂ ਕਲਾਂ, ਰੂਪੇਵਾਲ, ਕੁਲਾਰ, ਭੁੱਲਰ, ਕੋਹਾੜ ਕਲਾਂ ਅਤੇ ਸੋਹਲ ਜਗੀਰ ਖਰੀਦ ਕੇਂਦਰ ਹਨ। ਮਾਰਕਿਟ ਕਮੇਟੀ ਸ਼ਾਹਕੋਟ ਦੇ ਚੇਅਰਮੈਨ ਬਲਬੀਰ ਸਿੰਘ ਦੌਧਰ ਅਤੇ ਸਕੱਤਰ ਤਜਿੰਦਰ ਕੁਮਾਰ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਹੌਲੀ ਹੌਲੀ ਲਿਫਟਿੰਗ ਦੇ ਕੰਮ ਵਿੱਚ ਸੁਧਾਰ ਹੋ ਰਿਹਾ ਹੈ।

# 'ਬੁੱਲ੍ਹ ਸੀਤਿਆਂ ਸਰਨਾ ਨਈਂ' ਲੋਕ ਅਰਪਣ



**ਫਗਵਾੜਾ (ਡਾ.ਰਮਨ)** ਸੀਨੀਅਰ ਪੱਤਰਕਾਰ ਪ੍ਰੋ. ਜਸਵੰਤ ਸਿੰਘ ਗੰਡਮ ਦੀ ਪਲੇਠੀ ਕਾਵਿ- ਪੁਸਤਕ 'ਬੁੱਲ੍ਹ ਸੀਤਿਆਂ ਸਰਨਾ ਨਈਂ' ਇੱਕ ਸਮਾਗਮ ਵਿੱਚ ਲੋਕ ਅਰਪਨ ਕੀਤੀ ਗਈ ਇਸ ਸਮਾਗਮ ਦੇ ਮੁੱਖ ਮਹਿਮਾਨ ਗੁਰਦੀਪ ਸਿੰਘ ਸੀਹਰਾ ਚਾਂਸਲਰ ਜੀ ਐਨ ਏ ਯੂਨੀਵਰਸਿਟੀ, ਹਰਗੋਬਿੰਦਗੜ੍ਹ, ਫਗਵਾੜਾ ਅਤੇ ਐਮ ਡੀ ਜੀ ਐਨ ਏ ਗੀਅਰਜ਼, ਮੇਹਟੀਆਣਾ ਸਨ।ਲੋਕ ਅਰਪਨ ਸਮਾਗਮ ਜੀ ਐਨ ਏ ਯੂਨੀਵਰਸਿਟੀ ਦੇ ਵਿਹੜੇ ਵਿੱਚ ਹੋਇਆ।ਇਸ ਮੌਕੇ ਬੋਲਦਿਆਂ ਗੁਰਦੀਪ ਸਿੰਘ ਸੀਹਰਾ ਨੇ ਪ੍ਰੋ: ਜਸਵੰਤ ਸਿੰਘ ਗੰਡਮ ਨੂੰ ਉਹਨਾਂ ਦੀ ਨਵੀਂ ਪੁਸਤਕ ਲਈ ਵਧਾਈ ਦਿੱਤੀ ਅਤੇ ਕਲਾ ਦੀਆਂ ਵੱਖ-ਵੱਖ ਵੰਨਗੀਆਂ ਦਾ, ਮਨੁੱਖੀ ਜੀਵਨ ਵਿੱਚ ਮਹੱਤਤਾ ਉਪਰ ਚਾਨਣਾ ਪਾਇਆ।ਪ੍ਰੋ. ਜਸਵੰਤ ਸਿੰਘ ਗੰਡਮ ਨੇ ਇਸ ਸਮੇਂ ਦੱਸਿਆ ਕਿ ਬੇਸ਼ਕ ਉਹ ਗਿਆਰਾਂ-ਬਾਰਾਂ ਸਾਲ ਦੀ ਉਮਰ 'ਚ ਹੀ ਤੁਕਬੰਦੀ ਕਰਨ ਲਗ ਪਏ ਅਤੇ ਹੁਣ ਤੱਕ ਉਹਨਾ ਨੇ ਅਨੇਕਾਂ ਕਵਿਤਾਵਾਂ ਲਿਖੀਆਂ, ਪਰ ਕਿਤਾਬੀ ਰੂਪ 'ਚ ਇਹ ਉਹਨਾ ਦੀ ਪਹਿਲੀ ਪੁਸਤਕ ਹੈ ਪੰਜਾਬੀ ਵਿਰਸਾ ਟਰੱਸਟ ਵਲੋਂ ਪ੍ਰਸਿੱਧ ਲੇਖਕ ਪ੍ਰਿੰ. ਗੁਰਮੀਤ ਸਿੰਘ ਪਲਾਹੀ ਦੀ ਅਗਵਾਈ 'ਚ ਛਾਪੀ ਗਈ। ਪ੍ਰੋ: ਗੰਡਮ ਨੇ ਅੰਗਰੇਜ਼ੀ ਕਵੀ ਵਿਲੀਅਮ ਵਰਡਜ ਵਰਥ ਦਾ ਹਵਾਲਾ ਦਿੰਦਿਆਂ ਕਿਹਾ ਕਿ ਕਵਿਤਾ ਪ੍ਰਚੰਡ ਭਾਵਨਾਵਾਂ ਦਾ ਆਪ ਮੁਹਾਰਾ ਵਹਿਣ ਹੈ।ਪ੍ਰਿੰ: ਗੁਰਮੀਤ ਸਿੰਘ ਪਲਾਹੀ ਨੇ ਕਿਹਾ ਕਿ ਪ੍ਰੋ. ਜਸਵੰਤ ਸਿੰਘ ਗੰਡਮ ਨੇ ਪਹਿਲਾਂ ਵਾਰਤਕ ਦੀਆਂ ਤਿੰਨ ਪੁਸਤਕ 'ਕੁਛ ਤੇਰੀਆਂ ਕੁਛ ਮੇਰੀਆਂ', 'ਸੁੱਤੇ ਸ਼ਹਿਰ ਦਾ ਸਫ਼ਰ', 'ਉੱਗਦੇ ਸੂਰਜ ਦੀ ਅੱਖ' ਲਿਖੀਆਂ ਹਨ, ਅਤੇ ਉਹਨਾ ਦਾ ਕਾਵਿ-ਸੰਸਾਰ ਵਿੱਚ 'ਬੁੱਲ੍ਹ ਸੀਤਿਆਂ ਸਰਨਾ ਨਈਂ' ਪੁਸਤਕ ਨਾਲ ਦਾਖ਼ਲਾ ਸ਼ਲਾਘਾ ਯੋਗ ਹੈ। ਬਲਦੇਵ ਰਾਜ ਕੋਮਲ, ਪਰਵਿੰਦਰਜੀਤ ਸਿੰਘ, ਸੁਖਵਿੰਦਰ ਸਿੰਘ ਅਤੇ ਜੀ.ਐਨ.ਏ. ਯੂਨੀਵਰਸਿਟੀ ਦੇ ਡੀਨ- ਡਾ. ਮੋਨਿਕਾ ਹੰਸਪਾਲ, ਡਾ. ਸਮੀਰ ਵਰਮਾ, ਡਾ. ਵਿਕਰਾਂਤ ਸ਼ਰਮਾ ਆਦਿ ਸ਼ਾਮਲ ਸਨ।

# ਛਠ ਪੂਜਾ ਮਹਾਂਉਤਸਵ ਮੌਕੇ ਸ.ਫਾਈ ਤੇ ਸੁਰੱਖਿਆ ਦੇ ਲੋੜੀਂਦੇ ਪ੍ਰਬੰਧ ਕਰੇ ਪ੍ਰਸ਼ਾਸਨ : ਕਮਲ ਸਰੋਜ



**ਫਗਵਾੜਾ (ਡਾ. ਰਮਨ)** ਕੱਤਕ ਮਹੀਨੇ ਦੇ ਸ਼ੁਕਲ ਪੱਖ ਦੀ ਸ਼ਸ਼ਠੀ ਮਿਤੀ ਨੂੰ ਮਨਾਇਆ ਜਾਣ ਵਾਲਾ ਛਠ ਪੂਜਾ ਉਤਸਵ ਹਰ ਸਾਲ ਦੀ ਤਰ੍ਹਾਂ ਇਸ ਵਾਰ 5 ਅਤੇ 6 ਨਵੰਬਰ ਨੂੰ ਫਗਵਾੜਾ ਵਿਖੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ।ਜਾਣਕਾਰੀ ਦਿੰਦਿਆਂ ਸ਼ਿਵ ਸੈਨਾ (ਯੂ.ਬੀ.ਟੀ.) ਦੀ ਸੂਬਾ ਪ੍ਰੈਸ ਸਕੱਤਰ ਕਮਲ ਸਰੋਜ ਨੇ ਸਾਬਕਾ ਮਹਿਲਾ ਕੌਂਸਲਰ ਤ੍ਰਿਪਤਾ ਸ਼ਰਮਾ ਅਤੇ ਹੋਰ ਪਤਵੰਤਿਆਂ ਨਾਲ ਵੱਖ-ਵੱਖ ਖੇਤਰਾਂ ਦਾ ਦੌਰਾ ਕੀਤਾ।ਉਨ੍ਹਾਂ ਸੁਨੀਲ ਪਾਂਡੇ, ਅਜੈ ਯਾਦਵ, ਭੂਸ਼ਣ ਯਾਦਵ ਆਦਿ ਦੀ ਹਾਜ਼ਰੀ ਵਿੱਚ ਦੱਸਿਆ ਕਿ 5 ਨਵੰਬਰ ਦਿਨ ਮੰਗਲਵਾਰ ਨੂੰ ਛੱਠ ਪੂਜਾ ਦਾ ਤਿਉਹਾਰ ਨਹਾਉਣ-ਖਾਣ ਦੇ ਨਾਲ ਸ਼ੁਰੂ ਹੋਵੇਗਾ।ਦੂਜੇ ਦਿਨ ਬੁੱਧਵਾਰ 6 ਨਵੰਬਰ ਨੂੰ ਭਗਵਾਨ ਸੂਰਜ ਦੇਵਤਾ ਅਤੇ ਛੱਠੀ ਮਈਆ ਦੀ ਪੂਜਾ ਅਤੇ 7 ਨਵੰਬਰ ਨੂੰ ਸਵੇਰੇ ਚੜ੍ਹਦੇ ਸੂਰਜ ਨੂੰ ਅਰਘ ਦੇ ਕੇ ਔਰਤਾਂ ਆਪਣਾ ਵਰਤ ਪੂਰਾ ਕਰਨਗੀਆਂ।ਉਨ੍ਹਾਂ ਸਥਾਨਕ ਪ੍ਰਸ਼ਾਸਨ ਤੋਂ ਪੁਰਜ਼ੋਰ ਮੰਗ ਕੀਤੀ ਕਿ ਇਲਾਕੇ ਵਿੱਚ ਸਫਾਈ ਅਤੇ ਸੁਰੱਖਿਆ ਦੇ ਮੁਕੰਮਲ ਪ੍ਰਬੰਧ ਕੀਤੇ ਜਾਣ ਤਾਂ ਜੋ ਤਿਉਹਾਰ ਨੂੰ ਪੂਰੀ ਸ਼ਰਧਾ ਭਾਵਨਾ ਨਾਲ ਖੁਸ਼ੀਆਂ ਭਰੇ ਮਾਹੌਲ ਵਿੱਚ ਮਨਾਇਆ ਜਾ ਸਕੇ।ਕਮਲ ਸਰੋਜ ਸਮੇਤ ਸਮੂਹ ਪਤਵੰਤਿਆਂ ਨੇ ਸੰਗਤ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਇਹ ਤਿਉਹਾਰ ਪੂਰੀ ਸ਼ਰਧਾ ਭਾਵਨਾ ਅਤੇ ਸ਼ਾਂਤਮਈ ਮਾਹੌਲ ਵਿੱਚ ਮਨਾਇਆ ਜਾਵੇ। ਪ੍ਰਸ਼ਾਸਨ ਵਲੋਂ ਸਮਾਗਮ ਵਾਲੀ ਥਾਂ ਤੇ ਕਿਸੇ ਤਰ੍ਹਾਂ ਦੀ ਹੁੱਲੜਬਾਜੀ ਅਤੇ ਨਸ਼ਾਖੋਰੀ ਉੱਪਰ ਤਿੱਖੀ ਨਜ਼ਰ ਰੱਖੀ ਜਾਵੇ ਅਤੇ ਲੋੜ ਅਨੁਸਾਰ ਸ਼ਰਾਰਤੀ ਅਨਸਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ। ਇਸ ਮੌਕੇ ਉਮੇਸ਼ ਗਿਰੀ, ਰਵੀ ਸਿੱਧੂ, ਸ਼ਰਧਾਨੰਦ ਸਿੰਘ ਅਤੇ ਰਮਾ ਯਾਦਵ ਆਦਿ ਵੀ ਹਾਜ਼ਰ ਸਨ।

# ਪ੍ਰਿਤਪਾਲ ਫਗਵਾੜਾ ਨੇ ਮਿਰਜ਼ਾ ਈਰਾਨੀ ਨੂੰ ਹਰਾ ਕੇ ਅਲਟੋ ਜਿੱਤੀ



**ਬਲਾਚੌਰ ( ਜਸਵਿੰਦਰ ਬੈਂਸ)** ਬਾਬਾ ਬਲਰਾਜ ਛਿੰਝ ਮੇਲੇ ਸ਼ਾਨੋ ਸ਼ੌਕਤ ਨਾਲ ਸ਼ੁਰੂ ਹੋਇਆ ਜਿਸ ਵਿੱਚ ਬੜੇ ਉਤਸ਼ਾਹ ਨਾਲ ਵੱਡੀ ਗਿਣਤੀ ਵਿੱਚ ਦੂਰੋ ਨੇੜਿਓ ਪੁੱਜਿਆ ਸੰਗਤਾ ਨੇ ਇਸ ਛਿੰਝ ਮੇਲੇ ਦਾ ਖੂਬ ਆਨੰਦ ਮਾਣਿਆ।ਸ੍ਰੀ ਬਾਬਾ ਬਰਲਾਜ ਮੰਦਰ ਪ੍ਰਬੰਧਕ ਕਮੇਟੀ ਅਤੇ ਰਾਜਪੂਤ ਭਾਈਚਾਰੇ ਦੇ ਸਮੂਹ ਮੈਂਬਰਾਂ ਵੱਲੋਂ ਹਵਨ ਪੂਜਾ ਕਰਵਾਈ ਗਈ ਅਤੇ ਰਾਜਪੂਤ ਭਾਈਚਾਰੇ ਵਿੱਚ ਰਾਜ ਤਿਲਕ ਦੀ ਪਰੰਪਰਾ ਅਨੁਸਾਰ ਇਸ ਮੇਲੇ ਦੀ ਪੁਰਾਤਨ ਚੱਲੇ ਆ ਰਹੀ ਧਾਰਮਿਕ ਗੀਤ ਅਨੁਸਾਰ ਸ਼ੁਭ ਆਰੰਭ ਕੀਤਾ ਗਿਆ।ਇਸੇ ਤਰ੍ਹਾਂ ਹੀ ਸ਼੍ਰੀ ਵਿਸ਼ਵਕਰਮਾ ਵੰਸ਼ੀਆ ਵੱਲੋਂ ਗੜ੍ਹਸ਼ੰਕਰ ਰੋਡ ਬਲਾਚੌਰ ਸਥਿਤ ਬਾਬਾ ਵਿਸ਼ਵਕਰਮਾ ਮੰਦਰ, ਰੋਪੜ ਰੋਡ ਬਲਾਚੌਰ ਗੰਗੜ ਸਤੀ ਗੋਤ ਮੰਦਰ, ਭੱਦੀ ਰੋਡ ਬਲਾਚੌਰ ਸਥਿਤ ਨੀਲ ਸਤੀ ਮੰਦਰ ਦੇ ਸੁੰਦਰ ਧਾਰਮਿਕ ਅਸਥਾਨਾ ਤੇ ਵੱਡੀ ਗਿਣਤੀ 'ਚ ਪੁੱਜੇ ਸ਼ਰਧਾਲੂਆਂ ਨੇ ਮੱਥਾ ਟੇਕਿਆ।ਸ਼੍ਰੀ ਬਾਬਾ ਬਲਰਾਜ ਛਿੰਝ ਮੇਲਾ 'ਚ ਵੱਖ-ਵੱਖ ਪ੍ਰਸਿੱਧ ਅਖਾੜਿਆਂ ਦੇ ਪਹਿਲਵਾਨਾਂ ਵਿਚਕਾਰ ਹੋਏ ਕੁਸ਼ਤੀ ਦੰਗਲ ਨੇ ਮੇਲੇ ਨੂੰ ਹੋਰ ਵੀ ਰੌਣਕ ਬਣਾ ਦਿੱਤਾ।ਮੁੱਖ ਮਹਿਮਾਨ ਮਾਲਵਿੰਦਰ ਸਿੰਘ ਕੰਗ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਵਿਸ਼ੇਸ਼ ਮਹਿਮਾਨ ਵਜੋਂ ਹਲਕਾ ਵਿਧਾਇਕ ਬਲਾਚੌਰ ਸ਼੍ਰੀਮਤੀ ਸੰਤੋਸ਼ ਕਟਾਰੀਆ, ਅਸ਼ੋਕ ਕਟਾਰੀਆ, ਸਾਬਕਾ ਵਿਧਾਇਕ ਬਲਾਚੌਰ ਦਰਸ਼ਨ ਲਾਲ ਮੰਗੂਪੁਰ, ਬ੍ਰਿਗੇਡੀਅਰ ਰਾਜ ਕੁਮਾਰ, ਡਾ. ਸੁਭਾਸ਼ ਸ਼ਰਮਾ ਉਪ ਪ੍ਰਧਾਨ ਭਾਜਪਾ ਪੰਜਾਬ, ਰਾਜਵਿੰਦਰ ਸਿੰਘ ਲੱਕੀ ਜ਼ਿਲ੍ਹਾ ਪ੍ਰਧਾਨ ਭਾਜਪਾ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਕਾਂਗਰਸ, ਜਸਵੀਰ ਸਿੰਘ ਗੜ੍ਹੀ ਸੂਬਾ ਪ੍ਰਧਾਨ ਬਸਪਾ, ਰਾਜਪਾਲ ਚੌਹਾਨ, ਪਰਵੀਨ ਪੁਰੀ ਪੱਪਾ, ਅਸ਼ੋਕ ਬਜਾੜ ਕਰੀਮਪੁਰ ਅਤੇ ਮੈਡਮ ਬਰਿੰਦਰ ਕੌਰ ਥਾਂਦੀ ਦਿਲਾਵਰ ਦਿਲੀ ਸਾਬਕਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਇਸ ਮੌਕੇ ਨਗਰ ਕੌਂਸਲ ਬਲਾਚੌਰ ਦੇ ਸਾਬਕਾ ਪ੍ਰਧਾਨ ਨਰਿੰਦਰ ਘਈ (ਟਿੰਕੂ), ਮੰਦਰ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਾਣਾ ਲਲਿਤ ਕੁਮਾਰ, ਕੈਸ਼ੀਅਰ ਪ੍ਰਭਾਤ ਰਾਣਾ, ਡਾ. ਸੁਨੀਤਾ ਸ਼ਰਮਾਂ, ਅਮਨ ਵਰਮਾ, ਅਨਿਲ ਕੁਮਾਰ, ਰਾਕੇਸ਼ ਰਾਣਾ, ਨੀਲਕਾਂਤ, ਵਿਸ਼ੂ ਰਾਣਾ, ਐਡਵੋਕੇਟ ਪੁਸ਼ਪ ਰਾਣਾ, ਗਗਨਦੀਪ ਸਿੰਘ, ਸੋਡੀ ਸਿੰਘ ਮਹਿੰਦੀਪੁਰ, ਕੌਂਸਲਰ ਪਰਮਿੰਦਰ ਪੰਮਾ, ਪਰਮਿੰਦਰ ਮੇਨਕਾ ਭਿੰਦਾ, ਲਾਲ ਬਹਾਦਰ ਗਾਂਧੀ, ਨਰੇਸ਼ ਚੇਚੀ, ਡਾ. ਭੁਪਿੰਦਰਜੀਤ ਸਿੰਘ ਸੂਰੀ, ਡਾ. ਅਮਨਦੀਪ ਕੌਰ ਸੂਰੀ, ਰਾਣਾ ਧਰੁੱਵ ਸਿੰਘ, ਰਵਿੰਦਰ ਸਿੰਘ ਘੁੰਮਣ, ਗਿਆਨ ਸਿੰਘ ਭਨੂੰ, ਸੰਤੋਖ ਸਿੰਘ ਸਿਵਾਲਿਕ, ਸੰਜੀਵ ਪਿੰਟੂ ਸਮੇਤ ਅਨੇਕਾਂ ਸ਼ਖਸ਼ੀਅਤਾਂ ਨੇ ਆਪਣੀ ਹਾਜ਼ਰੀ ਲਗਵਾਈ।ਪਟਕੇ ਦੀ ਪਹਿਲੀ ਕੁਸ਼ਤੀ 'ਚ ਲਾਡੀ ਫਗਵਾੜੇ ਨੇ ਨਰਿੰਦਰ ਖੰਨਾ ਨੂੰ ਹਰਾ ਕੇ ਹਾਂਡਾ ਮੋਟਰ ਸਾਇਕਲ 'ਤੇ ਕਬਜ਼ਾ ਕੀਤਾ, ਰਾਜੂ ਰਾਏਵਾਲ ਨੇ ਜੋਂਟੀ ਗੁੱਜਰ ਨੂੰ ਹਰਾ ਕੇ ਬੁਲੇਟ ਮੋਟਰ ਸਾਇਕਲ ਜਿੱਤਿਆ ਅਤੇ ਪ੍ਰਿਤਪਾਲ ਫਗਵਾੜਾ ਨੇ ਮਿਰਜਾ ਇਰਾਨੀ ਨੂੰ ਹਰਾ ਕੇ ਅਲਟੋ ਕਾਰ ਉਪਰ ਆਪਣਾ ਕਬਜ਼ਾ ਕੀਤਾ।

# 14ਵਾਂ ਮਹਾਨ ਕੀਰਤਨ ਦਰਬਾਰ ਕਰਵਾਇਆ



**ਆਦਮਪੁਰ (ਪਰਮਜੀਤ ਸਿੰਘ)**- ਸ੍ਰੀ ਗੁਰੂ ਅਮਰਦਾਸ ਜੀ ਦੇ 450ਵਾਂ ਸਾਲ ਜੋਤੀ ਜੋਤ ਅਤੇ ਗੁਰੂ ਰਾਮਦਾਸ ਦੇ 450ਵਾਂ ਸਾਲਾ ਗੁਰਤਾ ਗੱਦੀ ਦਿਵਸ ਨੂੰ ਸਮਰਪਿਤ 14ਵਾਂ ਮਹਾਨ ਕੀਰਤਨ ਦਰਬਾਰ ਪਿੰਡ ਖੋਜਕੀਪੁਰ ਨੰਗਲ ਸਲਾਲਾ ਵਿਖੇ ਐਨ ਆਰ ਆਈ ਵੀਰਾਂ ਅਤੇ ਸਮੂਹ ਪਿੰਡ ਵਾਸੀਆਂ ਦੇ ਸਹਿਯੋਗ ਕਰਵਾਇਆ ਗਿਆ।ਸਮਾਗਮ ਸਬੰਧੀ ਜਾਣਕਾਰੀ ਗੁਰਦੁਆਰਾ ਬਾਵਾ ਟਾਹਲੀ ਸਾਹਿਬ ਜੀ ਦੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਬੰਸ ਸਿੰਘ ਅਤੇ ਹੈਡ ਗ੍ਰੰਥੀ ਰਾਗੀ ਗਿਆਨੀ ਜਸਵੀਰ ਸਿੰਘ ਹੁਰਾਂ ਨੇ ਦੱਸਿਆ ਕਿ ਆਦਮਪੁਰ ਤੋਂ ਭੋਗਪੁਰ ਜੀਟੀ ਰੋਡ 'ਤੇ ਸਥਿਤ ਗੁਰਦੁਆਰਾ ਬਾਵਾ ਟਾਹਲੀ ਸਾਹਿਬ ਪਿੰਡ ਖੋਜਕੀਪੁਰ ਨੰਗਲ ਸਲਾਲਾ ਵਿਖੇ ਗੁਰੂ ਗ੍ਰੰਥ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਸ਼ਾਮ 6 ਵਜੇ ਤੋਂ ਰਾਤ 1 ਵਜੇ ਤੱਕ ਕੀਰਤਨ ਦਰਬਾਰ ਸਜਾਇਆ ਗਿਆ। ਜਿਸ ਵਿੱਚ ਸਿੱਖ ਪੰਥ ਸਤਿਕਾਰਤ ਜਥੇ ਜਿਨਾਂ ਵਿੱਚ ਭਾਈ ਲਖਵਿੰਦਰ ਸਿੰਘ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਸੁਖਦੇਵ ਸਿੰਘ ਕਥਾ ਵਾਚਕ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ, ਮੀਰੀ ਪੀਰੀ ਜਥਾ ਜਗਾਧਰੀ ਵਾਲੇ, ਭਾਈ ਗੁਰਪ੍ਰਤਾਪ ਸਿੰਘ ਪਦਮ, ਭਾਈ ਜਸਵੀਰ ਸਿੰਘ ਹਜ਼ੂਰੀ ਰਾਗੀ ਬਾਵਾ ਟਾਹਲੀ ਸਾਹਿਬ ਵਾਲਿਆਂ ਵੱਲੋਂ ਹਾਜ਼ਰੀ ਲਗਾ ਕੇ ਸੰਗਤਾਂ ਨੂੰ ਰਸਭਿੰਨੇ ਗੁਰਬਾਣੀ ਕੀਰਤਨ ਨਾਲ ਨਿਹਾਲ ਕੀਤਾ।

# ਪ੍ਰਧਾਨ ਮੰਤਰੀ ਅਵਾਸ ਯੋਜਨਾ ਤਹਿਤ ਹਰਿਆਣਾ ਨਾਲੋਂ ਪੰਜਾਬ ਨੂੰ ਮਿਲਿਆ ਵੱਧ ਫੰਡ : ਖੰਨਾ

**ਚੰਡੀਗੜ੍ਹ** : ਭਾਰਤੀ ਜਨਤਾ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਅਰਵਿੰਦ ਖੰਨਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਫੰਡ ਦੇਣ ਦੇ ਮਾਮਲੇ ਵਿੱਚ ਕੇਂਦਰ ਸਰਕਾਰ 'ਤੇ ਪੱਖਪਾਤੀ ਵਿਵਹਾਰ ਕਰਨ ਦਾ ਦੋਸ਼ ਕੋਰਾ ਝੂਠ ਹੈ। ਅੱਜ ਇੱਥੇ ਜਾਰੀ ਇੱਕ ਬਿਆਨ ਵਿੱਚ ਸ਼੍ਰੀ ਖੰਨਾ ਨੇ ਕਿਹਾ ਕਿ ਆਰ.ਟੀ.ਆਈ ਤਹਿਤ ਹਾਸਿਲ ਰਿਪੋਰਟ ਵਿੱਚ ਖੁਲਾਸਾ ਹੋਇਆ ਕਿ ਕੇਂਦਰ ਸਰਕਾਰ ਵੱਲੋਂ ਪ੍ਰਧਾਨ ਮੰਤਰੀ ਅਵਾਸ ਯੋਜਨਾ ਤਹਿਤ ਪੰਜਾਬ ਨੂੰ ਹਰਿਆਣਾ ਤੋਂ ਵੱਧ ਫੰਡ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਉਕਤ ਯੋਜਨਾ ਤਹਿਤ ਪੰਜਾਬ ਨੂੰ 1825 ਕਰੋੜ 78 ਲੱਖ ਰੁਪਏ ਪ੍ਰਾਪਤ ਹੋਏ ਹਨ ਜਦਕਿ ਹਰਿਆਣਾ ਨੂੰ ਸਿਰਫ਼ 1673 ਕਰੋੜ ਰੁਪਏ ਪ੍ਰਾਪਤ ਹੋਏ ਹਨ। ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਕੇਂਦਰ ਸਰਕਾਰ ਪੰਜਾਬ ਪ੍ਰਤੀ ਕੋਈ ਪੱਖਪਾਤ ਨਹੀਂ ਕਰ ਰਹੀ ਜਦਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ ਉਨ੍ਹਾਂ ਦਾ ਮੰਤਰੀ ਮੰਡਲ ਝੂਠ ਬੋਲ ਰਿਹਾ ਹੈ ਕਿ ਕੇਂਦਰ ਫੰਡ ਦੇਣ ਦੇ ਮਾਮਲੇ ਵਿੱਚ ਪੰਜਾਬ ਨਾਲ ਸੋਤੇਲਾ ਵਿਵਹਾਰ ਕਰ ਰਿਹਾ ਹੈ।

# ਬਾਬਾ ਵਿਸ਼ਵਕਰਮਾ ਦੇ ਪ੍ਰਗਟ ਦਿਵਸ ਮੌਕੇ ਸਾਲਾਨਾ ਜੋੜ ਮੇਲਾ ਕਰਵਾਇਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਬ੍ਰਹਿਮੰਡ ਦੇ ਦੈਵੀ ਸਿਲਪਕਾਰ ਅਤੇ ਦੇਸ਼ ਦੇ ਹੁਨਰਮੰਦ ਕਾਰੀਗਰ, ਦਸਤਕਾਰਾਂ ਅਤੇ ਕਿਰਤੀਆਂ ਦੇ ਪ੍ਰੇਰਣਾ ਸਰੋਤ ਭਗਵਾਨ ਵਿਸ਼ਵਕਰਮਾ ਦੇ ਸਤਿਕਾਰ ਵਜੋਂ ਵਿਸ਼ਵਕਰਮਾ ਦਿਵਸ ਪਿੰਡ ਬਘਾਣਾ ਵਿਖੇ ਬਿਸਤ ਦੋਆਬਾ ਨਹਿਰ ਮੇਹਟੀਆਣਾ ਤੋਂ ਗੜ੍ਹਸ਼ੰਕਰ ਰੋਡ ਸਥਿਤ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਵੀ ਬਾਬਾ ਵਿਸ਼ਵਕਰਮਾ ਜੀ ਦੇ ਪ੍ਰਗਟ ਦਿਵਸ ਮੌਕੇ ਸਾਲਾਨਾ ਜੋੜ ਮੇਲਾ ਕਰਵਾਇਆ ਗਿਆ।ਇਸ ਮੌਕੇ ਮੁੱਖ ਸੇਵਾਦਾਰ ਬਾਬਾ ਅਮਰੀਕ ਸਿੰਘ ਬਘਾਣਾ, ਬਾਬਾ ਰਾਮ ਦਾਸ ਬਘਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਲਾਨਾ ਜੋੜ ਮੇਲੇ ਮੌਕੇ ਬਾਬਾ ਵਿਸ਼ਵਕਰਮਾ ਜੀ ਦੀ ਪੂਜਾ ਅਰਚਨਾ ਕੀਤੀ ਗਈ।ਇਸ ਮੌਕੇ ਸਾਲਾਨਾ ਜੋੜ ਮੇਲੇ ਦੌਰਾਨ ਹਵਨ ਯੱਗ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਬਾਬਾ ਵਿਸ਼ਵਕਰਮਾ ਦੇ ਪ੍ਰਗਟ ਦਿਵਸ ਸਾਲਾਨਾ ਜੋੜ ਮੇਲੇ ਪੰਜਾਬ ਦੇ ਨਾਮਵਰ ਕਲਾਕਾਰ ਕੇ ਐਸ ਸੰਧੂ ਚੱਬੇਵਾਲ, ਮਨਜੀਤ ਮੋਜੀ ਭੁੰਗਰਨੀ ਨੇ ਭਜਨ ਕੀਰਤਨ ਰਾਹੀਂ ਬਾਬਾ ਦੀ ਹਾਜ਼ਰੀ ਭਰੀ। ਇਸ ਮੌਕੇ ਪ੍ਰਬੰਧਕਾਂ ਵੱਲੋਂ ਨਵੀਂ ਬਣੀ ਪੰਚਾਇਤ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪ੍ਰਬੰਧਕਾਂ ਨੇ ਦਾਨੀ ਸੱਜਣਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਬਾਬਾ ਵਿਸ਼ਵਕਰਮਾ ਜੀ ਦੇ ਪ੍ਰਗਟ ਦਿਵਸ ਮੌਕੇ ਸਵੇਰੇ ਤੋਂ ਹੀ ਸੰਗਤਾਂ ਦੀਆਂ ਮੱਥਾ ਟੇਕਣ ਲਈ ਲੰਮੀਆਂ ਲੰਮੀਆਂ ਲਾਈਨਾਂ ਲੱਗੀਆਂ ਹੋਈਆਂ ਸਨ।ਇਸ ਮੌਕੇ ਸਲਾਨਾ ਜੋੜ ਮੇਲੇ ਦੌਰਾਨ ਜੀ ਐਨ ਏ ਫੈਕਟਰੀ ਦੇ ਵਰਕਰਾਂ ਵੱਲੋਂ ਛੋਲੇ ਕੋਲਚਿਆ ਦੇ ਲੰਗਰ ਵੀ ਲਗਾਏ ਗਏ। ਇਸ ਮੌਕੇ ਅਮਰੀਕ ਸਿੰਘ ਬਘਾਣਾ, ਹਰਮੀਤ ਕੌਰ, ਬਾਬਾ ਰਾਮ ਦਾਸ, ਸਰਪੰਚ ਬਲਵਿੰਦਰ ਸਿੰਘ ਬਘਾਣਾ, ਪਨੀਤ ਕੁਮਾਰ ਸ਼ਰਮਾ, ਸੁਭਾਸ਼ ਕੁਮਾਰ ਘੋਨਾ ਪ੍ਰਧਾਨ ਦੁਰਗਾ ਮੰਦਰ ਬਘਾਣਾ, ਅੰਮ੍ਰਿਤ ਪਾਲ ਸਿੰਘ, ਜੱਸਾ, ਕਿਰਨਦੀਪ ਕੌਰ, ਸਿਮਰਨਜੀਤ ਸਿੰਘ, ਵੰਸ਼, ਲੱਕੀ ਭੁੰਗਰਨੀ, ਜਥੇਦਾਰ ਗੁਰਮੀਤ ਸਿੰਘਤੋਂ ਇਲਾਵਾ ਵੱਡੀ ਗਿਣਤੀ ਚ ਸੰਗਤਾਂ ਹਾਜ਼ਰ ਸਨ।

# ਦੋਆਬਾ ਕਾਲਜ 'ਚ ਬਾਬਾ ਵਿਸ਼ਵਕਰਮਾ ਦਿਵਸ ਸ਼ਰਧਾ-ਭਾਵਨਾ ਨਾਲ ਮਨਾਇਆ

**ਰਾਹੋਂ (ਕੁਲਵਿੰਦਰ ਸਿੰਘ ਰਾਹੋਂ)** ਦੋਆਬਾ ਕਾਲਜ ਵਿੱਚ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀਆਂ ਨੇ ਬਾਬਾ ਵਿਸ਼ਵਕਰਮਾ ਦਾ ਪੂਜਾ ਕੀਤਾ।ਦੋਆਬਾ ਕਾਲਜ ਦੇ ਡਾਇਰੈਕਟਰ ਡਾ. ਰਾਜੇਸ਼ਵਰ ਸਿੰਘ ਅਤੇ ਪ੍ਰਿੰਸੀਪਲ ਖੁਸ਼ਨੀਤ ਕੌਰ ਬਾਠ ਵੱਲੋਂ ਆਯੋਜਿਤ ਵਿਸ਼ੇਸ਼ ਪ੍ਰਾਰਥਨਾ ਸਮਾਰੋਹ ਵਿੱਚ ਬਾਬਾ ਵਿਸ਼ਵਕਰਮਾ ਦੀ ਤਸਵੀਰ ਅੱਗੇ ਪੂਜਾ ਅਰਚਨਾ ਕੀਤੀ ਅਤੇ ਸਮੂਹ ਜਗਤ ਲਈ ਸੁਖ-ਸੁਵਿਧਾ ਅਤੇ ਸਦਭਾਵਨਾ ਲਈ ਅਰਦਾਸ ਕੀਤੀ।ਇਸ ਮੌਕੇ ਵਿਦਿਆਰਥੀ ਨੇ ਰੰਗੋਲੀ ਮੁਕਾਬਲਿਆਂ ਅਤੇ ਦੀਵੇ ਜਲਾਣ ਸਮੇਤ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲਿਆ।ਕੈਂਪਸ ਦੇ ਡਾਇਰੈਕਟਰ ਡਾ. ਰਾਜੇਸ਼ਵਰ ਸਿੰਘ ਨੇ ਸਾਰਿਆਂ ਨੂੰ ਇੱਕਜੁਟਤਾ ਦੇ ਮੁੱਲਾਂ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ।ਕਾਲਜ ਦੀ ਪ੍ਰਿੰਸੀਪਲ ਡਾ. ਖੁਸ਼ਨੀਤ ਕੌਰ ਬਾਠ ਨੇ ਵਿਦਿਆਰਥੀਆਂ ਦੇ ਅਨੁਭਵਾਂ ਨੂੰ ਖੁਸ਼ਹਾਲ ਬਣਾਉਣ ਵਿੱਚ ਸੱਭਿਆਚਾਰਕ ਸਮਾਗਮਾਂ 'ਤੇ ਜ਼ੋਰ ਦਿੱਤਾ।ਇਸ ਮੌਕੇ ਡਾਇਰੈਕਟਰ ਡਾਕਟਰ ਰਾਜੇਸ਼ਵਰ ਸਿੰਘ ਅਤੇ ਪ੍ਰਿੰਸੀਪਲ ਖੁਸ਼ਨੀਤ ਕੌਰ ਬਾਠ, ਨਾਨਕ ਸ਼ਰਨ ਸਿੰਘ, ਇਰਵਿੰਦਰ ਕੌਰ, ਰਾਜ ਕੌਰ ਕਹਾਲੋਂ, ਕਿਰਨ ਬਾਲਾ, ਨਰੇਸ਼ ਕੁਮਾਰ, ਮੈਡਮ ਕਨੁਪ੍ਰੀਆ, ਸੰਗੀਤਾ ਰਾਣੀ, ਗੁਰਪਾਲ ਸਿੰਘ, ਗੁਰਵਿੰਦਰ ਸਿੰਘ ਮਾਂਗਟ, ਦੀਪ ਸੰਧੂ, ਰਾਜਿੰਦਰ ਸਿੰਘ ਸਮੂਹ ਵਿਦਿਆਰਥੀ ਮੌਜੂਦ ਸਨ।

# ਵੁਸ਼ੋ ਚੈਂਪੀਅਨ 'ਚ ਗੋਲਡ ਮੈਡਲ ਹਾਸਲ ਕਰਕੇ ਰਾਸ਼ਟਰੀ ਖੇਡਾਂ ਲਈ ਕੀਤਾ ਕੁਆਲੀਫਾਈ





**ਟਾਂਡਾ ਉੜਮੁੜ ( ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸਰਕਾਰੀ ਹਾਈ ਸਕੂਲ ਰਾਜਪੁਰ ਗਹੋਤ ਦੀਆਂ ਦੋ ਖਿਡਾਰਨਾਂ ਨੇ ਰਾਜ ਪੱਧਰੀ ਵੁਸ਼ੋ ਚੈਂਪੀਅਨਸ਼ਿਪ ਵਿੱਚ ਪਹਿਲਾ ਸਥਾਨ ਹਾਸਲ ਕਰਦੇ ਹੋਏ ਜਿੱਥੇ ਗੋਲਡ ਮੈਡਲ ਹਾਸਲ ਕੀਤਾ ਉੱਥੇ ਹੀ ਸਕੂਲ ਦੀ ਇੱਕ ਖਿਡਾਰਨ ਨੇ ਰਾਸ਼ਟਰੀ ਪੱਧਰ 'ਤੇ ਹੋਣ ਵਾਲੇ ਖੇਡ ਮੁਕਾਬਲਿਆਂ ਲਈ ਵੀ ਕੁਆਲੀਫਾਈ ਕੀਤਾ ਹੈ।ਇਹਨਾਂ ਹੋਣਹਾਰ ਖਿਡਾਰਨਾ ਨੂੰ ਸਕੂਲ ਵੱਲੋਂ ਸਨਮਾਨਿਤ ਕਰਦੇ ਹੋਏ ਮੁੱਖ ਅਧਿਆਪਕ ਹਰਪ੍ਰੀਤ ਸਿੰਘ ਤੇ ਹੋਰਨਾ ਸਟਾਫ ਮੈਂਬਰਾਂ ਨੇ ਦੱਸਿਆ ਕਿ ਸਕੂਲ ਦੀਆਂ ਹੋਣਹਾਰ ਖਿਡਾਰਨਾ ਪਰਮਿੰਦਰ ਕੌਰ ਤੇ ਚੰਦਨਪ੍ਰੀਤ ਕੌਰ ਨੇ ਜਲੰਧਰ ਵਿੱਚ ਹੋਈਆਂ ਰਾਜ ਪੱਧਰੀ ਖੇਡਾਂ ਦੌਰਾਨ ਵੁਸ਼ੋ ਚੈਂਪੀਅਨਸ਼ਿਪ ਵਿੱਚ ਗੋਲਡ ਮੈਡਲ ਪ੍ਰਾਪਤ ਕਰਦੇ ਹੋਏ ਆਪਣਾ-ਆਪਣੇ ਸਕੂਲ ਅਤੇ ਆਪਣੇ ਮਾਤਾ ਪਿਤਾ ਦਾ ਨਾਂਅ ਰੌਸ਼ਨ ਕੀਤਾ। ਉਹਨਾਂ ਹੋਰ ਦੱਸਿਆ ਕਿ ਸਕੂਲ ਦੀ ਖਿਡਾਰਨ ਪਰਮਿੰਦਰ ਕੌਰ ਨੈਸ਼ਨਲ ਪੱਧਰ ਲਈ ਸਕੂਲ ਦੀ ਨੁਮਾਇੰਦਗੀ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ।

ਇਸ ਮੌਕੇ ਉਕਤ ਗੋਲਡ ਮੈਡਲ ਪ੍ਰਾਪਤ ਖਿਡਾਰਨਾਂ ਦੇ ਕੋਚ ਜਸਪਿੰਦਰ ਸਿੰਘ ਦੀ ਸਲਾਘਾ ਕਰਦਿਆਂ ਕਿਹਾ ਕਿ ਉਹਨਾਂ ਵੱਲੋਂ ਕਰਵਾਈ ਗਈ ਦਿਨ ਰਾਤ ਮਿਹਨਤ ਕਰਨ ਕਰਕੇ ਹੀ ਦੀਆਂ ਇਹ ਖਿਡਾਰਨਾਂ ਮੁਕਾਮ ਹਾਸਿਲ ਕਰਨ ਵਿੱਚ ਸਫਲ ਹੋਈਆਂ ਹਨ। ਉਹਨਾਂ ਸਟਾਫ ਮੈਂਬਰਾਂ ਨੇ ਖਿਡਾਰਨਾ ਨੂੰ ਸਨਮਾਨਿਤ ਕਰਦਿਆਂ ਨੈਸ਼ਨਲ ਪੱਧਰ 'ਤੇ ਹੋਣ ਵਾਲੀਆਂ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਰਾਸ਼ਟਰੀ ਖਿਡਾਰਨ ਪਰਮਿੰਦਰ ਕੌਰ ਨੂੰ ਸ਼ੁਭਕਾਮਨਾਵਾਂ ਵੀ ਦਿੱਤੀਆਂ ਤੇ ਸਕੂਲ ਦੇ ਹੋਰਨਾਂ ਖਿਡਾਰੀਆਂ ਨੂੰ ਖੇਡਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਮੈਡਮ ਨੀਲਮ ਕੁਮਾਰੀ, ਵਰਿੰਦਰ ਨਰਿੰਦਰਾ, ਵਰਿੰਦਰ ਕੌਰ, ਪਿੰਕੀ ਰਾਣੀ, ਕਰਨਜੀਤ ਕੌਰ, ਗੁਰਵੀਰ ਕੌਰ, ਗੁਰਪ੍ਰੀਤ ਕੌਰ, ਰਾਜਵੀਰ ਕੌਰ ,ਮਨਦੀਪ ਕੌਰ, ਮਨਿੰਦਰ ਕੌਰ, ਪਰਦੀਪ ਸਿੰਘ ,ਸੁਖਬੀਰ ਸਿੰਘ, ਕੋਚ ਜਸਪਿੰਦਰ ਸਿੰਘ ਤੇ ਅਵਤਾਰ ਸਿੰਘ ਦੀ ਹਾਜ਼ਰ ਸਨ।

# ਖੂਨਦਾਨ ਜ਼ਿੰਦਗੀ ਪ੍ਰਦਾਨ ਕਰਨ ਦੇ ਸਮਾਨ : ਸੋਮ ਪ੍ਰਕਾਸ਼



**ਫ਼ਗਵਾੜਾ (ਡਾ ਰਮਨ)** ਹਿੰਦੁਸਤਾਨ ਵੈਲਫੇਅਰ ਬਲੱਡ ਡੋਨਰਜ਼ ਕਲੱਬ ( ਰਜਿ.) ਫਗਵਾੜਾ ਵਲੋਂ ਪ੍ਰਧਾਨ ਵਿਕਰਮ ਗੁਪਤਾ ਦੀ ਅਗਵਾਈ ਵਿੱਚ ਵਿਸ਼ਵਕਰਮਾ ਮੇਲੇ ਦੌਰਾਨ ਬੰਗਾ ਰੋਡ ਵਿਖੇ ਬਾਰਵਾਂ ਸਲਾਨਾ ਖੂਨਦਾਨ ਕੈਂਪ ਆਯੋਜਿਤ ਕੀਤਾ ਗਿਆ । ਯੁਵਕ ਸੇਵਾਵਾਂ ਪੰਜਾਬ , ਨਹਿਰੂ ਯੁਵਾ ਕੇਂਦਰ ਸੰਗਠਨ ਕਪੂਰਥਲਾ ਅਤੇ ਐਚ.ਡੀ.ਐਫ.ਸੀ. ਬੈਂਕ ਦੇ ਸਹਿਯੋਗ ਨਾਲ ਆਯੋਜਿਤ ਇਸ ਖੂਨਦਾਨ ਕੈਂਪ ਦੌਰਾਨ ਸ਼ਰਧਾਲੂਆਂ ਵਲੋਂ ਭਰਪੂਰ ਸਮਰਥਨ ਪ੍ਰਦਾਨ ਕਰਦਿਆਂ 105 ਖੂਨਦਾਨੀਆਂ ਨੇ ਸਵੈ-ਇੱਛਤ ਖੂਨਦਾਨ ਕੀਤਾ । ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਅਤੇ ਸਮਾਜ ਸੇਵਿਕਾ ਅਨੀਤਾ ਸੋਮ ਪ੍ਰਕਾਸ਼ ਵਲੋਂ ਕੈਂਪ ਦਾ ਉਦਘਾਟਨ ਕਰਦਿਆਂ ਕਿਹਾ ਕਿ ਖੂਨਦਾਨ ਜ਼ਿੰਦਗੀ ਪ੍ਰਦਾਨ ਕਰਨ ਦੇ ਬਰਾਬਰ ਹੈ , ਅਸੀਮ ਸੁੱਖ ਦੀ ਪ੍ਰਾਪਤੀ ਵਾਲੀ ਇਸ ਸੇਵਾ ਨੂੰ ਹਰ ਸਿਹਤਮੰਦ ਵਿਅਕਤੀ ਵਲੋਂ ਅਪਨਾਉਣਾ ਚਾਹੀਦਾ ਹੈ । ਜਿਲਾ ਯੋਜਨਾ ਬੋਰਡ ਚੇਅਰਪਰਸਨ ਲਲਿਤ ਸਕਲਾਨੀ, ਮਾਰਕੀਟ ਕਮੇਟੀ ਚੇਅਰਮੈਨ ਤਵਿੰਦਰ ਰਾਮ ਅਤੇ ਆਮ ਆਦਮੀ ਪਾਰਟੀ ਨੇਤਾ ਅਸ਼ੋਕ ਭਾਟੀਆ, ਹਰੀ ਓਮ ਗੁਪਤਾ, ਸੁਭਾਸ਼ ਕਵਾਤਰਾ, ਗੋਪੀ ਨੰਬਰਦਾਰ ਅਤੇ ਹਰਜਿੰਦਰ ਸਿੰਘ ਖਾਲਸਾ ਵਲੋਂ ਵੀ ਖੂਨਦਾਨ ਸੇਵਾ ਨੂੰ ਮਾਨਵਤਾ ਦੀ ਸਰਬੋਤਮ ਸੇਵਾ ਦਾ ਦਰਜਾ ਪ੍ਰਦਾਨ ਕਰਦਿਆਂ ਕਲੱਬ ਦੇ ਸਟਾਲ ਤੇ ਲੋਕਾਂ ਨੂੰ ਖੂਨਦਾਨ ਲਈ ਪ੍ਰੇਰਿਤ ਕੀਤਾ।ਪੀ.ਆਰ.ਓ ਨੀਰਜ ਬਖਸ਼ੀ, ਐਨ. ਕੇ. ਸ਼ਰਮਾ, ਸਕੱਤਰ ਵਿਤਿਨ ਪੁਰੀ , ਜਗਜੀਵਨ ਕੁਮਾਰ ਅਤੇ ਨਰੇਸ਼ ਕੋਹਲੀ ਵਲੋਂ ਸ਼ਰਧਾਲੂਆਂ ਨੂੰ ਅਪੀਲ ਅਤੇ ਪ੍ਰੇਰਣਾ ਰਾਹੀਂ ਇਹ ਟੀਚਾ ਪੂਰਾ ਕੀਤਾ ਗਿਆ । ਸਭ ਖੂਨਦਾਨੀਆਂ ਦਾ ਸਨਮਾਨ ਕੀਤਾ ਗਿਆ।

# ਜਿੰਪਾ ਨੇ ਵਿਸ਼ਵਕਰਮਾ ਦਿਵਸ ਮੌਕੇ ਵੱਖ-ਵੱਖ ਪ੍ਰੋਗਰਾਮਾਂ 'ਚ ਕੀਤੀ ਸ਼ਮੂਲੀਅਤ



**ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)** ਸਾਬਕਾ ਮੰਤਰੀ ਅਤੇ ਮੌਜੂਦਾ ਹਲਕਾ ਵਿਧਾਇਕ ਹੁਸ਼ਿਆਰਪੁਰ ਬ੍ਰਹਮ ਸ਼ੰਕਰ ਸ਼ਰਮਾ ਜਿੰਪਾ ਵੱਲੋਂ ਆਪਣੇ ਹਲਕੇ ਅਧੀਨ ਪੈਂਦੇ ਪਿੰਡ ਡੱਲੇਵਾਲ, ਥਰੋਲੀ, ਬੂਥਗੜ੍ਹ ਅਤੇ ਮਹੱਲਾ ਰਾਮਗੜ੍ਹ, ਚੌਹਾਲ ਸਮੇਤ ਵੱਖ-ਵੱਖ ਥਾਵਾਂ ਤੇ ਵਿਸ਼ਵਕਰਮਾ ਦਿਵਸ ਨੂੰ ਸਮਰਪਿਤ ਕਰਵਾਏ ਜਾ ਰਹੇ ਪ੍ਰੋਗਰਾਮਾਂ ਵਿੱਚ ਪਹੁੰਚ ਕੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ।ਇਸ ਮੌਕੇ ਇਹਨਾਂ ਸਮਾਗਮਾਂ ਵਿੱਚ ਹਾਜ਼ਰ ਸੰਗਤਾਂ ਵੱਲੋਂ ਉਨਾਂ ਦਾ ਨਿੱਘਾ ਸਵਾਗਤ ਵੀ ਕੀਤਾ ਗਿਆ।ਇਸ ਮੌਕੇ ਸ੍ਰਿਸ਼ਟੀ ਦੇ ਰਚੇਤਾ ਭਗਵਾਨ ਵਿਸ਼ਵਕਰਮਾ ਜੀ ਦੇ ਆਗਮਨ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਵਧਾਈਆਂ ਦਿੰਦਿਆਂ ਹੋਇਆਂ ਕਿਹਾ ਕਿ ਉਹਨਾਂ ਦੇ ਦੱਸੇ ਹੋਏ ਮਾਰਗ ਤੇ ਚੱਲ ਕੇ ਅਸੀਂ ਚੰਗੇ ਸਮਾਜ ਦਾ ਨਿਰਮਾਣ ਅਤੇ ਸਮਾਜ ਦਾ ਵਿਕਾਸ ਕਰ ਸਕਦੇ ਹਾਂ। ਇਸ ਮੌਕੇ ਭਗਵਾਨ ਵਿਸ਼ਵਕਰਮਾ ਜੀ ਦੇ ਜੀਵਨ ਤੇ ਚਾਨਣਾ ਪਾਉਂਦੇ ਹੋਏ ਉਹਨਾਂ ਨੇ ਕਿਹਾ ਕਿ ਸਾਨੂੰ ਅਜਿਹੇ ਤਿਉਹਾਰ ਅਤੇ ਪੁਰਬ ਵੱਧ ਚੜ੍ਹ ਕੇ ਮਨਾਉਣੇ ਚਾਹੀਦੇ ਹਨ ਤਾਂ ਜੋ ਆਪਸੀ ਭਾਈਚਾਰਕ ਸਾਂਝ ਨੂੰ ਹੋਰ ਮਜਬੂਤ ਕੀਤਾ ਜਾ ਸਕੇ। ਇਸ ਮੌਕੇ ਉਨਾਂ ਨੇ ਸੂਬੇ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹਮੇਸ਼ਾ ਮਿਹਨਤ-ਕਸ਼ ਲੋਕਾਂ ਦੀ ਭਲਾਈ ਅਤੇ ਸੁਰੱਖਿਆ ਲਈ ਵਚਨਬੱਧ ਹੈ ਅਤੇ ਸਰਕਾਰ ਵੱਲੋਂ ਲੋਕ ਭਲਾਈ ਦੇ ਕੀਤੇ ਜਾ ਰਹੇ ਕਾਰਜਾਂ ਦੇ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਪਹਿਲਾ ਮੰਤਵ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨਾ ਹੈ ਅਤੇ ਆਪਸੀ ਪਿਆਰ ਵਿੱਚ ਵਾਧਾ ਕਰਨਾ ਹੈ। ਇਸ ਮੌਕੇ ਵੱਖ ਵੱਖ ਥਾਵਾਂ ਤੇ ਕਰਵਾਇਆ ਜਾ ਰਹੇ ਇਹਨਾਂ ਪ੍ਰੋਗਰਾਮਾਂ ਦੀਆਂ ਪ੍ਰਬੰਧਕ ਕਮੇਟੀਆਂ ਦੇ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨ ਚਿੰਨ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਪਿੰਡ ਡੱਲੇਵਾਲ ਤੋਂ ਸਰਪੰਚ ਸ਼੍ਰੀਮਤੀ ਹਰਦੀਪ ਕੌਰ, ਮੰਦਰ ਕਮੇਟੀ ਦੇ ਪ੍ਰਧਾਨ ਹਰਮੇਸ਼ ਕੁਮਾਰ, ਮੈਂਬਰ ਪੰਚਾਇਤ ਮੋਨੀਕਾ ਠਾਕੁਰ, ਮੈਂਬਰ ਪੰਚਾਇਤ ਚਰਨਜੀਤ ਗੋਮਰ, ਮੈਂਬਰ ਪੰਚਾਇਤ ਦਲਵਿੰਦਰ ਸਿੰਘ ਬਿੱਲਾ, ਵਿਜੇ ਕੁਮਾਰ ਲੰਬੜਦਾਰ ,ਨਿਰਪਾਲ ਸਿੰਘ, ਆਪ ਪ੍ਰਧਾਨ ਸਾਧੂ ਰਾਮ, ਸੰਤ ਰਾਮ, ਥਰੌਲੀ ਤੋਂ ਸਰਪੰਚ ਸ਼੍ਰੀਮਤੀ ਗੀਨਾ, ਮੰਦਰ ਕਮੇਟੀ ਥਰੋਲੀ ਦੇ ਪ੍ਰਧਾਨ ਕੇਵਲ ਕੁਮਾਰ, ਹਰਵਿੰਦਰ ਸਿੰਘ ਥਰੋਲੀ, ਆਪ ਪ੍ਰਧਾਨ ਅਮਰਜੀਤ ਸਿੰਘ, ਮਨਦੀਪ ਕੁਮਾਰ ਬਿਨੋਦ ਬਾਬਾ, ਮੈਂਬਰ ਪੰਚਾਇਤ ਅਮਰੀਕ ਸਿੰਘ, ਮੈਂਬਰ ਪੰਚਾਇਤ ਪਿਆਰਾ ਲਾਲ, ਪਿੰਡ ਬੂਥਗੜ੍ਹ ਤੋਂ ਪਵਨ ਸ਼ਰਮਾ ਅਤੇ ਮਠਾਰੂ ਸਾਹਿਬ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਜਲੰਧਰ 'ਚ ਕਿਸਾਨਾਂ ਨੂੰ ਝੋਨੇ ਦੀ 1267 ਕਰੋੜ ਰੁਪਏ ਦੀ ਅਦਾਇਗੀ

**ਜਲੰਧਰ, ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਝੋਨੇ ਦੀ ਚੱਲ ਰਹੀ ਖ਼ਰੀਦ ਪ੍ਰਕਿਰਿਆ ਦਾ ਜਾਇਜ਼ਾ ਲੈਂਦਿਆਂ ਦੱਸਿਆ ਕਿ 2 ਨਵੰਬਰ ਤੱਕ ਜ਼ਿਲ੍ਹੇ ਦੇ ਕਿਸਾਨਾਂ ਨੂੰ ਖ਼ਰੀਦ ਕੀਤੀ ਗਈ ਫ਼ਸਲ ਦੀ 1267 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ।ਡਾ. ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਸ਼ਨੀਵਾਰ ਤੱਕ 594523 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ, ਜਿਸ ਵਿੱਚੋਂ 588235 ਮੀਟ੍ਰਿਕ ਟਨ ਫ਼ਸਲ ਦੀ ਵੱਖ-ਵੱਖ ਖ਼ਰੀਦ ਏਜੰਸੀਆਂ ਵੱਲੋਂ ਖ਼ਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਝੋਨੇ ਦੀ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਪ੍ਰਸ਼ਾਸਨ ਵੱਲੋਂ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਹੈ। ਫ਼ਸਲ ਦੀ ਖ਼ਰੀਦ ਦੇ ਨਾਲ-ਨਾਲ ਲਿਫ਼ਟਿੰਗ ਵਿੱਚ ਵੀ ਤੇਜ਼ੀ ਲਿਆਂਦੀ ਗਈ ਹੈ ਅਤੇ ਹੁਣ ਤੱਕ 214104 ਮੀਟ੍ਰਿਕ ਟਨ ਝੋਨੇ ਦੀ ਚੁਕਾਈ ਕੀਤੀ ਜਾ ਚੁੱਕੀ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੰਡੀਆਂ ਵਿਚ ਝੋਨੇ ਦੀ ਨਿਰਵਿਘਨ ਖ਼ਰੀਦ, ਸਮੇਂ-ਸਿਰ ਅਦਾਇਗੀ ਅਤੇ ਨਾਲੋ-ਨਾਲ ਲਿਫ਼ਟਿੰਗ ਸਬੰਧੀ ਜਾਰੀ ਹਦਾਇਤਾਂ ਦੀ ਪਾਲਣਾ ਕਰਦਿਆਂ ਸਬੰਧਤ ਅਧਿਕਾਰੀਆਂ ਵੱਲੋਂ ਲਗਾਤਾਰ ਖ਼ਰੀਦ ਪ੍ਰਕਿਰਿਆ 'ਤੇ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਖ਼ਰੀਦ ਉਪਰੰਤ ਝੋਨੇ ਦੀ ਨਾਲੋ-ਨਾਲ ਲਿਫ਼ਟਿੰਗ ਯਕੀਨੀ ਬਣਾਉਣ ਲਈ ਅਧਿਕਾਰੀਆਂ ਨੂੰ ਪਹਿਲਾਂ ਹੀ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ ਅਤੇ ਆਉਣ ਵਾਲੇ ਦਿਨਾਂ ਵਿੱਚ ਫ਼ਸਲ ਦੀ ਲਿਫ਼ਟਿੰਗ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇਗੀ। ਉਨ੍ਹਾਂ ਪੰਜਾਬ ਸਰਕਾਰ ਦੀ ਕਿਸਾਨਾਂ ਦੀ ਫ਼ਸਲ ਦਾ ਇਕ-ਇਕ ਦਾਣਾ ਖ਼ਰੀਦ ਕਰਨ ਦੀ ਵਚਨਬੱਧਤਾ ਵੀ ਦੁਹਰਾਈ।

ਡਿਪਟੀ ਕਮਿਸ਼ਨਰ ਨੇ ਖ਼ਰੀਦ ਪ੍ਰਬੰਧਾਂ ਨਾਲ ਜੁੜੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਖ਼ਰੀਦ, ਲਿਫ਼ਟਿੰਗ, ਅਦਾਇਗੀ ਸਬੰਧੀ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਉਣ ਤਾਂ ਜੋ ਝੋਨੇ ਦੇ ਖ਼ਰੀਦ ਸੀਜ਼ਨ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਜਾ ਸਕੇ। ਉਨ੍ਹਾਂ ਸਪੱਸ਼ਟ ਕਿਹਾ ਕਿ ਇਸ ਕੰਮ ਵਿੱਚ ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## 'ਆਪ' ਆਗੂ ਸੰਦੀਪ ਸ਼ਰਮਾ ਦੇ ਨਿਵਾਸ 'ਤੇ ਕੀਤੀ ਗੋਵਰਧਨ ਪੂਜਾ



**ਨਾਭਾ (ਵਰਿੰਦਰ ਵਰਮਾ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਆਮ ਆਦਮੀ ਪਾਰਟੀ ਦੇ ਸ਼ਹਿਰੀ ਬਲਾਕ ਪ੍ਰਧਾਨ ਤੇ ਸੀਨੀਅਰ ਆਗੂ ਸੰਦੀਪ ਸ਼ਰਮਾ ਦੇ ਨਿਵਾਸ ਸਥਾਨ ਨਵਾਂ ਬੱਸ ਸਟੈਂਡ ਨੇੜੇ ਕਰਿਆਨਾ ਭਵਨ ਵਿਖੇ ਗੋਵਰਧਨ ਪੂਜਾ ਧੂਮਧਾਮ ਤੇ ਸ਼ਰਧਾ ਭਾਵਨਾ ਨਾਲ ਕੀਤੀ ਗਈ।ਇਸ ਮੌਕੇ ਜਿੱਥੇ ਪਰਿਵਾਰ ਦੇ ਮੈਂਬਰ ਹਾਜ਼ਰ ਸਨ, ਉੱਥੇ ਆਸ-ਪਾਸ ਦੇ ਲੋਕ, ਮੁਹੱਲਾ ਨਿਵਾਸੀ ਤੇ ਆਦਮੀ ਪਾਰਟੀ ਦੇ ਕਈ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ ਅਤੇ ਭਗਵਾਨ ਗੋਵਰਧਨ ਦੀ ਪੂਜਾ ਅਰਚਨਾ ਕੀਤੀ।ਇਸ ਮੌਕੇ ਪੰਡਿਤ ਜੀ ਵੱਲੋਂ ਹਵਨ ਯੱਗ ਦੇ ਨਾਲ-ਨਾਲ ਭਗਵਾਨ ਗੋਵਰਧਨ ਦੀ ਪੂਜਾ ਸ਼ਰਧਾ ਭਾਵਨਾ ਨਾਲ ਕੀਤੀ ਗਈ।ਉਪਰੰਤ ਠਾਕੁਰ ਜੀ ਦੇ ਭਜਨਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ।ਇਸ ਦੇ ਨਾਲ ਹੀ ਤੁਲਸੀ ਦੀ ਪੂਜਾ ਵੀ ਕੀਤੀ ਗਈ।ਪੂਜਾ ਤੋਂ ਬਾਅਦ ਪਰਵਾਰ ਵੱਲੋਂ ਅੰਨਕੂਟ ਕੜੀ ਚੌਲਾਂ ਦਾ ਲੰਗਰ ਵੀ ਵਰਤਾਇਆ ਗਿਆ।ਇਸ ਮੌਕੇ ਸੰਦੀਪ ਸ਼ਰਮਾ ਨੇ ਦੱਸਿਆ ਕਿ ਇਸ ਦਿਨ ਸ੍ਰੀ ਕ੍ਰਿਸ਼ਨ ਨੂੰ ਵੱਖ-ਵੱਖ ਤਰ੍ਹਾਂ ਦੇ ਪਕਵਾਨ ਤਿਆਰ ਕਰਕੇ ਚੜ੍ਹਾਏ ਜਾਂਦੇ ਹਨ।ਇਨ੍ਹਾਂ ਪਕਵਾਨਾਂ ਨੂੰ ਅੰਨਕੂਟ ਕਿਹਾ ਜਾਂਦਾ ਹੈ। ਇਸ ਦਿਨ ਭਗਵਾਨ ਕ੍ਰਿਸ਼ਨ ਜੀ ਨੇ ਦੇਵਰਾਜ ਇੰਦਰ ਦੀ ਹਉਮੈ ਦਾ ਨਾਸ਼ ਕਰਦੇ ਹੋਏ ਗੋਵਰਧਨ ਪਰਬਤ ਦੀ ਪੂਜਾ ਕੀਤੀ ਸੀ।ਇਸ ਨੂੰ ਬਾਲੀ ਪ੍ਰਤਿਪਦਾ ਵੀ ਕਿਹਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਠਾਕੁਰ ਜੀ ਦੀ ਅਪਾਰ ਕਿਰਪਾ ਨਾਲ ਇਹ ਕਾਰਜ ਹਰ ਸਾਲ ਕਰਵਾਇਆ ਜਾਂਦਾ ਹੈ ਤੇ ਭਵਿੱਖ ਵਿੱਚ ਵੀ ਠਾਕੁਰ ਜੀ ਦੀ ਕਿਰਪਾ ਨਾਲ ਜਾਰੀ ਰਹੇਗਾ।ਇਸ ਮੌਕੇ ਗੀਨਾ ਰਾਣੀ, ਜਗਦੀਪ ਸ਼ਰਮਾ, ਮਨਦੀਪ ਸ਼ਰਮਾ, ਸੁਸ਼ੀਲ ਸਿੰਗਲਾ, ਆਪ ਯੂਥ ਵਿੰਗ ਜੁਆਇੰਟ ਸਕੱਤਰ ਪੰਜਾਬ ਗੁਰਪ੍ਰੀਤ ਸਿੰਘ ਗੋਪੀ ਫੈਜਗੜ੍ਹ, ਯੂਥ ਵਿੰਗ ਸੀਨੀਅਰ ਆਗੂ ਆਪ ਲਾਲੀ ਫਤਿਹਪੁਰ, ਰਾਣਾ ਨਾਭਾ, ਗੁਰਪ੍ਰੀਤ ਸਿੰਘ, ਦਵਿੰਦਰ ਸਿੰਘ ਕੁਲਾਰਾ ਸਰਪੰਚ, ਬਲਵਿੰਦਰ ਬਿੱਲੂ, ਗਗਨਦੀਪ ਸਿੰਘ ਮਹਿਮੀ, ਵੀਰੂ ਨਰਮਾਣਾ, ਗੁਰਜੰਟ ਸਿੰਘ ਸੌਜਾ, ਮੁਕੇਸ਼ ਜੋਸ਼ੀ ਹਰਵਿੰਦਰ ਸਿੰਘ ਖਹਿਰਾ ਬੀੜਵਾਲ ਪੰਚਾਇਤ ਮੈਂਬਰ, ਗਿਆਨ ਖਨੌੜਾ, ਕਰਨ ਤਲਵਾੜ, ਸੁਖਜੀਤ ਸਿੰਘ ਹੰਸ, ਸੰਜੀਵ ਕੁਮਾਰ ਬਰਨਾਲਾ, ਮਾਨਵ ਤਲਵਾੜ, ਨਰੇਸ਼ ਗਰਗ, ਗਾਮਾ ਅਗੋਲ, ਗੁਰਪ੍ਰੀਤ ਸਿੰਘ ਕਲਸਨਾ, ਇਕਬਾਲ ਸਿੰਘ ਆਦਿ ਸ਼ਾਮਲ ਸਨ।

# ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਵੱਲੋਂ 9 ਨੂੰ ਬਰਨਾਲਾ 'ਚ ਰੋਸ ਰੈਲੀ

### ਪੰਜਾਬ ਸਰਕਾਰ ਪੇਂਡੂ ਭੱਤੇ ਸਮੇਤ ਸਾਰੇ ਕੱਟੇ ਭੱਤੇ ਬਹਾਲ ਕਰੇ : ਲੌਂਗੋਵਾਲ



**ਮੋਗਾ/ਲੌਂਗੋਵਾਲ (ਇਕਬਾਲ ਸਿੰਘ ਖਹਿਰਾ/ਪ੍ਰਦੀਪ ਸੱਪਲ)**-ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਬਹਾਲੀ ਦੇ ਅਹਿਮ ਮਸਲੇ ਨੂੰ ਠੰਢੇ ਬਸਤੇ ਵਿੱਚ ਪਾਉਣ ਤੇ ਹੱਕੀ ਮੰਗਾਂ ਪ੍ਰਤੀ ਡੰਗ ਟਪਾਊ ਨੀਤੀਆਂ ਖ਼ਿਲਾਫ਼ ਚੱਲ ਰਹੇ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਅਧਿਆਪਕਾਂ ਦੀ ਪ੍ਰਤੀਨਿਧ ਜਥੇਬੰਦੀ ਡੀ.ਟੀ.ਐੱਫ. ਵੱਲੋਂ 9 ਨਵੰਬਰ ਨੂੰ ਬਰਨਾਲਾ ਵਿਖੇ ਸੂਬਾ ਪੱਧਰੀ ਰੋਸ ਰੈਲੀ ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਦਿੱਗਵਿਜੇ ਪਾਲ ਸ਼ਰਮਾ ਤੇ ਸੂਬਾ ਸਕੱਤਰ ਬਲਬੀਰ ਲੌਂਗੋਵਾਲ ਨੇ ਦੱਸਿਆ ਕਿ ਜਨਵਰੀ 2004 ਤੋਂ ਬਾਅਦ ਭਰਤੀ ਕੀਤੇ ਗਏ ਮੁਲਾਜ਼ਮਾਂ ਤੇ ਅਧਿਆਪਕਾਂ ਦੀ ਹੱਕੀ ਮੰਗ ਪੁਰਾਣੀ ਪੈਨਸ਼ਨ, ਆਪ ਸਰਕਾਰ ਵੱਲੋਂ ਢਾਈ ਸਾਲ ਬੀਤਣ ਦੇ ਬਾਵਜੂਦ ਪੂਰੀ ਨਹੀਂ ਕੀਤੀ ਗਈ। ਇਸ ਸਬੰਧੀ ਅਧੂਰਾ ਨੋਟੀਫਿਕੇਸ਼ਨ ਜਾਰੀ ਕਰਕੇ ਮਸਲਾ ਠੰਢੇ ਬਸਤੇ ਵਿੱਚ ਪਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਸੀਨੀਅਰ ਮੀਤ ਪ੍ਰਧਾਨ ਸਰਵਣ ਸਿੰਘ ਔਜਲਾ, ਮੀਤ ਪ੍ਰਧਾਨ ਸੁਖਵਿੰਦਰ ਸੁੱਖੀ ਤੇ ਸੂਬਾ ਪ੍ਰੈੱਸ ਸਕੱਤਰ ਲਖਵੀਰ ਸਿੰਘ ਹਰੀਕੇ ਨੇ ਦੱਸਿਆ ਕਿ ਸੂਬਾ ਕਮੇਟੀ ਵੱਲੋਂ ਕੀਤੀ ਗਈ ਅਹਿਮ ਮੀਟਿੰਗ ਦੌਰਾਨ ਕੇਂਦਰ ਤੇ ਸੂਬਾ ਸਰਕਾਰਾਂ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਦੀ ਤਿੱਖੀ ਆਲੋਚਨਾ ਕੀਤੀ ਗਈ। ਉਨ੍ਹਾਂ ਕਿਹਾ ਕਿ ਇਨ੍ਹਾਂ ਨੀਤੀਆਂ ਕਾਰਨ ਆਮ ਲੋਕਾਂ ਤੇ ਮੁਲਾਜ਼ਮਾਂ ਦਾ ਲਗਾਤਾਰ ਸ਼ੋਸ਼ਣ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁਲਾਜ਼ਮ 1970 ਦੇ ਦਹਾਕੇ ਵਾਲੀ ਪੁਰਾਣੀ ਪੈਨਸ਼ਨ ਲਾਗੂ ਕਰਨ ਦੀ ਮੰਗ ਕਰ ਰਹੇ ਹਨ, ਜਦੋਂ ਕਿ ਸਮੇਂ-ਸਮੇਂ ਦੀਆਂ ਸਰਕਾਰਾਂ ਵੱਲੋਂ ਕੰਟਰੀਬਿਊਟਰੀ ਸਕੀਮ ਤਹਿਤ ਨਵੀਂ ਐੱਨ ਪੀ ਐੱਸ ਯੂ ਪੀ ਐੱਸ ਪ੍ਰਣਾਲੀ ਵਾਲੀ ਮਾਮੂਲੀ ਪੈਨਸ਼ਨ ਜਬਰੀ ਥੋਪੀ ਜਾ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਿੱਖਿਆ ਕ੍ਰਾਂਤੀ ਦਾ ਨਾਅਰਾ ਦੇ ਕੇ ਚੋਣ ਮੈਨੀਫੈਸਟੋ ਵਿੱਚ ਪੈਨਸ਼ਨ ਬਹਾਲ ਕਰਨ ਦਾ ਲਿਖਤੀ ਵਾਅਦਾ ਕਰਕੇ ਸੱਤਾ ਹਾਸਲ ਕਰਨ ਵਾਲੀ ਆਪ ਸਰਕਾਰ ਪੰਜਾਬ ਦੇ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਦੇਣ ਤੋਂ ਆਨਾ-ਕਾਨੀ ਕਰ ਰਹੀ ਹੈ। ਪੰਜਾਬ ਦੇ ਮੁਲਾਜ਼ਮਾਂ ਦੇ ਪੇਂਡੂ ਭੱਤੇ ਸਮੇਤ 36 ਤਰ੍ਹਾਂ ਦੇ ਕੱਟੇ ਭੱਤੇ ਬਹਾਲ ਕਰਨ ਤੇ ਡੀ ਏ ਦੀਆਂ ਕਿਸ਼ਤਾਂ ਦੇ ਬਕਾਏ ਜਾਰੀ ਕਰਨ ਤੋਂ ਇਨਕਾਰੀ ਹੈ। ਸੂਬਾ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਹਰ ਵਾਰ ਚੋਣਾਂ ਦੌਰਾਨ ਪੈਨਸ਼ਨ ਬਹਾਲੀ ਸਮੇਤ ਮੁਲਾਜ਼ਮਾਂ ਨੂੰ ਗੱਲੀਂ ਬਾਤੀਂ ਰਿਉੜੀਆਂ ਵੰਡੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਪੰਜਾਬ ਤੇ ਕੇਂਦਰ ਸਰਕਾਰ ਦੀਆਂ ਲੋਕ ਤੇ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਡੱਟਵੇਂ ਵਿਸ਼ਾਲ ਤੇ ਲਗਾਤਾਰ ਸੰਘਰਸ਼ ਦੀ ਲੋੜ ਹੈ। ਸੂਬਾ ਆਗੂਆਂ ਨੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ ਸਮੁੱਚੇ ਅਧਿਆਪਕ ਵਰਗ ਨੂੰ 9 ਨਵੰਬਰ ਦੇ ਬਰਨਾਲਾ ਐਕਸ਼ਨ ਵਿੱਚ ਵੱਡੀ ਗਿਣਤੀ 'ਚ ਸ਼ਾਮਲ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਤੇ ਕਾਰਪੋਰੇਟ ਪੱਖੀ ਨੀਤੀਆਂ ਖ਼ਿਲਾਫ਼ ਵਿਸ਼ਾਲ ਸੰਘਰਸ਼ ਲਾਮਬੰਦ ਕੀਤੇ ਜਾਣਗੇ।

# ਬਾਬਾ ਵਿਸ਼ਵਕਰਮਾ ਤੇ ਭਾਈ ਲਾਲੋ ਦੀ ਯਾਦ 'ਚ ਧਾਰਮਿਕ ਸਮਾਗਮ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸ਼ਿਲਪ ਕਲਾ ਦੇ ਬਾਨੀ ਬਾਬਾ ਵਿਸ਼ਵਕਰਮਾ ਤੇ ਭਾਈ ਲਾਲੋ ਜੀ ਦੀ ਮਿੱਠੀ ਯਾਦ ਨੂੰ ਸਮਰਪਤ ਵਿਸ਼ਾਲ ਧਾਰਮਿਕ ਸਮਾਗਮ ਸਮੂਹ ਰਾਮਗੜ੍ਹੀਆ ਭਾਈਚਾਰੇ ਵੱਲੋਂ ਇਤਿਹਾਸਕ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਮਹਿਲ ਕਲਾਂ (ਬਰਨਾਲਾ) ਵਿਖੇ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ।ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਜਗਸੀਰ ਸਿੰਘ ਖ਼ਾਲਸਾ ਦੇ ਰਾਗੀ ਜਥੇ ਨੇ ਮਨੋਹਰ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ।ਉਨ੍ਹਾ ਰਾਮਗੜ੍ਹੀਆ ਭਾਈਚਾਰੇ ਨਾਲ ਸਬੰਧਤ ਮਹਾਨ ਸੂਰਬੀਰਾਂ ਸ੍. ਜੱਸਾ ਸਿੰਘ ਰਾਮਗੜ੍ਹੀਆ ਸਮੇਤ ਮਹਾਨ ਸ਼ਹੀਦਾਂ ਦੀ ਲਾਸਾਨੀ ਕੁਰਬਾਨੀ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਇਆ।ਗੁਰਦੁਆਰਾ ਕਮੇਟੀ ਦੇ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ ਨੇ ਸਮੂਹ ਰਾਮਗੜ੍ਹੀਆ ਭਾਈਚਾਰੇ ਨੂੰ ਵਧਾਈ ਦਿੰਦਿਆਂ ਹਰ ਸਾਲ ਵਿਸ਼ਾਲ ਧਾਰਮਿਕ ਸਮਾਗਮ ਕਰਵਾਉਣ ਲਈ ਧੰਨਵਾਦ ਕੀਤਾ।ਇਸ ਮੌਕੇ ਇੰਜੀਨੀਅਰ ਜਗਦੀਪ ਸਿੰਘ ਅਣਖੀ, ਬੀਬੀ ਰਮਨਦੀਪ ਕੌਰ ਆਸਟ੍ਰੇਲੀਆ ਦੇ ਉੱਦਮ ਸਦਕਾ ਪਾਠੀ ਸਾਹਿਬਾਨ, ਰਾਗੀ ਜਥੇ ਤੇ ਲੰਗਰਾਂ 'ਚ ਨਿਸ਼ਕਾਮ ਸੇਵਾ ਨਿਭਾਉਣ ਵਾਲੇ ਸਮੂਹ ਸੇਵਾਦਾਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਪ੍ਰਬੰਧਕ ਮਾ: ਹਰਮੇਲ ਸਿੰਘ ਮਠਾੜੂ ਨੇ ਲੇਖਾ ਜੋਖਾ ਪੇਸ਼ ਕਰਦਿਆਂ ਸਹਿਯੋਗ ਲਈ ਸਭ ਦਾ ਧੰਨਵਾਦ ਕੀਤਾ।ਇਸ ਮੌਕੇ ਸਰਪੰਚ ਸਰਬਜੀਤ ਸਿੰਘ ਸ਼ੰਭੂ, ਗਿਆਨੀ ਕੁਲਦੀਪ ਸਿੰਘ ਰਾਗੀ, ਬੇਅੰਤ ਸਿੰਘ ਮਿੱਠੂ, ਅਵਤਾਰ ਸਿੰਘ ਅਣਖੀ, ਰਾਜਿੰਦਰਪਾਲ ਸਿੰਘ ਬਿੱਟੂ, ਚਮਕੌਰ ਸਿੰਘ ਮਠਾੜੂ, ਹਾਕਮ ਸਿੰਘ ਮਠਾੜੂ, ਜਰਨੈਲ ਸਿੰਘ ਜਗਦੇ, ਰਣਜੀਤ ਸਿੰਘ ਬਿੱਟੂ, ਪਰਮਜੀਤ ਸਿੰਘ ਜਗਦੇ, ਦਰਸ਼ਨ ਸਿੰਘ ਖ਼ਾਲਸਾ, ਅਵਤਾਰ ਸਿੰਘ ਦੂਲੋਂ, ਜਰਨੈਲ ਸਿੰਘ ਭੋਲਾ, ਭਾਈ ਜਗਤਾਰ ਸਿੰਘ, ਡਾ: ਅਮਰਜੀਤ ਸਿੰਘ, ਕਰਨੈਲ ਸਿੰਘ ਢੈਪਈ, ਨੰਬਰਦਾਰ ਆਤਮਾ ਸਿੰਘ, ਦਲਬਾਰਾ ਸਿੰਘ, ਸੁਖਦੇਵ ਸਿੰਘ ਰਾਗੀ, ਸੁਖਵਿੰਦਰ ਸਿੰਘ ਖ਼ਾਲਸਾ, ਹਰੀ ਸਿੰਘ ਮੈਂਬਰ, ਅਜਮੇਰ ਸਿੰਘ ਧਾਲੀਵਾਲ, ਭਾਈ ਚਮਕੌਰ ਸਿੰਘ, ਭਾਈ ਨੱਥਾ ਸਿੰਘ, ਮਿ: ਬਲਵੰਤ ਸਿੰਘ, ਜਗੀਰ ਸਿੰਘ ਦਿਉਲ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਮੁਲਾਜ਼ਮ ਤੇ ਪੈਨਸ਼ਨਰ 7 ਨੂੰ ਗਿੱਦੜਬਾਹਾ 'ਚ ਕਰਨਗੇ ਰੋਸ ਮਾਰਚ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਗੌਰਮੈਂਟ ਪੈਨਸ਼ਨਰਜ਼ ਜੁਆਇੰਟ ਫਰੰਟ ਅਤੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਮੀਟਿੰਗ ਜ਼ਿਲ੍ਹਾ ਕਨਵੀਨਰ ਜੋਗਿੰਦਰ ਸਿੰਘ ਮੱਲਣ, ਕਰਮਜੀਤ ਸ਼ਰਮਾ ਤੇ ਅੰਗਰੇਜ਼ ਸਿੰਘ ਦੀ ਅਗਵਾਈ ਵਿੱਚ ਗਿੱਦੜਬਾਹਾ ਵਿਖੇ ਹੋਈ, ਜਿਸ ਵਿੱਚ ਵੱਖ-ਵੱਖ ਜਥੇਬੰਦੀਆਂ ਦੇ ਆਗੂ ਤੇ ਮੈਂਬਰ ਸ਼ਾਮਲ ਹੋਏ।ਮੀਟਿੰਗ ਵਿੱਚ ਬੁਲਾਰਿਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਲਗਾਤਾਰ ਟਿੱਚਰਾਂ ਕਰ ਰਹੀ ਹੈ।ਵਾਰ ਵਾਰ ਮੀਟਿੰਗਾਂ ਦਾ ਸਮਾਂ ਦੇ ਕੇ ਮੁੱਕਰ ਰਹੀ ਹੈ, ਜਿਸ ਕਰਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਹੈ।ਪੰਜਾਬ ਸਰਕਾਰ ਨੇ ਮੁਲਾਜ਼ਮਾਂ ਤੇ ਪੈਨਸ਼ਨਾਂ ਨੂੰ 4% ਡੀ ਏ ਦੀ ਕਿਸ਼ਤ ਦੇ ਕੇ ਕੋਝਾ ਮਜ਼ਾਕ ਕੀਤਾ ਹੈ, ਜੋ ਕਿ ਊਠ ਦੇ ਮੂੰਹ ਵਿੱਚ ਜ਼ੀਰਾ ਦੇਣ ਵਾਲੀ ਗੱਲ ਹੈ। ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਜਿਉਂ ਦੀਆਂ ਤਿਉਂ ਹੀ ਲਮਕ ਰਹੀਆਂ ਹਨ ਤੇ ਪੰਜਾਬ ਸਰਕਾਰ ਇਨ੍ਹਾਂ ਮੰਗਾਂ ਨੂੰ ਲਾਗੂ ਨਹੀਂ ਕਰ ਰਹੀ, ਜਿਸ ਕਰਕੇ ਪੰਜਾਬ ਵਿੱਚ 13 ਨਵੰਬਰ ਨੂੰ ਹੋ ਰਹੀਆਂ ਜ਼ਿਮਨੀ ਚੋਣਾਂ ਦੇ ਸਬੰਧ ਵਿੱਚ ਮੁਲਾਜ਼ਮ ਤੇ ਪੈਨਸ਼ਨਰ 7 ਨਵੰਬਰ ਨੂੰ ਗਿੱਦੜਬਾਹਾ ਵਿਖੇ ਵੱਡੀ ਪੱਧਰ 'ਤੇ ਪੰਜਾਬ ਸਰਕਾਰ ਤੇ 'ਆਪ' ਉਮੀਦਵਾਰ ਦਾ ਸਖ਼ਤ ਵਿਰੋਧ ਕਰਨਗੇ।ਇਸ ਦਿਨ ਕਪਾਹ ਮੰਡੀ ਵਿੱਚ ਭਾਰੀ ਇਕੱਠ ਕਰਕੇ ਗਿੱਦੜਬਾਹਾ ਵਿਖੇ ਸਾਰੇ ਸ਼ਹਿਰ ਵਿੱਚ ਰੋਸ ਮਾਰਚ ਕੀਤਾ ਜਾਵੇਗਾ।ਮੀਟਿੰਗ ਵਿੱਚ ਮੇਘ ਰਾਜ ਬੁੱਟਰ, ਸ਼ਮਸ਼ੇਰ ਸਿੰਘ, ਨੱਥਾ ਸਿੰਘ, ਰਣਜੀਤ ਸਿੰਘ, ਦਰਸ਼ਨ ਸਿੰਘ ਮੌੜ, ਚਰਨਜੀਤ ਕੁਮਾਰ, ਸ਼ਾਮ ਲਾਲ, ਬਲਵੰਤ ਸਿੰਘ, ਹਰਦੇਵ ਸਿੰਘ, ਬਲਦੇਵ ਸਿੰਘ, ਮਨਜੀਤ ਸਿੰਘ, ਤਾਰਾ ਚੰਦ ਤੇ ਰਤਨ ਲਾਲ ਸ਼ਾਮਲ ਸਨ।

## ਹਰਜੀਤ ਸਿੰਘ ਨੂੰ ਸਦਮਾ, ਪਤਨੀ ਦਾ ਦਿਹਾਂਤ



**ਮਹਿਲ ਕਲਾਂ (ਪੱਤਰ ਪ੍ਰੇਰਕ)**-ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਕੌਮੀ ਕਨਵੀਨਰ ਹਰਜੀਤ ਸਿੰਘ ਰਾਮਗੜ੍ਹੀਆ ਦੀ ਜੀਵਨ ਸਾਥਣ ਬੀਬੀ ਹਰਜੋਤ ਕੌਰ ਰਾਮਗੜ੍ਹੀਆ (32) ਐਤਵਾਰ ਅਚਾਨਕ ਸਦੀਵੀ ਵਿਛੋੜਾ ਦੇ ਗਏ ਹਨ।ਇਸ ਦੁੱਖਦਾਈ ਮੌਕੇ ਪ੍ਰੈੱਸ ਕਲੱਬ ਮਹਿਲ ਕਲਾਂ ਦੇ ਸਰਪ੍ਰਸਤ ਅਵਤਾਰ ਸਿੰਘ ਅਣਖੀ, ਪ੍ਰਧਾਨ ਬਲਜਿੰਦਰ ਸਿੰਘ ਢਿੱਲੋਂ, ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਮੰਗਲ ਸਿੰਘ ਧਨੌਲਾ, ਹਲਕਾ ਮਹਿਲ ਕਲਾਂ ਦੇ ਪ੍ਰਧਾਨ ਮੁਕੰਦ ਸਿੰਘ ਰਾਮਗੜ੍ਹੀਆ, ਸੂਬਾਈ ਆਗੂ ਨਰਿੰਦਰ ਸਿੰਘ ਸੋਹਲ, ਚੇਅਰਮੈਨ ਜਰਨੈਲ ਸਿੰਘ ਮਠਾੜੂ, ਮੀਤ ਪ੍ਰਧਾਨ ਬੁੱਧ ਸਿੰਘ ਕਲਸੀ, ਗੁਰਤੇਜ ਸਿੰਘ ਛੀਨੀਵਾਲ, ਬਲਵੀਰ ਸਿੰਘ ਮਠਾੜੂ, ਗੁਰਮੀਤ ਸਿੰਘ ਛੀਨੀਵਾਲ, ਭਰਪੂਰ ਸਿੰਘ ਮਹਿਲ ਖੁਰਦ, ਜੁਗਿੰਦਰ ਸਿੰਘ ਧੰਜਲ, ਇਕਬਾਲ ਸਿੰਘ ਜਗਦੇ ਆਦਿ ਆਗੂਆਂ ਤੋਂ ਇਲਾਵਾ ਜਥੇਬੰਦੀ ਦੇ ਸਮੂਹ ਆਗੂਆਂ, ਵਰਕਰਾਂ ਨੇ ਕੌਮੀ ਕਨਵੀਨਰ ਹਰਜੀਤ ਸਿੰਘ ਰਾਮਗੜ੍ਹੀਆ ਨਾਲ ਦੁੱਖ ਸਾਂਝਾ ਕੀਤਾ।

# ਵਾਈਸ ਚਾਂਸਲਰ ਡਾ. ਰਾਜੀਵ ਸੂਦ ਦੇਸ਼ ਦੇ ਬੈੱਸਟ ਸਰਜਨ ਚੁਣੇ

### 15 ਦਸੰਬਰ ਨੂੰ ਦਿੱਤਾ ਜਾਵੇਗਾ ਐਵਾਰਡ : ਢੋਸੀਵਾਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**
ਦੇਸ਼ ਵਿੱਚ ਡਾਕਟਰਾਂ ਨੂੰ ਦਿੱਤਾ ਜਾਣ ਵਾਲੇ ਸਰਵਉੱਚ ਸਨਮਾਨ ਡਾ. ਬੀ. ਸੀ. ਰਾਏ ਨੈਸ਼ਨਲ ਐਵਾਰਡ ਨਾਲ ਨਿਵਾਜੇ ਗਏ ਅੰਤਰ ਰਾਸ਼ਟਰੀ ਪ੍ਰਸਿੱਧੀ ਪ੍ਰਾਪਤ ਯੂਰੋਲੋਜਿਸਟ ਡਾ. ਰਾਜੀਵ ਸੂਦ ਨੇ ਕਰੀਬ ਸਵਾ ਸਾਲ ਪਹਿਲਾਂ ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਫਰੀਦਕੋਟ ਦੇ ਵਾਇਸ ਚਾਂਸਲਰ ਵਜੋਂ ਅਹੁਦਾ ਸੰਭਾਲਿਆ ਸੀ। ਅਹੁਦਾ ਸੰਭਾਲਦਿਆਂ ਹੀ ਡਾ. ਸੂਦ ਨੇ ਯੂਨੀਵਰਸਿਟੀ ਅੰਦਰ ਪ੍ਰਸ਼ਾਸਨਕ ਤੇ ਮੈਡੀਕਲ ਖੇਤਰ ਵਿੱਚ ਸੁਧਾਰ ਲਿਆਉਣ ਲਈ ਸਾਰਥਿਕ ਯਤਨ ਸ਼ੁਰੂ ਕਰ ਦਿੱਤੇ ਸਨ।ਯੂਨੀਵਰਸਿਟੀ ਅਧੀਨ ਆਉਂਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ ਦੀ ਹਾਲਤ ਸੁਧਾਰਨ ਲਈ ਨਵੀਂ ਤਕਨੀਕ ਵਾਲੀਆਂ ਅਧੁਨਿਕ ਮਸ਼ੀਨਾਂ ਖ੍ਰੀਦੀਆਂ ਗਈਆਂ, ਮਰੀਜ਼ਾਂ ਲਈ ਹੋਰ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਅਤੇ ਇਮਾਰਤ ਵਿੱਚ ਸੁਧਾਰ ਕੀਤੇ ਗਏ।ਇਸੇ ਤਰ੍ਹਾਂ ਯੂਨੀਵਰਸਿਟੀ ਅਧੀਨ ਆਉਂਦੇ ਸਾਰੇ ਨਰਸਿੰਗ ਕਾਲਜਾਂ ਵਿੱਚ ਸੁਧਾਰ ਲਿਆਉਣ ਲਈ ਵੀ ਵਿਸ਼ੇਸ਼ ਉਪਰਾਲੇ ਕੀਤੇ ਗਏ।ਯੂਨੀਵਰਸਿਟੀ ਦੇ ਕਰਮਚਾਰੀਆਂ ਦੀਆਂ ਪੈਂਡਿੰਗ ਪਈਆਂ ਤਰੱਕੀਆਂ ਤੇ ਹੋਰ ਕੇਸਾਂ ਨੂੰ ਪਹਿਲ ਦੇ ਅਧਾਰ 'ਤੇ ਨਿਪਟਾਇਆ ਗਿਆ।ਅਦਾਲਤੀ ਕੇਸਾਂ ਨੂੰ ਖ਼ਤਮ ਕਰਨ ਲਈ ਸਾਰਥਿਕ ਯਤਨ ਕੀਤੇ ਜਾ ਰਹੇ ਹਨ।ਡਾ. ਸੂਦ ਨੇ ਯੂਨੀਵਰਸਿਟੀ ਕੰਪਲੈਕਸ ਨੂੰ ਹਰਿਆ ਭਰਿਆ ਤੇ ਪਲਾਸਟਿਕ ਮੁਕਤ ਬਣਾਉਣ ਲਈ ਵਿਸ਼ੇਸ਼ ਯਤਨ ਅਰੰਭ ਕੀਤੇ ਹੋਏ ਹਨ।ਇਨ੍ਹਾਂ ਕੋਸ਼ਿਸ਼ਾਂ ਸਦਕਾ ਬੀ.ਐੱਫ.ਯੂ.ਐੱਚ.ਐੱਸ. ਨੂੰ ਅੰਤਰ ਰਾਸ਼ਟਰੀ ਪੱਧਰ 'ਤੇ ਗਰੀਨ ਯੂਨੀਵਰਸਿਟੀ ਐਵਾਰਡ ਨਾਲ ਸਨਮਾਨਤ ਵੀ ਕੀਤਾ ਜਾ ਚੁੱਕਾ ਹੈ।ਐਨਾ ਹੀ ਨਹੀਂ ਯੂਨੀਵਰਸਿਟੀ ਵਿੱਚ ਆਪਣਾ ਇੱਕ ਸਾਲ ਦਾ ਕਾਰਜਕਾਲ ਪੂਰਾ ਕਰਨ ਉਪਰੰਤ ਡਾ. ਸੂਦ ਨੂੰ ਦੇਸ਼ ਦੀਆਂ ਨਾਮਵਰ ਸੰਸਥਾਵਾਂ ਵੱਲੋਂ ਬੈਸਟ ਵਾਇਸ ਚਾਂਸਲਰ ਤੇ ਬੈਸਟ ਯੂਨੀਵਰਸਿਟੀ ਦਾ ਐਵਾਰਡ ਵੀ ਦਿੱਤਾ ਜਾ ਚੁੱਕਾ ਹੈ।ਕੁਝ ਦਿਨ ਪਹਿਲਾਂ ਹੀ ਡਾ. ਰਾਜੀਵ ਸੂਦ ਦੀ ਚੇਅਰਮੈਨਸ਼ਿਪ ਅਧੀਨ ਨਵੀਂ ਦਿੱਲੀ ਵਿਖੇ ਯੂਰੋਲੋਜੀ ਸਬੰਧੀ ਵਿਸ਼ੇਸ਼ ਕਾਨਫਰੰਸ ਵੀ ਕੀਤੀ ਗਈ ਸੀ, ਜਿਸ ਨੂੰ ਕੇਂਦਰੀ ਸਿਹਤ ਤੇ ਪਰਵਾਰ ਕਲਿਆਣ ਮੰਤਰੀ ਸ੍ਰੀ ਜੇ. ਪੀ. ਨੱਢਾ ਸਮੇਤ ਕਈ ਹੋਰ ਉੱਚ ਸ਼ਖ਼ਸੀਅਤਾਂ ਨੇ ਸੰਬੋਧਨ ਕੀਤਾ ਸੀ।ਦੇਸ਼ ਦੀ ਪਾਰਲੀਮੈਂਟ ਦੇ ਕੰਸਲਟੈਂਟ ਡਾਕਟਰ ਰਹੇ ਡਾ. ਰਾਜੀਵ ਸੂਦ ਦੇਸ਼ ਦੇ ਮੰਨੇ ਪ੍ਰਮੰਨੇ ਸਰਜਨ ਹਨ।
ਪਿਛਲੇ ਦਿਨੀਂ ਪੰਜਾਹ ਹਜ਼ਾਰ ਦੇ ਕਰੀਬ ਮਾਹਰ ਸਰਜਨਾਂ ਵਿੱਚੋਂ ਡਾ. ਰਾਜੀਵ ਸੂਦ ਦੀ ਦੇਸ਼ ਦੇ ਬੈਸਟ ਸਰਜਨ ਵਜੋਂ ਚੋਣ ਕੀਤੀ ਗਈ ਹੈ।ਇਸ ਸਬੰਧੀ ਆਉਂਦੀ 15 ਦਸੰਬਰ ਨੂੰ ਆਗਰਾ ਵਿਖੇ ਵਿਸ਼ੇਸ਼ ਸਮਾਗਮ ਦੌਰਾਨ ਉਨ੍ਹਾਂ ਨੂੰ ਬੈਸਟ ਸਰਜਨ ਦਾ ਐਵਾਰਡ ਦੇ ਕੇ ਸਨਮਾਨਤ ਕੀਤਾ ਜਾਵੇਗਾ।ਡਾ. ਸੂਦ ਦੀਆਂ ਉਪਰੋਕਤ ਸਾਰੀਆਂ ਪ੍ਰਾਪਤੀਆਂ ਤੇ ਬੈਸਟ ਸਰਜਨ ਵਜੋਂ ਚੋਣ ਕੀਤੇ ਜਾਣ 'ਤੇ ਐੱਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਚੇਅਰਮੈਨ ਤੇ ਆਲ ਇੰਡੀਆ ਐੱਸ.ਸੀ./ਬੀ.ਸੀ./ਐੱਸ.ਟੀ. ਏਕਤਾ ਭਲਾਈ ਮੰਚ ਦੇ ਰਾਸ਼ਟਰੀ ਪ੍ਰਧਾਨ ਦਲਿਤ ਰਤਨ ਜਗਦੀਸ਼ ਰਾਏ ਢੋਸੀਵਾਲ ਨੇ ਖ਼ੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਡਾ. ਸੂਦ ਨੂੰ ਵਧਾਈ ਦਿੱਤੀ ਹੈ। ਇਸੇ ਤਰ੍ਹਾਂ ਐੱਲ.ਬੀ.ਸੀ.ਟੀ. ਦੀ ਫਰੀਦਕੋਟ ਇਕਾਈ ਦੇ ਚੀਫ ਪੈਟਰਨ ਹੀਰਾਵਤੀ, ਚੇਅਰਮੈਨ ਪ੍ਰਿੰ. ਕ੍ਰਿਸ਼ਨ ਲਾਲ, ਜ਼ਿਲ੍ਹਾ ਪ੍ਰਧਾਨ ਜਗਦੀਸ਼ ਰਾਜ ਭਾਰਤੀ, ਜਨਰਲ ਸਕੱਤਰ ਮਲਕੀਤ ਸਿੰਘ ਮੰਨਨ, ਸ਼ਾਂਤੀ ਦੇਵੀ ਤੇ ਮਨਜੀਤ ਰਾਣੀ ਸਮੇਤ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਹੈ।ਉਕਤ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਢੋਸੀਵਾਲ ਨੇ ਦੱਸਿਆ ਕਿ ਡਾ. ਸੂਦ ਨੂੰ ਬੈਸਟ ਸਰਜਨ ਚੁਣੇ ਜਾਣ 'ਤੇ ਜਲਦੀ ਹੀ ਉਨ੍ਹਾਂ ਦੀ ਸੰਸਥਾ ਵੱਲੋਂ ਵਧਾਈ ਦਿੱਤੀ ਜਾਵੇਗੀ।

## ਜ਼ਿਮਨੀ ਚੋਣਾਂ 'ਚ ਕਾਂਗਰਸ ਹੂੰਝਾ-ਫੇਰ ਜਿੱਤ ਪ੍ਰਾਪਤ ਕਰੇਗੀ : ਤਿਵਾੜੀ

**ਕੋਟ ਈਸੇ ਖਾਂ (ਅਰੋੜਾ)**-ਪੰਜਾਬੀਆਂ ਨਾਲ ਝੂਠ ਬੋਲ ਕੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਤੋਂ ਲੋਕ ਹੁਣ ਦੁਖੀ ਹੋ ਗਏ ਹਨ, ਜਿਸ ਦਾ ਜਵਾਬ ਹੁਣ ਲੋਕ ਪੰਜਾਬ ਵਿੱਚ ਹੋ ਰਹੀਆਂ ਚਾਰ ਜ਼ਿਮਨੀ ਚੋਣਾਂ ਵਿੱਚ ਦੇਣਗੇ ਅਤੇ ਚਾਰੋ ਸੀਟਾਂ 'ਤੇ ਕਾਂਗਰਸ ਪਾਰਟੀ ਆਪਣੇ ਜਿੱਤ ਦੇ ਝੰਡੇ ਗੱਡੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੀਸੀਸੀ ਕਮੇਟੀ ਦੇ ਮੈਂਬਰ ਕ੍ਰਿਸ਼ਨ ਤਿਵਾੜੀ ਨੇ ਪ੍ਰੈੱਸ ਨਾਲ ਕੀਤਾ। ਤਿਵਾੜੀ ਨੇ ਕਿਹਾ ਕਿ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਜੋ ਕਿ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰ ਰਹੇ ਹਨ ਅਤੇ ਕਾਂਗਰਸ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾ ਰਹੇ ਹਨ, ਜਿਸ ਦੇ ਫਲਸਰੂਪ ਲੋਕ ਜ਼ਿਮਨੀ ਚੋਣਾਂ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾਉਣ ਦਾ ਮਨ ਬਣਾਈ ਬੈਠੇ ਹਨ। ਉਨ੍ਹਾਂ ਕਿਹਾ ਕਿ ਜ਼ਿਮਨੀ ਚੋਣਾਂ ਨੂੰ ਲੈ ਕੇ ਕਾਂਗਰਸ ਪਾਰਟੀ ਦੇ ਆਗੂਆਂ ਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ ਤੇ ਲੋਕ ਇਸ ਵਾਰ ਕਾਂਗਰਸ ਪਾਰਟੀ ਦੇ ਹੱਕ ਵਿੱਚ ਫ਼ਤਵਾ ਦੇਣਗੇ। ਉਨ੍ਹਾਂ ਇਹ ਵੀ ਕਿਹਾ ਕਿ ਹੁਣੇ ਜਿਹੇ ਲੰਘੀਆਂ ਪੰਚਾਇਤੀ ਚੋਣਾਂ ਵਿੱਚ ਜੋ ਆਮ ਆਦਮੀ ਪਾਰਟੀ ਨੇ ਉਮੀਦਵਾਰਾਂ ਨਾਲ ਧੱਕਾ ਕੀਤਾ ਹੈ, ਉਹ ਅੱਜ ਤੱਕ ਕਿਸੇ ਵੀ ਸਰਕਾਰ ਨੇ ਨਹੀਂ ਕੀਤਾ ਅਤੇ ਕਾਂਗਰਸ ਦੀ ਸਰਕਾਰ ਸਮੇਂ ਹਰੇਕ ਚੋਣਾਂ ਬਹੁਤ ਅਮਨ ਸ਼ਾਂਤੀ ਤੇ ਨਿਰਪੱਖ ਹੋਈਆਂ ਹਨ, ਪਰ ਸੱਤਾਧਾਰੀ ਪਾਰਟੀ ਵੱਲੋਂ ਜੋ ਧੱਕੇਸ਼ਾਹੀ ਕੀਤੀ ਗਈ ਹੈ, ਲੋਕ ਹੁਣ ਉਸ ਦਾ ਜਵਾਬ ਜ਼ਿਮਨੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਹਰਾ ਕੇ ਦੇਣਗੇ।

## ਵੈਟਰਨਰੀ ਵਰਕਰਾਂ ਵੱਲੋਂ ਹੱਕੀ ਮੰਗਾਂ ਨੂੰ ਲੈ ਕੇ ਰੋਸ ਰੈਲੀ ਅੱਜ



**ਕੋਟ ਈਸੇ ਖਾਂ (ਅਰੋੜਾ)**-ਸਰਕਾਰਾਂ ਦੀਆਂ ਮਾੜੀਆਂ ਨੀਤੀਆਂ ਤੇ ਸਿਆਸੀ ਆਗੂਆਂ ਦੇ ਝੂਠੇ ਲਾਰਿਆਂ ਤੋਂ ਤੰਗ ਆ ਕੇ ਪਿਛਲੇ 16 ਸਾਲਾਂ ਤੋਂ ਪਸ਼ੂ ਪਾਲਣ ਵਿਭਾਗ ਵਿੱਚ ਏ. ਆਈ. ਤੇ ਵੈਕਸੀਨ ਦਾ ਕੰਮ ਕਰਦੇ ਆ ਰਹੇ ਵੈਟਰਨਰੀ ਵਰਕਰਾਂ ਨੂੰ ਆਪਣੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਦੇ ਰਾਹ ਤੁਰਨਾ ਪੈ ਰਿਹਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੁਲਦੀਪ ਸਿੰਘ ਗਿੱਲ ਬਹਿਰਾਮਕੇ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕੀਤਾ।ਉਨ੍ਹਾ ਕਿਹਾ ਕਿ ਵਿਧਾਨ ਸਭਾ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਵੱਲੋਂ ਵੋਟਾਂ ਤੋਂ ਪਹਿਲਾਂ ਵੱਡੇ-ਵੱਡੇ ਵਾਅਦੇ ਕੀਤੇ ਗਏ ਸਨ ਕਿ ਕੱਚੇ ਮੁਲਾਜ਼ਮਾਂ ਨੂੰ ਪਹਿਲ ਦੇ ਆਧਾਰ 'ਤੇ ਪੱਕੇ ਕੀਤਾ ਜਾਵੇਗਾ, ਪਰ 'ਆਪ' ਸਰਕਾਰ ਦੇ ਤਿੰਨ ਸਾਲ ਦੇ ਕਾਰਜ ਵਿੱਚ ਅੱਜ ਤੱਕ ਕੋਈ ਵੀ ਨੀਤੀ ਨਹੀਂ ਬਣਾਈ ਗਈ।ਉਨ੍ਹਾ ਕਿਹਾ ਕਿ ਏ. ਆਈ. ਵਰਕਰ ਲੱਗਭੱਗ ਦੋ ਸਾਲਾਂ ਤੋਂ ਮੋਹਾਲੀ ਸੈਕਟਰ 68 ਵਿੱਚ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਦੇ ਦਫ਼ਤਰ ਮੂਹਰੇ ਆਪਣੀਆਂ ਹੱਕੀ ਮੰਗਾਂ ਮਨਵਾਉਣ ਲਈ ਮੇਨ ਗੇਟ ਬੰਦ ਕਰਕੇ ਬੈਠੇ ਹਨ।ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਮਾੜੀਆਂ ਨੀਤੀਆਂ ਵਿਰੁੱਧ ਸੂਬਾ ਪ੍ਰਧਾਨ ਸਰਬਜੀਤ ਸਿੰਘ ਅਜਲਾਣਾ ਦੀ ਅਗਵਾਈ ਹੇਠ ਅੱਜ ਬਰਨਾਲਾ ਵਿਖੇ ਪੰਜਾਬ ਦੇ ਸਾਰੇ ਵਰਕਰਾਂ ਵੱਲੋਂ ਆਮ ਆਦਮੀ ਪਾਰਟੀ ਸਰਕਾਰ ਨੂੰ ਜਗਾਉਣ ਲਈ ਵੱਡੀ ਰੋਸ ਰੈਲੀ ਕੱਢੀ ਜਾਵੇਗੀ।

# ਜ਼ਿਮਨੀ ਚੋਣਾਂ 'ਚ ਪੈਨਸ਼ਨਰ ਆਪ ਉਮੀਦਵਾਰਾਂ ਦਾ ਕਰਨਗੇ ਵਿਰੋਧ



**ਦੋਰਾਹਾ (ਹਰਮਿੰਦਰ ਸੇਠ)**
ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਪਵਨ ਕੁਮਾਰ ਕੌਸ਼ਲ ਦੀ ਪ੍ਰਧਾਨਗੀ ਹੇਠ ਹੋਈ ਮਹੀਨਾਵਾਰ ਮੀਟਿੰਗ ਦੇ ਸ਼ੁਰੂ ਵਿੱਚ ਪੈਨਸ਼ਨਰਜ਼ ਐਸੋਸੀਏਸ਼ਨ ਦੇ ਮੈਂਬਰ ਸ੍ਰੀ ਜਗਮੇਲ ਸਿੰਘ ਮਾਂਗਟ ਤੇ ਸ੍ਰੀ ਮੁਖਤਿਆਰ ਸਿੰਘ ਦੀ ਸੁਪਤਨੀ ਦੇ ਅਕਾਲ ਚਲਾਣੇ ਤੇ ਦੋ ਮਿੰਟ ਦਾ ਮੋਨ ਧਾਰ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਮੀਟਿੰਗ ਦੌਰਾਨ ਪੰਜਾਬ ਸਰਕਾਰ ਦੀ ਪੈਨਸ਼ਨਰਜ਼ ਨਾਲ ਕੀਤੇ ਵਾਅਦਿਆਂ ਤੇ ਮੰਨੀਆਂ ਮੰਗਾਂ ਲਾਗੂ ਕਰਨ ਤੋਂ ਪਿਛਾਂਹ ਹਟਣ, ਮੰਗਾਂ ਸੰਬੰਧੀ ਪੈਨਸ਼ਨਰਜ਼ ਜਾਇੰਟ ਫਰੰਟ ਨਾਲ ਮੀਟਿੰਗਾਂ ਦੀਆਂ ਮਿਤੀਆਂ ਤਹਿ ਕਰਕੇ ਕੋਈ ਮੀਟਿੰਗ ਨਾ ਕਰਨਾ ਪੈਨਸ਼ਨਰਜ਼ ਨਾਲ ਇੱਕ ਕੋਝਾ ਮਜ਼ਾਕ ਤੇ ਵਿਸਾਖੀਆਂ ਸਹਾਰਾ ਲੈਣ ਵਾਲੇ ਪੈਨਸ਼ਨਰਾਂ ਦੀ ਘੋਰ ਅਣਦੇਖੀ ਕਰਨਾ ਹੈ।ਸਰਕਾਰ ਵੱਲੋਂ ਮਾਨਯੋਗ ਹਾਈ ਕੋਰਟ ਦੇ ਪੈਨਸ਼ਨਰ ਪੱਖੀ ਫ਼ੈਸਲਿਆਂ ਨੂੰ ਲਾਗੂ ਕਰਨ ਵਿੱਚ ਬੇਲੋੜੀ ਅੜਚਣਾਂ ਪੈਦਾ ਕਰਨਾ ਸਰਕਾਰ ਦੀ ਪੈਨਸ਼ਨਰ ਵਿਰੋਧੀ ਨੀਤੀ ਦਾ ਇੱਕ ਮਹੱਤਵ ਪੂਰਨ ਹਿੱਸਾ ਬਣ ਚੁੱਕਾ ਹੈ।ਜਿਵੇਂ ਮਾਨਯੋਗ ਹਾਈਕੋਰਟ ਵੱਲੋਂ ਕੀਤੇ ਦੋ ਫ਼ੈਸਲਿਆਂ ਸੇਵਾਮੁਕਤੀ ਤੋਂ ਅਗਲੇ ਦਿਨ ਲੱਗਦੀ ਤਰੱਕੀ ਨੂੰ ਨੋਸ਼ਨਲ ਅਧਾਰ ਤੇ ਦੇਕੇ ਪੈਨਸ਼ਨ ਦੁਹਰਾਈ ਕਰਨਾ ਹੁਣ ਤੱਕ ਲਾਗੂ ਨਹੀਂ ਕੀਤਾ ਗਿਆ ਅਤੇ 1.1.2016 ਤੋਂ 30.6.2021 ਤੱਕ ਪੈਨਸ਼ਨ ਦੁਹਰਾਈ ਕਾਰਨ ਅਤੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦੇ ਬਣਦੇ ਬਕਾਏ ਦੀ ਤੁਰੰਤ ਅਦਾਇਗੀ ਕਰਨ ਦੀ ਬਜਾਏ ਅਦਾਲਤ ਵਿੱਚ ਇਸ ਬਕਾਏ ਦੀ ਅਦਾਇਗੀ 2029-30 ਅਤੇ 2030-31 ਤੱਕ ਅਦਾ ਕਰਨਾ ਲਿਖ ਕੇ ਦੇ ਦਿੱਤਾ, ਜਿਸ ਨੂੰ ਮਾਨਯੋਗ ਹਾਈ ਕੋਰਟ ਨੇ ਮੰਨਣ ਤੋਂ ਇਨਕਾਰ ਕਰ ਦਿੱਤਾ।ਸਰਕਾਰ ਦੀਆਂ ਪੈਨਸ਼ਨਰ ਵਿਰੋਧੀ ਇਨ੍ਹਾਂ ਨੀਤੀਆਂ ਨੂੰ ਲੈ ਕੇ ਇਸ ਮਹੀਨੇ ਹੋਣ ਵਾਲੀਆਂ ਚਾਰ ਵਿਧਾਨ ਸਭਾ ਦੀਆਂ ਹੋਣ ਵਾਲੀਆਂ ਜ਼ਿਮਨੀ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦਾ ਆਪਣਾ ਵਰਤ ਕੇ ਵਿਰੋਧ ਕਰਨ ਦਾ ਫ਼ੈਸਲਾ ਕੀ ਗਿਆ।

## ਪਰਾਲੀ ਪ੍ਰਬੰਧਨ ਲਈ ਕਿਸਾਨਾਂ ਨੂੰ ਕੀਤਾ ਜਾਵੇ ਜਾਗਰੂਕ : ਵਧੀਕ ਡਿਪਟੀ ਕਮਿਸ਼ਨਰ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੈਡਮ ਪੂਨਮ ਸਿੰਘ ਨੇ ਜ਼ਿਲ੍ਹੇ ਅੰਦਰ ਪਰਾਲੀ ਪ੍ਰਬੰਧਨ ਤੇ ਇਸ ਦੀ ਸੁਚੱਜੀ ਸਾਂਭ-ਸੰਭਾਲ ਦੇ ਮੱਦੇਨਜ਼ਰ ਬਲਾਕ ਨਥਾਣਾ ਤੇ ਗੋਨਿਆਣਾ ਦੇ ਅਧਿਕਾਰੀਆਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ।ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਮੈਡਮ ਪੂਨਮ ਸਿੰਘ ਨੇ ਸੰਬੰਧਿਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੰਦਿਆਂ ਕਿਹਾ ਕਿ ਲੋਕਲ ਲੈਵਲ 'ਤੇ ਆਪੋ-ਆਪਣੇ ਖੇਤਰ 'ਚ ਪਰਾਲੀ ਪ੍ਰਬੰਧਨ ਤੇ ਉਸਦੇ ਮੁਕੰਮਲ ਨਿਪਟਾਰੇ ਲਈ ਵਿਸ਼ੇਸ਼ ਮੀਟਿੰਗਾਂ ਕੀਤੀਆਂ ਜਾਣ ਤੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਾਉਣ ਤੋਂ ਬਾਅਦ ਪੈਦਾ ਹੋਣ ਵਾਲੇ ਨੁਕਸਾਨਾਂ ਬਾਰੇ ਵਿਸਥਾਰਪੂਰਵਕ ਜਾਣੂ ਕਰਾਇਆ ਜਾਵੇ।ਇਸ ਮੌਕੇ ਉਨ੍ਹਾਂ ਸਰਪੰਚਾਂ, ਨੰਬਰਦਾਰਾ ਤੇ ਚੌਂਕੀਦਾਰਾਂ ਨੂੰ ਪੁਰਜੋਰ ਅਪੀਲ ਕਰਦਿਆਂ ਕਿਹਾ ਕਿ ਇਸ ਮੁਹਿੰਮ ਵਿੱਚ ਆਪਣਾ ਪੂਰਨ ਸਹਿਯੋਗ ਦੇਣਾ ਯਕੀਨੀ ਬਨਾਉਣ ਤਾਂ ਜੁ ਆਪਣੀ ਆਉਣ ਵਾਲੀਆਂ ਪੀੜ੍ਹੀਆਂ ਤੇ ਵਾਤਾਵਰਣ ਦੀ ਸ਼ੁੱਧਤਾ ਨੂੰ ਬਰਕਰਾਰ ਰੱਖ ਸਕੀਏ।ਸਮੂਹ ਪੰਚਾਇਤਾਂ ਨੇ ਪੂਰਨ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਵੱਲੋਂ ਪਰਾਲੀ ਤੇ ਇਸ ਦੀ ਰਹਿੰਦ-ਖੂੰਹਦ ਨੂੰ ਅੱਗ ਨਹੀਂ ਲਾਈ ਜਾਵੇਗੀ।

## ਵਿਕਰੇਤਾ ਖਾਦ ਦੀ ਫ਼ਾਲਤੂ ਸਟੋਰੇਜ ਨਾ ਕਰਨ : ਅਹਿਮਦ ਪਰੇ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸ੍ਰੀ ਸ਼ੌਕਤ ਅਹਿਮਦ ਪਰੇ ਨੇ ਜ਼ਿਲ੍ਹੇ ਦੇ ਪੈਸਟੀਸਾਈਡ ਡੀਲਰਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਖਾਦ ਦੀ ਫ਼ਾਲਤੂ ਸਟੋਰੇਜ ਨਾ ਕੀਤੀ ਜਾਵੇ, ਅਜਿਹਾ ਕਰਨ 'ਤੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਖੇਤੀਬਾੜੀ ਅਧਿਕਾਰੀਆਂ ਤੋਂ ਇਲਾਵਾ ਹੋਰ ਵਿਭਾਗਾਂ ਦੀਆਂ ਟੀਮਾਂ ਗਠਿਤ ਕੀਤੀਆਂ ਗਈਆਂ ਹਨ, ਜੋ ਲਗਾਤਾਰ ਖਾਦਾਂ ਦੇ ਸਟੋਰਾਂ ਦੀ ਚੈਕਿੰਗ ਕਰ ਰਹੀਆਂ ਹਨ।ਉਨ੍ਹਾਂ ਇਹ ਵੀ ਕਿਹਾ ਕਿ ਡਾਈ ਖਾਦ ਨਾਲ ਟੈਗਿੰਗ, ਵੱਧ ਰੇਟ, ਨੈਨੋ ਖਾਦ, ਸਲਫਰ, ਮਾਈਕੋਰੇਜਾ ਜਾਂ ਕੁਝ ਹੋਰ ਧੱਕੇ ਨਾਲ ਮਿਲ ਰਿਹਾ ਹੈ ਤਾਂ 1100 ਨੰਬਰ 'ਤੇ ਕਾਲ ਕਰੋ ਜਾਂ ਫਿਰ 98555-01076 'ਤੇ ਵਟਸਐਪ ਕਰੋ।ਮੁੱਖ ਖੇਤੀਬਾੜੀ ਅਫ਼ਸਰ ਡਾ. ਜਗਸੀਰ ਸਿੰਘ ਨੇ ਕਿਹਾ ਕਿ ਐੱਨ ਪੀ ਕੇ (12:32:16) ਡੀ ਏ ਪੀ ਦਾ ਸਭ ਤੋਂ ਵਧੀਆ ਬਦਲ ਹੋ ਸਕਦਾ ਹੈ, ਕਿਉਂਕਿ ਇਸਦਾ ਡੇਢ ਬੋਰਾ ਲਗਭਗ ਉਹੀ ਫਾਸਫੋਰਸ ਤੇ ਨਾਈਟ੍ਰੋਜਨ ਸਮੱਗਰੀ ਦੀ ਸਪਲਾਈ ਕਰਦਾ ਹੈ, ਜੋ ਡੀ.ਏ.ਪੀ ਦੇ ਬਰਾਬਰ ਹੈ ਤੇ ਇਸ ਤੋਂ ਇਲਾਵਾ ਇਹ 23 ਕਿਲੋਗ੍ਰਾਮ ਪੋਟਾਸ਼ ਵੀ ਦਿੰਦਾ ਹੈ।ਹੋਰ ਬਦਲਾਂ 'ਚ ਐੱਨ ਪੀ ਕੇ (10:26:26) ਜਾਂ ਹੋਰ ਖਾਦਾਂ ਦੀ ਵਰਤੋਂ ਵੀ ਕੀਤੀ ਜਾ ਸਕਦੀ ਹੈ।


**ਉੱਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਾਣਿਜਯ ਪ੍ਰਬੰਧਕ/ਭਾ.ਭਾ. ਉੱਤਰ ਰੇਲਵੇ, ਫਿਰੋਜ਼ਪੁਰ ਦੁਵਾਰਾ ਹੇਠਾ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

| ਨੀਲਾਮੀ ਸੂਚੀ ਨੰ: | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-PACKING 17 | 18.11.2024 ਨੂੰ 11.00 ਵਜੇ | ਪਠਾਨਕੋਟ ਕੈਂਟ ਵਿਚ ਦੋ ਪਹਿਯਾ ਵਾਹਨਾਂ ਅਤੇ ਹੋਰ ਪਾਰਸਲ ਪੈਕੇਜ ਦੀ ਪੈਕਿੰਗ ਦੇ ਲਈ ਅਨੁਬੰਧ ਦਾ ਅਲਾਟਮੈਂਟ। |
| EAFZR-SLR24-68 | 18.11.2024 ਨੂੰ 11.00 ਵਜੇ | ਗੱਡੀ ਨੰਬਰ/ਐਸਐਲਆਰ ਡਿਬਬੇ ਵਿਚ ਪਾਰਸਲ ਜਗ੍ਹਾਂ ਪਟਟੇ ਉਤੇ ਦੇਣ ਦੇ ਲਈ ਠੇਕਾ ਦਾ ਅਲਾਟਮੈਂਟ : 20986/F1, 20498/F1, 22942/F1, 22402/F1, 19108/F1, 12550/F1, 22432/F1, 14606/F1, 14662/R1, 14610/F1, 14504/F1, 14504/R1, 14662/F1, 11906/F1, 14662/F2 & 19614/F1 |
| FZRCLO AKROOM 25 | 18.11.2024 ਨੂੰ 11.00 ਵਜੇ | ਸ੍ਰੀ ਮਾਤਾ ਵੈਸ਼ਣੋ ਦੇਵੀ ਕਟਰਾ ਰੇਲਵੇ ਸਟੇਸ਼ਨ ਉਤੇ ਕਲਾਕ ਰੂਮ ਸੁਵਿਧਾ ਦੇ ਲਈ ਅਨੁਬੰਧ ਦਾ ਅਲਾਟਮੈਂਟ। |
| EAFZR-SLR24-69 | 19.11.2024 ਨੂੰ 11.00 ਵਜੇ | ਗੱਡੀ ਨੰਬਰ/ਐਸਐਲਆਰ ਡਿਬਬੇ ਵਿਚ ਪਾਰਸਲ ਜਗ੍ਹਾਂ ਪਟਟੇ ਉਤੇ ਦੇਣ ਦੇ ਲਈ ਠੇਕਾ ਦਾ ਅਲਾਟਮੈਂਟ : 12460/F1, 11450/F1, 22462/F1, 19226/F1, 19226/R1, 12446/F1, 12478/F1, 19804/F1, 14616/F1, 14632/F1, 14632/R1 & 12476/F1 |
| EAFZR-SCANNER -7 | 21.11.2024 ਨੂੰ 11.00 ਵਜੇ | ਰੇਲਵੇ ਸਟੇਸ਼ਨ ਜੰਮੂ ਤਵੀ, ਫ਼ਿਰੋਜ਼ਪੁਰ ਕੈਂਟ, ਸ੍ਰੀ ਮਾਤਾ ਵੈਸ਼ਣੋ ਦੇਵੀ ਕਟਰਾ, ਜਲੰਧਰ ਸਿਟੀ, ਪਠਾਨਕੋਟ ਕੈਂਟ, ਲੁਧਿਆਣਾ, ਜਲੰਧਰ ਕੈਂਟ, ਪਠਾਨਕੋਟ ਅਤੇ ਅੰਮ੍ਰਿਤਸਰ ਵਿਚ ਸਜਰੇ ਆਉਟਗੋਇੰਗ ਪਾਰਸਲਾਂ ਦੀ ਸਕੈਨਿੰਗ ਦੇ ਲਈ ਪਾਰਸਲ ਸਕੇਨਰ ਮਸ਼ੀਨ ਦਾ ਪ੍ਰਾਵਧਾਨ ਦੇ ਕੰਮ ਦੇ ਲਈ ਅਨੁਬੰਧ ਦਾ ਅਲਾਟਮੈਂਟ। |

ਪੂਰੀ ਜਾਣਕਾਰੀ ਅਤੇ ਰਜਿਸਟਰੇਸ਼ਨ ਦੇ ਲਈ ਕ੍ਰਿਪਾ ਰੇਲਵੇ ਦੀ ਵੈਬਸਾਈਟ www.ireps.gov.in ਉਤੇ ਜਾਉ। 3414/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਭਾਸ਼ਾ ਵਿਭਾਗ ਵੱਲੋਂ ਪੰਜਾਬੀ ਮਾਹ ਦੇ ਸਮਾਗਮਾਂ ਦਾ ਐਲਾਨ, ਅੱਜ ਪਟਿਆਲਾ ਤੋਂ ਹੋਵੇਗੀ ਸ਼ੁਰੂਆਤ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਸ਼ਾ ਵਿਭਾਗ ਵੱਲੋਂ ਇਸ ਮਹੀਨੇ ਮਨਾਏ ਜਾਣ ਵਾਲੇ ਪੰਜਾਬੀ ਮਾਹ ਨਾਲ ਸਬੰਧਤ ਸਮਾਗਮਾਂ ਦਾ ਐਲਾਨ ਕਰ ਦਿੱਤਾ ਗਿਆ।ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਇਨ੍ਹਾਂ ਸਮਾਗਮਾਂ ਦੀ ਰੂਪ-ਰੇਖਾ ਬਾਰੇ ਜਾਣਕਾਰੀ ਦਿੰਦਿਆ ਕਿਹਾ ਕਿ 5 ਨਵੰਬਰ ਵਿਭਾਗ ਦੇ ਪਟਿਆਲਾ ਸਥਿਤ ਮੁੱਖ ਦਫ਼ਤਰ ਵਿਖੇ ਪੰਜਾਬੀ ਮਾਹ ਦਾ ਉਦਘਾਟਨੀ ਸਮਾਰੋਹ ਹੋਵੇਗਾ, ਜਿਸ ਦੌਰਾਨ ਉਚੇਰੀ ਸਿੱਖਿਆ ਤੇ ਭਾਸ਼ਾਵਾਂ ਮੰਤਰੀ ਹਰਜੋਤ ਸਿੰਘ ਬੈਂਸ ਮੁੱਖ ਮਹਿਮਾਨ ਹੋਣਗੇ।ਇਸ ਮੌਕੇ ਪਿਛਲੇ ਪੰਜਾਬੀ ਭਾਸ਼ਾ ਦੇ 2022, 23 ਤੇ 24 ਨਾਲ ਸਬੰਧਤ ਸਰਵੋਤਮ ਸਾਹਿਤਕ ਪੁਸਤਕ ਪੁਰਸਕਾਰ ਵੀ ਪ੍ਰਦਾਨ ਕੀਤੇ ਜਾਣਗੇ ਅਤੇ ਸੱਭਿਆਚਾਰਕ ਪੇਸ਼ਕਾਰੀਆਂ ਹੋਣਗੀਆਂ।ਜ਼ਫ਼ਰ ਨੇ ਦੱਸਿਆ ਕਿ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ 'ਚ ਪੰਜਾਬੀ ਮਾਹ ਤਹਿਤ ਹੋਣ ਵਾਲੇ ਸਮਾਗਮਾਂ ਦੌਰਾਨ ਪੰਜਾਬੀ ਭਾਸ਼ਾ ਬਾਰੇ ਗੋਸ਼ਟੀਆਂ, ਰੂਬਰੂ, ਸੈਮੀਨਾਰ, ਕਵੀ ਦਰਬਾਰ, ਨਾਟਕ, ਲੋਕ ਨਾਚ ਤੇ ਸੰਗੀਤਕ ਪੇਸ਼ਕਾਰੀਆਂ ਕਰਵਾਈਆਂ ਜਾਣਗੀਆਂ।
ਸੂਬੇ ਦੇ ਵੱਖ-ਵੱਖ ਸਥਾਨਾਂ 'ਤੇ ਹੋਣ ਵਾਲੇ ਸਮਾਗਮਾਂ ਸਬੰਧੀ ਸ੍. ਜ਼ਫ਼ਰ ਨੇ ਦੱਸਿਆ ਕਿ 5 ਨਵੰਬਰ ਫਾਜ਼ਿਲਕਾ ਵਿਖੇ ਨਾਟਕ ਮੰਚਨ ਅਤੇ ਸ੍ਰੀ ਮੁਕਤਸਰ ਸਾਹਿਬ ਵਿਖੇ ਰੂਬਰੂ ਤੇ ਸਾਹਿਤਕ ਗੋਸ਼ਟੀ, 6 ਨਵੰਬਰ ਨੂੰ ਰੋਪੜ ਵਿਖੇ ਪੰਜਾਬੀ ਭਾਸ਼ਾ ਤੇ ਪ੍ਰਿੰਟ ਮੀਡੀਆ ਬਾਰੇ ਸੈਮੀਨਾਰ, 7 ਨਵੰਬਰ ਨੂੰ ਹੀ ਬਰਨਾਲਾ ਵਿਖੇ ਪੰਜਾਬੀ ਮਿੰਨੀ ਕਹਾਣੀ ਦੇ ਨਿਕਾਸ, ਵਿਕਾਸ ਤੇ ਭਵਿੱਖ ਬਾਰੇ ਗੋਸ਼ਟੀ ਤੇ ਕਹਾਣੀ ਦਰਬਾਰ, 8 ਨਵੰਬਰ ਨੂੰ ਮਾਨਸਾ ਵਿਖੇ ਨਾਟਕ ਮੰਚਨ, 11 ਨਵੰਬਰ ਨੂੰ ਫ਼ਿਰੋਜ਼ਪੁਰ ਵਿਖੇ ਪ੍ਰੰਪਰਾਗਤ ਲੋਕ ਗਾਇਕੀ ਬਾਰੇ ਚਰਚਾ ਤੇ ਪੇਸ਼ਕਾਰੀ, 12 ਨਵੰਬਰ ਨੂੰ ਲੁਧਿਆਣਾ ਵਿਖੇ ਰਾਜ ਪੱਧਰੀ ਸਮਾਗਮ ਦੌਰਾਨ ਪੰਜਾਬੀ ਸਾਹਿਤ ਸਿਰਜਣ ਤੇ ਕਵਿਤਾ ਗਾਇਨ ਮੁਕਾਬਲੇ, 13 ਨਵੰਬਰ ਨੂੰ ਗੁਰਦਾਸਪੁਰ ਵਿਖੇ ਪੰਜਾਬੀ ਭਾਸ਼ਾ ਤੇ ਪੰਜਾਬੀ ਗਾਇਕੀ ਬਾਰੇ ਚਰਚਾ ਤੇ ਪੇਸ਼ਕਾਰੀ, 14 ਨਵੰਬਰ ਨੂੰ ਨਵਾਂ ਸ਼ਹਿਰ ਵਿਖੇ ਪੰਜਾਬੀ ਭਾਸ਼ਾ ਦੀ ਸਥਿਤੀ ਬਾਰੇ ਗੋਸ਼ਟੀ, 17 ਨਵੰਬਰ ਨੂੰ ਲੁਧਿਆਣਾ ਵਿਖੇ ਪੰਜਾਬੀ ਭਾਸ਼ਾ ਬਾਰੇ ਵਿਸ਼ੇਸ਼ ਭਾਸ਼ਣ ਤੇ ਕਵੀ ਦਰਬਾਰ, 18 ਤੇ 19 ਨਵੰਬਰ ਨੂੰ ਵਿਭਾਗ ਦੇ ਪਟਿਆਲਾ ਸਥਿਤ ਮੁੱਖ ਦਫ਼ਤਰ ਵਿਖੇ ਰਾਜ ਪੱਧਰੀ ਸਮਾਗਮ ਦੌਰਾਨ ਪੰਜਾਬੀ ਭਾਸ਼ਾ ਬਾਰੇ ਗੋਸ਼ਟੀ, 18 ਨਵੰਬਰ ਨੂੰ ਪਠਾਨਕੋਟ ਵਿਖੇ ਕਵੀ ਦਰਬਾਰ, 19 ਨਵੰਬਰ ਨੂੰ ਹੁਸ਼ਿਆਰਪੁਰ ਵਿਖੇ ਪੰਜਾਬੀ ਨਾਟਕ ਵਿੱਚ ਔਰਤ ਅਦਾਕਾਰਾਂ/ਨਿਰਦੇਸ਼ਕਾਂ ਦੀ ਸ਼ਮੂਲੀਅਤ, ਸੰਭਾਵਨਾਵਾਂ ਤੇ ਚੁਣੌਤੀਆਂ ਬਾਰੇ ਸੈਮੀਨਾਰ, 20 ਨਵੰਬਰ ਨੂੰ ਹੀ ਸੰਗਰੂਰ ਵਿਖੇ ਪੰਜਾਬੀ ਸਾਹਿਤ ਲਈ ਸਾਹਿਤ ਸਭਾਵਾਂ ਦੇ ਯੋਗਦਾਨ ਬਾਰੇ ਗੋਸ਼ਟੀ, 21 ਨਵੰਬਰ ਨੂੰ ਵਿਭਾਗ ਦੇ ਮੁੱਖ ਦਫਤਰ (ਪਟਿਆਲਾ) ਵਿਖੇ ਰਾਜ ਪੱਧਰੀ ਕਵੀ ਦਰਬਾਰ, 22 ਨਵੰਬਰ ਨੂੰ ਕਪੂਰਥਲਾ ਵਿਖੇ ਬਾਲ ਸਾਹਿਤ ਕੁਇਜ਼ ਮੁਕਾਬਲੇ (ਰਾਜ ਪੱਧਰੀ), 22 ਨਵੰਬਰ ਨੂੰ ਫ਼ਰੀਦਕੋਟ ਵਿਖੇ ਪੰਜਾਬੀ ਸਾਹਿਤਕ ਗਾਇਕੀ ਦੀਆਂ ਸੰਭਾਵਨਾਵਾਂ ਤੇ ਚੁਣੌਤੀਆਂ ਬਾਰੇ ਗੋਸ਼ਟੀ, 23 ਤੋਂ 27 ਨਵੰਬਰ ਤੱਕ ਬਠਿੰਡਾ ਵਿਖੇ ਰਾਜ ਪੱਧਰੀ ਨਾਟਕ ਮੇਲਾ, 26 ਨਵੰਬਰ ਨੂੰ ਜਲੰਧਰ ਵਿਖੇ ਪੰਜਾਬੀ ਭਾਸ਼ਾ ਤੇ ਵਰਤਮਾਨ ਇਲੈਕਟ੍ਰਾਨਿਕ ਮੀਡੀਆ ਬਾਰੇ ਸੈਮੀਨਾਰ, 27 ਨਵੰਬਰ ਨੂੰ ਅੰਮ੍ਰਿਤਸਰ ਵਿਖੇ ਪੰਜਾਬੀ ਨਾਟਕ ਬਾਰੇ ਗੋਸ਼ਟੀ ਤੇ ਵਰਕਸ਼ਾਪ, 28 ਨਵੰਬਰ ਨੂੰ ਮੋਹਾਲੀ ਵਿਖੇ ਪੰਜਾਬੀ ਸਿਨੇਮੇ ਦੀਆਂ ਭਾਸ਼ਾਈ ਤੇ ਸੱਭਿਆਚਾਰਕ ਚੁਣੌਤੀਆਂ, 29 ਨਵੰਬਰ ਨੂੰ ਮੋਗਾ ਵਿਖੇ ਗਜ਼ਲ ਵਰਕਸ਼ਾਪ, 30 ਨਵੰਬਰ ਨੂੰ ਪੰਜਾਬੀ ਮਾਹ ਦਾ ਵਿਦਾਇਗੀ ਸਮਾਗਮ ਮੁੱਖ ਦਫ਼ਤਰ ਪਟਿਆਲਾ ਵਿਖੇ ਹੋਵੇਗਾ।ਵਿਦਾਇਗੀ ਸਮਾਗਮ ਦੌਰਾਨ ਸਰਵੋਤਮ ਹਿੰਦੀ, ਸੰਸਕ੍ਰਿਤ ਤੇ ਉਰਦੂ ਭਾਸ਼ਾ ਦੇ ਸਰਵੋਤਮ ਸਾਹਿਤਕ ਪੁਸਤਕ ਪੁਰਸਕਾਰ ਪ੍ਰਦਾਨ ਕੀਤੇ ਜਾਣਗੇ ਤੇ ਸਾਹਿਤਕ ਤੇ ਸੱਭਿਆਚਾਰਕ ਵਿਸ਼ੇਸ਼ ਆਕਰਸ਼ਨ ਹੋਣਗੇ।ਸਮੁੱਚੇ ਸਮਾਗਮਾਂ ਦੌਰਾਨ ਵਿਭਾਗੀ ਪੁਸਤਕਾਂ ਦੀਆਂ ਪ੍ਰਦਰਸ਼ਨੀਆਂ ਵੀ ਲਗਾਈਆਂ ਜਾਣਗੀਆਂ।

## ਰਾਜ ਪੱਧਰੀ ਤੰਬਾਕੂ ਰਹਿਤ ਜਾਗਰੂਕਤਾ ਦਿਵਸ ਮਨਾਇਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਸਿਵਲ ਸਰਜਨ ਡਾ. ਜਗਦੀਪ ਚਾਵਲਾ ਦੇ ਨਿਰਦੇਸ਼ਾਂ ਤੇ ਸੀ.ਐੱਚ.ਸੀ. ਚੱਕ ਸ਼ੇਰੇ ਵਾਲਾ ਦੇ ਸੀਨੀਅਰ ਮੈਡੀਕਲ ਅਫਸਰ ਡਾ. ਕੁਲਤਾਰ ਸਿੰਘ ਦੀ ਅਗਵਾਈ ਹੇਠ ਬਲਾਕ ਦੇ ਵੱਖ-ਵੱਖ ਸਿਹਤ ਕੇਂਦਰਾਂ ਵਿਖੇ ਪਿਛਲੇ ਦਿਨੀਂ ਪੰਜਾਬ ਰਾਜ ਪੱਧਰੀ ਤੰਬਾਕੂ ਰਹਿਤ ਜਾਗਰੂਕਤਾ ਦਿਵਸ ਮਨਾਇਆ ਗਿਆ।ਇਸ ਬਾਰੇ ਜਾਣਕਾਰੀ ਦਿੰਦੇ ਹੋਏ ਬੀ.ਈ.ਈ. ਮਨਬੀਰ ਸਿੰਘ ਨੇ ਦੱਸਿਆ ਕਿ ਤੰਬਾਕੂ ਸਿਹਤ ਲਈ ਬਹੁਤ ਹੀ ਹਾਨੀਕਾਰਕ ਪਦਾਰਥ ਹੈ।ਤੰਬਾਕੂ ਦੇ ਸੇਵਨ ਨਾਲ ਮੂੰਹ ਦਾ ਕੈਂਸਰ, ਗਲੇ ਦਾ ਕੈਂਸਰ, ਫੇਫੜੇ ਦਾ ਕੈਂਸਰ, ਟੀ.ਬੀ., ਸਾਹ ਪ੍ਰਣਾਲੀ ਦਾ ਕੈਂਸਰ ਤੇ ਦਿਲ ਦੀਆਂ ਭਿਆਨਕ ਬਿਮਾਰੀਆਂ ਹੋ ਸਕਦੀਆਂ ਹਨ, ਜੋ ਕਿ ਮੌਤ ਦਾ ਇੱਕ ਵੱਡਾ ਕਾਰਨ ਬਣਦੀਆਂ ਹਨ।ਉਨ੍ਹਾਂ ਕਿਹਾ ਕਿ ਇਸ ਭਿਆਨਕ ਬੁਰਾਈ ਨੂੰ ਸਮਾਜ 'ਚੋਂ ਖ਼ਤਮ ਕਰਨ ਲਈ ਲੋਕਾਂ ਨੂੰ ਇਸ ਦੇ ਮਾੜੇ ਪ੍ਰਭਾਵਾਂ ਨੂੰ ਸਮਝਣ ਦੀ ਲੋੜ ਹੈ।ਇਸ ਮੌਕੇ ਹੈਲਥ ਵੈਲਨੈਸ ਸੈਂਟਰ ਬਾਜ਼ਾ ਮਰਾੜ ਦੇ ਸਿਹਤ ਕਰਮੀਆਂ ਸੀ.ਐੱਚ.ਓ ਬੇਬੀ ਜੋਤੀ, ਮ.ਪ.ਹ.ਵ. ਮੇਲ ਹੋਸ਼ਿਆਰ ਸਿੰਘ ਤੇ ਏ.ਐੱਨ.ਐੱਮ. ਪਿੰਕੀ ਨੇ ਲੋਕਾਂ ਨੂੰ ਜਾਗਰੂਕ ਕਰਦੇ ਹੋਏ ਦੱਸਿਆ ਕਿ ਤੰਬਾਕੂ ਸੇਵਨ ਵਾਲਾ ਵਿਅਕਤੀ ਆਪਣੀ ਦ੍ਰਿੜ੍ਹ ਇੱਛਾ ਸ਼ਕਤੀ ਤੇ ਸੰਕਲਪ ਨਾਲ ਇਸ ਮਾੜੀ ਆਦਤ ਤੋਂ ਛੁਟਕਾਰਾ ਪਾ ਸਕਦਾ ਹੈ।ਉਨ੍ਹਾਂ ਵੱਲੋਂ ਮੌਜੂਦ ਲੋਕਾਂ ਨੂੰ ਤੰਬਾਕੂ ਪਦਾਰਥਾਂ ਦਾ ਇਸਤੇਮਾਲ ਨਾ ਕਰਨ ਤੇ ਇਸ ਦੇ ਮਾੜੇ ਪ੍ਰਭਾਵਾਂ ਬਾਰੇ ਆਪਣੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਤੇ ਮਿੱਤਰਾਂ ਨੂੰ ਜਾਗਰੂਕ ਕਰਨ ਸਬੰਧੀ ਸਹੁੰ ਦੁਆਈ ਗਈ।ਇਸ ਮੌਕੇ ਵੱਖ-ਵੱਖ ਸਿਹਤ ਕੇਂਦਰਾਂ ਦਾ ਸਟਾਫ ਤੇ ਪਿੰਡ ਵਾਸੀ ਮੌਜੂਦ ਸਨ।

## ਦੀਵਾਲੀ ਦਾ ਤਿਉਹਾਰ ਭਾਈਚਾਰਕ ਸਾਂਝ ਨਾਲ ਮਨਾਉਣ ਲਈ ਡੀ ਐੱਸ ਪੀ ਵੱਲੋਂ ਸ਼ਹਿਰ ਵਾਸੀਆਂ ਨੂੰ ਵਧਾਈ



**ਜਗਰਾਉਂ (ਅਮਿਤ ਖੰਨਾ)**-ਦਿਵਾਲੀ, ਬੰਦੀ ਛੋੜ ਤੇ ਵਿਸ਼ਵਕਰਮਾ ਦਿਹਾੜਾ ਬੇਸ਼ਕ ਵੱਖ ਵੱਖ ਕਮਿਊਨਿਟੀਜ਼ ਨਾਲ ਸਬੰਧਤ ਹਨ, ਪਰ ਇਹ ਸਭ ਦੇ ਸਾਂਝੇ ਤਿਉਹਾਰ ਹਨ ਅਤੇ ਸਾਰੇ ਇਨ੍ਹਾਂ ਨੂੰ ਰਲ ਕੇ ਇਕੱਠੇ ਮਨਾਉਂਦੇ ਹਨ।ਜਗਰਾਉਂ ਸ਼ਹਿਰ ਵਿੱਚ ਵੀ ਲੋਕਾਂ ਵੱਲੋਂ ਇਨ੍ਹਾਂ ਤਿਉਹਾਰਾਂ ਨੂੰ ਬਹੁਤ ਹੀ ਵਧੀਆ ਢੰਗ ਨਾਲ ਇਕੱਠੇ ਮਿਲ ਜੁਲ ਕੇ ਤੇ ਕਾਨੂੰਨ ਵਿਵਸਥਾ ਬਣਾ ਕੇ ਮਨਾਇਆ ਗਿਆ। ਸ਼ਹਿਰ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਅਣਸੁਖਾਵੀਂ ਘਟਨਾ ਨਹੀਂ ਵਾਪਰੀ, ਜਿਸ ਲਈ ਸਾਰੇ ਸ਼ਹਿਰ ਵਾਸੀ ਵਧਾਈ ਦੇ ਪਾਤਰ ਹਨ।ਉਨ੍ਹਾਂ ਕਿਹਾ ਕਿ ਸ਼ਹਿਰ ਨਿਵਾਸੀਆਂ ਨੇ ਇਹ ਇੱਕ ਵੱਡੀ ਭਾਈਚਾਰਕ ਸਾਂਝ ਦੀ ਉਦਾਹਰਣ ਪੇਸ਼ ਕੀਤੀ ਹੈ, ਜਿਸ ਕਾਰਨ ਪੁਲਸ ਵਿਭਾਗ ਵੱਲੋਂ ਉਨ੍ਹਾਂ ਨੂੰ ਧੰਨਵਾਦ ਦਿੱਤਾ ਜਾ ਰਿਹਾ ਹੈ।ਡੀ ਐੱਸ ਪੀ ਸਿੰਘ ਨੇ ਕਿਹਾ ਕਿ ਪੁਲਸ ਵੱਲੋਂ ਕਾਨੂੰਨ ਵਿਵਸਥਾ ਬਣਾਉਣ ਦੇ ਅਗਲੇਰੇ ਪ੍ਰਬੰਧ ਕੀਤੇ ਗਏ ਸਨ, ਜਿਸ ਕਾਰਨ ਇਹ ਸਾਰੇ ਤਿਉਹਾਰ ਸ਼ਾਂਤੀਪੂਰਵਕ ਨੇਪਰੇ ਚੜ੍ਹ ਸਕੇ। ਉਨ੍ਹਾਂ ਕਿਹਾ ਕਿ ਬੀਤੇ ਦਿਨੀਂ ਪੁਲਸ ਵੱਲੋਂ ਅਣਅਧਿਕਾਰਤ ਪਟਾਕਾ ਵਪਾਰੀ ਤੇ ਕਾਨੂੰਨ ਵਿਵਸਥਾ ਨੂੰ ਖਰਾਬ ਕਰਨ ਵਾਲੇ ਮਾੜੇ ਅਨਸਰਾਂ ਖਿਲਾਫ ਸਖ਼ਤ ਕਾਰਵਾਈ ਕੀਤੀ ਗਈ ਸੀ, ਜਿਸ ਕਾਰਨ ਪੱਤਰਕਾਰ ਭਾਈਚਾਰੇ ਨਾਲ ਕੁਝ ਗਲਤ ਫਹਿਮੀਆਂ ਹੋ ਗਈਆਂ ਸਨ। ਉਨ੍ਹਾਂ ਕਿਹਾ ਕਿ ਪੁਲਸ ਦਾ ਆਪਣਾ ਇੱਕ ਖੁਫੀਆ ਤੰਤਰ ਕੰਮ ਕਰਦਾ ਹੈ, ਇਸ ਲਈ ਕਿਸੇ ਆਮ ਵਿਅਕਤੀ ਜਾਂ ਕਿਸੇ ਕਿਸੇ ਪੱਤਰਕਾਰ ਦਾ ਕਾਰਵਾਈ ਕਰਾਉਣ ਵਿੱਚ ਕੋਈ ਰੋਲ ਨਹੀਂ ਸੀ। ਉਨ੍ਹਾ ਅੰਤ ਵਿੱਚ ਫਿਰ ਸਪੱਸ਼ਟ ਕੀਤਾ ਚਾਹੇ ਕੋਈ ਵਿਕਅਤੀ ਕਿਸੇ ਵੀ ਵਰਗ ਨਾਲ ਸੰਬੰਧਤ ਹੋਵੇ, ਇਹ ਤਿਉਹਾਰ ਭਾਈਚਾਰਕ ਸਾਂਝ ਨਾਲ ਹੀ ਮਨਾਏ ਜਾਣੇ ਚਾਹੀਦੇ ਹਨ।

# ਵਿਧਾਇਕਾ ਨੇ ਅੱਠ ਸਫ਼ਾਈ ਸੇਵਕਾਂ ਨੂੰ ਨਿਯੁਕਤੀ ਪੱਤਰ ਸੌਂਪੇ



**ਮੋਗਾ (ਇਕਬਾਲ ਸਿੰਘ ਖਹਿਰਾ)**-ਦੀਵਾਲੀ ਦੇ ਸ਼ੁਭ ਮੌਕੇ ਪੰਜਾਬ ਸਰਕਾਰ ਵੱਲੋਂ ਨਗਰ ਨਿਗਮ ਮੋਗਾ ਵਿਖੇ 8 ਸਫ਼ਾਈ ਸੇਵਕਾਂ ਨੂੰ ਤਰਸ ਦੇ ਆਧਾਰ 'ਤੇ ਜਾਰੀ ਹੋਏ ਨਿਯੁਕਤੀ ਪੱਤਰ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਤੇ ਨਗਰ ਨਿਗਮ ਦੇ ਮੇਅਰ ਬਲਜੀਤ ਸਿੰਘ ਚਾਨੀ ਨੇ ਸੌਂਪੇ। ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪੰਜਾਬ 'ਚ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਬੇਰੁਜ਼ਗਾਰੀ ਨੂੰ ਦੂਰ ਕਰਨ ਲਈ ਪੱਕੇ ਤੌਰ 'ਤੇ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ ਤੇ ਹਰ ਵਿਭਾਗ 'ਚ ਨੌਜਵਾਨਾਂ ਨੂੰ ਤਰਸ ਦੇ ਆਧਾਰ 'ਤੇ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ, ਜਿਸ ਕਾਰਨ ਅੱਜ ਨਗਰ ਨਿਗਮ ਮੋਗਾ ਵਿੱਚ 12 ਜੁਲਾਈ 2024 ਤੱਕ ਅੱਠ ਦਿਨਾਂ ਦੇ ਹਿਸਾਬ ਨਾਲ ਸਫਾਈ ਸੇਵਕਾਂ ਦੀਆਂ ਨੌਕਰੀਆਂ ਨੂੰ ਮਨਜ਼ੂਰੀ ਦਿੱਤੀ ਗਈ। ਪੰਜਾਬ ਸਰਕਾਰ ਵੱਲੋਂ ਅੱਜ ਨਿਯੁਕਤੀ ਪੱਤਰ ਪ੍ਰਾਪਤ ਕਰਨ ਤੋਂ ਬਾਅਦ ਸਫਾਈ ਸੇਵਕਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ ਹਨ। ਇਸ ਮੌਕੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਰਾਜ ਕਾਰਨ ਅੱਜ ਹਰ ਵਰਗ ਬੁਨਿਆਦੀ ਸਹੂਲਤਾਂ ਦਾ ਆਨੰਦ ਲੈ ਰਿਹਾ ਹੈ। ਉਨ੍ਹਾਂ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਸਫ਼ਾਈ ਸੇਵਕਾਂ ਨੂੰ ਤਰਸ ਦੇ ਆਧਾਰ 'ਤੇ ਨੌਕਰੀ ਦੇ ਨਿਯੁਕਤੀ ਪੱਤਰ ਦੇਣ ਲਈ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਪੰਜਾਬ ਦੇ ਹਰ ਪਰਵਾਰ ਨਾਲ ਖੜ੍ਹੀ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ 250 ਦੇ ਕਰੀਬ ਸਫ਼ਾਈ ਸੇਵਕਾਂ ਤੇ ਰੇਹੜੀ ਵਾਲਿਆਂ ਨੂੰ ਨੌਕਰੀਆਂ ਦਿੱਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਕਰਮਚਾਰੀਆਂ ਨੂੰ ਆਪਣਾ ਕੰਮ ਪੂਰੀ ਤਨਦੇਹੀ ਨਾਲ ਕਰਨ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਨਗਰ ਨਿਗਮ ਮੋਗਾ ਦੇ ਮੇਅਰ ਬਲਜੀਤ ਸਿੰਘ ਚੰਨੀ ਨੇ ਪੰਜਾਬ ਸਰਕਾਰ ਤੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਹਲਕਾ ਵਿਧਾਇਕ ਦੀ ਅਗਵਾਈ 'ਚ ਵੱਧ ਤੋਂ ਵੱਧ ਗ੍ਰਾਂਟਾਂ ਲਿਆ ਕੇ ਮੋਗਾ ਸ਼ਹਿਰ ਦੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਸ ਮੌਕੇ ਨਗਰ ਨਿਗਮ ਦੇ ਅਧਿਕਾਰੀ, ਕਰਮਚਾਰੀ ਤੇ ਕੌਂਸਲਰ ਹਾਜ਼ਰ ਸਨ।


**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਨਿਵਿਦਾ ਸੂਚਨਾ ਪੱਤਰ ਨੰ.:- 226,227,228,232-2024-25-MCTM-DRM-FZR & 231-2024-25-BAHL-DRM-FZR ਤਾਰੀਕ: 04.11.2024

ਸੀਨੀਅਰ ਮੰਡਲ ਇੰਜੀਨੀਅਰ-ਹੈਡਕੂ. ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 21.11.2024 ਸਮਾਂ 15.00 ਵਜੇ ਤਕ, www.ireps.gov.in ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ਇਨਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ, ਤੇ ਕਰੇਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਨਿਵਿਦਾ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | 226, 227, 228 ਸਿੰਗਲ ਪੈਕੇਟ ਸਿਸਟਮ ਵਿਚ ਹੈ ਅਤੇ 231, 232 ਟੂ ਪੈਕੇਟ ਸਿਸਟਮ ਵਿਚ ਹੈ |
| **ਟੈਂਡਰਸ ਦੀ ਅਪਲੋਡਿੰਗ ਦੀ ਮਿਤੀ** | **ਬੋਲੀ ਸ਼ੁਰੂ ਕਰਨ ਦੀ ਮਿਤੀ** | **ਬੋਲੀ ਸਮਾਪਤ ਮਿਤੀ/ਸਮਾਂ** |
| 29/10/2024 for 226, 227, 228-MCTM-DRM-FZR & 30/10/2024 for 231-2024-25-BAHL-DRM-FZR & 31/10/2024 for 232-2024-25-MCTM-DRM-FZR | 07/11/2024 | 21.11.2024 upto 15:00 Hrs |

| ਲ.ਨ. | ਨਿਵਿਦਾ ਨੰਬਰ | ਕੰਮ | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
|---|---|---|---|---|---|---|
| 1 | 226-2024-25-MCTM-DRM-FZR | Jammu Tawi to Shri Mata Vaishno Devi Katra (SL), TRR(P)=10.761 Tkm (chainage, 27.355 to 27.677, 31.395 to 32.185, 59.299 to 59.452, 61.545 to 61.970, 63.797 to 63.979, 18.002 to 18.442, 13.886 to 15.000, 24.829 to 25.466, 29.115 to 29.312, 37.15 to 38.356, 40.211 to 40.999, 54.399 to 55.135, 59.858 to 61.454, 72,143 to 73.093, 76.5 to 77.637) in the jurisdication of ADEN- MCTM. ਕੰਮ ਦੀ ਸਮਾਨ ਨੇਚਰ: ''ਸੀਟੀਆਰ/ਟੀਆਰਆਰ/ਟੀਐਫਆਰ/ਟੀਟੀਆਰ'' ਜਿਸ ਵਿਚ ਟ੍ਰੈਕ ਨੂੰ ਉਪਰ ਚੁਕਣਾ, ਸਕ੍ਰੀਨਿੰਗ, ਟ੍ਰੈਕ ਦੇ ਡਿਸਟ੍ਰੇਸਿੰਗ, ਟ੍ਰੈਕ ਰਖਰਖਾਅ ਮਸ਼ੀਨ ਜਿਵੇਂ ਟੈਪਿੰਗ ਮਸ਼ੀਨ/ਗਿਟੀ ਸਕ੍ਰੀਨਿੰਗ/ਰੇਗੂਲੇਅਿੰਗ ਮਸ਼ੀਨ ਅਤੇ ਟੀ-28 ਦੁਆਰਾ ਟੀਟੀਆਰ ਦੇ ਲਈ ਪੂਰਵ ਅਤੇ ਬਾਅਦ ਦੇ ਕੰਮ ਸ਼ਾਮਲ ਹਨ'' | 1,20,36,202.22 | 2,10,200.00 | 60 Days | 8 Months |
| 2 | 227-2024-25-MCTM-DRM-FZR | Provision of Ballast Retainers i.c.w Jammu Tawi-Shri Mata Vaishno Devi Katra (SL)TRR(P) -10.761 Tkm. ਕੰਮ ਦੀ ਸਮਾਨ ਨੇਚਰ: ''ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।'' | 78,61,917.72 | 1,57,200.00 | 60 Days | 4 Months |
| 3 | 228-2024-25-MCTM-DRM-FZR | Attention to Guard Rails and other misc. allied work during tamping i.c.w Jammu Tawi- Shri Mata Vaishno Devi Katra(SL)- TRR(P)-10.761 Tkm. ਕੰਮ ਦੀ ਸਮਾਨ ਨੇਚਰ: ''ਸੀਟੀਆਰ/ਟੀਆਰਆਰ/ਟੀਐਫਆਰ/ਟੀਟੀਆਰ'' ਜਿਸ ਵਿਚ ਟ੍ਰੈਕ ਨੂੰ ਉਪਰ ਚੁਕਣਾ, ਸਕ੍ਰੀਨਿੰਗ, ਟ੍ਰੈਕ ਦੇ ਡਿਸਟ੍ਰੇਸਿੰਗ, ਟ੍ਰੈਕ ਰਖਰਖਾਅ ਮਸ਼ੀਨ ਜਿਵੇਂ ਟੈਪਿੰਗ ਮਸ਼ੀਨ/ਗਿਟੀ ਸਕ੍ਰੀਨਿੰਗ/ਰੇਗੂਲੇਅਿੰਗ ਮਸ਼ੀਨ ਅਤੇ ਟੀ-28 ਦੁਆਰਾ ਟੀਟੀਆਰ ਦੇ ਲਈ ਪੂਰਵ ਅਤੇ ਬਾਅਦ ਦੇ ਕੰਮ ਸ਼ਾਮਲ ਹਨ'' | 80,72,491.70 | 1,61,500.00 | 60 Days | 6 Months |
| 4 | 231-2024-25-BAHL-DRM-FZR | Supply, installation and commissioning of trackbased electronic type rail guage face lubricator 35 nos (35x12x5yrs=2100 month) on SVDK-BAHL section under Sr. DEN-IV/FZR for 5 Years. ਕੰਮ ਦੀ ਸਮਾਨ ਨੇਚਰ: ''ਕੋਈ ਕੰਮ ਨਹੀ।'' ਨੋਟ - ਟ੍ਰੈਕ ਆਧਾਰਿਤ ਲਯੂਬ੍ਰਿਕੇਟਰਸ ਦੇ ਲਈ ਕੇਵਲ ਆਰਡੀਐਸਓ ਦੁਆਰਾ ਅਨੁਮੋਦਿਤ/ ਵਿਕਾਸ ਵਿਕ੍ਰੇਤਾ ਹੀ ਇਸ ਨਿਵਿਦਾ ਵਿਚ ਭਾਗ ਲੈ ਸਕਦੇ ਹਨ। ਵੈਲੇਡਿਟੀ ਮਿਤੀ ਦੇ ਨਾਲ ਅਨੁਮੋਦਨ ਪ੍ਰਮਾਣ ਪੱਤਰ ਦੀ ਪ੍ਰਤੀ ਨਿਵਿਦਾ ਦੇ ਨਾਲ ਜਮ੍ਹਾਂ ਕੀਤੀ ਜਾਣੀ ਹੈ। | 4,65,56,503.20 | 3,82,800.00 | 90 Days | 60 Months |
| 5 | 232-2024-25-MCTM-DRM-FZR | Supply, installation and commissioning of trackbased Electronic type rail guage face lubricator 78 nos (78x12x5yrs=4680 month) on JAT-SVDK section under Sr. DEN-IV/FZR for 5 years. ਕੰਮ ਦੀ ਸਮਾਨ ਨੇਚਰ: ''ਕੋਈ ਕੰਮ ਨਹੀ।'' ਨੋਟ - ਟ੍ਰੈਕ ਆਧਾਰਿਤ ਲਯੂਬ੍ਰਿਕੇਟਰਸ ਦੇ ਲਈ ਕੇਵਲ ਆਰਡੀਐਸਓ ਦੁਆਰਾ ਅਨੁਮੋਦਿਤ/ ਵਿਕਾਸ ਵਿਕ੍ਰੇਤਾ ਹੀ ਇਸ ਨਿਵਿਦਾ ਵਿਚ ਭਾਗ ਲੈ ਸਕਦੇ ਹਨ। ਵੈਲੇਡਿਟੀ ਮਿਤੀ ਦੇ ਨਾਲ ਅਨੁਮੋਦਨ ਪ੍ਰਮਾਣ ਪੱਤਰ ਦੀ ਪ੍ਰਤੀ ਨਿਵਿਦਾ ਦੇ ਨਾਲ ਜਮ੍ਹਾਂ ਕੀਤੀ ਜਾਣੀ ਹੈ। | 10,34,33,006.40 | 6,67,200.00 | 90 Days | 60 Months |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ। 3416/24

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

5-NovPAGE-11-Majha-2024.qxd 11/4/2024 10:50 PM Page 1



## ਮੁੱਖ ਮੰਤਰੀ ਮਾਨ ਨੇ ਕਲਾਨੌਰ ਦੇ ਪ੍ਰਾਚੀਨ ਸ਼ਿਵ ਮੰਦਰ ਮੱਥਾ ਟੇਕਿਆ



ਕਲਾਨੌਰ, (ਮਨਦੀਪ ਕੋਹਲੀ)- ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਕਲਾਨੌਰ ਵਿਖੇ ਪ੍ਰਾਚੀਨ ਸ਼ਿਵ ਮੰਦਰ ਵਿਖੇ ਨਤਮਸਤਕ ਹੋਏ। ਉਹ ਕਲਾਨੌਰ ਵਿਖੇ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਵਿੱਚ ਹੋ ਰਹੀ ਜ਼ਿਮਨੀ ਚੋਣ ਨੂੰ ਲੈ ਕੇ ਆਮ ਆਦਮੀ ਪਾਰਟੀ ਵੱਲੋਂ ਉਮੀਦਵਾਰ ਗੁਰਦੀਪ ਸਿੰਘ ਰੰਧਾਵਾ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨ ਲਈ ਕਲਾਨੌਰ ਦੇ ਬਾਬਾ ਕਾਰਜੀ ਸਟੇਡੀਅਮ ਪਹੁੰਚੇ ਸਨ ਜਿੱਥੇ ਉਨ੍ਹਾਂ ਵੱਲੋਂ ਪਹਿਲਾਂ ਲੋਕਾਂ ਨੂੰ ਸੰਬੋਧਨ ਕੀਤਾ ਗਿਆ ਤੇ ਬਾਅਦ ਵਿੱਚ ਕਲਾਨੌਰ ਪ੍ਰਾਚੀਨ ਸ਼ਿਵ ਮੰਦਿਰ ਵਿਖੇ ਮੱਥਾ ਟੇਕਿਆ ਗਿਆ, ਜਿੱਥੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਲ ਪੰਜਾਬ ਦੇ ਕੈਬਨਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਤੋਂ ਇਲਾਵਾ ਆਪ ਦੇ ਉਮੀਦਵਾਰ ਗੁਰਦੀਪ ਸਿੰਘ ਰੰਧਾਵਾ ਵੀ ਮੌਜੂਦ ਸਨ।

ਮੱਥਾ ਟੇਕਣ ਉਪਰੰਤ ਸ਼ਿਵਾਲਾ ਮੰਦਰ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਮੰਗਤ ਰਾਮ, ਬੌਬੀ ਵਿੱਗ, ਸੁਰਿੰਦਰ ਵਰਮਾ, ਮਾਸਟਰ ਹੰਸਰਾਜ ਤੋਂ ਇਲਾਵਾ ਕੁਲਵਿੰਦਰ ਸਿੰਘ ਲਾਡਾ ਆਦਿ ਵੱਲੋਂ ਮੁੱਖ ਮੰਤਰੀ ਅਤੇ ਨਾਲ ਆਏ ਸਾਰੇ ਹੀ ਨੇਤਾਵਾਂ ਨੂੰ ਸਿਰੋਪਾ ਅਤੇ ਭਗਵਾਨ ਸ਼ੰਕਰ ਦੇ ਸਰੂਪ ਨਾਲ ਸਨਮਾਨਿਤ ਕੀਤਾ ਗਿਆ। ਸਨਮਾਨਿਤ ਕਰਨ ਮੌਕੇ ਕਲਾਨੌਰ ਦੇ ਸਾਬਕਾ ਸਰਪੰਚ ਓਮ ਪ੍ਰਕਾਸ਼ ਸਲਹੋਤਰਾ ਵੀ ਮੌਜੂਦ ਸਨ।

## ਨਵੀਆਂ ਚੁਣੀਆਂ ਪੰਚਾਇਤਾਂ ਬਿਨਾਂ ਪੱਖਪਾਤ ਸਾਰਿਆਂ ਨੂੰ ਨਾਲ ਲੈ ਕੇ ਚੱਲਣ : ਈ ਟੀ ਓ



**ਟਾਂਗਰਾ (ਲਾਡੀ ਮੱਲ੍ਹੀ)**-ਨਵੀਆਂ ਚੁਣੀਆਂ ਪੰਚਾਇਤਾਂ ਦੇ ਪੰਚ, ਸਰਪੰਚ ਬਿਨਾਂ ਭੇਦਭਾਵ ਪਿੰਡਾਂ ਦਾ ਸਰਬਪੱਖੀ ਵਿਕਾਸ ਨੂੰ ਹੋਰ ਗਤੀ ਦੇਣ ਲਈ ਯੋਜਨਾਬੱਧ ਢੰਗ ਨਾਲ ਸਾਰਿਆਂ ਨੂੰ ਨਾਲ ਲੈ ਕੇ ਕੰਮ ਕਰਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਰਭਜਨ ਸਿੰਘ ਈਟੀਓ ਕੈਬਨਿਟ ਮੰਤਰੀ ਨੇ ਹਲਕੇ ਦੇ ਨਵੇਂ ਪੰਚਾਂ, ਸਰਪੰਚਾਂ ਨੂੰ ਪਿੰਡਾਂ ਦੇ ਧੰਨਵਾਦੀ ਦੌਰੇ ਦੌਰਾਨ ਪਿੰਡ ਕੋਟਲਾ ਬਥੂੰਨਗੜ੍ਹ ਦੇ ਸਰਪੰਚ ਡਾ ਗੁਰਦੀਪ ਕੋਟਲਾ ਦੇ ਗ੍ਰਹਿ ਵਿਖੇ ਸੰਬੋਧਨ ਮੌਕੇ ਕੀਤਾ।ਉਨ੍ਹਾਂ ਨਵਾਂ ਪਿੰਡ ਦੇ ਸਰਪੰਚ ਡਾ. ਸਰਬਜੀਤ ਸਿੰਘ, ਸਰਾਂ ਤਲਵੰਡੀ ਦੇ ਸਰਪੰਚ ਜਗਬੀਰ ਸਿੰਘ, ਪਰਮਜੀਤ ਸਿੰਘ ਮੈਂਬਰ ਅਤੇ ਹੋਰਨਾਂ ਨੂੰ ਸਨਮਾਨਿਤ ਕਰਦਿਆਂ ਵੋਟਰਾਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਵਿਚ ਹੁਣ ਪਿੰਡਾਂ ਦੇ ਵਿਕਾਸ ਦਾ ਖਾਕਾ ਤਿਆਰ ਹੋ ਗਿਆ ਹੈ, ਪਿੰਡਾਂ ਵਿੱਚ ਹੁਣ ਪੱਕੀਆਂ, ਗਲੀਆਂ, ਨਾਲੀਆਂ, ਸੀਵਰੇਜ, ਜਲ ਸਪਲਾਈ, ਰੋਸ਼ਨੀ, ਪੀਣ ਵਾਲਾ ਸਾਫ ਪਾਣੀ, ਗੰਦੇ ਪਾਣੀ ਦੀ ਨਿਕਾਸੀ, ਛੱਪੜਾ ਦੀ ਸਫਾਈ, ਕਮਿਊਨਿਟੀ ਸੈਂਟਰਾਂ ਦਾ ਨਿਰਮਾਣ ਤੇ ਪਿੰਡਾਂ ਨੂੰ ਜਾਣ ਵਾਲੀਆਂ ਸੜਕਾਂ ਨੂੰ ਚੌੜਾ ਕਰਨ ਤੋਂ ਇਲਾਵਾ ਵੀ ਹੋਰ ਬਹੁਤ ਕੁਝ ਕਰਨ ਦੀ ਜ਼ਰੂਰਤ ਹੈ।ਪਿੰਡਾਂ ਦੇ ਸਕੂਲਾਂ ਦੀ ਨੁਹਾਰ ਬਦਲ ਰਹੀ ਹੈ, ਆਮ ਆਦਮੀ ਕਲੀਨਿਕ ਲੋਕਾਂ ਤੇ ਘਰਾਂ ਨੇੜੇ ਮਿਆਰੀ ਮੁੱਢਲੀਆਂ ਸਿਹਤ ਸਹੂਲਤਾਂ ਉਪਲੱਬਧ ਕਰਵਾ ਰਹੇ ਹਨ।ਸਰਕਾਰੀ ਸਕੂਲਾਂ ਦੀਆਂ ਵਿਦਿਆਰਥਣਾਂ ਲਈ ਟ੍ਰਾਂਸਪੋਰਟ ਸੁਵਿਧਾ ਉਪਲੱਬਧ ਕਰਵਾਈ ਗਈ ਹੈ।ਉਨ੍ਹਾਂ ਨੇ ਕਿਹਾ ਕਿ ਜਿਸ ਤਰਾਂ ਚੋਣਾਂ ਵਿਚ ਲੋਕਾਂ ਨੇ ਆਪਸੀ ਭਾਈਚਾਰਕ ਤੇ ਸਦਭਾਵਨਾ ਨੂੰ ਕਾਇਮ ਰੱਖਿਆ ਹੈ, ਹੁਣ ਰਾਜਨੀਤੀ ਕਰਨ ਦਾ ਨਹੀਂ ਸਗੋਂ ਵਿਕਾਸ ਕਰਨ ਦਾ ਸਮਾਂ ਆ ਗਿਆ ਹੈ।ਉਨ੍ਹਾਂ ਨੇ ਕਿਹਾ ਕਿ ਅਸੀ ਹੁਣ ਜਿਹੜੇ ਵਿਕਾਸ ਦੇ ਕੰਮ ਕਰਵਾਉਣੇ ਹਨ, ਉਨ੍ਹਾਂ ਦੇ ਫੈਸਲੇ ਸਾਂਝੀ ਸੱਥ ਵਿਚ ਲਏ ਜਾਣਗੇ ਅਤੇ ਪੁਲਸ ਥਾਣਿਆਂ ਵਿੱਚ ਜਾਣ ਤੋਂ ਗੁਰੇਜ਼ ਕੀਤਾ ਜਾਵੇਗਾ ਸਾਡੇ ਧੰਨਵਾਦੀ ਦੌਰੇ ਦੌਰਾਨ ਲੋਕਾਂ ਨਾਲ ਵਿਚਾਰ ਚਰਚਾ ਕੀਤੀ ਜਾਵੇਗੀ ਕਿ ਕਿਹੜੇ ਕੰਮ ਪ੍ਰਮੁੱਖਤਾ ਤੇ ਕਰਵਾਏ ਜਾਣ।ਉਨ੍ਹਾਂ ਨੇ ਕਿਹਾ ਕਿ ਹਰ ਖੇਤਰ ਵਿੱਚ ਨਵੀ ਚੁਣੀ ਗਈ ਪੰਚਾਇਤ ਨੂੰ ਬਿਨਾਂ ਭੇਦਭਾਵ ਵਿਕਾਸ ਕਰਨ ਲਈ ਫੰਡ ਉਪਲੱਬਧ ਕਰਵਾਏ ਜਾਣਗੇ।

ਉਨ੍ਹਾਂ ਕਿਹਾ ਕਿ ਪੰਚਾਇਤਾਂ ਦਾ ਇਹ ਵੀ ਇਹ ਫਰਜ਼ ਹੈ ਕਿ ਉਹ ਰਾਜਨੀਤੀ ਤੋ ਉਪਰ ਉਠ ਕੇ ਬਿਨਾਂ ਕਿਸੇ ਪੱਖਪਾਤ ਤੋਂ ਪਿੰਡਾਂ ਦੇ ਵਿਕਾਸ ਕਰਵਾਉਣ।ਇਸ ਮੌਕੇ ਜਸਦੀਸ਼ ਸਿੰਘ ਬਿੱਟੂ ਕੋਟਲਾ, ਨਵਪ੍ਰੀਤ ਸਿੰਘ ਟੋਨੀ ਕੋਟਲਾ, ਸਾਬਕਾ ਸਰਪੰਚ ਸਲੱਖਣ ਸਿੰਘ, ਦਵਿੰਦਰ ਮੰਨੂ ਸਰਪੰਚ ਜੱਬੋਵਾਲ, ਜਥੇ:ਕੁਲਵੰਤ ਸਿੰਘ, ਸੁਖਵਿੰਦਰ ਨਰਾਇਣਗੜ੍ਹ , ਸਤਿੰਦਰ ਸਿੰਘ ,ਸੁਨੈਨਾ ਰੰਧਾਵਾ ,ਮਨਿੰਦਰਜੀਤ ਸਿੰਘ ਕੋਟਲਾ, ਜੋਗਿੰਦਰ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ

## ਅਮਨਦੀਪ ਗਿੱਲ ਸੁਪਾਰੀਵਿੰਡ ਨੇ ਡੀ ਸੀ ਅੰਮ੍ਰਿਤਸਰ ਨਾਲ ਕੀਤੀ ਮੁਲਾਕਾਤ



ਮਜੀਠਾ (ਸੋਇਮ ਆਨੰਦ)-ਕ੍ਰਿਸ਼ਚੀਅਨ ਭਲਾਈ ਬੋਰਡ ਪੰਜਾਬ ਦੇ ਸਾਬਕਾ ਚੇਅਰਮੈਨ ਅਮਨਦੀਪ ਗਿੱਲ ਸੁਪਾਰੀਵਿੰਡ ਨੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਮੈਡਮ ਸਾਕਸ਼ੀ ਸਾਹਨੀ ਨਾਲ ਵਿਸ਼ੇਸ਼ ਤੌਰ 'ਤੇ ਮੁਲਾਕਾਤ ਕਰਕੇ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਦਿਵਾਲੀ ਦੇ ਸ਼ੁਭ ਤਿਉਹਾਰ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਵਿਧਾਨ ਸਭਾ ਹਲਕਾ ਮਜੀਠਾ ਵਿਚ ਘੱਟ ਗਿਣਤੀ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਸਬੰਧੀ ਵਿਚਾਰ ਚਰਚਾ ਕੀਤੀ।ਉਨ੍ਹਾਂ ਨੇ ਦੱਸਿਆ ਕਿ ਹਲਕੇ ਅੰਦਰ ਨੌਜਵਾਨਾਂ ਵਿਚ ਨਸ਼ਿਆਂ ਦਾ ਰੁਝਾਨ ਕਾਫੀ ਹੱਦ ਤੱਕ ਵੱਧ ਚੁੱਕਾ ਹੈ ਜਿਸ ਵਾਸਤੇ ਜਿਲ੍ਹਾ ਪ੍ਰਸ਼ਾਸਨ ਵਲੋਂ ਪੁਲਸ ਵਿਭਾਗ ਦੇ ਸਹਿਯੋਗ ਨਾਲ ਵਿਸ਼ੇਸ਼ ਮੁਹਿੰਮ ਚਲਾਉਣ ਦੀ ਜ਼ਰੂਰਤ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਕਿਹਾ ਕਿ ਇਲਾਕੇ ਅੰਦਰ ਦਿਨੋਂ ਦਿਨ ਚੋਰੀਆਂ ਅਤੇ ਲੁੱਟਾਂ ਖੋਹਾਂ ਦੀਆਂ ਵਾਰਦਾਤਾਂ ਵਿਚ ਵਾਧਾ ਹੋ ਰਿਹਾ ਹੈ ਜਿਸ ਵਾਸਤੇ ਪੁਲਸ ਵਿਭਾਗ ਨੂੰ ਹੋਰ ਚੁਸਤ ਦਰੁਸਤ ਕਰਨ ਦੀ ਲੋੜ ਹੈ।ਅਮਨਦੀਪ ਗਿੱਲ ਸੁਪਾਰੀਵਿੰਡ ਨੇ ਕਿਹਾ ਕਿ ਇਲਾਕੇ ਵਿਚ ਅਮਨ ਤੇ ਕਾਨੂੰਨ ਦੀ ਵਿਵਸਥਾ ਨੂੰ ਦਰੁੱਸਤ ਕਰਨ ਵਿਚ ਇਸਾਈ ਭਾਈਚਾਰਾ ਪ੍ਰਸ਼ਾਸਨ ਨਾਲ ਪੂਰਾ ਸਹਿਯੋਗ ਕਰੇਗਾ ਜਿਸ ਤੇ ਡਿਪਟੀ ਕਮਿਸ਼ਨਰ ਨੇ ਵਿਸ਼ਵਾਸ ਦੁਆਇਆ ਕਿ ਸਬੰਧਤ ਅਧਿਕਾਰੀਆਂ ਦੇ ਸਹਿਯੋਗ ਨਾਲ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਹਰ ਹਾਲਤ ਵਿਚ ਬਰਕਰਾਰ ਰੱਖਿਆ ਜਾਵੇਗਾ। ਇਸ ਮੌਕੇ ਅਮਨਦੀਪ ਗਿੱਲ ਸੁਪਾਰੀਵਿੰਡ ਦੇ ਨਾਲ ਰਾਜੇਸ਼ ਖੰਨਾ, ਸਨੀ ਸਰੀਨ ਵੀ ਹਾਜ਼ਰ ਸਨ।

## ਮਾਮਲਾ: ਹਥਿਆਰ ਬਰਾਮਦ ਕਰਵਾਉਣ ਦੌਰਾਨ ਨੌਜਵਾਨ ਵੱਲੋਂ ਪੁਲਸ 'ਤੇ ਗੋਲੀਆਂ ਚਲਾਉਣ ਦਾ

### * ਨੌਜਵਾਨ ਦੇ ਪਰਿਵਾਰ ਨੇ ਥਾਣਾ ਸਦਰ ਤਰਨ ਤਾਰਨ ਦੀ ਪੁਲਸ 'ਤੇ ਲਗਾਏ ਫਰਜ਼ੀ ਕੇਸ ਬਣਾਉਣ ਦੇ ਇਲਜ਼ਾਮ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਥਾਣਾ ਸਦਰ ਤਰਨ ਤਾਰਨ ਵੱਲੋਂ ਗ੍ਰਿਫ਼ਤਾਰ ਕੀਤੇ ਗਏ ਨੌਜਵਾਨ ਸੁਖਵਿੰਦਰ ਸਿੰਘ ਉਰਫ ਕਾਕਾ ਪੁੱਤਰ ਬਲਵਿੰਦਰ ਸਿੰਘ ਵਾਸੀ ਮੁਰਾਦਪੁਰ ਦੇ ਪਰਿਵਾਰਕ ਮੈਂਬਰਾਂ ਵੱਲੋਂ ਪੁਲਸ 'ਤੇ ਫਰਜ਼ੀ ਕੇਸ ਬਣਾਉਣ ਦੇ ਇਲਜ਼ਾਮ ਲਗਾਏ ਗਏ ਹਨ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਖਵਿੰਦਰ ਸਿੰਘ ਉਰਫ ਕਾਕਾ ਸ਼ੈਲੀ ਦੇ ਪਿਤਾ ਬਲਵਿੰਦਰ ਸਿੰਘ ਵਾਸੀ ਮੁਰਾਦਪੁਰ ਨੇ ਦੱਸਿਆ ਕਿ ਤਰਨ ਤਾਰਨ ਪੁਲਸ ਵੱਲੋਂ ਉਸ ਦੇ ਪੁੱਤਰ ਨੂੰ ਚਾਰ ਤੋਂ ਪੰਜ ਦਿਨ ਪਹਿਲਾਂ ਸੁੱਤੇ ਪਏ ਨੂੰ ਘਰੋਂ ਗ੍ਰਿਫ਼ਤਾਰ ਕਰਕੇ ਸਦਰ ਥਾਣੇ ਲਿਆਂਦਾ ਗਿਆ ਸੀ।ਉਨ੍ਹਾਂ ਦੱਸਿਆ ਕਿ ਐਤਵਾਰ ਦੁਪਹਿਰ ਨੂੰ 2 ਵਜੇ ਜਦੋਂ ਉਹ ਆਪਣੇ ਪੁੱਤਰ ਨੂੰ ਸਦਰ ਥਾਣੇ ਵਿੱਚ ਰੋਟੀ ਦੇਣ ਗਿਆ ਸੀ ਤਾਂ ਉਸ ਵਕਤ ਉਸ ਦਾ ਪੁੱਤਰ ਬਿਲਕੁਲ ਠੀਕ-ਠਾਕ ਸੀ। ਬਲਵਿੰਦਰ ਸਿੰਘ ਨੇ ਦੱਸਿਆ ਕਿ ਤਰਨ ਤਾਰਨ ਪੁਲਸ ਉਸ ਦੇ ਪੁੱਤਰ 'ਤੇ ਫਰਜ਼ੀ ਕੇਸ ਬਣਾ ਕੇ ਉਨ੍ਹਾਂ ਨਾਲ ਬੇਇਨਸਾਫ਼ੀ ਕਰ ਰਹੀ ਹੈ।ਇਸ ਮੌਕੇ ਸੁਖਵਿੰਦਰ ਸਿੰਘ ਉਰਫ ਕਾਕਾ ਦੇ ਵੱਡੇ ਭਰਾ ਨੇ ਵੀ ਥਾਣਾ ਸਦਰ ਤਰਨ ਤਾਰਨ ਦੀ ਪੁਲਸ 'ਤੇ ਧੱਕੇਸ਼ਾਹੀ ਕਰਨ ਦੇ ਇਲਜ਼ਾਮ ਲਗਾਏ ਹਨ।ਉਨ੍ਹਾਂ ਕਿਹਾ ਕਿ ਪੁਲਸ ਰੋਜ਼ਾਨਾ ਸੁਖਵਿੰਦਰ ਸਿੰਘ ਕਾਕਾ ਦੀ ਕੁੱਟਮਾਰ ਕਰਕੇ ਉਸ ਦੇ ਖ਼ਿਲਾਫ਼ ਝੂਠੇ ਮੁੱਕਦਮੇ ਦਰਜ ਕਰ ਰਹੀ ਹੈ। ਨੌਜਵਾਨ ਦੇ ਭਰਾ ਨੇ ਕਿਹਾ ਕਿ ਪੈਸੇ ਦੀ ਕਮੀ ਤੇ ਗ਼ਰੀਬ ਹੋਣ ਕਾਰਨ ਪੁਲਸ ਉਨ੍ਹਾਂ ਨਾਲ ਧੱਕੇਸ਼ਾਹੀ ਕਰ ਰਹੀ ਹੈ। ਇਸ ਮੌਕੇ ਨੌਜਵਾਨ ਦੇ ਪਰਿਵਾਰਕ ਮੈਂਬਰਾਂ ਤੇ ਇਲਾਕੇ ਦੇ ਮੋਹਤਬਰ ਵਿਅਕਤੀਆਂ ਨੇ ਕੱਲ ਨੂੰ ਸਰਹੱਦੀ ਦੌਰੇ ਤੇ ਆ ਰਹੇ ਮਾਣਯੋਗ ਰਾਜਪਾਲ ਪੰਜਾਬ ਗੁਲਾਬਚੰਦ ਕਟਾਰੀਆ ਪਾਸੋਂ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਵਾਉਣ ਦੀ ਅਪੀਲ ਕੀਤੀ ਹੈ।ਵਰਨਣਯੋਗ ਹੈ ਕਿ ਥਾਣਾ ਸਦਰ ਤਰਨ ਤਾਰਨ ਵੱਲੋਂ ਸੁਖਵਿੰਦਰ ਸਿੰਘ ਉਰਫ ਕਾਕਾ ਨੂੰ ਭਾਰਤੀਯ ਨਿਆਏ ਸਹਿਤਾ ਦੀ ਧਾਰਾ 308(2),308(5),125,351(3, ਆਰਮਜ਼ ਐਕਟ,1959 ਦੀ ਧਾਰਾ 25 ਤੇ 27 ਤਹਿਤ ਗ੍ਰਿਫ਼ਤਾਰ ਕੀਤਾ ਗਿਆ ਸੀ।ਪੁਲਸ ਮੁਤਾਬਕ ਰਿਮਾਂਡ ਦੌਰਾਨ ਉਕਤ ਨੌਜਵਾਨ ਨੇ ਵਾਰਦਾਤਾਂ ਨੂੰ ਅੰਜਾਮ ਦੇਣ ਲਈ ਵਰਤੇ ਗਏ ਪਿਸਤੌਲ ਸੰਬੰਧੀ ਪੁਲਸ ਨੂੰ ਜਾਣਕਾਰੀ ਦਿੱਤੀ ਸੀ,ਜਿਸ ਤੋਂ ਬਾਅਦ ਜਦੋਂ ਪੁਲਸ ਪਾਰਟੀ ਹਥਿਆਰਾਂ ਦੀ ਬਰਾਮਦਗੀ ਲਈ ਉਕਤ ਨੌਜਵਾਨ ਨੂੰ ਉਸ ਵੱਲੋਂ ਦੱਸੇ ਸਥਾਨ 'ਤੇ ਲੈ ਕੇ ਗਈ ਤਾਂ ਬਰਾਮਦਗੀ ਦੌਰਾਨ ਸੁਖਵਿੰਦਰ ਸਿੰਘ ਉਰਫ ਕਾਕਾ ਨੇ ਪੁਲਸ ਪਾਰਟੀ 'ਤੇ ਗੋਲੀਆਂ ਚਲਾਈਆਂ।ਪੁਲਸ ਮੁਤਾਬਕ ਸੁਖਵਿੰਦਰ ਸਿੰਘ ਨੂੰ ਕਾਬੂ ਕਰਨ ਦੌਰਾਨ ਇੱਕ ਗੋਲੀ ਉਸ ਦੀ ਲੱਤ ਵਿੱਚ ਲੱਗ ਗਈ ਤੇ ਉਹ ਜ਼ਖ਼ਮੀ ਹੋ ਗਿਆ, ਜਿਸ ਤੋਂ ਬਾਅਦ ਇਲਾਜ ਲਈ ਉਸ ਨੂੰ ਤਰਨ ਤਾਰਨ ਦੇ ਸਿਵਲ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ।

## ਸਹਿਕਾਰੀ ਸਭਾਵਾਂ ਦੇ ਅਧਿਕਾਰੀਆਂ ਵੱਲੋਂ ਵੱਖ-ਵੱਖ ਪਿੰਡਾਂ ਦਾ ਦੌਰਾ



ਬਟਾਲਾ, ਨਵੰਬਰ (ਡਾ. ਮਲਵਿੰਦਰ ਸਿੰਘ)-ਡਿਪਟੀ ਕਮਿਸ਼ਨਰ ਉਮਾ ਸ਼ੰਕਰ ਗੁਪਤਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਜਿਲੇ ਅੰਦਰ ਵੱਖ-ਵੱਖ ਵਿਭਾਗਾਂ ਵਲੋਂ ਪਰਾਲੀ ਨਾ ਸਾੜਨ ਸਬੰਧੀ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਜਿਸ ਦੇ ਚੱਲਦਿਆਂ ਡਿਪਟੀ ਰਜਿਸਟਰਾਰ ਸਹਿਕਾਰੀ ਸਭਾਵਾਂ ਗੁਰਦਾਸਪੁਰ ਡਾ. ਜਸਪਰਜੀਤ ਸਿੰਘ ਦੀ ਰਹਿਨੁਮਾਈ ਵਿੱਚ ਇੰਸਪੈਕਟਰ ਸਹਿਕਾਰੀ ਸਭਾਵਾਂ, ਨਰਿੰਦਰ ਕੁਮਾਰ, ਕਲੱਸਟਰ ਅਫਸਰ, ਸਟਬਲ ਬਰਨਿੰਗ, ਕਾਦੀਆਂ ਵੱਲੋਂ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ ਅਤੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ ਦੀ ਅਪੀਲ ਕੀਤੀ ਗਈ।ਇਸ ਮੌਕੇ ਗੱਲ ਕਰਦਿਆਂ ਇੰਸਪੈਕਟਰ ਨਰਿੰਦਰ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਵਲੋਂ ਖੁਦ ਪੈਲੀਆਂ ਵਿੱਚ ਜਾ ਕੇ ਅੱਗ ਬੁਝਾਈ ਗਈ ਅਤੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਲਾਉਣ ਦੇ ਨੁਕਸਾਨਾਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਸਾਨਾਂ ਨੂੰ ਦੱਸਿਆ ਕਿ ਕਿਵੇਂ ਅੱਗ ਲਾਉਣ ਨਾਲ ਮਿੱਟੀ ਦੇ ਪੌਸ਼ਟਿਕ ਤੱਤ ਖਤਮ ਹੋ ਜਾਂਦੇ ਹਨ ਅਤੇ ਮਿੱਟੀ ਵਿੱਚ ਮੌਜੂਦ ਮਿੱਤਰ ਕੀੜੇ ਵੀ ਮਰ ਜਾਂਦੇ ਹਨ ਜੋ ਕਿ ਫਸਲ ਦੇ ਵਾਧੇ ਲਈ ਬਹੁਤ ਲਾਭਦਾਇਕ ਹੁੰਦੇ ਹਨ।

ਇਸ ਤੋਂ ਇਲਾਵਾ ਕਿਸਾਨਾਂ ਨੂੰ ਮਸ਼ੀਨਰੀ ਰਾਹੀਂ ਪਰਾਲੀ ਦੀ ਸਾਂਭ ਸੰਭਾਲ ਅਤੇ ਸਹਿਕਾਰੀ ਸਭਾਵਾਂ ਵੱਲੋ ਉਪਲੱਬਧ ਸੀ. ਆਰ. ਐੱਮ. ਮਸ਼ੀਨਾਂ ਬਾਰੇ ਜਾਣਕਾਰੀ ਦਿੱਤੀ।ਇਸ ਮੌਕੇ ਪਿੰਡ ਨੰਗਲ, ਨੱਤ, ਮੌਕਲ, ਖੁਜਾਲਾ, ਲੀਲ ਕਲਾਂ, ਧੀਰਾ ਅਤੇ ਬਰੀਏਵਾਲ ਦਾ ਦੌਰਾ ਕੀਤਾ ਗਿਆ।ਇਸ ਮੌਕੇ ਨੋਡਲ ਅਫ਼ਸਰ ਕੁੰਵਰਦੀਪ ਸਿੰਘ, ਸਰਬਜੀਤ ਸਿੰਘ ਅਤੇ ਪਿੰਡ ਵਾਸੀ ਮੌਜੂਦ ਸਨ।

## ਧਾਲੀਵਾਲ ਨੇ ਡੇਰਾ ਬਾਬਾ ਨਾਨਕ 'ਚ ਕੀਤਾ ਚੋਣ ਮੀਟਿੰਗਾਂ ਨੂੰ ਸੰਬੋਧਨ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡੇਰਾ ਬਾਬਾ ਨਾਨਕ ਵਿਚ ਜ਼ਿਮਨੀ ਚੋਣ ਅਖਾੜਾ ਪੂਰੀ ਤਰ੍ਹਾਂ ਭਖਿਆ ਹੋਇਆ ਹੈ ਤੇ ਪਾਰਟੀਆਂ ਆਪੋ ਆਪਣਾ ਚੋਣ ਪ੍ਰਚਾਰ ਕਰ ਰਹੀਆਂ ਹਨ ।ਇਸੇ ਤਹਿਤ ਹੀ ਪੰਜਾਬ ਦੇ ਕੈਬਨਿਟ ਮੰਤਰੀ ਅਤੇ ਹਲਕਾ ਡੇਰਾ ਬਾਬਾ ਨਾਨਕ ਜ਼ਿਮਨੀ ਚੋਣ ਦੇ ਇੰਚਾਰਜ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਵੀ ਡੇਰਾ ਬਾਬਾ ਨਾਨਕ ਵਿੱਚ ਮੋਰਚਾ ਸੰਭਾਲਿਆ ਹੋਇਆ ਹੈ ਅਤੇ ਵੱਖ-ਵੱਖ ਪਿੰਡਾਂ ਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਗੁਰਦੀਪ ਸਿੰਘ ਰੰਧਾਵਾ ਦੇ ਹੱਕ ਵਿੱਚ ਚੋਣ ਮੀਟਿੰਗਾਂ ਨੂੰ ਸੰਬੋਧਨ ਕੀਤਾ ਜਾ ਰਿਹਾ ਹੈ।ਅੱਜ ਦੀ ਚੋਣ ਮੀਟਿੰਗ ਪਿੰਡ ਰਾਏਚੱਕ ਦੇ ਸਰਪੰਚ ਬਲਬੀਰ ਸਿੰਘ ਤੇ ਗੁਰਬਾਜ ਸਿੰਘ ਦੀ ਅਗਵਾਈ ਹੇਠ ਰਾਏਚੱਕ ਵਿਖੇ ਕੀਤੀ ਗਈ।ਇਸ ਮੌਕੇ ਕੈਬਨਿਟ ਮੰਤਰੀ ਧਾਲੀਵਾਲ ਤੇ ਹਲਕਾ ਦੀਨਾ ਨਗਰ ਤੋਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਇਕੱਤਰ ਹੋਏ ਆਪ ਵਲੰਟੀਅਰਾਂ ਨੂੰ ਆਪ ਉਮੀਦਵਾਰ ਗੁਰਦੀਪ ਸਿੰਘ ਰੰਧਾਵਾ ਦੇ ਹੱਕ ਵਿੱਚ ਵੋਟਾਂ ਪਾਉਣ ਲਈ ਲਾਮਬੰਦ ਕੀਤਾ ਗਿਆ।ਇਸ ਮੌਕੇ ਆਪ ਉਮੀਦਵਾਰ ਗੁਰਦੀਪ ਸਿੰਘ ਰੰਧਾਵਾ ਵੱਲੋਂ ਕੱਲ ਦੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਡੇਰਾ ਬਾਬਾ ਨਾਨਕ ਦੀ ਫੇਰੀ ਨੂੰ ਲੈ ਕੇ ਆਪ ਵਲੰਟੀਅਰਾਂ ਵੱਲੋਂ ਕੀਤੇ ਗਏ ਠਾਠਾਂ ਮਾਰਦੇ ਇਕੱਠ ਲਈ ਆਪ ਵਰਕਰਾਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਹਰਜਿੰਦਰ ਸਿੰਘ ਪ੍ਰਧਾਨ ਹਰਭੇਜ ਸਿੰਘ, ਕੁਲਦੀਪ ਸਿੰਘ ਫੌਜੀ, ਰੂੜ ਸਿੰਘ, ਪਰਮਿੰਦਰ ਸਿੰਘ, ਪ੍ਰਧਾਨ ਜਸਪਾਲ ਸਿੰਘ, ਪਰਮਿੰਦਰ ਸਿੰਘ ਸਾਬਕਾ ਸਰਪੰਚ, ਗੁਰਤਾਜ ਸਿੰਘ ਗੋਲਡੀ, ਜਗਦੀਪ ਸਿੰਘ ਸੰਧੂ, ਝਿਰਮਲ ਸਿੰਘ ਸੰਧੂ, ਸੁਖਦੇਵ ਸਿੰਘ ਸੋਖੀ, ਸੁਖਜਿੰਦਰ ਸਿੰਘ ਬਾਜਵਾ, ਮਹਿੰਦਰ ਪਾਲ ਪ੍ਰਧਾਨ, ਭਜਨ ਲਾਲ, ਲਾਲੀ ਮਸੀਹ, ਸੇਮਾ ਮਸੀਹ, ਅਵਤਾਰ ਸਿੰਘ ਬਾਰੀਆ, ਕਵਰਪਾਲ ਸਿੰਘ ਸਾਬੀ, ਕੁਲਜੀਤ ਸਿੰਘ ਬਾਜਵਾ, ਪ੍ਰੇਮ ਸਿੰਘ ਭਿੰਡਰ, ਨਰਿੰਦਰ ਸਿੰਘ ਵਾਹਲਾ, ਬਲਕਾਰ ਸਿੰਘ, ਅਮਰੀਕ ਸਿੰਘ ਬਾਜਵਾ, ਕਸੈਦ ਮਸੀਹ ਮੈਂਬਰ ਪੰਚਾਇਤ, ਜਗਜੀਤ ਸਿੰਘ ਗੁਰਾਇਆ, ਡਾਕਟਰ ਬਲਵਿੰਦਰ ਸਿੰਘ, ਡਾਕਟਰ ਪਰਗਟ ਸਿੰਘ, ਹਰਦੀਪ ਸਿੰਘ, ਰਾਜਨ, ਬਲਜੀਤ ਸਿੰਘ ਮੈਂਬਰ ਪੰਚਾਇਤ ਤੋਂ ਇਲਾਵਾ ਆਪ ਦੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਵਿਸ਼ਵਕਰਮਾ ਦਿਵਸ ਮੌਕੇ ਸਰਕਾਰ ਨੇ ਵਧਾਈ ਸੰਦੇਸ਼ ਤਾਂ ਦਿੱਤੇ ਪਰ ਮਜ਼ਦੂਰਾਂ ਦੀਆਂ ਉਜਰਤਾਂ 'ਚ ਕੋਈ ਵਾਧਾ ਨਹੀਂ ਕੀਤਾ : ਸ਼ਿਵ ਕੁਮਾਰ





ਪਠਾਨਕੋਟ ਦਵਿੰਦਰ ਸਿੰਘ)- ਭੱਠਾ ਮਜ਼ਦੂਰਾਂ ਸਮੇਤ ਵੱਖ ਵੱਖ ਉਦਯੋਗਿਕ ਇਕਾਈਆਂ ਵਿਚ ਕੰਮ ਕਰਦੇ ਮਜ਼ਦੂਰਾਂ ਨੂੰ ਬਹੁਤ ਉਮੀਦ ਸੀ ਕਿ ਮਜ਼ਦੂਰਾਂ ਦੇ ਬਹੁਤ ਹੀ ਮਹੱਤਵਪੂਰਨ ਬਾਬਾ ਵਿਸ਼ਕਰਮਾ ਦਿਵਸ ਮੌਕੇ ਮਜ਼ਦੂਰਾਂ ਦੀਆਂ ਉਜਰਤਾਂ ਵਿੱਚ ਵਾਧਾ ਹੋਵੇਗਾ ਪਰ ਪੰਜਾਬ ਸਰਕਾਰ ਨੇ ਮਿਨੀਮਮ ਵੇਜ ਵਿਚ ਸੋਧ ਤਾਂ ਕੀ ਕਰਨੀ ਸੀ, ਪਹਿਲੀ ਨਵੰਬਰ 2024 ਤੋਂ ਜਾਰੀ ਹੋਣ ਵਾਲੀ ਮਿਨੀਮਮ ਵੇਜ ਨੋਟੀਫਿਕੇਸ਼ਨ ਰੋਕ ਕੇ ਮਜ਼ਦੂਰ ਜਮਾਤ ਨਾਲ ਧ੍ਰੋਹ ਕੀਤਾ ਹੈ।ਬਾਬਾ ਵਿਸ਼ਕਰਮਾ ਦਿਵਸ ਮੌਕੇ ਇਸ਼ਤਿਹਾਰਬਾਜ਼ੀ ਕਰਕੇ ਵਧਾਈ ਸੰਦੇਸ਼ ਤਾਂ ਪਰ ਮਜ਼ਦੂਰਾਂ ਦੀਆਂ ਉਜਰਤਾਂ ਵਿਚ ਵਾਧਾ ਕਰਨ ਵਾਲੇ ਪਾਸੇ ਕੋਈ ਧਿਆਨ ਨਹੀਂ ਦਿੱਤਾ।ਅਧਿਕਾਰੀਆਂ ਨੂੰ ਮੰਗ ਪੱਤਰ ਦੇਣ ਉਪਰੰਤ ਇਕੱਠ ਨੂੰ ਸੰਬੋਧਨ ਕਰਦਿਆਂ ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਸੀਟੀਯੂ ਪੰਜਾਬ ਦੇ ਵਿਤ ਸਕੱਤਰ ਅਤੇ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਦੇ ਜਨਰਲ ਸਕੱਤਰ ਕਾਮਰੇਡ ਸ਼ਿਵ ਕੁਮਾਰ ਨੇ ਕੀਤਾ।ਲਾਲ ਝੰਡਾ ਪੰਜਾਬ ਲੇਬਰ ਯੂਨੀਅਨ ਸਬੰਧਤ ਸੀਟੀਯੂ ਪੰਜਾਬ ਜ਼ਿਲਾ ਪਠਾਨਕੋਟ ਦੇ ਵੱਖ ਵੱਖ ਭੱਠਿਆਂ ਤੋਂ ਆਏ ਵਰਕਰਾਂ ਨੇ ਯੂਨੀਅਨ ਦੇ ਜਿਲਾ ਪ੍ਰਧਾਨ ਕਾਮਰੇਡ ਜਸਵੰਤ ਸਿੰਘ ਬੁੱਟਰ ਅਤੇ ਜਾਇੰਟ ਸਕੱਤਰ ਕਾਮਰੇਡ ਮਨਹਰਨ ਦੀ ਪ੍ਰਧਾਨਗੀ ਹੇਠ ਡਿਪਟੀ ਕਮਿਸ਼ਨਰ ਅਤੇ ਅਸਿਸਟੈਂਟ ਲੇਬਰ ਕਮਿਸ਼ਨਰ ਪਠਾਨਕੋਟ ਨੂੰ ਮੰਗ ਪੱਤਰ ਦਿੱਤਾ।ਮੰਗ ਕੀਤੀ ਗਈ ਕਿ ਸੀਜ਼ਨ ਦੀ ਸਮਾਪਤੀ ਵੇਲੇ ਭੱਠਾ ਮਜ਼ਦੂਰਾਂ ਤੋਂ ਮਿੱਟੀ ਪੁਟਾਈ ਦੇ ਪੈਸੇ ਵਸੂਲਣੇ ਬੰਦ ਕੀਤੇ ਜਾਣ ਲਈ ਭੱਠਾ ਮਾਲਕਾਂ ਨੂੰ ਪਾਬੰਦ ਕੀਤਾ ਜਾਵੇ, ਪੰਜਾਬ ਸਰਕਾਰ ਵੱਲੋਂ ਹਰੇਕ ਵਰਗ ਨੂੰ ਬਿਜਲੀ ਫ੍ਰੀ ਦਿੱਤੀ ਜਾ ਰਹੀ ਹੈ ਪਰ ਭੱਠਾ ਮਾਲਕ ਮਜ਼ਦੂਰਾਂ ਤੋਂ ਦੋ ਸੀਐੱਫਐੱਲ ਬੱਲਬ ਦੇ ਹਜ਼ਾਰਾਂ ਰੁਪਏ ਵਸੂਲ ਰਹੇ ਹਨ, ਤੁਰੰਤ ਰੋਕਿਆ ਜਾਵੇ, ਪੰਜਾਬ ਸਰਕਾਰ ਤੋਂ ਮੰਗ ਹੈ ਕਿ ਭੱਠਾ ਮਜ਼ਦੂਰਾਂ ਸਮੇਤ ਹੋਰ ਸਨਅਤੀ ਮਜ਼ਦੂਰਾਂ ਦੇ ਹੋ ਰਹੇ ਆਰਥਿਕ ਨੁਕਸਾਨ ਨੂੰ ਦੇਖਦੇ ਹੋਏ ਮਿਤੀ 01-09-2024 ਤੋਂ ਜਾਰੀ ਹੋਣ ਵਾਲੀ ਮਿਨੀਮਮ ਵੇਜ ਤੁਰੰਤ ਜਾਰੀ ਕੀਤੀ ਜਾਵੇ। ਘੱਟੋ ਘੱਟ ਉਜਰਤਾਂ ਵਿੱਚ ਸੋਧ ਕਰਕੇ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ, ਭੱਠਿਆਂ ਉਪਰ ਕੰਮ ਕਰਦੇ ਸਾਰੀਆਂ ਕੈਟਾਗਿਰੀਆਂ ਦੇ ਮਜ਼ਦੂਰਾਂ ਲਈ ਸਾਫ਼ ਪੀਣ ਯੋਗ ਪਾਣੀ, ਸ਼ੌਚਾਲਯ ਸਮੇਤ ਰਿਹਾਇਸ਼ ਦਾ ਠੀਕ ਪ੍ਰਬੰਧ ਕਰਨ ਲਈ ਡਿਪਟੀ ਡਾਇਰੈਕਟਰ ਫੈਕਟਰੀਜ਼ ਜ਼ਿਲ੍ਹਾ ਪਠਾਨਕੋਟ ਦੀ ਕਾਰਗੁਜ਼ਾਰੀ ਦੀ ਪੜਤਾਲ ਕਰਕੇ ਬਨਦੀ ਵਿਭਾਗੀ ਕਾਰਵਾਈ ਕੀਤੀ ਜਾਵੇ, ਕਿਰਤ ਕਾਨੂੰਨਾਂ ਨੂੰ ਸਖਤੀ ਨਾਲ ਲਾਗੂ ਕਰਦਿਆਂ ਜ਼ਿਲ੍ਹਾ ਪਠਾਨਕੋਟ ਅੰਦਰ ਮਿਨੀਮਮ ਵੇਜ ਅਨੁਸਾਰ ਸਾਰੇ ਮਜ਼ਦੂਰਾਂ ਨੂੰ ਉਨ੍ਹਾਂ ਦੀ ਬਨਦੀ ਮਜ਼ਦੂਰੀ ਮਿਲਣਾ ਯਕੀਨੀ ਬਣਾਇਆ ਜਾਵੇ।ਡਿਪਟੀ ਕਮਿਸ਼ਨਰ ਨੇ ਮਜ਼ਦੂਰਾਂ ਦੀਆਂ ਮੰਗਾਂ/ਮੁਸ਼ਕਲਾਂ ਨੂੰ ਸੁਣਨ ਉਪਰੰਤ ਇਨ੍ਹਾਂ ਨੂੰ ਹੱਲ ਕਰਨ ਦਾ ਭਰੋਸਾ ਦਿਵਾਇਆ।ਧਰਨੇ ਵਿਚ ਸ਼ਾਮਲ ਮਜ਼ਦੂਰਾਂ ਅਰੁਣ ਕੁਮਾਰ, ਓਮ ਪ੍ਰਕਾਸ਼, ਸ਼ਿਵ ਰਾਮ, ਧਨਸਹਾਏ ਅਤੇ ਹੋਰ ਸਾਥੀਆਂ ਨੇ ਆਪਣੇ ਵਿਚਾਰ ਪੇਸ਼ ਕੀਤੇ।

## ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ 8 ਨੂੰ ਬਰਨਾਲਾ 'ਚ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ



ਮਜੀਠਾ (ਸੋਇਮ ਆਨੰਦ)-ਸੂਬਾ ਕਮੇਟੀ ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਦੀ ਆਨਲਾਈਨ ਮੀਟਿੰਗ ਸੂਬਾ ਪ੍ਰਧਾਨ ਹਰਜੀਤ ਕੌਰ ਪੰਜੋਲਾ ਦੀ ਅਗਵਾਈ ਵਿੱਚ ਕੀਤੀ ਗਈ।ਮੀਟਿੰਗ ਵਿੱਚ ਜਰਨਲ ਸਕੱਤਰ ਸੁਭਾਸ਼ ਰਾਣੀ ਨੇ ਮੀਟਿੰਗ ਦੇ ਏਜੰਡੇ ਰੱਖਦੇ ਹੋਏ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਸਕੀਮ ਵਰਕਰਾਂ ਨੂੰ ਅੱਖੋਂ ਪਰੋਖੇ ਕੀਤਾ ਹੋਇਆ ਹੈ ।ਮਾਨਯੋਗ ਸੁਪਰੀਮ ਕੋਰਟ ਵੱਲੋਂ ਬਰਾਬਰ ਕੰਮ ਬਰਾਬਰ ਉਜਰਤ ਦਾ ਫੈਸਲਾ ਬੜੇ ਲੰਬੇ ਸਮੇਂ ਤੋਂ ਦਿੱਤਾ ਹੋਇਆ।ਆਂਗਣਵਾੜੀ ਵਰਕਰਾਂ ਨੂੰ ਘੱਟੋ ਘੱਟ ਉਜਰਤ ਵਿੱਚ ਸ਼ਾਮਿਲ ਕਰਨ ਦੀ ਸਿਫਾਰਸ਼ 44ਵੀਂ 45ਵੀਂ ਅਤੇ 46ਵੀਂ ਲੇਬਰ ਕਾਨਫਰੰਸ ਵਿੱਚ ਹੋਈ ਹੈ।ਉਸ ਤੋਂ ਬਿਨਾਂ ਮਾਨਯੋਗ ਸੁਪਰੀਮ ਕੋਰਟ ਵੱਲੋਂ ਅਪ੍ਰੈਲ 2022 ਵਿੱਚ ਘੱਟੋ ਘੱਟ ਉਜਰਤ ਦੇਣ ਅਤੇ ਗਰੈਚੁਟੀ ਦਾ ਪ੍ਰਬੰਧ ਕਰਨ ਦੇ ਵੀ ਹੁਕਮ ਦਿੱਤੇ ਹਨ ਪਰ ਸੂਬੇ ਦੀਆਂ ਸਰਕਾਰਾਂ ਇਨ੍ਹਾਂ ਚੀਜ਼ਾਂ ਨੂੰ ਅੱਖੋਂ ਭਰੋਖੇ ਕਰ ਰਹੀਆਂ ਹਨ ਅਤੇ ਆਪਣੀਆਂ ਇਨ੍ਹਾਂ ਮੰਗਾਂ ਨੂੰ ਮੁੱਖ ਰੱਖਦੇ ਹੋਏ 8 ਨਵੰਬਰ ਦੀ ਹੋਰ ਰਹੀ ਸੀਟੂ ਰੋਸ ਰੈਲੀ ਵਿੱਚ ਜ਼ਿਮਨੀ ਚੋਣਾਂ ਦੌਰਾਨ ਆਪਣੀਆਂ ਮੰਗਾਂ ਪ੍ਰਤੀ ਧਿਆਨ ਕੇਂਦਰਿਤ ਕਰਨ ਲਈ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ ।ਮੀਟਿੰਗ ਵਿੱਚ ਸਰਬ ਸਹਿਮਤੀ ਨਾਲ ਫੈਸਲਾ ਲਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਵੱਖ ਵੱਖ ਸਮਿਆਂ ਤੇ ਹੋਈਆਂ ਮੀਟਿੰਗਾਂ ਵਿੱਚ ਕੀਤੇ ਵਾਅਦੇ ਅਨੁਸਾਰ ਜਿਹੜੀਆਂ ਮੰਗਾਂ ਜਿਵੇਂ ਆਂਗਣਵਾੜੀ ਵਰਕਰਾਂ ਹੈਲਪਰਾਂ ਦੇ ਮਾਣ ਭੱਤੇ ਨੂੰ ਦੁੱਗਣਾ ਕਰਨਾ, ਤਿੰਨ ਤੋਂ ਛੇ ਸਾਲ ਦੇ ਬੱਚੇ ਆਈਸੀਡੀਐੱਸ ਨਾਲ ਜੋੜਨੇ, ਨਿੱਜੀਕਰਨ ਨੂੰ ਰੋਕਦੇ ਹੋਏ ਐੱਨਜੀਓ ਨੂੰ ਦਿੱਤੇ ਸਪਲੀਮੈਂਟਰੀ ਨਿਊਟਰੇਸ਼ਨ ਦਾ ਪ੍ਰੋਜੈਕਟ ਵਾਪਸ ਲੈਣਾ, ਰਹਿੰਦੀ ਭਰਤੀ ਨੂੰ ਪੂਰਾ ਕਰਾਉਣਾ, ਆਂਗਣਵਾੜੀ ਕੇਂਦਰਾਂ ਵਿੱਚ ਸਹੂਲਤਾਂ ਦਾ ਪ੍ਰਬੰਧ ਕਰਾਉਣਾ ਆਦਿ ਹਰ ਵਾਰ ਮੀਟਿੰਗ ਵਿੱਚ ਵਿਚਾਰੀਆਂ ਜਾਂਦੀਆਂ ਹਨ ਅਤੇ ਪੂਰਾ ਕਰਨ ਦਾ ਭਰੋਸਾ ਦਿੱਤਾ ਜਾ ਰਿਹਾ ਹੈ ਪਰ ਇਹ ਸਾਰੇ ਭਰੋਸੇ ਕਾਗਜ਼ੀ ਹੀ ਸਾਬਤ ਹੋ ਰਹੇ ਹਨ ਅਤੇ ਜਿਸ ਸਦਕਾ ਸਮੂਹ ਵਰਕਰਾਂ ਵਿੱਚ ਰੋਸ ਹੈ ਅਤੇ ਬੱਚਿਆਂ ਦੇ ਬਚਪਨ ਦੇ ਅਧਿਕਾਰ ਨੂੰ ਬਚਾਉਣ ਸਪਲੀਮੈਂਟਰੀ ਨਿਊਟਰੀਸ਼ਨ ਤਹਿਤ ਚੰਗੀ ਖੁਰਾਕ ਮੁਹਈਆ ਕਰਵਾਉਣਾ, ਪੋਸ਼ਣ ਟ੍ਰੈਕ ਦੇ ਨਾਂ ਤੇ ਬਿਨਾਂ ਮੋਬਾਈਲ ਦਿੱਤੇ ਲਗਾਤਾਰ ਕੀਤੀ ਜਾ ਰਹੀ ਹੈਰਾਸਮੈਂਟ ਲੈ ਕੇ 14 ਨਵੰਬਰ ਬਾਲ ਦਿਵਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਨੂੰ ਬਾਲਾਂ ਦੇ ਅਧਿਕਾਰਾਂ ਪ੍ਰਤੀ ਜਗਾਉਣ ਵਾਸਤੇ ਅਤੇ ਆਈਸੀਡੀਐੱਸ ਨੂੰ ਖਾਤਮੇ ਦੇ ਰਾਹ ਵੱਲ ਜਾਣੋਂ ਬਚਾਉਣ ਵਾਸਤੇ ਆਈਸੀਡੀਐੱਸ ਬਚਾਓ ਬਚਪਨ ਬਚਾਓ! ਨੂੰ ਲੈ ਕੇ ਮੁੱਖ ਮੰਤਰੀ ਨਿਵਾਸ ਤੇ ਪ੍ਰਦਰਸ਼ਨ ਕੀਤਾ ਜਾਵੇਗਾ।ਅੱਜ ਦੀ ਮੀਟਿੰਗ ਵਿੱਚ ਕ੍ਰਿਸ਼ਨਾ ਕੁਮਾਰੀ ਵਿੱਤ ਸਕੱਤਰ, ਅੰਮ੍ਰਿਤ ਪਾਲ ਕੌਰ ਜੋਇੰਟ ਸਕੱਤਰ, ਗੁਰਦੀਪ ਕੌਰ ਮੀਤ ਪ੍ਰਧਾਨ, ਅਨੂਪ ਕੌਰ ਤਰਨ ਤਾਰਨ, ਕਾਂਤਾ ਰਾਣੀ ਫਿਰੋਜ਼ਪੁਰ ,ਚਰਨਜੀਤ ਕੌਰ ਮੋਗਾ, ਅੰਮ੍ਰਿਤਪਾਲ ਮੁਕਤਸਰ, ਗੁਰਮਿੰਦਰ ਕੌਰ ਅੰਮ੍ਰਿਤਸਰ, ਗੁਰਪ੍ਰੀਤ ਕੌਰ ਮੋਹਾਲੀ, ਰਾਜ ਕੌਰ ਪਟਿਆਲਾ, ਗੁਰਬਖਸ਼ ਕੌਰ ਹੁਸ਼ਿਆਰਪੁਰ, ਵਰਿੰਦਰ ਕੌਰ ਗੁਰਦਾਸਪੁਰ, ਗੁਰਮੇਲ ਕੌਰ ਮਲੇਰਕੋਟਲਾ, ਬਲਰਾਜ ਕੌਰ ਬਰਨਾਲਾ, ਬਲਜੀਤ ਕੌਰ ਨਵਾਂਸ਼ਹਿਰ, ਜਸਵਿੰਦਰ ਕੌਰ ਨੀਲੋਵਾਲ, ਰਣਜੀਤ ਕੌਰ ਮਾਨਸਾ, ਭਿੰਦਰ ਕੌਰ ਗੋਸਲ, ਸੁਰਜੀਤ ਕੌਰ ਲੁਧਿਆਣਾ, ਪ੍ਰਕਾਸ਼ ਕੌਰ ਬਠਿੰਡਾ, ਸਤਵੰਤ ਕੌਰ ਕਪੂਰਥਲਾ, ਪੂਨਮ ਗੁਰਾਇਆ, ਜਸਪਾਲ ਕੌਰ, ਰੁਪਿੰਦਰ ਰਿੰਪੀ, ਖੁਸ਼ਦੀਪ ਸ਼ਰਮਾ, ਪ੍ਰਤਿਭਾ ਸ਼ਰਮਾ,ਆਸ਼ਾ ਰਾਣੀ, ਅਨੀਤਾ ਤਲਵਾੜਾ ਜਸਵਿੰਦਰ ਕੌਰ ਸਨ।

## ਔਰਤਾਂ ਨੂੰ ਆਤਮਨਿਰਭਰ ਬਣਾਉਣ ਲਈ ਜੇਠੂਨੰਗਲ 'ਚ ਲੱਗੀ ਰੋਜ਼ਾ ਵਰਕਸ਼ਾਪ



ਮਜੀਠਾ (ਸੋਇਮ ਆਨੰਦ)-ਈਕੋ ਅਵੇਕਨ ਡਿਵੈਲਪਮੈਂਟ ਸੰਸਥਾ ਵੱਲੋਂ ਬਲਾਕ ਮਜੀਠਾ ਦੇ ਪਿੰਡ ਜੇਠੂਨੰਗਲ ਵਿਖੇ ਦੋ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਵਰਕਸ਼ਾਪ ਦੀ ਪਹਿਲ ਖਾਲਸਾ ਕਾਲਜ ਦੇ ਪਸ਼ੂ ਵਿਗਿਆਨ ਵਿਭਾਗ, ਜੀ. ਜੀ. ਸੀ. ਈ. ਆਈ. ਗੁਰੂ ਨਾਨਕ ਦੇਵ ਯੂਨੀਵਰਸਿਟੀ ਅਤੇ ਫਿਕੀ ਫਲੋਅ ਅੰਮ੍ਰਿਤਸਰ ਦੁਆਰਾ ਸਮਰਪਿਤ ਪਿੰਡਾਂ ਦੀਆਂ ਮਹਿਲਾਵਾਂ ਦੀ ਆਰਥਿਕ ਸੁਤੰਤਰਤਾ ਨੂੰ ਵਧਾਉਣ ਦੇ ਮਕਸਦ ਨਾਲ ਕੀਤੀ ਗਈ, ਜਿਸ ਵਿਚ ਧਾਰਮਿਕ ਅਸਥਾਨਾਂ ਤੋਂ ਉਤਪੰਨ ਫੁੱਲਾਂ ਦੇ ਕਚਰੇ ਤੋਂ ਹੱਥ ਨਾਲ ਤਿਆਰ ਆਰਗੈਨਿਕ ਅਗਰਬਤੀਆਂ ਬਣਾਉਣ 'ਤੇ ਧਿਆਨ ਦਿੱਤਾ ਗਿਆ।ਇਸ ਵਰਕਸ਼ਾਪ ਵਿਚ ਪਿੰਡ ਜੇਠੂਨੰਗਲ ਤੋਂ ਇਲਾਵਾ ਲਾਗਲੇ ਵੱਖ-ਵੱਖ ਪਿੰਡਾਂ ਦੀਆਂ ਮਹਿਲਾਵਾਂ ਨੂੰ ਅਗਰਬੱਤੀ ਬਣਾਉਣ ਦੀ ਸਿਖਲਾਈ ਦਿੱਤੀ ਗਈ।ਮਾਹਿਰਾਂ ਦੱਸਿਆ ਕਿ ਇਹ ਸਿਖਲਾਈ ਸਿਰਫ ਆਮਦਨ ਦਾ ਸ੍ਰੋਤਹੀ ਨਹੀ, ਸਗੋਂ ਇਸ ਨਾਲ ਵਾਤਾਵਰਣ ਦੀ ਸ਼ੁੱਧਤਾ ਵੀ ਪ੍ਰਦਾਨ ਹੁੰਦੀ ਹੈ। ਇਸ ਮੌਕੇ ਸੂਬਾ ਕੌਂਸਲਰ ਡਾ. ਰਣਜੀਤ ਕੌਰ ਨੇ ਮੰਦਰਾਂ ਦੇ ਫੁੱਲਾਂ ਦੁਬਾਰਾ ਵਰਤੋਂ ਦੀਆਂ ਸੰਭਾਨਾਵਾਂ ਬਾਰੇ ਗੱਲਬਾਤ ਕੀਤੀ ਜਿਹੜੀ ਵਾਤਾਵਰਨ ਦੀ ਸ਼ੁੱਧਤਾ ਅਤੇ ਅਜੀਵਕਾ ਨੂੰ ਵਧਾਉਣ ਵਿਚ ਮਦਦਗਾਰ ਸਾਬਤ ਹੁੰਦੀ ਹੈ।ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਅਰਥਸ਼ਾਸਤਰੀ ਡਾ. ਬਲਜੀਤ ਕੌਰ ਨੇ ਆਰਥਿਕ ਵਿਕਾਸ ਦੇ ਮਹੱਤਵ 'ਤੇ ਜ਼ੋਰ ਦਿੱਤਾ।ਡਾ. ਰਾਜਨ ਸ਼ਰਮਾ ਦਾ ਪਿੰਡ ਦੀਆਂ ਮਹਿਲਾਵਾਂ ਨੂੰ ਸਮਰੱਥ ਕਰਨ ਦਾ ਦ੍ਰਿਸ਼ਟੀਕੋਣ ਆਰਥਿਕ ਸੰਭਾਵਨਾਵਾਂ ਦੀ ਪ੍ਰਤੀਬੱਧਤਾ ਨੂੰ ਦਰਸਾਉਂਦਾ ਹੈ।ਇਸ ਵਰਕਸ਼ਾਪ ਦੀ ਉਨ੍ਹਾਂ ਦੇ ਜਾਰੀ ਮਿਸ਼ਨ ਵਿਚ ਇੱਕ ਮਹੱਤਵਪੂਰਨ ਮੀਲ ਪੱਥਰ ਹੈ।ਇਸ ਵਰਕਸ਼ਾਪ ਵਿੱਚ ਪਿੰਡ ਦੀਆਂ ਵੱਡੀ ਗਿਣਤੀ ਵਿਚ ਅਗਾਂਹਵਧੂ ਮਹਿਲਾਵਾਂ ਸ਼ਾਮਲ ਹੋਈਆਂ।

## 'ਆਪ' ਨੇ ਪੰਜਾਬ ਦਾ ਵਿਕਾਸ ਨਹੀਂ ਵਿਨਾਸ਼ ਕੀਤਾ : ਮਜੀਠੀਆ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਆਮ ਆਦਮੀ ਪਾਰਟੀ ਪੰਜਾਬ ਨੂੰ ਕਰਜ਼ੇ 'ਚ ਡੋਬ ਕੇ ਵਿਕਾਸ ਦੇ ਦਾਅਵੇ ਕਰ ਰਹੀ ਹੈ ਪਰ ਅਸਲ ਵਿੱਚ ਇਹ ਪੰਜਾਬ ਦਾ ਵਿਕਾਸ ਨਹੀਂ ਸਗੋਂ ਨਹੀਂ, ਵਿਨਾਸ਼ ਕਰ ਰਹੀ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਕੈਬਨਿਟ ਮੰਤਰੀ ਪੰਜਾਬ ਬਿਕਰਮ ਸਿੰਘ ਮਜੀਠੀਆ ਨੇ ਅਕਾਲੀ ਆਗੂ ਸੁਖਵਿੰਦਰ ਸਿੰਘ ਗੋਲਡੀ ਦੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਸਰਦਾਰ ਮਜੀਠੀਆ ਨੇ ਦਾਅਵਾ ਕੀਤਾ ਕਿ ਪੰਜਾਬ ਦਾ ਜੋ ਵੀ ਵਿਕਾਸ ਹੋਇਆ, ਉਹ ਸਿਰਫ ਤੇ ਸਿਰਫ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵੇਲੇ ਹੀ ਹੋਇਆ ਹੈ ਜਦਕਿ ਹੋਰ ਪਾਰਟੀ ਦੀਆਂ ਸਰਕਾਰਾਂ ਨੇ ਹਮੇਸ਼ਾ ਹੀ ਪੰਜਾਬ ਨੂੰ ਲੁੱਟਿਆ ਤੇ ਕੁੱਟਿਆ ਹੈ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੇ ਹਾਲਾਤ ਬਦ ਤੋਂ ਬਦਤਰ ਹਨ, ਹਰ ਪਾਸੇ ਲੁੱਟ ਖਸੁੱਟ ਹੋ ਰਹੀ ਹੈ ਪਰ ਪੰਜਾਬ ਸਰਕਾਰ ਸੁੱਤੀ ਪਈ ਹੈ ਜਿਸ ਨੂੰ ਜਗਾਉਣ ਲਈ ਹੀ ਸ਼੍ਰੋਮਣੀ ਅਕਾਲੀ ਦਲ ਹਰ ਯਤਨ ਕਰ ਰਿਹਾ ਹੈ। ਉਨ੍ਹਾਂ ਕੇਂਦਰ ਵਿਚਲੀ ਮੋਦੀ ਸਰਕਾਰ ਦੀ ਆਲੋਚਨਾ ਕਰਦਿਆਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਨੇ ਵੀ ਦੇਸ਼ ਦੀ ਸੱਤਾ ਸੰਭਾਲਣ ਤੋਂ ਪਹਿਲਾਂ ਦੇਸ਼ ਵਾਸੀਆਂ ਨੂੰ ਤਰ੍ਹਾਂ-ਤਰ੍ਹਾਂ ਦੇ ਸਬਜ਼ਬਾਗ ਦਿਖਾਏ, ਪਰ ਸੱਤਾ ਸੰਭਾਲਣ ਉਪਰੰਤ ਇਕ ਵੀ ਵਾਅਦਾ ਪੂਰਾ ਨਹੀਂ ਕੀਤਾ।ਉਨ੍ਹਾਂ ਕਿਹਾ ਕਿ ਭਾਜਪਾ ਨੇ ਭਾਰਤ ਦੇ ਲੋਕਾਂ ਨੂੰ ਕਿਹਾ ਸੀ ਅੱਛੇ ਦਿਨ ਆਉਣਗੇ ਪਰ ਅੱਛੇ ਦਿਨ ਨਹੀਂ ਆਏ ਪਰ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਅੰਬਾਨੀ ਅਡਾਨੀ ਪਰਿਵਾਰਾਂ ਦੇ ਅੱਛੇ ਦਿਨ ਜ਼ਰੂਰ ਆਏ ਹਨ।ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਦਿਨ ਪ੍ਰਤੀ ਦਿਨ ਮਹਿੰਗਾਈ ਵਧ ਰਹੀ ਹੈ ਤੇ ਲੋਕ ਭੁੱਖਮਰੀ ਦਾ ਸ਼ਿਕਾਰ ਹੋ ਰਹੇ ਹਨ, ਪਰ ਕੇਂਦਰ ਸਰਕਾਰ ਵਲੋਂ ਇਸ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।ਮਜੀਠੀਆ ਨੇ ਵਰਕਰਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਵਰਕਰ ਹੀ ਪਾਰਟੀ ਦੀ ਰੀੜ ਦੀ ਹੱਡੀ ਹਨ। ਇਸ ਲਈ ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਨੂੰ ਪੰਜਾਬ ਅਤੇ ਕੇਂਦਰ ਸਰਕਾਰ ਦੇ ਖਿਲਾਫ ਜੱਦੋਜਹਿਦ ਕਰਨੀ ਚਾਹੀਦੀ ਹੈ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿੱਚ ਪਹਿਰਾ ਦੇ ਕੇ ਪੰਜਾਬ ਦੇ ਲੋਕਾਂ ਨੂੰ ਸ਼੍ਰੋਮਣੀ ਅਕਾਲੀ ਦਲ ਨਾਲ ਜੋੜਨਾ ਚਾਹੀਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਵਾਲੇ, ਸੁਖਵਿੰਦਰ ਸਿੰਘ ਗੋਲਡੀ ਸਾਬਕਾ ਚੇਅਰਮੈਨ ਅਤੇ ਸਿਆਸੀ ਸਲਾਹਕਾਰ ਮਜੀਠੀਆ, ਰਣਧੀਰ ਸਿੰਘ ਭੋਏ ਸੀਨੀਅਰ ਅਕਾਲੀ ਆਗੂ ਅਤੇ ਹੋਰ ਇਲਾਕੇ ਦੇ ਸਰਪੰਚ ਪੰਚ ਹਾਜ਼ਰ ਸਨ।

## ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਵੱਲੋਂ ਅਧਿਕਾਰੀਆਂ ਨਾਲ ਇਕੱਤਰਤਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਦਫ਼ਤਰੀ ਕੰਮਕਾਜ ਨੂੰ ਹੋਰ ਸਚਾਰੂ ਢੰਗ ਨਾਲ ਚਲਾਉਣ ਲਈ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨਾਲ ਇਕੱਤਰਤਾ ਕੀਤੀ।ਇਸ ਮੌਕੇ ਉਨ੍ਹਾਂ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖ ਕੌਮ ਦੀ ਪ੍ਰਤੀਨਿਧ ਧਾਰਮਿਕ ਸੰਸਥਾ ਸ਼੍ਰੋਮਣੀ ਕਮੇਟੀ ਤੋਂ ਸੰਗਤਾਂ ਨੂੰ ਵੱਡੀਆਂ ਆਸਾਂ ਹਨ।ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਾਂ ਨੂੰ ਗੁਰਮਤਿ ਆਸ਼ੇ ਅਤੇ ਸੰਗਤਾਂ ਦੀਆਂ ਭਾਵਨਾਵਾਂ ਅਨੁਸਾਰ ਚਲਾਉਣਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਸੰਸਥਾ ਦੇ ਕੰਮਕਾਜ ਨੂੰ ਹੋਰ ਚੁਸਤ-ਦਰੁਸਤ ਕਰਨ ਲਈ ਸਾਨੂੰ ਸਾਰਿਆਂ ਨੂੰ ਸਾਂਝੇ ਰੂਪ ਵਿੱਚ ਕੰਮ ਕਰਨਾ ਚਾਹੀਦਾ ਹੈ।ਉਨ੍ਹਾਂ ਅਧਿਕਾਰੀਆਂ ਨੂੰ ਆਪੋ-ਆਪਣੇ ਮਹਿਕਮੇ ਦੀ ਕਾਰਗੁਜ਼ਾਰੀ ਨੂੰ ਹੋਰ ਤਸੱਲੀਬਖ਼ਸ਼ ਬਣਾ ਕੇ ਰੋਲ ਮਾਡਲ ਬਣਨ ਲਈ ਕਿਹਾ।ਇਕੱਤਰਤਾ ਦੌਰਾਨ ਹਾਜ਼ਰ ਸਮੂਹ ਅਧਿਕਾਰੀਆਂ ਨੇ ਮੁੱਖ ਸਕੱਤਰ ਨੂੰ ਯਕੀਨ ਦਵਾਇਆ ਕਿ ਉਹ ਸੰਸਥਾ ਪ੍ਰਤੀ ਦਫ਼ਤਰ ਵੱਲੋਂ ਲੱਗੀ ਹਰੇਕ ਜ਼ੁੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ।ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਗੁਰਨਾਮ ਸਿੰਘ ਜੱਸਲ, ਓਐਸਡੀ ਸਤਬੀਰ ਸਿੰਘ ਧਾਮੀ, ਸਕੱਤਰ ਪ੍ਰਤਾਪ ਸਿੰਘ, ਬਲਵਿੰਦਰ ਸਿੰਘ ਕਾਹਲਵਾਂ, ਕੁਲਵਿੰਦਰ ਸਿੰਘ ਰਮਦਾਸ, ਬਿਜੈ ਸਿੰਘ, ਤਜਿੰਦਰ ਸਿੰਘ ਪੱਡਾ, ਪ੍ਰੀਤਪਾਲ ਸਿੰਘ, ਨਿੱਜੀ ਸਕੱਤਰ ਸ਼ਾਹਬਾਜ ਸਿੰਘ, ਮੀਤ ਸਕੱਤਰ ਗੁਰਦਿਆਲ ਸਿੰਘ, ਗੁਰਚਰਨ ਸਿੰਘ ਕੁਹਾਲਾ, ਜਸਵਿੰਦਰ ਸਿੰਘ ਜੱਸੀ, ਬਲਵਿੰਦਰ ਸਿੰਘ ਖੈਰਾਬਾਦ, ਹਰਭਜਨ ਸਿੰਘ ਵਕਤਾ, ਸੁਖਬੀਰ ਸਿੰਘ, ਸੁਪਰਡੈਂਟ ਨਿਸ਼ਾਨ ਸਿੰਘ, ਇੰਚਾਰਜ ਗੁਰਮੀਤ ਸਿੰਘ ਮੁਕਤਸਰ, ਸਹਾਇਕ ਸੁਪਰਡੈਂਟ ਸੁਰਜੀਤ ਸਿੰਘ ਮੌਜੂਦ ਸਨ।

## ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਵਿਖੇ ਸਾਲਾਨਾ ਖੇਡਾਂ ਕਰਵਾਈਆਂ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਵਿਖੇ ਅੱਜ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਵਤਾਰ ਪੁਰਬ ਨੂੰ ਸਮਰਪਿਤ ਸਾਲਾਨਾ ਖੇਡਾਂ ਕਰਵਾਈਆਂ ਗਈਆਂ। ਇਸ ਬਾਬਤ ਸਕੂਲ ਪ੍ਰਿੰ. ਮੇਜਰ ਸਿੰਘ ਚਾਹਲ ਨੇ ਦੱਸਿਆ ਕਿ ਸਕੂਲ ਵਿੱਚ ਬਣੇ ਲੀਗਲ ਲਿਟਰੇਸੀ ਕਲੱਬ ਅਤੇ ਬੱਡੀ ਗਰੁੱਪ ਵੱਲੋਂ ਕਰਵਾਈਆਂ ਗਈਆਂ ਇਹਨਾਂ ਖੇਡਾਂ ਵਿੱਚ ਬਨੈਨਾ ਰੇਸ ਵਿੱਚੋਂ ਮਨਜੋਤ ਭਗਤ ਨੇ ਪਹਿਲਾ, ਸਾਂਚੀ ਨੇ ਦੂਜਾ ਤੇ ਜਸਪ੍ਰੀਤ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਦੌੜਾਂ ਦੌਰਾਨ 100 ਮੀ: ਰੇਸ ਲੜਕੇ ਤੇ ਲੜਕੀਆਂ ਵਿੱਚੋਂ ਅਮਨਦੀਪ, ਮਨਰਾਜ, ਜਸਵਿੰਦਰ ਗਿੱਲ ਤੇ ਗੁਰਨੂਰ ਨੇ ਪਹਿਲਾ ਸਥਾਨ, ਗੁਰਕੀਰਤ, ਸੀਰਤ ਤੇ ਨਿਤਿਸ਼ ਨੇ ਦੂਜਾ ਅਤੇ ਆਰਵ, ਗੁਰਪ੍ਰੀਤ ਤੇ ਪੁਨੀਤ ਨੇ ਤੀਜਾ ਸਥਾਨ ਪ੍ਰਾਪਤ ਕੀਤਾ; 200 ਮੀ: ਰੇਸ ਵਿੱਚ ਲੜਕੇ ਅਤੇ ਲੜਕੀਆਂ ਦੇ ਜੂਨੀਅਰ ਤੇ ਸੀਨੀਅਰ ਗਰੁੱਪ ਵਿੱਚੋਂ ਸ਼ਰਨਜੀਤ, ਪ੍ਰਾਵਿਤ, ਸਿਮਰਨਜੀਤ, ਹਰਪ੍ਰਤਾਪ, ਜਸਮੀਤ, ਪਰਮੀਤ ਤੇ ਹਰਮਨਪ੍ਰੀਤ ਨੇ ਪਹਿਲਾ; ਰਣਜੋਧਵੀਰ, ਮਨਵੀਰ, ਹਸਰਤਪ੍ਰੀਤ, ਤਕਦੀਰ, ਚਾਹਤ, ਪਲਵਿੰਦਰ, ਹਰਪ੍ਰੀਤ ਤੇ ਭੂਮਿਕਾ ਨੇ ਦੂਜਾ ਅਤੇ ਗੁਰਨੂਰ, ਜੋਇਲ, ਹਰਲੀਨ, ਬਿਪਨਸਵਰੂਪ, ਰਮਨਦੀਪ, ਸੁਖਜਿੰਦਰ, ਗੁਰਪ੍ਰੀਤ ਤੇ ਮਹਿਕਦੀਪ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 600 ਮੀ: ਰੇਸ ਲੜਕੀਆਂ ਵਿੱਚੋਂ ਪਲਵਿੰਦਰ ਕੌਰ ਨੇ ਪਹਿਲਾ, ਚਾਹਤ ਨੇ ਦੂਜਾ ਅਤੇ ਰਮਨਦੀਪ ਨੇ ਤੀਜਾ ਸਥਾਨ ਪ੍ਰਾਪਤ ਕੀਤਾ। 800 ਮੀ: ਰੇਸ ਲੜਕਿਆਂ ਵਿੱਚੋਂ ਸੁਖਜਿੰਦਰ ਸਿੰਘ ਨੇ ਪਹਿਲਾ, ਗੁਰਕਰਨ ਸਿੰਘ ਨੇ ਦੂਜਾ ਅਤੇ ਸੂਰਜਦੀਪ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਲੌਂਗ ਜੰਪ ਵਿੱਚ ਹਸਰਤਪ੍ਰੀਤ, ਮਨਿੰਦਰ ਗਿੱਲ ਤੇ ਪਰਮੀਤ ਨੇ ਪਹਿਲਾ, ਹਰਮਨਪ੍ਰੀਤ, ਬਿਪਨਸਵਰੂਪ ਤੇ ਹਰਪ੍ਰੀਤ ਨੇ ਦੂਜਾ ਅਤੇ ਚਾਹਤ, ਸੁਖਜਿੰਦਰ ਤੇ ਦਮਨਪ੍ਰੀਤ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸ਼ਾਟਪੁੱਟ ਵਿਚ ਹਰਮਨਪ੍ਰੀਤ, ਸਹਿਜਪ੍ਰਤਾਪ ਤੇ ਬਿਪਨਸਵਰੂਪ ਨੇ ਪਹਿਲਾ, ਸਿਮਰਨਜੀਤ, ਗੁਰਪ੍ਰੀਤ ਤੇ ਮਨਿੰਦਰ ਗਿੱਲ ਨੇ ਦੂਜਾ ਅਤੇ ਪਰਮੀਤ, ਹਰਪ੍ਰੀਤ ਤੇ ਜੋਬਨ ਨੇ ਤੀਜਾ ਸਥਾਨ ਪ੍ਰਾਪਤ ਕਰਕੇ ਆਪਣੇ ਮਾਤਾ ਪਿਤਾ ਤੇ ਸਕੂਲ ਅਧਿਆਪਕਾਂ ਦਾ ਨਾਮ ਰੌਸ਼ਨ ਕੀਤਾ।

ਸਕੂਲ ਡਾਇਰੈਕਟਰ ਡਾ. ਮਹਿੰਦਰਪਾਲ ਸਿੰਘ ਕਲੇਰ, ਪ੍ਰਧਾਨ ਮੈਡਮ ਰਣਜੀਤ ਕੌਰ, ਡਾ: ਸ਼ਰਨਜੀਤ ਸਿੰਘ ਅਤੇ ਡਾ: ਕਮਲਪ੍ਰੀਤ ਕੌਰ ਨੇ ਜੇਤੂ ਬੱਚਿਆਂ ਨੂੰ ਇਨਾਮ ਤਕਸੀਮ ਕੀਤੇ ਅਤੇ ਅਗਾਂਹ ਤੋਂ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

## ਦੋਆਬਾ ਪਬਲਿਕ ਸਕੂਲ ਕੋਟ ਸੰਤੋਖ ਰਾਏ ਵਿਖੇ ਕੈਂਸਰ ਜਾਂਚ ਕੈਂਪ ਲਗਾਇਆ

### * ਪ੍ਰਤਾਪ ਸਿੰਘ ਬਾਜਵਾ ਨੇ ਲੋਕਾਂ ਨੂੰ ਕੈਂਸਰ ਜਾਂਚ ਕੈਂਪਾਂ ਦਾ ਵਧੇਰੇ ਲਾਭ ਲੈਣ ਦੀ ਕੀਤੀ ਅਪੀਲ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਵਰਲਡ ਕੈਂਸਰ ਕੇਅਰ ਚੈਰੀਟੇਬਲ ਸੁਸਾਇਟੀ ਵਲੋਂ ਐੱਸਬੀਆਈ ਕਾਰਡ ਦੇ ਸਹਿਯੋਗ ਨਾਲ ਦੋਆਬਾ ਪਬਲਿਕ ਸਕੂਲ ਕੋਟ ਸੰਤੋਖ ਰਾਏ (ਧਾਰੀਵਾਲ) ਵਿਖੇ ਕੈਂਸਰ ਜਾਂਚ ਅਤੇ ਜਾਗਰੂਕਤਾ ਕੈਂਪ ਲਗਾਇਆ ਗਿਆ। ਦੋਆਬਾ ਪਬਲਿਕ ਸਕੂਲ ਕੋਟ ਸੰਤੋਖ ਰਾਏ ਦੇ ਚੇਅਰਮੈਨ ਬਰਿੰਦਰ ਸਿੰਘ ਛੋਟੇਪੁਰ ਦੇ ਪ੍ਰਬੰਧਾਂ ਹੇਠ ਲਗਾਏ ਇਸ ਕੈਂਪ ਦਾ ਉਦਘਾਟਨ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਕੀਤਾ। ਇਸ ਮੌਕੇ ਬਾਜਵਾ ਨੇ ਸੁਸਾਇਟੀ ਦੇ ਗਲੋਬਲ ਅੰਬੈਸਡਰ ਕੁਲਵੰਤ ਸਿੰਘ ਧਾਲੀਵਾਲ ਵਲੋਂ ਕੈਂਸਰ ਦੇ ਖਤਰਨਾਕ ਰੋਗ ਨੂੰ ਪਹਿਲੀ ਸਟੇਜ 'ਤੇ ਰੋਕਣ ਲਈ ਕੀਤੇ ਜਾ ਰਹੇ ਉਪਰਾਲਿਆਂ ਲਈ ਧਾਲੀਵਾਲ ਤੇ ਉਨ੍ਹਾਂ ਦੀ ਸਮੁੱਚੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਕੈਂਸਰ ਦੀ ਬਿਮਾਰੀ ਤੋਂ ਡਰਨ ਦੀ ਲੋੜ ਨਹੀਂ, ਜੇ ਕੈਂਸਰ ਦਾ ਪਹਿਲੀ ਸਟੇਜ 'ਤੇ ਹੀ ਪਤਾ ਲੱਗ ਜਾਵੇ ਤਾਂ ਇਸ ਦਾ ਸਮੇਂ ਸਿਰ ਸਹੀ ਇਲਾਜ ਹੋ ਸਕਦਾ ਹੈ। ਬਾਜਵਾ ਨੇ ਹਲਕਾ ਕਾਦੀਆਂ ਅੰਦਰ ਅੱਜ ਦੇ ਇਸ ਕੈਂਪ ਤੋਂ ਬਾਅਦ 6 ਨਵੰਬਰ ਨੂੰ ਕਲਾਸਵਾਲਾ ਸਕੂਲ ਕਾਦੀਆਂ ਵਿੱਚ ਅਤੇ 9 ਨਵੰਬਰ ਨੂੰ ਦੀਪ ਪੈਲਸ ਕਾਹਨੂੰਵਾਨ ਵਿੱਚ ਕੈਂਪ ਲਗਾਏ ਜਾਣਗੇ। ਉਨ੍ਹਾਂ ਨੇ ਲੋਕਾਂ ਅਪੀਲ ਕੀਤੀ ਕਿ ਇਨ੍ਹਾਂ ਕੈਂਪਾਂ ਵਿੱਚ ਪਹੁੰਚ ਕੇ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਇਨ੍ਹਾਂ ਕੈਂਪਾਂ ਦਾ ਵਧੇਰੇ ਲਾਭ ਉਠਾਇਆ ਜਾਵੇ। ਅੱਜ ਦੇ ਕੈਂਪ ਦੌਰਾਨ ਡਾਕਟਰ ਧਰਮਿੰਦਰ ਢਿੱਲੋਂ ਮੈਨੇਜਿੰਗ ਡਾਇਰੈਕਟਰ (ਐਮਡੀ) ਵਰਲਡ ਕੈਂਸਰ ਕੇਅਰ ਦੀ ਅਗਵਾਈ ਵਿੱਚ ਡਾਕਟਰ ਮਨੀਦੀਪ ਕੁਮਾਰ, ਡਾਕਟਰ ਜਸਪ੍ਰੀਤ ਸਹੋਤਾ, ਡਾਕਟਰ ਅਮਨਪ੍ਰੀਤ ਕੌਰ, ਡਾਕਟਰ ਪ੍ਰਭਜੋਤ ਕੌਰ ਆਦਿ ਮਾਹਿਰ ਡਾਕਟਰਾਂ ਦੀ ਟੀਮ ਦੁਆਰਾ 264 ਮਰੀਜ਼ਾਂ ਦੇ ਬਲੱਡ ਕੈਂਸਰ ਦੀ ਜਾਂਚ ਲਈ ਟੈਸਟ, ਮੂੰਹ ਅਤੇ ਗਲੇ ਦੀ ਜਾਂਚ, ਹੱਡੀਆਂ ਦੀ ਜਾਂਚ ਲਈ ਟੈਸਟ ਆਦਿ ਸਮੇਤ ਸਾਰੇ ਟੈਸਟ ਮੁਫ਼ਤ ਕੀਤੇ ਅਤੇ ਲੋੜਵੰਦਾਂ ਨੂੰ ਜਨਰਲ ਦਵਾਈਆਂ ਮੁਫਤ ਦਿੱਤੀਆਂ। ਇਸ ਮੌਕੇ ਵਰਲਡ ਕੈਂਸਰ ਕੇਅਰ ਦੇ ਮੈਨੇਜਿੰਗ ਡਾਇਰੈਕਟਰ ਡਾਕਟਰ ਧਰਮਿੰਦਰ ਢਿੱਲੋਂ ਨੇ ਦੱਸਿਆ ਕਿ ਵਰਲਡ ਕੈਂਸਰ ਕੇਅਰ ਸੰਸਥਾਂ ਵਲੋਂ ਮਾਝਾ ਬੈਲਟ ਬਾਰਡਰ ਏਰੀਏ ਦੇ ਵੱਖ ਵੱਖ ਪਿੰਡਾਂ ਵਿੱਚ ਇਸ ਪੂਰੇ ਇੱਕ ਸਾਲ ਦੌਰਾਨ 100 ਕੈਂਪ ਲਗਾਏ ਜਾਣਗੇ ਅਤੇ ਇਹ ਕੈਂਪ ਹਰ ਮਹੀਨੇ ਲੜੀਵਾਰ ਇਕ ਤਾਰੀਕ ਤੋਂ 10 ਤਾਰੀਕ ਤੱਕ ਚੱਲਣਗੇ। ਜਿਸਦਾ ਮੁੱਖ ਮਕਸਦ ਲੋਕਾਂ ਨੂੰ ਕੈਂਸਰ ਪ੍ਰਤੀ ਜਾਗਰੂਕ ਕਰਨਾ ਅਤੇ ਕੈਂਸਰ ਦੀ ਜਾਂਚ ਕਰਨਾ ਹੈ। ਡਾਕਟਰ ਢਿੱਲੋਂ ਨੇ ਕਿਹਾ ਜੇਕਰ ਕੈਂਸਰ ਦਾ ਸਮੇਂ ਪਹਿਲੀ ਸਟੇਜ 'ਤੇ ਪਤਾ ਲੱਗ ਜਾਵੇ ਤਾਂ ਇਸ ਤੋਂ ਡਰਨ ਦੀ ਲੋੜ ਨਹੀਂ ਇਸਦਾ ਇਲਾਜ ਸੰਭਵ ਹੈ। ਉਨ੍ਹਾਂ ਕਿਹਾ ਲੇਟ ਡਾਇਗਨੋਜ ਅਤੇ ਅਵੇਅਰਨੈਸ ਦੀ ਘਾਟ ਕਾਰਨ ਭਾਰਤ ਅੰਦਰ ਹਰ ਸਾਲ ਲਗਪਗ 14 ਲੱਖ ਲੋਕਾਂ ਨੂੰ ਕੈਂਸਰ ਹੁੰਦਾ ਹੈ,ਜਿਨਾਂ ਵਿੱਚੋਂ 9 ਲੱਖ ਲੋਕਾਂ ਦੀ ਕੈਂਸਰ ਨਾਲ ਮੌਤ ਹੋ ਜਾਂਦੀ ਹੈ। ਇਸ ਮੌਤ ਦੇ ਅੰਕੜੇ ਨੂੰ ਰੋਕਣ ਲਈ ਵਰਲਡ ਕੈਂਸਰ ਕੇਅਰ ਲਗਾਤਾਰ ਤੱਤਪਰ ਹੈ। ਗਲੋਬਲ ਅੰਬੈਸਡਰ ਕੁਲਵੰਤ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਸੰਸਥਾ ਆਪਣੇ ਲੈਵਲ ਤੇ ਆਪਣੀਆਂ ਮੋਬਾਇਲ ਬੱਸਾਂ ਰਾਹੀਂ ਕੋਸ਼ਿਸ਼ ਕਰ ਰਹੀ ਹੈ ਕਿ ਭਾਰਤ ਦੇ ਹਰ ਕੋਨੇ ਤੱਕ ਪਹੁੰਚ ਕਰਕੇ ਕੀਮਤੀ ਜਾਨਾਂ ਬਚਾਈਆਂ ਜਾ ਸਕਣ। ਇਸ ਮੌਕੇ ਕਾਂਗਰਸ ਪਾਰਟੀ ਦੇ ਬਲਾਕ ਪ੍ਰਧਾਨ ਗੁਰਨਾਮ ਸਿੰਘ ਚਾਹਲ, ਪਲਵਿੰਦਰ ਸਿੰਘ ਪਿੰਦਾ ਸਿੰਘਪੁਰਾ, ਬਿਕਰਮਜੀਤ ਸਿੰਘ ਛੋਟੇਪੁਰ ਸਾਬਕਾ ਸਰਪੰਚ, ਏਕਮ ਜੋਤ ਸਿੰਘ, ਸੂਬੇਦਾਰ ਅਨੂਪ ਸਿੰਘ, ਦਿਲਬਾਗ ਸਿੰਘ ਫੱਤੇ ਨੰਗਲ, ਧਨਵੰਤ ਸਿੰਘ, ਮੇਜਰ ਸਿੰਘ, ਲਵਪ੍ਰੀਤ ਸਿੰਘ, ਜੋਤੀ ਜਫਰਵਾਲ, ਹਰਜਿੰਦਰ ਸਿੰਘ ਜਿੰਦਾ, ਗੁਰਮੁੱਖ ਸਿੰਘ ਧਾਰੀਵਾਲ ਕਲਾਂ ਸਾਬਕਾ ਸਰਪੰਚ, ਬਲਜੀਤ ਸਿੰਘ ਰਣੀਆਂ, ਗਗਨ ਮਸੀਹ, ਰਾਜੇਸ਼ ਕੁਮਾਰ ਸਾਬਕਾ ਸਰਪੰਚ ਆਦਿ ਸਮੇਤ ਇਲਾਕੇ ਦੇ ਲੋਕ ਹਾਜ਼ਰ ਸਨ।





## ਚੋਣ ਕਮਿਸ਼ਨ ਵੱਲੋਂ ਵੋਟਿੰਗ ਲਈ ਨਿਰਧਾਰਤ ਮਿਤੀ 'ਚ ਬਦਲਾਅ

**20 ਨਵੰਬਰ ਨੂੰ ਪੈਣਗੀਆਂ ਵੋਟਾਂ, 23 ਨੂੰ ਹੋਵੇਗੀ ਗਿਣਤੀ**

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਡੇਰਾ ਬਾਬਾ ਨਾਨਕ ਜ਼ਿਮਨੀ ਚੋਣ ਲਈ ਵੋਟਿੰਗ ਦੀ ਮਿਤੀ ਵਿੱਚ ਤਬਦੀਲੀ ਕਰਦਿਆਂ 13 ਨਵੰਬਰ ਦੀ ਥਾਂ 20 ਨਵੰਬਰ ਨਿਸ਼ਚਿਤ ਕੀਤੀ ਗਈ ਹੈ।ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਵੋਟਾਂ ਦੀ ਗਿਣਤੀ ਅਤੇ ਚੋਣ ਕੰਮ ਮੁਕੰਮਲ ਕਰਨ ਦੀਆਂ ਤਰੀਕਾਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ ਹੈ ਅਤੇ ਵੋਟਾਂ ਦੀ ਗਿਣਤੀ 23 ਨਵੰਬਰ ਨੂੰ ਹੋਵੇਗੀ ਅਤੇ ਚੋਣ ਦਾ ਕੰਮ 25 ਨਵੰਬਰ ਨੂੰ ਮੁਕੰਮਲ ਕੀਤਾ ਜਾਵੇਗਾ ।ਜ਼ਿਕਰਯੋਗ ਹੈ ਕਿ ਚੋਣ ਕਮਿਸ਼ਨ ਨੇ ਇਹ ਬਦਲਾਅ ਵੱਖ-ਵੱਖ ਮਾਨਤਾ ਪ੍ਰਾਪਤ ਰਾਸ਼ਟਰੀ ਅਤੇ ਰਾਜ ਪੱਧਰੀ ਰਾਜਨੀਤਿਕ ਪਾਰਟੀਆਂ ਅਤੇ ਕੁਝ ਸਮਾਜਿਕ ਸੰਸਥਾਵਾਂ ਵੱਲੋਂ ਕੀਤੀ ਬੇਨਤੀ ਦੇ ਮੱਦੇਨਜ਼ਰ ਕੀਤਾ ਹੈ।

## ਜੀ ਐੱਨ ਡੀ ਯੂ ਵੱਲੋਂ ਓ ਡੀ ਐੱਲ ਤੇ ਔਨਲਾਈਨ ਕੋਰਸਾਂ ਦੇ ਦਾਖਲਿਆਂ 'ਚ 15 ਤੱਕ ਵਾਧਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ-ਡਿਸਟੈਂਸ ਦੇ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਓਪਨ ਐਂਡ ਡਿਸਟੈਂਸ ਲਰਨਿੰਗ (ਓ.ਡੀ.ਐੱਲ.) ਅਤੇ ਔਨਲਾਈਨ ਮੋਡ ਅਧੀਨ ਕੋਰਸਾਂ ਵਿੱਚ ਦਾਖਲੇ ਦੀ ਆਖਰੀ ਮਿਤੀ 15 ਨਵੰਬਰ 2024 ਤੱਕ ਵਧਾ ਦਿੱਤੀ ਹੈ।ਵਾਈਸ-ਚਾਂਸਲਰ ਪ੍ਰੋ. (ਡਾ.) ਜਸਪਾਲ ਸਿੰਘ ਸੰਧੂ ਦੀ ਅਗਵਾਈ ਹੇਠ ਯੂ.ਜੀ.ਸੀ.-ਡੀ.ਈ.ਬੀ. ਤੋਂ ਲੋੜੀਂਦੀਆਂ ਪ੍ਰਵਾਨਗੀਆਂ ਨਾਲ ਡਾਇਰੈਕਟੋਰੇਟ ਆਫ਼ ਓਡੀਐੱਲ ਅਤੇ ਔਨਲਾਈਨ ਸਟੱਡੀਜ਼ ਦੀ ਸਥਾਪਨਾ ਕੀਤੀ ਗਈ ਹੈ।ਵਰਤਮਾਨ ਸਮੇਂ ਵਿੱਚ ਯੂਨੀਵਰਸਿਟੀ ਵਿੱਚ ਲਗਭਗ 1400 ਸਿਖਿਆਰਥੀ ਵੱਖ-ਵੱਖ ਓਪਨ ਅਤੇ ਡਿਸਟੈਂਸ ਲਰਨਿੰਗ ਅਤੇ ਔਨਲਾਈਨ ਪ੍ਰੋਗਰਾਮਾਂ ਵਿੱਚ ਦਾਖਲ ਹਨ, ਜਿਨ੍ਹਾਂ ਵਿੱਚ ਕੈਨੇਡਾ, ਯੂਕੇ, ਆਸਟ੍ਰੇਲੀਆ, ਯੂਏਈ ਅਤੇ ਯੂਐਸਏ ਵਰਗੇ ਦੇਸ਼ਾਂ ਦੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਵਿਦਿਆਰਥੀ ਸ਼ਾਮਲ ਹਨ।ਇਹ ਔਨਲਾਈਨ ਪ੍ਰੋਗਰਾਮ ਖਾਸ ਤੌਰ ਤੇ ਨਾ ਸਿਰਫ਼ ਵਿਦੇਸ਼ਾਂ ਵਿੱਚ ਰਹਿੰਦੇ ਪੰਜਾਬੀ ਡਾਇਸਪੋਰਾ ਨੂੰ ਲਾਭ ਪਹੁੰਚਾਉਣ ਲਈ ਤਿਆਰ ਕੀਤੇ ਗਏ ਹਨ, ਸਗੋਂ ਭਾਰਤ ਜਾਂ ਦੁਨੀਆ ਭਰ ਵਿੱਚ ਕੋਈ ਵੀ ਵਿਅਕਤੀ ਜੋ ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਚ ਇਸ ਮੋਡ ਰਾਹੀਂ ਉੱਚ ਸਿੱਖਿਆ ਪ੍ਰਾਪਤ ਕਰਨਾ ਚਾਹੁੰਦਾ ਹੈ।ਯੂਨੀਵਰਸਿਟੀ ਓਡੀਐੱਲ ਅਧੀਨ 12 ਕੋਰਸ ਪੇਸ਼ ਕਰਦੀ ਹੈ, ਜਿਸ ਵਿੱਚ ਡਿਪਲੋਮਾ ਇਨ ਕੰਪਿਊਟਰ ਐਪਲੀਕੇਸ਼ਨ ਡਿਪਲੋਮਾ ਸ਼ਾਮਲ ਹਨ।ਸੰਚਾਰ ਹੁਨਰ ਵਿੱਚ ਯੂਨੀਵਰਸਿਟੀ ਓ. ਡੀ. ਐੱਲ. ਮੋਡ ਅਧੀਨ ਕਰਵਾਏ ਜਾਂਦੇ 12 ਕੋਰਸ ਜਿਸ ਵਿੱਚ ਬੀ.ਏ., ਬੀ.ਬੀ.ਏ., ਬੀ.ਲਿਬ, ਬੀ.ਸੀ.ਏ., ਬੀ.ਕਾਮ., ਐੱਮ.ਬੀ.ਏ., ਐੱਮ.ਸੀ.ਏ., ਐੱਮ.ਏ. (ਪੰਜਾਬੀ), ਐੱਮ.ਏ. ਅੰਗਰੇਜ਼ੀ, ਐੱਮ.ਕਾਮ, ਡਿਪਲੋਮਾ ਇਨ ਕੰਪਿਊਟਰ ਐਪਲੀਕੇਸ਼ਨ ਤੇ ਡਿਪਲੋਮਾ ਇਨ ਕਮਿਊਨੀਕੇਸ਼ਨ ਸਕਿੱਲਜ਼ ਸ਼ਾਮਲ ਹਨ। ਇਸ ਤੋਂ ਇਲਾਵਾ, 11 ਔਨਲਾਈਨ ਕੋਰਸਾਂ ਵਿਚ ਬੀ.ਏ., ਬੀ.ਕਾਮ., ਬੀ.ਸੀ.ਏ., ਐੱਮ.ਬੀ.ਏ., ਐੱਮ.ਬੀ.ਏ. (ਐੱਫਐੱਮ), ਐੱਮ.ਬੀ.ਏ. (ਐੱਚਆਰਐੱਮ), ਐੱਮ.ਬੀ.ਏ. (ਐੱਮਐੱਮ), ਐੱਮ.ਸੀ.ਏ., ਐੱਮ.ਏ. (ਅੰਗਰੇਜ਼ੀ), ਅਤੇ ਐੱਮ.ਏ. (ਪੰਜਾਬੀ) ਸ਼ਾਮਲ ਹਨ। ਕੋਰਸਾਂ ਨੂੰ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਡਿਸਟੈਂਸ ਐਜੂਕੇਸ਼ਨ ਬਿਊਰੋ ਦੁਆਰਾ ਵਿਧੀਵਤ ਪ੍ਰਵਾਨਗੀ ਦਿੱਤੀ ਜਾਂਦੀ ਹੈ।ਪ੍ਰੋ. ਪਲਵਿੰਦਰ ਸਿੰਘ ਡੀਨ ਅਕਾਦਮਿਕ ਮਾਮਲੇ ਨੇ ਕਿਹਾ ਕਿ ਓਡੀਐੱਲ ਅਤੇ ਔਨਲਾਈਨ ਕੋਰਸ ਖਾਸ ਤੌਰ ਤੇ ਕੰਮ ਕਰਨ ਵਾਲੇ ਪੇਸ਼ੇਵਰਾਂ ਅਤੇ ਵਿਦੇਸ਼ਾਂ ਵਿੱਚ ਵਸੇ ਪੰਜਾਬੀ ਪ੍ਰਵਾਸੀਆਂ ਲਈ ਲਾਭਦਾਇਕ ਹਨ।

